17-JUNE-PAGE-1.qxd 6/16/2025 10:58 PM Page 1

ਮੰਗਲਵਾਰ, 17 ਜੂਨ, 2025
3 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 16

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 17 JUNE, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਈਰਾਨ ਵੱਲੋਂ ਬਰਾਬਰ ਦਾ ਮੁਕਾਬਲਾ



ਤੇਲ ਅਵੀਵ 'ਚ ਈਰਾਨੀ ਮਿਜ਼ਾਈਲ ਨਾਲ ਹੋਈ ਤਬਾਹੀ ਦਾ ਦ੍ਰਿਸ਼।

**ਦੁਬਈ** : ਇਜ਼ਰਾਈਲ ਤੇ ਈਰਾਨ ਨੇ ਸੋਮਵਾਰ ਚੌਥੇ ਦਿਨ ਵੀ ਮਿਜ਼ਾਈਲੀ ਹਮਲੇ ਜਾਰੀ ਰੱਖੇ। ਇਜ਼ਰਾਈਲ ਨੇ ਦਾਅਵਾ ਕੀਤਾ ਕਿ ਉਸ ਨੇ ਪੱਛਮੀ ਈਰਾਨ ਤੋਂ ਰਾਜਧਾਨੀ ਤਹਿਰਾਨ ਤੱਕ ਦੇ ਆਕਾਸ਼ 'ਤੇ ਕਬਜ਼ਾ ਕਰ ਲਿਆ ਹੈ। ਈਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਕਿ ਈਰਾਨ ਪ੍ਰਮਾਣੂ ਅਪਸਾਰ ਸੰਧੀ ਵਿੱਚੋਂ ਬਾਹਰ ਨਿਕਲਣ ਬਾਰੇ ਬਿੱਲ ਤਿਆਰ ਕਰ ਰਿਹਾ ਹੈ। ਇਸ ਨਾਲ ਉਹ ਪ੍ਰਮਾਣੂ ਬੰਬ ਬਣਾਉਣ ਵਿਰੁੱਧ ਕੌਮਾਂਤਰੀ ਪ੍ਰਮਾਣੂ ਏਜੰਸੀ ਦੀਆਂ ਬੰਦਿਸ਼ਾਂ ਤੋਂ ਬਾਹਰ ਹੋ ਜਾਵੇਗਾ।

ਈਰਾਨ ਵੱਲੋਂ ਸੋਮਵਾਰ ਤੜਕੇ ਦਾਗੀਆਂ ਮਿਜ਼ਾਈਲਾਂ ਨੇ ਤੇਲ ਅਵੀਵ ਤੇ ਹਾਈਫਾ ਦੇ ਸੰਘਣੇ ਰਿਹਾਇਸ਼ੀ ਇਲਾਕਿਆਂ 'ਚ ਇਮਾਰਤਾਂ, ਬਾਜ਼ਾਰਾਂ ਨੂੰ ਕਾਫੀ ਨੁਕਸਾਨ ਪਹੁੰਚਾਇਆ। ਕਈ ਥਾਈਂ ਅੱਗਾਂ ਲੱਗ ਗਈਆਂ। ਹਾਈਫਾ 'ਚ ਡਿੱਗੀਆਂ ਮਿਜ਼ਾਈਲਾਂ ਨਾਲ ਇੱਕ ਪਾਵਰ ਪਲਾਂਟ ਨੂੰ ਅੱਗ ਲੱਗ ਗਈ ਤੇ ਕਰੀਬ 30 ਲੋਕ ਜ਼ਖ਼ਮੀ ਹੋ ਗਏ। ਈਰਾਨ ਦੇ ਰੈਵੋਲਿਊਸ਼ਨਰੀ ਗਾਰਡਾਂ ਨੇ ਕਿਹਾ ਕਿ ਇਜ਼ਰਾਈਲ ਦੇ ਡਿਫੈਂਸ ਸਿਸਟਮ ਨੂੰ ਝਕਾਨੀ ਦੇਣ ਲਈ ਉਨ੍ਹਾਂ ਨਵਾਂ ਤਰੀਕਾ ਵਰਤਿਆ ਹੈ। ਇਸ ਨਾਲ ਉਨ੍ਹਾਂ ਦੀਆਂ ਕਈ ਮਿਜ਼ਾਈਲਾਂ ਨਿਸ਼ਾਨੇ 'ਤੇ ਲੱਗੀਆਂ ਹਨ।

ਈਰਾਨ ਨੇ ਕਿਹਾ ਹੈ ਕਿ ਇਜ਼ਰਾਈਲ ਵੱਲੋਂ ਸ਼ੁੱਕਰਵਾਰ ਤੋਂ ਸ਼ੁਰੂ ਕੀਤੇ ਹਮਲਿਆਂ ਵਿੱਚ ਹੁਣ ਤੱਕ 224 ਵਿਅਕਤੀਆਂ ਦੀ ਜਾਨ ਜਾਂਦੀ ਰਹੀ ਹੈ। ਜ਼ਖ਼ਮੀ ਹੋਏ ਫੌਜੀ ਅਧਿਕਾਰੀਆਂ ਤੇ ਨਾਗਰਿਕਾਂ ਦੀ ਗਿਣਤੀ 1,277 ਹੈ।

ਇਜ਼ਰਾਈਲ ਨੇ ਕਿਹਾ ਹੈ ਕਿ ਈਰਾਨ ਨੇ 270 ਤੋਂ ਵੱਧ ਮਿਜ਼ਾਈਲਾਂ ਦਾਗੀਆਂ। ਇਨ੍ਹਾਂ ਵਿੱਚੋਂ 22 ਦੇਸ਼ ਦੀ ਅਤਿ-ਆਧੁਨਿਕ ਬਹੁਪਰਤੀ ਹਵਾਈ ਸੁਰੱਖਿਆ 'ਚ ਸੰਨ੍ਹ ਲਾ ਕੇ ਰਿਹਾਇਸ਼ੀ ਉਪ ਨਗਰਾਂ ਵਿੱਚ ਤਬਾਹੀ ਮਚਾਉਣ ਵਾਲੀਆਂ ਮਿਜ਼ਾਈਲਾਂ ਸਨ। ਇਨ੍ਹਾਂ ਹਮਲਿਆਂ ਵਿਚ 14 ਵਿਅਕਤੀ ਮਾਰੇ ਗਏ ਤੇ 340 ਹੋਰ ਜ਼ਖ਼ਮੀ ਹੋਏ ਹਨ।

ਇਜ਼ਰਾਈਲ ਇਸ ਜੰਗ ਵਿੱਚ ਕਿਸ ਹੱਦ ਤੱਕ ਜਾ ਸਕਦਾ ਹੈ, ਉਸ ਦਾ ਸੰਕੇਤ ਇਸ ਗੱਲ ਤੋਂ ਮਿਲਦਾ ਹੈ ਕਿ ਇੱਕ ਅਮਰੀਕੀ ਅਧਿਕਾਰੀ ਨੇ ਦੱਸਿਆ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਦੇ ਸੁਪਰੀਮ ਲੀਡਰ ਆਇਤੁੱਲਾ ਅਲੀ ਖਮੇਨੀ ਨੂੰ ਮਾਰਨ ਦੀ ਇਜ਼ਰਾਈਲੀ ਯੋਜਨਾ ਨੂੰ ਰੱਦ ਕਰ ਦਿੱਤਾ। ਖਮੇਨੀ ਈਰਾਨ ਦਾ ਸੁਪਰੀਮ ਆਗੂ ਹੈ, ਜਿਸ ਕੋਲ ਸਾਰੀਆਂ ਪ੍ਰਮੁੱਖ ਨੀਤੀਆਂ 'ਤੇ ਅੰਤਮ ਫੈਸਲਾ ਲੈਣ ਦਾ ਅਧਿਕਾਰ ਹੈ। ਉਹ ਹਥਿਆਰਬੰਦ ਸੈਨਾਵਾਂ ਦੇ ਕਮਾਂਡਰ-ਇਨ-ਚੀਫ ਵਜੋਂ ਸੇਵਾ ਨਿਭਾਉਂਦਾ ਹੈ ਅਤੇ ਉਸ ਕੋਲ ਸ਼ਕਤੀਸ਼ਾਲੀ ਰੈਵੋਲਿਊਸ਼ਨਰੀ ਗਾਰਡ ਦਾ ਕੰਟਰੋਲ ਹੈ।

ਇਜ਼ਰਾਈਲ, ਜੋ ਮੱਧ-ਪੂਰਬ ਦਾ ਇਕਲੌਤਾ, ਪਰ ਅਣਐਲਾਨਿਆ ਪ੍ਰਮਾਣੂ ਹਥਿਆਰਬੰਦ ਦੇਸ਼ ਹੈ, ਨੇ ਕਿਹਾ ਹੈ ਕਿ ਉਸ ਨੇ ਹਮਲਾ ਈਰਾਨ ਨੂੰ ਪ੍ਰਮਾਣੂ ਹਥਿਆਰ ਵਿਕਸਤ ਕਰਨ ਤੋਂ ਰੋਕਣ ਲਈ ਕੀਤਾ ਸੀ। ਈਰਾਨ ਨੇ ਮੈਟਰੋ ਸਟੇਸ਼ਨਾਂ ਤੇ ਮਸਜਿਦਾਂ ਨੂੰ ਹਮਲਿਆਂ ਤੋਂ ਬਚਾਅ ਲਈ ਸ਼ੈਲਟਰਾਂ ਵਿੱਚ ਤਬਦੀਲ ਕਰ ਦਿੱਤਾ ਹੈ। ਇਜ਼ਰਾਈਲ ਨੇ ਕਿਹਾ ਕਿ ਉਸ ਨੇ ਐਤਵਾਰ ਈਰਾਨ ਦੇ ਰੱਖਿਆ ਮੰਤਰਾਲੇ, ਮਿਜ਼ਾਈਲ-ਲਾਂਚ ਸਾਈਟਾਂ ਅਤੇ ਹਵਾਈ-ਰੱਖਿਆ ਦੇ ਹਿੱਸੇ ਬਣਾਉਣ ਵਾਲੀਆਂ ਫੈਕਟਰੀਆਂ ਨੂੰ ਨਿਸ਼ਾਨਾ ਬਣਾਇਆ। ਈਰਾਨ ਨੇ ਇਹ ਵੀ ਮੰਨਿਆ ਕਿ ਇਜ਼ਰਾਈਲ ਨੇ ਰੈਵੋਲਿਊਸ਼ਨਰੀ ਗਾਰਡ

• ਬਾਕੀ ਸਫਾ 2 'ਤੇ



ਸਾਈਪ੍ਰਸ ਦੇ ਰਾਸ਼ਟਰਪਤੀ ਨਿਕੋਸ ਕ੍ਰਿਸਟੋਡੌਲਾਈਡਜ਼ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸੋਮਵਾਰ ਸਾਈਪ੍ਰਸ ਦੇ ਚੋਟੀ ਦੇ ਸ਼ਹਿਰੀ ਸਨਮਾਨ ਗ੍ਰੈਂਡ ਕਰਾਸ ਆਫ ਦ ਆਰਡਰ ਆਫ ਮਕਾਰੀਓਸ 111 ਆਫ ਸਾਈਪ੍ਰਸ ਨਾਲ ਸਨਮਾਨਤ ਕੀਤਾ।

## ਜੰਗ ਦਾ ਜ਼ਮਾਨਾ ਨਹੀਂ

**ਨਿਕੋਸੀਆ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਕਿਹਾ ਕਿ ਉਹ ਤੇ ਸਾਈਪ੍ਰਸ ਦੇ ਰਾਸ਼ਟਰਪਤੀ ਨਿਕੋਸ ਕ੍ਰਿਸਟੋਡੌਲਾਈਡਜ਼ ਪੱਛਮੀ ਏਸ਼ੀਆ ਤੇ ਯੂਰਪ ਵਿੱਚ ਜਾਰੀ ਟਕਰਾਅ 'ਤੇ ਕਾਫੀ ਫਿਕਰਮੰਦ ਹਨ ਤੇ ਦੋਵਾਂ ਦਾ ਇਹ ਮੰਨਣਾ ਹੈ ਕਿ ਇਹ ਜੰਗ ਦਾ ਜ਼ਮਾਨਾ ਨਹੀਂ ਹੈ। ਮੋਦੀ ਨੇ ਕ੍ਰਿਸਟੋਡੌਲਾਈਡਜ਼ ਨਾਲ ਵਿਆਪਕ ਗੱਲਬਾਤ ਤੋਂ ਬਾਅਦ ਸਾਂਝੀ ਪ੍ਰੈੱਸ ਕਾਨਫਰੰਸ ਵਿੱਚ ਉਪਰੋਕਤ ਟਿੱਪਣੀ ਕੀਤੀ।

# ਈ ਪੀ ਐੱਫ ਓ ਵੱਲੋਂ ਏਜੰਟਾਂ ਤੋਂ ਖਬਰਦਾਰ ਰਹਿਣ ਦੀ ਸਲਾਹ

**ਨਵੀਂ ਦਿੱਲੀ** : ਰਿਟਾਇਰਮੈਂਟ ਫੰਡ ਸੰਸਥਾ ਈ ਪੀ ਐੱਫ ਓ ਨੇ ਸੋਮਵਾਰ ਆਪਣੇ ਮੈਂਬਰਾਂ ਨੂੰ ਤੀਜੀ ਧਿਰ ਏਜੰਟਾਂ ਤੋਂ ਮਦਦ ਲੈਣ ਵਿਰੁੱਧ ਖ਼ਬਰਦਾਰ ਕੀਤਾ ਹੈ ਅਤੇ ਆਪਣੇ ਮੁੱਖ ਵੇਰਵਿਆਂ ਸੰਬੰਧੀ ਜੋਖਮ ਤੋਂ ਬਚਣ ਲਈ ਆਪਣੇ ਪ੍ਰਾਵੀਡੈਂਟ ਖਾਤਿਆਂ ਨਾਲ ਸੰਬੰਧਤ ਸੇਵਾਵਾਂ ਵਾਸਤੇ ਆਨਲਾਈਨ ਪੋਰਟਲ ਦੀ ਵਰਤੋਂ ਕਰਨ ਦੀ ਅਤੇ ਏਜੰਟਾਂ ਰਾਹੀਂ ਕੰਮ ਕਰਾਉਣ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ ਹੈ।

ਕੇਂਦਰੀ ਕਿਰਤ ਮੰਤਰਾਲੇ ਵੱਲੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਐਂਪਲਾਈਜ਼ ਪ੍ਰਾਵੀਡੈਂਟ ਫੰਡ ਆਰਗੇਨਾਈਜ਼ੇਸ਼ਨ (ਈ ਪੀ ਐੱਫ ਓ) ਨੇ ਆਪਣੇ ਸਾਰੇ ਹਿੱਸੇਦਾਰਾਂ ਲਈ ਸੇਵਾਵਾਂ ਨੂੰ ਤੇਜ਼, ਪਾਰਦਰਸ਼ੀ ਅਤੇ ਖਪਤਕਾਰ ਪੱਖੀ ਅਨੁਕੂਲ ਬਣਾਉਣ ਲਈ ਕਈ ਸੁਧਾਰ ਕੀਤੇ ਹਨ।

ਈ ਪੀ ਐੱਫ ਓ ਦੇ 7 ਕਰੋੜ ਤੋਂ ਵੱਧ ਮੈਂਬਰ ਹਨ, ਜੋ ਵੱਖ-ਵੱਖ ਨਿੱਜੀ ਅਤੇ ਜਨਤਕ ਖੇਤਰ ਦੇ ਉੱਦਮਾਂ ਦੇ ਮੌਜੂਦਾ ਜਾਂ ਸਾਬਕਾ ਮੁਲਾਜ਼ਮ ਹਨ। ਦੇਖਿਆ ਗਿਆ ਹੈ ਕਿ ਕਈ ਸਾਈਬਰ ਕੈਫੇ ਅਪਰੇਟਰ/ ਫਿਨਟੈਕ ਕੰਪਨੀਆਂ ਈ ਪੀ ਐੱਫ ਓ ਮੈਂਬਰਾਂ ਤੋਂ ਅਧਿਕਾਰਤ ਤੌਰ 'ਤੇ ਮੁਫਤ ਸੇਵਾਵਾਂ ਲਈ ਵੱਡੀ ਰਕਮ ਵਸੂਲ ਰਹੀਆਂ ਹਨ। ਬਹੁਤ ਸਾਰੇ ਮਾਮਲਿਆਂ ਵਿੱਚ, ਇਹ ਅਪਰੇਟਰ ਸਿਰਫ ਈ ਪੀ ਐੱਫ ਓ ਦੇ ਆਨਲਾਈਨ ਸ਼ਿਕਾਇਤ ਪੋਰਟਲ ਦੀ ਵਰਤੋਂ ਕਰਦੇ ਹਨ, ਜੋ ਕੋਈ ਵੀ ਮੈਂਬਰ ਆਪਣੇ ਆਪ ਮੁਫਤ ਕਰ ਸਕਦਾ ਹੈ।

ਬਿਆਨ ਵਿੱਚ ਕਿਹਾ ਗਿਆ ਹੈ ਕਿ ਮੈਂਬਰਾਂ/ਹਿੱਸੇਦਾਰਾਂ ਨੂੰ ਈ ਪੀ ਐੱਫ ਓ ਨਾਲ ਸੰਬੰਧਤ ਸੇਵਾਵਾਂ ਲਈ ਤੀਜੀ-ਧਿਰ ਕੰਪਨੀਆਂ ਜਾਂ ਏਜੰਟਾਂ ਕੋਲ ਜਾਣ ਜਾਂ ਉਨ੍ਹਾਂ ਨਾਲ ਜੁੜਨ ਤੋਂ ਚੌਕਸ ਕੀਤਾ ਜਾਂਦਾ ਹੈ, ਕਿਉਂਕਿ ਇਹ ਉਨ੍ਹਾਂ ਦੇ ਵਿੱਤੀ ਡੇਟਾ ਦਾ ਖੁਲਾਸਾ ਕਰ ਸਕਦਾ ਹੈ, ਇਹ ਬਾਹਰੀ ਸੰਸਥਾਵਾਂ ਈ ਪੀ ਐੱਫ ਓ ਦੁਆਰਾ ਅਧਿਕਾਰਤ ਨਹੀਂ ਹਨ।

ਬਿਆਨ ਵਿੱਚ ਕਿਹਾ ਗਿਆ ਹੈ ਕਿ ਈ ਪੀ ਐੱਫ ਓ ਕੋਲ ਮਜ਼ਬੂਤ ਸ਼ਿਕਾਇਤ ਨਿਗਰਾਨੀ ਅਤੇ ਨਿਬੇੜਾ ਪ੍ਰਣਾਲੀ ਹੈ, ਜਿੱਥੇ ਮੈਂਬਰਾਂ ਦੀਆਂ ਸ਼ਿਕਾਇਤਾਂ CPGRAMS ਜਾਂ EPFiGMS ਪੋਰਟਲਾਂ 'ਤੇ ਰਜਿਸਟਰ ਕੀਤੀਆਂ ਜਾਂਦੀਆਂ ਹਨ ਅਤੇ ਸਮਾਂਬੱਧ ਢੰਗ ਨਾਲ ਉਨ੍ਹਾਂ ਦੇ ਹੱਲ ਹੋਣ ਤੱਕ ਨਿਗਰਾਨੀ ਕੀਤੀ ਜਾਂਦੀ ਹੈ। ਇਸ ਮੁਤਾਬਕ ਮਾਲੀ ਸਾਲ 2025 (FYBE) ਵਿੱਚ EPFiGMS ਵਿੱਚ ਕੁੱਲ 16,01,202 ਸ਼ਿਕਾਇਤਾਂ ਅਤੇ CPGRAMS ਵਿੱਚ 1,74,328 ਸ਼ਿਕਾਇਤਾਂ ਪ੍ਰਾਪਤ ਹੋਈਆਂ। ਇਨ੍ਹਾਂ ਵਿੱਚੋਂ 98 ਫੀਸਦੀ ਸ਼ਿਕਾਇਤਾਂ ਦਾ ਸਮਾਂ-ਸੀਮਾ ਦੇ ਅੰਦਰ ਨਿਬੇੜਾ ਕੀਤਾ ਗਿਆ। ਈ ਪੀ ਐੱਫ ਓ ਆਪਣੇ ਸਾਰੇ ਮੈਂਬਰਾਂ, ਮਾਲਕਾਂ ਅਤੇ ਪੈਨਸ਼ਨਰਾਂ ਨੂੰ ਈ ਪੀ ਐੱਫ ਓ ਪੋਰਟਲ ਅਤੇ UMANG ਐਪ ਰਾਹੀਂ ਉਪਲੱਬਧ ਆਨਲਾਈਨ ਸੇਵਾਵਾਂ ਦੀ ਵਰਤੋਂ ਕਰਨ ਦੀ ਜ਼ੋਰਦਾਰ ਸਲਾਹ ਦਿੰਦਾ ਹੈ। ਇਸ ਤੋਂ ਇਲਾਵਾ ਮੈਂਬਰ ਕਿਸੇ ਵੀ ਮੁੱਦੇ ਲਈ ਅਧਿਕਾਰਤ ਵੈੱਬਸਾਈਟ (www.epfindia.gov.in) 'ਤੇ ਸੂਚੀਬੱਧ ਖੇਤਰੀ ਦਫਤਰਾਂ ਵਿੱਚ ਈ ਪੀ ਐੱਫ ਓ ਹੈਲਪ ਡੈਸਕ/PRO ਨਾਲ ਸੰਪਰਕ ਕਰ ਸਕਦੇ ਹਨ।

# ਮਰਦਮਸ਼ੁਮਾਰੀ ਦਾ ਨੋਟੀਫਿਕੇਸ਼ਨ ਜਾਰੀ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਅਗਲੇ ਸਾਲ ਹੋਣ ਵਾਲੀ ਮਰਦਮਸ਼ੁਮਾਰੀ, ਜਿਸ ਵਿੱਚ ਜਾਤੀ ਜਨਗਣਨਾ ਵੀ ਸ਼ਾਮਲ ਹੋਵੇਗੀ, ਲਈ ਗਜ਼ਟ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਨੋਟੀਫਿਕੇਸ਼ਨ ਮੁਤਾਬਕ ਮਰਦਮਸ਼ੁਮਾਰੀ ਦੋ ਪੜਾਵਾਂ 'ਚ ਹੋਵੇਗੀ। ਪਹਿਲਾ ਪੜਾਅ 1 ਅਕਤੂਬਰ 2026 ਤੇ ਦੂਜਾ ਪੜਾਅ 1 ਮਾਰਚ 2027 ਤੋਂ ਸ਼ੁਰੂ ਹੋਵੇਗਾ। ਇਸ ਤੋਂ ਪਹਿਲਾਂ ਮਰਦਮਸ਼ੁਮਾਰੀ ਸਾਲ 2011 'ਚ ਕੀਤੀ ਗਈ ਸੀ।

ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਲੱਦਾਖ ਵਰਗੇ ਬਰਫ ਨਾਲ ਘਿਰੇ ਇਲਾਕਿਆਂ ਵਿੱਚ ਮਰਦਮਸ਼ੁਮਾਰੀ ਦਾ ਅਮਲ 1 ਅਕਤੂਬਰ, 2026 ਤੋਂ ਸ਼ੁਰੂ ਹੋਵੇਗਾ, ਜਦੋਂਕਿ ਦੇਸ਼ ਦੇ ਬਾਕੀ ਹਿੱਸਿਆਂ ਵਿੱਚ 1 ਮਾਰਚ, 2027 ਦੀ ਸੰਦਰਭ ਮਿਤੀ ਨਾਲ ਜਨਗਣਨਾ ਕੀਤੀ ਜਾਵੇਗੀ।

2021 ਦੀ ਮਰਦਮਸ਼ੁਮਾਰੀ ਦੋ ਪੜਾਵਾਂ-ਅਪਰੈਲ ਤੋਂ ਸਤੰਬਰ 2020 ਤੱਕ ਘਰਾਂ ਦਾ ਸੂਚੀਕਰਨ ਅਤੇ ਫਰਵਰੀ 2021 ਵਿੱਚ ਆਬਾਦੀ ਦੀ ਗਣਨਾ-ਵਿੱਚ ਯੋਜਨਾਬੱਧ ਕੀਤੀ ਗਈ ਸੀ। ਹਾਲਾਂਕਿ ਮੁਕੰਮਲ ਤਿਆਰੀ ਦੇ ਬਾਵਜੂਦ ਕੋਵਿਡ-19 ਮਹਾਂਮਾਰੀ ਕਰਕੇ ਇਸ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰਨਾ ਪਿਆ ਸੀ।

ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਉਕਤ ਜਨਗਣਨਾ ਲਈ ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਬਰਫ ਨਾਲ ਜੁੜੇ ਗੈਰ-ਸਮਕਾਲੀ ਖੇਤਰਾਂ ਨੂੰ ਛੱਡ ਕੇ ਸੰਦਰਭ ਮਿਤੀ 1 ਮਾਰਚ, 2027 ਦੇ 00.00 ਵਜੇ ਹੋਵੇਗੀ। ਲੱਦਾਖ ਅਤੇ ਜੰਮੂ-ਕਸ਼ਮੀਰ ਦੇ ਕੇਂਦਰ ਸ਼ਾਸਤ ਪ੍ਰਦੇਸ਼ ਅਤੇ ਹਿਮਾਚਲ ਪ੍ਰਦੇਸ਼ ਤੇ ਉੱਤਰਾਖੰਡ ਰਾਜਾਂ ਦੇ ਬਰਫ ਨਾਲ ਜੁੜੇ ਗੈਰ-ਸਮਕਾਲੀ ਖੇਤਰਾਂ ਦੇ ਸੰਬੰਧ ਵਿੱਚ, ਹਵਾਲਾ ਮਿਤੀ 1 ਅਕਤੂਬਰ, 2026 ਦੇ 00:00 ਵਜੇ ਹੋਵੇਗੀ।

ਦੇਸ਼ ਭਰ ਤੋਂ ਆਬਾਦੀ ਨਾਲ ਸੰਬੰਧਤ ਡੇਟਾ ਲੈਣ ਦੀ ਇਹ ਵੱਡੀ ਕਵਾਇਦ ਕਰੀਬ 34 ਲੱਖ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਅਤੇ ਡਿਜੀਟਲ ਡਿਵਾਈਸਾਂ ਨਾਲ ਲੈਸ ਕਰੀਬ 1.3 ਲੱਖ ਜਨਗਣਨਾ ਕਾਮਿਆਂ ਵੱਲੋਂ ਪੂਰੀ ਕੀਤੀ ਜਾਵੇਗੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਤਵਾਰ ਇੱਥੇ ਕੇਂਦਰੀ ਗ੍ਰਹਿ ਸਕੱਤਰ, ਰਜਿਸਟਰਾਰ ਜਨਰਲ ਅਤੇ ਭਾਰਤ ਦੇ ਜਨਗਣਨਾ ਕਮਿਸ਼ਨਰ ਮ੍ਰਿਤੁੰਜਯ ਕੁਮਾਰ ਨਾਰਾਇਣ ਅਤੇ ਹੋਰ ਸੀਨੀਅਰ ਅਧਿਕਾਰੀਆਂ ਨਾਲ ਮਰਦਮਸ਼ੁਮਾਰੀ ਦੀ ਤਿਆਰੀ ਬਾਰੇ ਸਮੀਖਿਆ ਕੀਤੀ।

ਮਰਦਮਸ਼ੁਮਾਰੀ ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਪਹਿਲੇ ਪੜਾਅ ਵਿੱਚ ਹਾਊਸ ਲਿਸਟਿੰਗ ਅਪ੍ਰੇਸ਼ਨ ਚੱਲੇਗਾ, ਜਿਸ ਵਿੱਚ ਹਰੇਕ ਘਰ ਦੀ ਰਿਹਾਇਸ਼ੀ ਹਾਲਤ, ਸੰਪਤੀਆਂ ਅਤੇ ਸਹੂਲਤਾਂ ਬਾਰੇ ਵੇਰਵੇ ਇਕੱਤਰ ਕੀਤੇ ਜਾਣਗੇ, ਜਦੋਂਕਿ ਦੂਜੇ ਪੜਾਅ ਵਿੱਚ ਆਬਾਦੀ ਦੀ ਗਿਣਤੀ ਭਾਵ ਹਰੇਕ ਘਰ ਦੇ ਹਰੇਕ ਜੀਅ ਦੀ ਗਿਣਤੀ, ਸਮਾਜਿਕ-ਆਰਥਿਕ, ਸੱਭਿਆਚਾਰਕ ਅਤੇ ਹੋਰ ਵੇਰਵੇ ਇਕੱਠੇ ਕੀਤੇ ਜਾਣਗੇ। ਮਰਦਮਸ਼ੁਮਾਰੀ ਦੀ ਮਸ਼ਕ ਸ਼ੁਰੂ ਹੋਣ ਤੋਂ ਬਾਅਦ ਇਹ 16ਵੀਂ ਅਤੇ ਆਜ਼ਾਦੀ ਤੋਂ ਬਾਅਦ ਅੱਠਵੀਂ ਜਨਗਣਨਾ ਹੈ।

## ਧਮਾਕੇ ਨਾਲ 4 ਮੌਤਾਂ

**ਅਮਰੋਹਾ** : ਅਮਰੋਹਾ ਜ਼ਿਲ੍ਹੇ ਦੇ ਥਾਣਾ ਰਾਜਬਪੁਰ ਖੇਤਰ ਦੇ ਪਿੰਡ ਅਤਰਸੀ ਵਿੱਚ ਲਾਇਸੈਂਸਸ਼ੁਦਾ ਪਟਾਕਾ ਯੂਨਿਟ 'ਚ ਹੋਏ ਧਮਾਕੇ ਕਾਰਨ 4 ਔਰਤਾਂ ਦੀ ਮੌਤ ਹੋ ਗਈ ਅਤੇ 9 ਹੋਰ ਜ਼ਖ਼ਮੀ ਹੋ ਗਏ।

## ਵਾਡਰਾ ਅੱਜ ਮੁੜ ਤਲਬ

**ਨਵੀਂ ਦਿੱਲੀ** : ਈ ਡੀ ਨੇ ਕਾਰੋਬਾਰੀ ਰਾਬਰਟ ਵਾਡਰਾ ਨੂੰ ਯੂ ਕੇ ਸਥਿਤ ਹਥਿਆਰ ਸਲਾਹਕਾਰ ਸੰਜੇ ਭੰਡਾਰੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਪੁੱਛਗਿੱਛ ਲਈ 17 ਜੂਨ ਨੂੰ ਤਲਬ ਕੀਤਾ ਹੈ। 56 ਸਾਲਾ ਵਾਡਰਾ ਨੂੰ 10 ਜੂਨ ਨੂੰ ਵੀ ਬੁਲਾਇਆ ਗਿਆ ਸੀ, ਪਰ ਉਨ੍ਹਾ ਇਹ ਕਹਿੰਦਿਆਂ ਹਾਜ਼ਰ ਹੋਣ ਤੋਂ ਅਸਮਰੱਥਾ ਜ਼ਾਹਰ ਕੀਤੀ ਸੀ ਕਿ ਉਨ੍ਹਾ ਨੂੰ 9 ਜੂਨ ਨੂੰ ਫਲੂ ਵਰਗੇ ਲੱਛਣ ਸਨ ਅਤੇ ਪ੍ਰੋਟੋਕੋਲ ਅਨੁਸਾਰ ਉਨ੍ਹਾ ਕੋਵਿਡ ਟੈਸਟ ਕਰਵਾਇਆ ਸੀ।

## ਕਾਲੀ ਵੇਈਂ 'ਚ ਛਾਲ ਮਾਰ ਕੇ ਖੁਦਕੁਸ਼ੀ



**ਸੁਲਤਾਨਪੁਰ ਲੋਧੀ (ਬਲਵਿੰਦਰ ਧਾਲੀਵਾਲ)**-ਸੋਮਵਾਰ ਸਵੇਰੇ ਕਰੀਬ 9-30 ਵਜੇ 24 ਸਾਲਾ ਨੌਜਵਾਨ ਗੁਰਪ੍ਰੀਤ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਫੱਤੋਵਾਲ ਨੇ ਕਾਲੀ ਵੇਈਂ ਉਪਰ ਬਣੇ ਪੁਲ ਨੇੜੇ ਗੁਰਦੁਆਰਾ ਬੇਰ ਸਾਹਿਬ ਵਿਖੇ ਛਾਲ ਮਾਰ ਦਿੱਤੀ। ਇਸ ਤੋਂ ਪਹਿਲਾਂ ਉਸ ਨੇ ਆਪਣੇ ਤਾਏ ਦੇ ਮੁੰਡੇ ਨੂੰ ਫੋਨ ਕਰਕੇ ਛਾਲ ਮਾਰਨ ਬਾਰੇ ਸੂਚਿਤ ਵੀ ਕੀਤਾ। ਉਸ ਨੇ ਪੁਲ ਦੇ ਉਪਰ ਆਪਣਾ ਮੋਟਰਸਾਈਕਲ ਖੜ੍ਹਾ ਕਰਕੇ ਆਪਣੀਆਂ ਚੱਪਲਾਂ ਉਤਾਰ ਦਿੱਤੀਆਂ। ਤਾਏ ਦੇ ਮੁੰਡੇ ਜਰਮਨ ਸਿੰਘ ਨੇ ਦੱਸਿਆ ਕਿ ਗੁਰਪ੍ਰੀਤ ਸੁਲਤਾਨਪੁਰ ਲੋਧੀ ਵਿਖੇ ਪ੍ਰਾਈਵੇਟ ਨੌਕਰੀ ਕਰਦਾ ਸੀ ਅਤੇ ਅਜੇ ਕੁੰਵਾਰਾ ਸੀ। ਸੂਚਨਾ ਮਿਲਣ 'ਤੇ ਗੁਰਪ੍ਰੀਤ ਦੀ ਮਾਤਾ ਤੇ ਹੋਰ ਰਿਸ਼ਤੇਦਾਰ ਵੀ ਮੌਕੇ 'ਤੇ ਪਹੁੰਚ ਗਏ। ਗੋਤਾਖੋਰ ਨੇ ਗੁਰਪ੍ਰੀਤ ਸਿੰਘ ਦੀ ਮ੍ਰਿਤਕ ਦੇਹ ਪਾਣੀ 'ਚੋਂ ਬਾਹਰ ਕੱਢੀ। ਗੁਰਪ੍ਰੀਤ ਸਿੰਘ ਦਾ ਇੱਕ ਭਰਾ ਅਤੇ ਦੋ ਭੈਣਾਂ ਹਨ। ਗੁਰਪ੍ਰੀਤ ਸਿੰਘ ਵੱਲੋਂ ਇਹ ਕਦਮ ਕਿਉਂ ਚੁੱਕਿਆ ਗਿਆ, ਇਸ ਬਾਰੇ ਸਪੱਸ਼ਟ ਨਹੀਂ ਹੋ ਸਕਿਆ। ਥਾਣਾ ਸੁਲਤਾਨਪੁਰ ਲੋਧੀ ਦੇ ਐੱਸ ਐੱਚ ਓ ਸੋਨਮਦੀਪ ਕੌਰ ਨੇ ਦੱਸਿਆ ਗੁਰਪ੍ਰੀਤ ਸਿੰਘ ਸ਼ਾਇਦ ਮਾਨਸਕ ਤੌਰ 'ਤੇ ਪਰੇਸ਼ਾਨ ਸੀ। ਇਸ ਸੰਬੰਧੀ ਧਾਰਾ 174 ਦੀ ਕਾਰਵਾਈ ਕੀਤੀ ਗਈ ਹੈ।

# ਭਾਰਤ ਨੇ ਪਾਣੀ ਰੋਕਿਆ ਤਾਂ ਸਾਨੂੰ ਜੰਗ ਕਰਨੀ ਪਵੇਗੀ : ਬਿਲਾਵਲ



**ਇਸਲਾਮਾਬਾਦ** : ਪਾਕਿਸਤਾਨ ਪੀਪਲਜ਼ ਪਾਰਟੀ ਦੇ ਮੁਖੀ ਬਿਲਾਵਲ ਭੁੱਟੋ ਜ਼ਰਦਾਰੀ ਨੇ ਭਾਰਤ ਨੂੰ ਗੱਲਬਾਤ ਦੀ ਮੇਜ਼ 'ਤੇ ਪਰਤਣ ਦੀ ਅਪੀਲ ਕਰਦਿਆਂ ਕਿਹਾ ਕਿ ਦੋਵਾਂ ਦੇਸ਼ਾਂ ਵਿਚਾਲੇ ਸਾਰੇ ਬਕਾਇਆ ਮੁੱਦੇ ਸਿਰਫ ਵਿਆਪਕ ਗੱਲਬਾਤ ਰਾਹੀਂ ਹੀ ਹੱਲ ਕੀਤੇ ਜਾ ਸਕਦੇ ਹਨ।

'ਦ ਐਕਸਪ੍ਰੈਸ ਟ੍ਰਿਬਿਊਨ' ਅਖਬਾਰ ਦੀ ਰਿਪੋਰਟ ਅਨੁਸਾਰ ਸੰਸਦੀ ਵਫਦ ਦੀ ਅਗਵਾਈ ਕਰ ਰਹੇ ਬਿਲਾਵਲ ਨੇ ਬ੍ਰੱਸਲਜ਼ ਦੇ ਦੌਰੇ ਦੌਰਾਨ ਐਤਵਾਰ ਜਰਮਨ ਪ੍ਰਸਾਰਕ ਡੀ ਡਬਲਯੂ ਉਰਦੂ ਨੂੰ ਦਿੱਤੀ ਇੱਕ ਇੰਟਰਵਿਊ ਵਿੱਚ ਇਹ ਟਿੱਪਣੀਆਂ ਕੀਤੀਆਂ। ਉਨ੍ਹਾ ਕਿਹਾ, "ਪਾਕਿਸਤਾਨ ਅਤੇ ਭਾਰਤ ਦਰਮਿਆਨ ਸਾਰੇ ਬਕਾਇਆ ਮੁੱਦੇ ਸਿਰਫ ਵਿਆਪਕ ਗੱਲਬਾਤ ਰਾਹੀਂ ਹੀ ਹੱਲ ਕੀਤੇ ਜਾ ਸਕਦੇ ਹਨ। ਜੇ ਭਾਰਤ ਮੇਜ਼ (ਗੱਲਬਾਤ ਲਈ) 'ਤੇ ਨਹੀਂ ਆਉਂਦਾ, ਤਾਂ ਇਹ ਉਸ ਦੇ ਹੱਕ ਵਿੱਚ ਨਹੀਂ ਹੋਵੇਗਾ।" ਸਾਬਕਾ ਵਿਦੇਸ਼ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਭਾਰਤ ਵੱਲੋਂ ਪਾਕਿਸਤਾਨ ਦੀ ਪਾਣੀ ਦੀ ਸਪਲਾਈ ਨੂੰ ਰੋਕਣ ਦੀ ਕੋਈ ਵੀ ਕੋਸ਼ਿਸ਼ ਇੱਕ ਹੋਂਦ ਦਾ ਖਤਰਾ ਮੰਨਿਆ ਜਾਵੇਗਾ, ਜਿਸ ਨਾਲ ਪਾਕਿਸਤਾਨ ਕੋਲ ਜੰਗ ਤੋਂ ਇਲਾਵਾ ਕੋਈ ਹੋਰ ਵਿਕਲਪ ਨਹੀਂ ਬਚੇਗਾ।

ਇਸ ਤੋਂ ਇੱਕ ਦਿਨ ਪਹਿਲਾਂ ਬਿਲਾਵਲ ਨੇ ਕੌਮਾਂਤਰੀ ਭਾਈਚਾਰੇ ਨੂੰ ਭਾਰਤ ਨੂੰ ਗੱਲਬਾਤ ਲਈ ਮੇਜ਼ 'ਤੇ ਲਿਆਉਣ ਅਤੇ ਦੱਖਣੀ ਏਸ਼ੀਆ ਵਿੱਚ ਸਥਾਈ ਸ਼ਾਂਤੀ ਯਕੀਨੀ ਬਣਾਉਣ ਵਿੱਚ ਆਪਣੀ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਸੀ। ਜਿਸ ਵਿੱਚ ਕਸ਼ਮੀਰ ਮੁੱਦਾ, ਪਾਣੀ ਦਾ ਮੁੱਦਾ ਅਤੇ ਅੱਤਵਾਦ ਦਾ ਹੱਲ ਸ਼ਾਮਲ ਹੈ।

ਭਾਰਤ ਨੇ ਪਹਿਲਾਂ ਹੀ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਪਾਕਿਸਤਾਨ ਨਾਲ ਸਿਰਫ ਮਕਬੂਜ਼ਾ ਕਸ਼ਮੀਰ ਦੀ ਵਾਪਸੀ ਅਤੇ ਅੱਤਵਾਦ ਦੇ ਮੁੱਦੇ 'ਤੇ ਹੀ ਗੱਲਬਾਤ ਕਰੇਗਾ। ਗੌਰਤਲਬ ਹੈ ਕਿ ਸੰਯੁਕਤ ਗੱਲਬਾਤ 2003 ਵਿੱਚ ਸ਼ੁਰੂ ਕੀਤੀ ਗਈ ਸੀ ਜਦੋਂ ਜਨਰਲ ਪਰਵੇਜ਼ ਮੁਸ਼ੱਰਫ ਪਾਕਿਸਤਾਨ 'ਤੇ ਰਾਜ ਕਰ ਰਹੇ ਸਨ।

ਪਰ 2008 ਦੇ ਮੁੰਬਈ ਹਮਲਿਆਂ ਤੋਂ ਬਾਅਦ ਗੱਲਬਾਤ ਬੰਦ ਹੋ ਗਈ ਅਤੇ ਸਹੀ ਰੂਪ ਵਿੱਚ ਬਹਾਲ ਨਹੀਂ ਹੋ ਸਕੀ। ਬਿਲਾਵਲ ਨੇ ਕਿਹਾ ਹੈ ਕਿ ਜਦੋਂ ਕਿ ਪਾਕਿਸਤਾਨ ਜੰਗ ਨਹੀਂ ਚਾਹੁੰਦਾ, ਉਹ ਆਪਣੀ ਸੁਰੱਖਿਆ ਜਾਂ ਪਾਣੀ ਦੇ ਅਧਿਕਾਰਾਂ 'ਤੇ ਕੋਈ ਸਮਝੌਤਾ ਨਹੀਂ ਕਰੇਗਾ।

# ਇੱਕ ਜਹਾਜ਼ ਦੇ ਪਹੀਆਂ 'ਚੋਂ ਚੰਗਿਆੜੀਆਂ ਨਿਕਲੀਆਂ, ਤਿੰਨ ਰਾਹ 'ਚੋਂ ਮੋੜਨੇ ਪਏ



**ਲਖਨਊ** : ਸਾਊਦੀ ਏਅਰਲਾਈਨ ਦੇ 242 ਹੱਜ ਯਾਤਰੀਆਂ ਨੂੰ ਲੈ ਕੇ ਜੇਦਾਹ ਤੋਂ ਲਖਨਊ ਪੁੱਜੇ ਜਹਾਜ਼ ਦੀ ਲੈਂਡਿੰਗ ਮੌਕੇ ਪਹੀਆਂ ਵਿੱਚੋਂ ਚੰਗਿਆੜੇ ਨਿਕਲਣ ਕਰਕੇ ਇਥੇ ਹਵਾਈ ਅੱਡੇ 'ਤੇ ਅਲਾਰਮ ਵੱਜ ਗਿਆ। ਇਹ ਘਟਨਾ ਐਤਵਾਰ ਸਵੇਰ ਚੌਧਰੀ ਚਰਨ ਸਿੰਘ ਕੌਮਾਂਤਰੀ ਹਵਾਈ ਅੱਡੇ ਦੀ ਹੈ ਤੇ ਸਾਰੇ ਯਾਤਰੀਆਂ ਨੂੰ ਸੁਰੱਖਿਅਤ ਉਤਾਰ ਲਿਆ ਗਿਆ। ਜਹਾਜ਼ ਨੂੰ ਵੀ ਕੋਈ ਨੁਕਸਾਨ ਨਹੀਂ ਪੁੱਜਾ। ਇਸੇ ਦੌਰਾਨ ਏਅਰ ਇੰਡੀਆ ਦੀ ਹਾਂਗਕਾਂਗ ਤੋਂ ਦਿੱਲੀ ਆ ਰਹੀ ਉਡਾਣ ਨੂੰ ਤਕਨੀਕੀ ਨੁਕਸ ਕਰਕੇ ਵਾਪਸ ਹਾਂਗਕਾਂਗ ਮੋੜ ਲਿਆ ਗਿਆ। ਸੂਤਰਾਂ ਨੇ ਕਿਹਾ ਕਿ ਜਹਾਜ਼ ਹਾਂਗਕਾਂਗ ਹਵਾਈ ਅੱਡੇ 'ਤੇ ਸੁਰੱਖਿਅਤ ਉੱਤਰ ਗਿਆ। ਏਅਰ ਇੰਡੀਆ ਦੀ ਉਡਾਣ ਸਥਾਨਕ ਸਮੇਂ ਮੁਤਾਬਕ ਬਾਅਦ ਦੁਪਹਿਰ 12:16 ਵਜੇ ਰਵਾਨਾ ਹੋਈ ਸੀ ਤੇ ਇਸ ਨੇ ਭਾਰਤੀ ਸਮੇਂ ਮੁਤਾਬਕ ਦਿੱਲੀ ਵਿੱਚ ਬਾਅਦ ਦੁਪਹਿਰ 12:20 ਵਜੇ ਉਤਰਨਾ ਸੀ। ਇਸ ਤੋਂ ਪਹਿਲਾਂ ਲੁਫਥਹਾਂਸਾ ਏਅਰਲਾਈਨ ਦੀ ਫਰੈਂਕਫਰਟ ਤੋਂ ਹੈਦਰਾਬਾਦ ਆ ਰਹੀ ਉਡਾਣ ਨੂੰ ਐਤਵਾਰ ਬੰਬ ਦੀ ਧਮਕੀ ਮਗਰੋਂ ਵਾਪਸ ਮੋੜਨਾ ਪਿਆ। ਲੰਡਨ ਦੇ ਹੀਥਰੋ ਏਅਰਪੋਰਟ ਤੋਂ ਚੇਨਈ ਲਈ ਨਿਕਲੇ ਬ੍ਰਿਟਿਸ਼ ਏਅਰਵੇਜ਼ ਦੇ ਜਹਾਜ਼ ਨੂੰ ਵੀ ਤਕਨੀਕੀ ਨੁਕਸ ਕਾਰਨ ਵਾਪਸ ਪਰਤਣਾ ਪਿਆ।

# ਲਾਪਤਾ ਮਾਡਲ ਦੀ ਲਾਸ਼ ਨਹਿਰ 'ਚੋਂ ਮਿਲੀ



**ਸੋਨੀਪਤ** : ਖਰਖੌਦਾ ਵਿੱਚ ਕੌਮੀ ਰਾਜਧਾਨੀ ਖੇਤਰ ਨਾਲ ਲੱਗਦੀ ਨਹਿਰ 'ਚੋਂ ਮਿਲੀ ਲਾਸ਼ ਦੀ ਪਛਾਣ ਹੋ ਗਈ ਹੈ। ਇਹ ਲਾਸ਼ ਹਰਿਆਣਵੀ ਮਾਡਲ ਸ਼ੀਤਲ ਦੀ ਦੱਸੀ ਜਾਂਦੀ ਹੈ। ਮਾਡਲ ਦਾ ਗਲ ਵੱਢਿਆ ਹੋਇਆ ਸੀ।ਉਹ ਪਾਣੀਪਤ ਦੇ ਖਲੀਲਾ ਮਜ਼ਰਾ ਦੀ ਰਹਿਣ ਵਾਲੀ ਸੀ ਤੇ ਇਸ ਵੇਲੇ ਪਾਣੀਪਤ ਦੀ ਸਤ ਕਰਤਾਰ ਕਾਲੋਨੀ ਵਿੱਚ ਆਪਣੀ ਭੈਣ ਨੇਹਾ ਨਾਲ ਰਹਿ ਰਹੀ ਸੀ। ਸ਼ੀਤਲ ਦੀ ਭੈਣ ਨੇ ਐਤਵਾਰ ਪਾਣੀਪਤ ਦੇ ਪੁਰਾਣੇ ਸਨਅਤੀ ਏਰੀਆ ਵਿਚਲੇ ਪੁਲਸ ਥਾਣੇ ਵਿੱਚ ਸ਼ੀਤਲ ਦੀ ਗੁੰਮਸ਼ੁਦਗੀ ਬਾਰੇ ਸ਼ਿਕਾਇਤ ਦਰਜ ਕਰਵਾਈ ਸੀ। ਦੱਸਿਆ ਜਾ ਰਿਹਾ ਹੈ ਕਿ ਸ਼ੀਤਲ ਆਪਣੇ ਬੁਆਏਫਰੈਂਡ ਨਾਲ ਸੀ, ਜਿਸ ਦੀ ਕਾਰ ਨਹਿਰ ਨੇੜਿਓਂ ਬਰਾਮਦ ਕਰ ਲਈ ਗਈ ਹੈ।

ਸੁਣਨ ਵਿੱਚ ਆਇਆ ਹੈ ਕਿ ਸ਼ੀਤਲ ਨੇ ਆਪਣੀ ਭੈਣ ਨੂੰ ਵੀਡੀਓ ਕਾਲ ਰਾਹੀਂ ਦੱਸਿਆ ਸੀ ਕਿ ਉਸ ਦੇ ਬੁਆਏਫਰੈਂਡ ਨੇ ਉਸ ਨੂੰ ਮਾਰਿਆ-ਕੁੱਟਿਆ ਹੈ ਅਤੇ ਉਸ ਦੀ ਗਰਦਨ 'ਤੇ ਵੀ ਸੱਟ ਲੱਗੀ ਹੈ। ਇਸ ਮਗਰੋਂ ਉਸ ਦਾ ਆਪਣੀ ਭੈਣ ਨਾਲ ਸੰਪਰਕ ਟੁੱਟ ਗਿਆ। ਬਾਅਦ ਵਿੱਚ ਐਤਵਾਰ ਰਾਤ ਸ਼ੀਤਲ ਦੀ ਲਾਸ਼ ਨਹਿਰ ਵਿੱਚੋਂ ਮਿਲੀ।

## ਸਰਕਾਰ ਕੰਚਨ ਦੇ ਕਾਤਲਾਂ ਵਿਰੁੱਧ ਸਖਤ ਕਾਰਵਾਈ ਕਰੇ : ਮੀਕਾ ਸਿੰਘ

**ਮੁੰਬਈ** : ਗਾਇਕ ਮੀਕਾ ਸਿੰਘ ਨੇ ਕੰਚਨ ਕੁਮਾਰੀ ਉਰਫ ਕਮਲ ਕੌਰ ਭਾਬੀ ਦੇ ਕਤਲ ਨੂੰ ਲੈ ਕੇ ਵੱਡਾ ਫਿਕਰ ਜਤਾਇਆ ਹੈ। ਮੀਕਾ ਸਿੰਘ ਨੇ ਇੱਕ ਵੀਡੀਓ ਰਾਹੀਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਜ਼ਿੰਮੇਵਾਰ ਲੋਕਾਂ ਵਿਰੁੱਧ ਤੁਰੰਤ ਸਖਤ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ।

ਮੀਕਾ ਨੇ ਕਿਹਾ ਕਿ ਅਜਿਹੇ ਕਾਰੇ ਸਿੱਖ ਭਾਈਚਾਰੇ ਲਈ ਸ਼ਰਮ ਦੀ ਗੱਲ ਹਨ। ਗਾਇਕ ਨੇ ਕਿਹਾ, "ਸਾਡੇ ਭਾਈਚਾਰੇ ਦੀ ਪਛਾਣ ਕੁਝ ਹੋਰ ਹੈ। ਅਸੀਂ ਲੋੜਵੰਦਾਂ ਲਈ ਲੰਗਰ ਲਾਉਣ ਕਰਕੇ ਜਾਣੇ ਜਾਂਦੇ ਹਾਂ। ਜੇ ਇਹ ਲੋਕ ਸੱਚਮੁੱਚ ਮਾੜੇ ਅਨਸਰਾਂ ਨੂੰ ਖਤਮ ਕਰਨਾ ਚਾਹੁੰਦੇ ਹਨ, ਤਾਂ ਪੰਜਾਬ ਵਿੱਚ ਸਰਗਰਮ ਗੈਂਗਸਟਰਾਂ ਨੂੰ ਨਿਸ਼ਾਨਾ ਬਣਾਉਣ।" ਮੀਕਾ ਨੇ ਸ਼ਹੀਦ ਭਗਤ ਸਿੰਘ ਦਾ ਵੀ ਹਵਾਲਾ ਦਿੱਤਾ ਹੈ। ਉਨ੍ਹਾ ਕਿਹਾ ਕਿ ਭਗਤ ਸਿੰਘ ਨੇ ਦੇਸ਼ ਲਈ ਆਪਣੀ ਜਾਨ ਦਿੱਤੀ, ਜਦੋਂ ਕਿ ਦੋਸ਼ੀ ਇਸ ਕਤਲ ਨੂੰ ਬਹਾਦਰੀ ਦੇ ਕੰਮ ਵਜੋਂ ਪੇਸ਼ ਕਰ ਰਹੇ ਹਨ। ਸੱਚੇ ਯੋਧੇ ਕਮਜ਼ੋਰ ਦੀ ਰੱਖਿਆ ਕਰਦੇ ਹਨ, ਉਨ੍ਹਾਂ ਨੂੰ ਨੁਕਸਾਨ ਨਹੀਂ ਪਹੁੰਚਾਉਂਦੇ।

# ਪੀ ਆਰ ਟੀ ਸੀ ਕਾਮਿਆਂ ਤੇ ਪੈਨਸ਼ਨਰਾਂ ਵੱਲੋਂ ਭਲਕੇ ਜ਼ਬਰਦਸਤ ਮੁਜ਼ਾਹਰਾ

**ਪਟਿਆਲਾ** : ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਦੇ ਮੁੱਖ ਬੁਲਾਰਿਆਂ ਨਿਰਮਲ ਸਿੰਘ ਧਾਲੀਵਾਲ ਕਨਵੀਨਰ ਤੇ ਮੈਂਬਰਾਂ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖਟੜਾ, ਰਾਕੇਸ਼ ਕੁਮਾਰ ਦਾਤਾਰਪੁਰੀ ਅਤੇ ਉਤਮ ਸਿੰਘ ਬਾਗੜੀ ਵੱਲੋਂ ਸੋਮਵਾਰ ਬਿਆਨ ਜਾਰੀ ਕਰਦਿਆਂ ਦੱਸਿਆ ਗਿਆ ਕਿ ਪੀ ਆਰ ਟੀ ਸੀ ਦੇ ਸਾਰੇ ਡਿਪੂਆਂ ਦੇ ਕਰਮਚਾਰੀ, ਪੈਨਸ਼ਨਰ ਅਤੇ ਠੇਕਾ ਕਰਮਚਾਰੀ 18 ਜੂਨ ਨੂੰ ਪਟਿਆਲਾ ਵਿਖੇ ਨਵੇਂ ਬੱਸ ਸਟੈਂਡ 'ਤੇ ਤਨਖਾਹਾਂ ਅਤੇ ਪੈਨਸ਼ਨਾਂ ਅਜੇ ਤੱਕ ਨਾ ਮਿਲਣ ਦੇ ਵਿਰੋਧ ਵਿੱਚ ਜ਼ਬਰਦਸਤ ਰੋਸ ਮੁਜ਼ਾਹਰਾ ਅਤੇ ਰੈਲੀ ਕਰਨ ਲਈ ਸੈਂਕੜਿਆਂ ਦੀ ਗਿਣਤੀ ਵਿੱਚ ਪੁੱਜਣਗੇ। ਜਿੱਥੇ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਵਰਕਰਾਂ ਨੂੰ ਸੈਂਕੜੇ ਕਰੋੜਾਂ ਰੁਪਏ ਦੇ ਹੋਰ ਬਕਾਏ ਤਾਂ ਕੀ ਦੇਣੇ ਸਨ, ਤਨਖਾਹ ਅਤੇ ਪੈਨਸ਼ਨ ਵੀ ਸਮੇਂ ਸਿਰ ਨਾ ਦੇ ਕੇ 10000 ਟੱਬਰਾਂ ਨੂੰ ਤਰ੍ਹਾਂ-ਤਰ੍ਹਾਂ ਦੀਆਂ ਆਰਥਿਕ ਮੁਸ਼ਕਲਾਂ ਵਿੱਚ ਫਸਾ ਦਿੱਤੇ ਜਾਣ ਦੇ ਸਮੁੱਚੇ ਕਾਰਨਾਂ ਅਤੇ ਸਰਕਾਰ ਦੀ ਮਜ਼ਦੂਰ ਵਿਰੋਧੀ ਬੇਹੱਦ ਨਿੰਦਣਯੋਗ ਨੀਤੀ ਦੇ ਕਾਰਨਾਂ ਦਾ ਖੁਲਾਸਾ ਵੀ ਕੀਤਾ ਜਾਵੇਗਾ। ਸਰਕਾਰ ਵੱਲੋਂ ਪੀ ਆਰ ਟੀ ਸੀ ਨੂੰ ਮੁਫ਼ਤ ਸਫਰ ਸਹੂਲਤਾਂ ਦੀ 600 ਕਰੋੜ ਰੁਪਏ ਤੋਂ ਵੱਧ ਦੀ ਬਣਦੀ ਰਕਮ ਦੀ ਅਦਾਇਗੀ ਕਰਨ ਦੇ ਰਾਹ ਵਿੱਚ ਰੋੜੇ ਅਟਕਾਉਣ ਵਾਲੀ ਅਫਸਰਸ਼ਾਹੀ ਗੈਰ-ਸੰਵੇਦਨਸ਼ੀਲ ਲਾਲ ਫੀਤਾਸ਼ਾਹੀ ਦੇ ਪੁਤਲੇ ਵੀ ਸਾੜੇ ਜਾਣਗੇ।

ਆਗੂਆਂ ਦੱਸਿਆ ਕਿ ਕਰਮਚਾਰੀਆਂ ਨੂੰ 16 ਤਰੀਕ ਤੱਕ ਵੀ ਤਨਖਾਹ-ਪੈਨਸ਼ਨ ਮਿਲਣ ਦੀ ਕੋਈ ਉੱਘ-ਸੁੱਘ ਨਹੀਂ ਮਿਲੀ ਅਤੇ ਨਾ ਹੀ ਮੈਨੇਜਮੈਂਟ ਵੱਲੋਂ ਕੋਈ ਵਾਜਬ ਕਾਰਨ ਦੱਸਣ ਦੀ ਲੋੜ ਸਮਝੀ ਗਈ। ਕਰਮਚਾਰੀਆਂ ਨੂੰ ਆਪਣੀਆਂ ਤਰ੍ਹਾਂ-ਤਰ੍ਹਾਂ ਦੀਆਂ ਦੇਣਦਾਰੀਆਂ ਕਾਰਨ ਜ਼ਲੀਲ ਹੋਣਾ ਪੈ ਰਿਹਾ ਹੈ। ਲੋਨ ਕਿਸ਼ਤਾਂ, ਬੱਚਿਆਂ ਦੇ ਸਕੂਲਾਂ ਦੇ ਖਰਚੇ, ਰਸੋਈ ਖਰਚੇ, ਵਹੀਕਲਾਂ ਦੇ ਖਰਚੇ, ਹੋਰ ਸਮਾਜਿਕ ਲੋੜਾਂ ਦੇ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਲੜਾਈ ਵਾਲਾ ਜੇ ਵਧ ਗਿਆ ਜ਼ੋਰ ਡਿੱਠਾ,
ਦੁਨੀਆ ਸਾਰੀ ਆ ਪਾਈ ਦੁਹਾਈ ਮੀਆਂ।
ਭਾਰਤੀ ਲੋਕ ਵੀ ਬਹੁਤ ਈਰਾਨ ਦੇ ਵਿੱਚ,
ਬਹੁੜੀ ਭਾਰਤ ਨੂੰ ਉਨ੍ਹਾਂ ਨੇ ਪਾਈ ਮੀਆਂ।
ਹੋਰਨਾਂ ਮੁਲਕਾਂ ਤੋਂ ਕੱਢੇ ਨੇ ਜਿਵੇਂ ਪਹਿਲੇ,
ਇਨ੍ਹਾਂ ਦੀ ਜਿੰਦ ਵੀ ਜਾਵੇ ਛੁਡਾਈ ਮੀਆਂ।
ਆਇਆ ਈ ਅੱਜ ਐਲਾਨ ਈਰਾਨ ਵਾਲਾ,
ਮੁਲਕ ਨੂੰ ਛੱਡਣ ਦੀ ਰੋਕ ਹਟਾਈ ਮੀਆਂ।
ਤਦ ਵੀ ਨਿਕਲਣਾ ਅਜੇ ਨਾ ਸਹਿਜ ਜਾਪੇ,
ਉੱਤੇ ਸੜਕਾਂ ਦੇ ਵਰ੍ਹਦੀ ਆ ਅੱਗ ਮੀਆਂ।
ਦੁਵੱਲੀ ਹੁੰਦੀ ਪਈ ਜਿੱਦਾਂ ਦੀ ਚਾਂਦਮਾਰੀ,
ਸਕਦੀ ਕਿਤੇ ਕੋਈ ਕਿਸੇ ਨੂੰ ਲੱਗ ਮੀਆਂ।

-ਤੀਸ ਮਾਰ ਖਾਂ

# ਇਜ਼ਰਾਈਲ ਸੰਸਾਰ ਅਮਨ ਦਾ ਸਭ ਤੋਂ ਵੱਡਾ ਦੁਸ਼ਮਣ : ਅਰਸ਼ੀ

## ਚੰਡੀਗੜ੍ਹ ਰੈਲੀ ਲਈ ਬੁਢਲਾਡਾ ਤੋਂ 15 ਬੱਸਾਂ ਜਾਣਗੀਆਂ



**ਬੁਢਲਾਡਾ (ਅਸ਼ੋਕ ਲਾਕੜਾ)**

ਸੀ ਪੀ ਆਈ ਬਲਾਕ ਕਮੇਟੀ ਦੀ ਮੀਟਿੰਗ ਪਾਰਟੀ ਦੇ ਜ਼ਿਲ੍ਹਾ ਮੀਤ ਸਕੱਤਰ ਸੀਤਾ ਰਾਮ ਗੋਬਿੰਦਪੁਰਾ ਦੀ ਪ੍ਰਧਾਨਗੀ ਹੇਠ ਸਥਾਨਕ ਪਾਰਟੀ ਦਫਤਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਇਜ਼ਰਾਈਲ ਅਮਰੀਕਨ ਸਾਮਰਾਜ ਦੀ ਚੁੱਕ 'ਤੇ ਸੰਸਾਰ ਅਮਨ ਦਾ ਸਭ ਤੋਂ ਵੱਡਾ ਦੁਸ਼ਮਣ ਬਣ ਗਿਆ ਹੈ। ਉਨ੍ਹਾ ਇਜ਼ਰਾਈਲ ਵੱਲੋਂ ਈਰਾਨ 'ਤੇ ਹਮਲਾ ਕਰਨ ਦੀ ਨਿਖੇਧੀ ਕਰਦੇ ਹੋਏ ਤੁਰੰਤ ਜੰਗਬੰਦੀ ਕਰਨ ਲਈ ਜ਼ੋਰ ਦਿੱਤਾ।

ਕਮਿਊਨਿਸਟ ਆਗੂ ਨੇ ਮੋਦੀ ਸਰਕਾਰ ਦੀ ਇਜ਼ਰਾਈਲ ਪੱਖੀ ਵਿਦੇਸ਼ ਨੀਤੀ ਦੀ ਸਖਤ ਨਿਖੇਧੀ ਕਰਦੇ ਹੋਏ ਕਿਹਾ ਕਿ ਭਾਰਤ ਨੂੰ ਫਲਸਤੀਨੀਆਂ ਦੇ ਕਾਜ਼ ਨਾਲ ਖੜਨਾ ਚਾਹੀਦਾ ਹੈ, ਕਿਉਂਕਿ ਭਾਰਤ ਦੀ ਸ਼ੁਰੂ ਤੋਂ ਹੀ ਫਲਸਤੀਨ ਦੇ ਹੱਕ ਵਿੱਚ ਖੜਨ ਦੀ ਨੀਤੀ ਰਹੀ ਹੈ।

ਮੀਟਿੰਗ 'ਚ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਦੀ ਨਿਖੇਧੀ ਕਰਦੇ ਹੋਏ ਇਸ ਨੂੰ ਰੱਦ ਕਰਨ ਦੀ ਮੰਗ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਬਲਾਕ ਸਕੱਤਰ ਵੇਦ ਪਰਕਾਸ਼, ਸੀਤਾ ਰਾਮ ਗੋਬਿੰਦਪੁਰਾ, ਪਾਰਟੀ ਦੇ ਸੀਨੀਅਰ ਆਗੂ ਮਲਕੀਤ ਸਿੰਘ ਮੰਦਰਾਂ ਤੇ ਜਗਸੀਰ ਸਿੰਘ ਰਾਏਕੇ ਨੇ ਦੱਸਿਆ ਕਿ ਚੰਡੀਗੜ੍ਹ ਵਿਖੇ ਹੋਣ ਵਾਲੀ 21 ਸਤੰਬਰ ਤੋਂ 25 ਸਤੰਬਰ ਤੱਕ ਪਾਰਟੀ ਦੀ 25ਵੀ ਕਾਂਗਰਸ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ ਤੇ ਹੁਣ ਤੱਕ ਬੁਢਲਾਡਾ ਹਲਕੇ ਵਿੱਚੋਂ ਤਕਰੀਬਨ 7 ਲੱਖ ਦੇ ਕਰੀਬ ਫੰਡ ਇਕੱਠਾ ਹੋ ਗਿਆ ਹੈ ਅਤੇ ਹੋਰ ਇਕੱਠਾ ਕੀਤਾ ਜਾ ਰਿਹਾ ਹੈ।

ਉਕਤ ਆਗੂਆਂ ਨੇ ਦੱਸਿਆ ਕਿ ਪਾਰਟੀ ਕਾਂਗਰਸ ਦੀ ਪਹਿਲੇ ਦਿਨ ਹੋਣ ਵਾਲੀ ਭਾਰੀ ਰੈਲੀ ਵਿਚ ਬੁਢਲਾਡਾ ਹਲਕੇ ਤੋਂ ਘੱਟੋ-ਘੱਟ ਪੰਦਰਾਂ ਬੱਸਾਂ ਦਾ ਕਾਫ਼ਲਾ ਪਹੁੰਚੇਗਾ।

ਮੀਟਿੰਗ ਵਿਚ ਹੋਰਨਾਂ ਤੋਂ ਇਲਾਵ ਗੁਰਦਾਸ ਸਿੰਘ ਟਾਹਲੀਆਂ, ਹਰਮੀਤ ਸਿੰਘ, ਸੁਖਦੇਵ ਸਿੰਘ ਬੋੜਾਵਾਲ, ਮਨਪ੍ਰੀਤ ਸਿੰਘ ਫਰੀਦ ਕੇ, ਕਰਨੈਲ ਸਿੰਘ ਦਾਤੇਵਾਸ, ਹਰਦਿਆਲ ਸਿੰਘ ਦਾਤੇਵਾਸ, ਮੱਖਣ ਸਿੰਘ ਰੰਘੜਿਆਲ, ਜੱਗਾ ਸਿੰਘ ਸ਼ੇਰਖਾਂ, ਮਾਸਟਰ ਰਘੁਨਾਥ, ਚਿਮਨ ਲਾਲ ਕਾਕਾ, ਹਰਕੇਸ਼ ਮੰਡੇਰ, ਰਾਜਵਿੰਦਰ ਸਿੰਘ ਚੱਕ ਭਾਈਕੇ, ਪਵਨ ਸ਼ਰਮਾ, ਬੰਬੂ ਸਿੰਘ ਫੁੱਲੂਵਾਲਾ, ਗਰੀਬ ਸਿੰਘ, ਜਗਤਾਰ ਸਿੰਘ ਕਾਲ਼ਾ ਤੇ ਕਾਮਰੇਡ ਰਾਣਾ ਆਦਿ ਹਾਜ਼ਰ ਸਨ।

# ਸੱਪ ਨਾਲ ਵੀਡੀਓ ਬਣਾਉਣੀ ਮਹਿੰਗੀ ਪਈ



**ਮੁਰਾਦਾਬਾਦ** : ਵਾਇਰਲ ਹੋ ਰਹੀ ਇੱਕ ਵੀਡੀਓ ਮੁਤਾਬਕ ਸ਼ੁੱਕਰਵਾਰ ਸ਼ਾਮ ਅਮਰੋਹਾ ਜ਼ਿਲ੍ਹੇ ਦੇ ਹੈਬਤਪੁਰ ਪਿੰਡ ਦੇ ਕਿਸਾਨ ਜਤਿੰਦਰ ਕੁਮਾਰ (50) ਨੇ ਸੱਪ ਨੂੰ ਫੜਨ ਤੋਂ ਬਾਅਦ ਉਸ ਨਾਲ ਇੱਕ ਵੀਡੀਓ ਬਣਾਉਣ ਦਾ ਫੈਸਲਾ ਕੀਤਾ। ਉਸ ਨੇ ਸੱਪ ਦੇ ਨਾਲ ਫੋਟੋ ਖਿਚਵਾਈ ਅਤੇ ਰੀਲ੍ਹ ਬਣਵਾਈ, ਜਿਸ ਨੂੰ ਉੱਥੇ ਮੌਜੂਦ ਕਈ ਲੋਕਾਂ ਨੇ ਰਿਕਾਰਡ ਵੀ ਕੀਤਾ। ਲੋਕਾਂ ਅਨੁਸਾਰ ਉਹ ਉਸ ਸਮੇਂ ਨਸ਼ੇ ਵਿੱਚ ਸੀ ਅਤੇ ਸਿਗਰਟ ਪੀ ਰਿਹਾ ਸੀ। ਉਸ ਨੂੰ ਸੱਪ ਨੂੰ ਆਪਣੀ ਗਰਦਨ ਦੇ ਆਲੇ-ਦੁਆਲੇ ਲਪੇਟਦੇ ਹੋਏ ਅਤੇ ਹੌਲੀ-ਹੌਲੀ ਉਸ ਦੇ ਸਿਰ ਨੂੰ ਆਪਣੇ ਮੂੰਹ ਵੱਲ ਲਿਆਉਂਦੇ ਹੋਏ ਦੇਖਿਆ ਜਾ ਸਕਦਾ ਹੈ। ਜਿਵੇਂ ਹੀ ਉਸ ਨੇ ਆਪਣੀ ਜੀਭ ਸੱਪ ਵੱਲ ਵਧਾਈ ਤਾਂ ਉਸ ਨੇ ਅਚਾਨਕ ਡੰਗ ਮਾਰ ਦਿੱਤਾ। ਉਸ ਨੂੰ ਨੇੜਲੇ ਹਸਪਤਾਲ ਵਿੱਚ ਲਿਜਾਇਆ ਗਿਆ, ਜਿੱਥੋਂ ਉਸ ਨੂੰ ਅੱਗੇ ਰੈਫਰ ਕਰਨਾ ਪਿਆ।

## ਜੁਡੀਸ਼ੀਅਲ ਤਹਿਸੀਲ ਕੰਪਲੈਕਸ ਜ਼ੀਰਾ 'ਚ ਪੌਦੇ ਲਾਏ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਾਨਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸਏਐੱਸ ਨਗਰ ਮੋਹਾਲੀ ਦੇ ਦਿਸ਼ਾਂ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ 'ਰੁੱਖ ਲਗਾਓ' ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੀ ਸ਼ੁਰੂਆਤ ਜ਼ਿਲ੍ਹਾ ਅਤੇ ਸੈਸ਼ਨ ਜੱਜ ਸੁਮੀਤ ਮਲਹੋਤਰਾ ਨੇ ਵਾਤਾਵਰਣ ਦਿਵਸ ਦੇ ਮੌਕੇ 'ਤੇ ਕੀਤੀ। ਇਸ ਮੁਹਿੰਮ ਦੇ ਚੱਲਦੇ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਸੁਮੀਤ ਮਲਹੋਤਰਾ ਦੀ ਰਹਿਨੁਮਾਈ ਹੇਠ ਅੱਜ ਅਨੁਰਾਧਾ, ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਵੱਲੋਂ ਜੁਡੀਸ਼ੀਅਲ ਤਹਿਸੀਲ ਕੰਪਲੈਕਸ ਜ਼ੀਰਾ ਵਿਚ ਪੌਦੇ ਲਾਏ। ਇਸ ਮੌਕੇ ਜੁਡੀਸ਼ੀਅਲ ਮੈਜਿਸਟ੍ਰੇਟ ਦੀਪਾਲ ਛੀਨਾ ਤੇ ਗੁਰਪ੍ਰੀਤ ਕੌਰ ਅਤੇ ਸਟਾਫ ਵੀ ਮੌਜੂਦ ਸੀ। ਇਸ ਮੌਕੇ 'ਤੇ ਜੱਜ ਸਾਹਿਬ ਨੇ ਸਭ ਨੂੰ ਵਾਤਾਵਰਣ ਦੀ ਸੰਭਾਲ ਦਾ ਸੁਨੇਹਾ ਦਿੰਦੇ ਹੋਏ ਕਿਹਾ ਕਿ ਉਹ ਆਪਣੇ ਵਾਤਾਵਰਣ ਨੂੰ ਸਾਫ ਅਤੇ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਰੁੱਖ-ਬੂਟੇ ਲਾਉਣ। ਜੱਜ ਸਾਹਿਬ ਨੇ ਇਹ ਵੀ ਦੱਸਿਆ ਕਿ ਇਸ ਮੁਹਿੰਮ ਦੇ ਤਹਿਤ ਪੈਨਲ ਐਡਵੋਕੇਟ, ਪੈਰਾ ਲੀਗਲ ਵਲੰਟੀਅਰਾਂ ਅਤੇ ਜੰਗਲਾਤ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਵੱਖ-ਵੱਖ ਥਾਵਾਂ ਪਿੰਡਾਂ ਅਤੇ ਕਸਬਿਆਂ ਵਿਚ ਰੁੱਖ ਬੂਟੇ ਲਾਏ ਜਾਣਗੇ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਦਾ ਕੰਮ ਕੀਤਾ ਜਾਵੇਗਾ।

# 5 ਨਜਾਇਜ਼ ਪਿਸਟਲਾਂ, 12 ਜ਼ਿੰਦਾ ਰੌਂਦ ਤੇ ਮੋਟਰਸਾਇਕਲ ਸਮੇਤ 5 ਕਾਬੂ





**ਮੋਗਾ (ਇਕਬਾਲ ਸਿੰਘ ਖਹਿਰਾ)**

ਪੁਲਸ ਨੂੰ ਉਸ ਸਮੇ ਵੱਡੀ ਸਫ਼ਲਤਾ ਮਿਲੀ, ਜਦੋਂ ਸੀ.ਆਈ.ਏ ਸਟਾਫ ਦੀ ਪੁਲਸ ਪਾਰਟੀ ਵੱਲੋਂ 5 ਵਿਅਕਤੀ ਨੂੰ ਕਾਬੂ ਕਰਕੇ ਇਨ੍ਹਾਂ ਪਾਸੋਂ 4 ਦੇਸੀ ਪਿਸਟਲ 32 ਬੋਰ ਸਮੇਤ ਮੈਗਜ਼ੀਨ ਸਮੇਤ 10 ਜ਼ਿੰਦਾ ਰੌਂਦ 32 ਬੋਰ ਅਤੇ 01 ਦੇਸੀ ਕੱਟਾ 315 ਬੋਰ ਸਮੇਤ 02 ਜ਼ਿੰਦਾ ਰੌਂਦ 315 ਬੋਰ ਅਤੇ ਇੱਕ ਮੋਟਰਸਾਇਕਲ ਨੰਬਰ ਪੀ.ਬੀ.29 ਵੀ 9475 ਹੀਰੋ ਸਪਲੈਂਡਰ ਰੰਗ ਸਿਲਵਰ ਬਰਾਮਦ ਕੀਤਾ। 14.06.2025 ਨੂੰ ਏ ਐਸ ਆਈ ਅਸ਼ੋਕ ਕੁਮਾਰ ਨੰਬਰ:615/ਮੋਗਾ ਸਮੇਤ ਪੁਲਸ ਪਾਰਟੀ ਵੱਲੋਂ ਗਸ਼ਤ ਦੇ ਦੌਰਾਨ ਪਿੰਡ ਲੰਡੇਕੇ ਅੰਮ੍ਰਿਤਸਰ ਰੋਡ ਮੋਗਾ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਪ੍ਰਦੀਪ ਸਿੰਘ ਪੁੱਤਰ ਇਕਬਾਲ ਸਿੰਘ ਵਾਸੀ ਲੰਡੇਕੇ ਜ਼ਿਲ੍ਹਾ ਮੋਗਾ, ਹਰਵਿੰਦਰ ਸਿੰਘ ਉਰਫ ਹਿੰਦਾ ਪੁੱਤਰ ਬਿੱਟੂ ਸਿੰਘ ਵਾਸੀ ਸੈਦੋਕੇ ਜ਼ਿਲ੍ਹਾ ਮੋਗਾ, ਜਸਕਰਨ ਸਿੰਘ ਉਰਫ ਰਾਜਾ ਪੁੱਤਰ ਬਲਵਿੰਦਰ ਸਿੰਘ ਵਾਸੀ ਮੱਲਕੇ ਜ਼ਿਲ੍ਹਾ ਮੋਗਾ, ਰਾਮਜੋਤ ਸਿੰਘ ਉਰਫ ਜੋਤ ਪੁੱਤਰ ਗੁਰਪ੍ਰੀਤ ਸਿੰਘ ਵਾਸੀ ਬੀੜ ਰਾਉਕੇ ਜ਼ਿਲ੍ਹਾ ਮੋਗਾ ਹਾਲ ਅਪੈਕਸ ਕਲੋਨੀ ਮੋਗਾ ਅਤੇ ਕੁਲਵੰਤ ਸਿੰਘ ਉਰਫ ਗੋਪਾ ਪੁੱਤਰ ਜੋਗਾ ਸਿੰਘ ਵਾਸੀ ਅਟਾਲ ਮਜਾਰਾ ਜ਼ਿਲ੍ਹਾ ਨਵਾਂਸ਼ਹਿਰ ਜੋ ਰਲ ਕੇ ਇੱਕ ਗੈਂਗ ਬਣਾ ਕੇ ਜ਼ਿਲ੍ਹਾ ਮੋਗਾ ਤੇ ਹੋਰ ਜ਼ਿਲ੍ਹਿਆਂ ਵਿੱਚ ਨਜਾਇਜ਼ ਅਸਲਿਆਂ ਦੀ ਸਪਲਾਈ ਕਰਦੇ ਹਨ। ਇਨ੍ਹਾਂ ਕੋਲ ਵੱਡੀ ਮਾਤਰਾ ਵਿੱਚ ਨਜਾਇਜ਼ ਅਸਲੇ ਹਨ, ਜੋ ਇਨ੍ਹਾਂ ਵਿੱਚੋਂ ਪ੍ਰਦੀਪ ਸਿੰਘ, ਹਰਵਿੰਦਰ ਸਿੰਘ ਉਰਫ ਹਿੰਦਾ ਤੇ ਜਸਕਰਨ ਸਿੰਘ ਉਰਫ ਰਾਜਾ ਉਕਤਾਨ ਨਜਾਇਜ਼ ਅਸਲੇ ਲੈ ਕੇ ਮੋਟਰਸਾਈਕਲ ਨੰਬਰ ਪੀ ਬੀ 29 ਵੀ 9475 ਹੀਰੋ ਸਪਲੈਂਡਰ ਰੰਗ ਸਿਲਵਰ 'ਤੇ ਸਵਾਰ ਹੋਕੇ ਲੰਢੇਕੇ ਫੌਜੀ ਛਾਉਣੀ ਦੇ ਏਰੀਆ ਵਿੱਚ ਖੜੇ ਕਿਸੇ ਦੀ ਉਡੀਕ ਕਰ ਰਹੇ ਹਨ। ਏ ਐਸ ਆਈ ਅਸ਼ੋਕ ਕੁਮਾਰ ਨੇ ਇਨ੍ਹਾਂ ਖਿਲਾਫ ਰੁੱਕਾ ਲਿਖ ਕੇ ਮੁਕੱਦਮਾ ਨੰਬਰ: 126 ਮਿਤੀ 14-06-2025 ਅ/ਧ 111(2) ਬੀ ਐਨ ਐਸ 25 (6),(7)-(1)-54-59 ਅਰਮ ਐਕਟ ਥਾਣਾ ਸਿਟੀ ਮੋਗਾ ਦਰਜ ਰਜਿਸਟਰ ਕਰਾਇਆ ਅਤੇ ਫਿਰ ਮੁਖਬਰ ਵੱਲੋਂ ਦੱਸੀ ਜਗਾ ਲੰਢੇਕੇ ਫੌਜੀ ਛਾਉਣੀ ਦੇ ਏਰੀਏ ਵਿੱਚੋਂ ਇੱਕ ਮੋਟਰਸਾਈਕਲ ਨੰਬਰ ਪੀ ਬੀ 29 ਵੀ 9475 ਹੀਰੋ ਸਪਲੈਂਡਰ ਰੰਗ ਸਿਲਵਰ 'ਤੇ ਦੋਸ਼ੀ ਪ੍ਰਦੀਪ ਸਿੰਘ, ਹਰਵਿੰਦਰ ਸਿੰਘ ਉਰਫ ਹਿੰਦਾ ਅਤੇ ਜਸਕਰਨ ਸਿੰਘ ਉਰਫ ਰਾਜਾ ਉਕਤਾਨ ਨੂੰ ਕਾਬੂ ਕਰਕੇ ਇਨ੍ਹਾਂ ਪਾਸੋਂ 04 ਪਿਸਟਲ ਦੇਸੀ 32 ਬੋਰ ਸਮੇਤ 10 ਰੌਂਦ ਜ਼ਿੰਦਾ 32 ਬੋਰ ਅਤੇ ਇੱਕ ਦੇਸੀ ਕੱਟਾ 315 ਬੋਰ ਸਮੇਤ 2 ਰੌਂਦ 315 ਬੋਰ ਜ਼ਿੰਦਾ ਬਰਾਮਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ। ਤਫ਼ਤੀਸ਼ ਦੌਰਾਨ ਬਾਕੀ ਦੋਸ਼ੀਆਂ ਰਾਮਜੋਤ ਸਿੰਘ ਉਰਫ ਜੋਤ ਤੇ ਕੁਲਵੰਤ ਸਿੰਘ ਉਰਫ ਗੋਪਾ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ।

## ਸਰਕਾਰੀ ਸਕੂਲਾਂ ਦੇ 13 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਕੁਆਲੀਫਾਈ ਕੀਤੀ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਸਦਕਾ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦਾ ਬੁਨਿਆਦੀ ਢਾਂਚਾ ਮਜ਼ਬੂਤ ਕਰਨ ਤੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਵਿਸ਼ਵ-ਪੱਧਰੀ ਸਹੂਲਤਾਂ ਮੁਹੱਈਆ ਕਰਾਉਣ ਲਈ ਕੀਤੇ ਗਏ ਇਤਿਹਾਸਕ ਉਪਰਾਲਿਆਂ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੱਖ-ਵੱਖ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਵੱਡੀਆਂ ਮੱਲਾਂ ਮਾਰ ਕੇ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ 'ਤੇ ਸਫਲਤਾ ਦੀ ਮੋਹਰ ਲਗਾ ਰਹੇ ਹਨ।

ਇਹ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਕਰਦਿਆਂ ਦੱਸਿਆ ਕਿ ਪਿਛਲੇ ਦਿਨੀਂ ਰਾਸ਼ਟਰੀ ਯੋਗਤਾ ਕਮ ਦਾਖਲਾ ਪ੍ਰੀਖਿਆ (ਨੀਟ ਪ੍ਰੀਖਿਆ) ਦੇ ਨਤੀਜਿਆਂ ਵਿੱਚ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ 13 ਵਿਦਿਆਰਥੀਆਂ ਨੇ ਸਫਲਤਾ ਹਾਸਲ ਕਰਕੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ। ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਪੀ.ਐਮ. ਸ਼੍ਰੀ ਸਰਹਿੰਦ ਮੰਡੀ ਦੀ ਵਿਦਿਆਰਥਣ ਭੂਮਿਕਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੁਪਾਲਹੇੜੀ ਦੀ ਗੁਰਲੀਨ ਕੌਰ, ਸਕੂਲ ਆਫ ਐਮੀਨੈਂਸ ਖਮਾਣੋਂ ਦੀ ਵਿਦਿਆਰਥਣ ਟਿਸ਼ਾ ਸੇਠੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗਤਪੁਰ ਸੋਢੀਆਂ ਦਾ ਵਿਦਿਆਰਥੀ ਗੁਰਜੋਤ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚਨਾਰਥਲ ਕਲਾਂ ਦੀ ਵਿਦਿਆਰਥਣ ਗੁਰਸਿਮਰਨ ਕੌਰ, ਸਕੂਲ ਆਫ ਐਮੀਨੈਂਸ ਖਮਾਣੋਂ ਦੀ ਵਿਦਿਆਰਥਣ ਪਰਨੀਤ ਕੌਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਾਲੀ ਆਲਾ ਸਿੰਘ ਦੀ ਵਿਦਿਆਰਥਣ ਅਮਨਜੋਤ ਕੌਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲੌੜ ਦੀ ਵਿਦਿਆਰਥਣ ਪ੍ਰਭਪ੍ਰੀਤ ਕੌਰ, ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮੰਡੀ ਗੋਬਿੰਦਗੜ੍ਹ ਦੇ ਵਿਦਿਆਰਥੀ ਸ਼ਿਵਮ, ਸਕੂਲ ਆਫ ਐਮੀਨੈਂਸ ਖਮਾਣੋਂ ਦੇ ਰਵਜੋਤ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲਾਣਾ ਦੀ ਕੋਮਲਪ੍ਰੀਤ ਕੌਰ, ਦੀਪਕਿਰਨ ਕੌਰ ਅਤੇ ਤਨਿਸ਼ਾ ਨੇ ਸਫਲਤਾ ਹਾਸਲ ਕੀਤੀ ਹੈ, ਜੋ ਮਾਣ ਦੀ ਗੱਲ ਹੈ।

## ਪ੍ਰਕਾਸ਼ ਪੁਰਬ ਨੂੰ ਸਮਰਪਤ 4 ਰੋਜ਼ਾ ਗੁਰਮਤਿ ਸਮਾਗਮ ਕਰਾਇਆ



**ਦੋਰਾਹਾ (ਹਰਮਿੰਦਰ ਸੇਠ)**-ਪਿੰਡ ਗੁਰਦੁਆਰਾ ਅਰਦਾਸ ਪੁਰਾ ਸਾਹਿਬ ਪਿੰਡ ਕੱਦੋਂ ਵਿਖੇ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬਹੁਤ ਹੀ ਸ਼ਰਧਾ ਨਾਲ ਮਨਾਇਆ ਗਿਆ।ਸਮਾਗਮ ਵਿਚ ਸੰਤ ਬਾਬਾ ਭੁਪਿੰਦਰ ਸਿੰਘ ਜੀ ਜਰਗ (ਰਾੜਾਂ ਸਾਹਿਬ) ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਦੇ ਇਲਾਹੀ ਕੀਰਤਨ ਦੁਆਰਾ ਨਿਹਾਲ ਕੀਤਾ ਤੇ ਗੁਰੂ ਸਾਹਿਬ ਜੀ ਦੇ ਜੀਵਨ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ।ਸਮਾਗਮ ਦੀ ਸੰਪੂਰਨਤਾ ਮੌਕੇ ਆਰੰਭ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਬਾਬਾ ਮਨਜੀਤ ਸਿੰਘ ਜੀ ਕਟਾਣਾ ਸਾਹਿਬ ਤੇ ਬਾਬਾ ਜਸਜਿੰਦਰ ਸਿੰਘ ਦੀ ਬਿਲਾਸਪੁਰ ਵਾਲਿਆਂ ਨੇ ਗੁਰਬਾਣੀ ਦੀ ਕਥਾ ਦੁਆਰਾ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।ਸਮਾਗਮ ਦੀ ਜਾਣਕਾਰੀ ਦਿੰਦਿਆਂ ਬਾਬਾ ਸਤਿਨਾਮ ਸਿੰਘ ਜੀ ਹਰਿਦੁਆਰ ਤੇ ਭਾਈ ਦਲਜੀਤ ਸਿੰਘ ਨੇ ਦੱਸਿਆ ਕਿ ਛੇਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ 5 ਤੋਂ 20 ਸਾਲ ਦੇ ਬੱਚਿਆਂ ਦੇ ਸੁੰਦਰ ਦਸਤਾਰ ਮੁਕਾਬਲੇ ਕਰਾਏ ਗਏ, ਜਿਸ ਵਿੱਚ 50 ਦੇ ਕਰੀਬ ਬੱਚਿਆਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਵਿੱਚ 5 ਤੋਂ 10 ਸਾਲ ਦੇ ਗਰੁੱਪ ਵਿੱਚੋਂ ਪਹਿਲਾ ਸਥਾਨ ਤਨਵੀਰਪ੍ਰੀਤ ਸਿੰਘ ਕੱਦੋਂ, ਦੂਜਾ ਸਥਾਨ ਜਸਗੁਨ ਸਿੰਘ ਪਨੈਚ ਭੜੀ, ਤੀਜਾ ਸਥਾਨ ਅਕਾਸ਼ਦੀਪ ਸਿੰਘ ਕੱਦੋਂ ਨੇ ਕੀਤਾ।ਇਸੇ ਤਰ੍ਹਾਂ 11 ਤੋਂ 15 ਸਾਲ ਵਿੱਚ ਪਹਿਲਾ ਸਥਾਨ ਦਸਮੀਤ ਸਿੰਘ ਕੱਦੋਂ, ਦੂਜਾ ਸਥਾਨ ਮਨਿੰਦਰ ਸਿੰਘ ਕੱਦੋਂ ਤੇ ਤੀਜਾ ਸਥਾਨ ਹਰਸੁਖਮਨ ਸਿੰਘ ਕੱਦੋਂ ਹਾਸਲ ਕੀਤਾ, 16 ਤੋਂ 20 ਸਾਲ ਦੇ ਗਰੁੱਪ ਵਿੱਚ ਪਹਿਲਾ ਸਥਾਨ ਗੁਰਪ੍ਰਤਾਪ ਸਿੰਘ ਦੋਰਾਹਾ, ਗੁਰਬਖ਼ਸ਼ ਸਿੰਘ ਕੱਦੋਂ ਨੇ ਦੂਜਾ ਤੇ ਤੀਜਾ ਸਥਾਨ ਮਨਰਾਜ ਸਿੰਘ ਕੱਦੋਂ ਨੇ ਪ੍ਰਾਪਤ ਕੀਤਾ।ਜੱਜਮੈਂਟ ਦੀ ਸੇਵਾ ਦਲਜੀਤ ਸਿੰਘ ਪੱਪੀ ਕੱਦੋਂ ਤੇ ਪਰਮਿੰਦਰ ਸਿੰਘ ਗੁਰੀ ਨੇ ਬਾਖ਼ੂਬੀ ਨਾਲ਼ ਨਿਭਾਈ।ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਅਤੇ ਜੇਤੂ ਬੱਚਿਆਂ ਨੂੰ ਪ੍ਰਬੰਧਕਾਂ ਵਲੋਂ ਸਨਮਾਨ ਚਿੰਨ੍ਹ, ਦਸਤਾਰਾਂ ਅਤੇ ਨਕਦ ਇਨਾਮ ਦਿੱਤੇ ਗਏ।

# ਭੀਖੀ ਬਲਾਕ ਤੋੜਨ ਨਾਲ 33 ਪਿੰਡਾਂ ਦੀਆਂ ਪੰਚਾਇਤਾਂ ਤੇ ਲੋਕਾਂ ਨੂੰ ਖੜੀ ਹੋਵੇਗੀ ਮੁਸ਼ਕਲ : ਜਥੇਬੰਦਕ ਆਗੂ





**ਭੀਖੀ (ਧਰਮਵੀਰ ਸ਼ਰਮਾ)**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਬਲਾਕਾਂ ਦੇ ਪੁਨਰਗਠਨ ਸਬੰਧੀ ਐਲਾਨੇ ਬਿਆਨ ਤੋਂ ਬਾਅਦ ਬਲਾਕ ਭੀਖੀ ਦੇ ਤੋੜੇ ਜਾਣ ਦੇ ਅੰਦੇਸ਼ੇ ਨੂੰ ਲੈ ਕੇ ਇਲਾਕੇ ਦੇ ਵੱਖ ਵੱਖ ਸੰਗਠਨਾਂ ਤੇ ਸਾਬਕਾ ਸਰਪੰਚਾਂ ਵੱਲੋਂ ਬੀਡੀਪੀਓ ਦਫਤਰ ਵਿਖੇ ਵਿਰੋਧ ਪੱਤਰ ਦਿੱਤਾ ਗਿਆ ਤੇ ਮੰਗ ਕੀਤੀ ਗਈ ਕਿ ਜੇਕਰ ਭੀਖੀ ਬਲਾਕ ਨੂੰ ਭੰਗ ਕੀਤਾ ਗਿਆ ਤਾਂ ਸਮੂਹ ਇਲਾਕਾ ਨਿਵਾਸੀ ਡਟਵਾਂ ਵਿਰੋਧ ਕਰਨਗੇ ਤੇ ਸਰਕਾਰ ਨੂੰ ਇਸਦਾ ਖਮਿਆਜ਼ਾ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਭੁਗਤਣਾ ਪਵੇਗਾ।

ਇਸ ਮੌਕੇ ਪੰਜਾਬ ਪ੍ਰਦੇਸ਼ ਕਿਸਾਨ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸ਼ਰਮਾਂ ਖੀਵਾ, ਕਿਸਾਨ ਆਗੂ ਭੋਲਾ ਸਿੰਘ ਸਮਾਉਂ, ਰੂਪ ਸਿੰਘ ਢਿੱਲੋਂ, ਇਕਬਾਲ ਸਿੰਘ ਫਫੜੇ ਭਾਈਕੇ ਨੇ ਕਿਹਾ ਕਿ ਕਾਂਗਰਸ ਦੀ ਬੇਅੰਤ ਸਿੰਘ ਸਰਕਾਰ ਸਮੇਂ ਕਸਬਾ ਭੀਖੀ ਨੂੰ ਬਲਾਕ ਦਾ ਦਰਜਾ ਦੇ ਕੇ ਇਸ ਇਲਾਕੇ ਦੇ ਲੋਕਾਂ ਨੂੰ ਆਪਣੀਆਂ ਬਰੂਹਾਂ 'ਤੇ ਪ੍ਰਸ਼ਾਸਨ ਦੀ ਮੁੱਢਲੀ ਸਹੂਲਤ ਉਪਲੱਬਧ ਕਰਾਈ ਸੀ ਪ੍ਰੰਤੂ ਆਮ ਆਦਮੀ ਪਾਰਟੀ ਦੀ ਸਰਕਾਰ ਕਹਾਉਣ ਵਾਲੀ ਇਹ ਸਰਕਾਰ ਲੋਕਾਂ ਤੋਂ ਮੁੱਢਲੀਆਂ ਸਹੂਲਤਾਂ ਖੋਹਣ 'ਤੇ ਲੱਗੀ ਹੋਈ ਹੈ। ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਭੀਖੀ ਬਲਾਕ ਨੂੰ ਤੋੜਿਆ ਗਿਆ ਤਾਂ ਸਖਤ ਵਿਰੋਧ ਹੀ ਨਹੀਂ ਕੀਤਾ ਜਾਵੇਗਾ, ਬਲਕਿ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਸਰਕਾਰ ਨੂੰ ਇਸਦਾ ਮੁੱਲ ਸਵਾਇਆ ਕਰਕੇ ਮੋੜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿਥੇ ਬਲਾਕ ਨੂੰ ਖਤਮ ਕਰਨ ਦੇ ਨਾਲ 33 ਪਿੰਡਾਂ ਦੀਆਂ ਪੰਚਾਇਤਾਂ ਨੂੰ ਔਕੜਾਂ ਆਉਣਗੀਆਂ, ਉਥੇ ਮਗਨਰੇਗਾ ਤੇ ਪਿੰਡਾਂ ਦੇ ਗਰੀਬ ਅਤੇ ਲੋੜਵੰਦ ਵਿਅਕਤੀਆਂ ਨੂੰ ਆਪਣੇ ਕੰਮਾਂ-ਕਾਜਾਂ ਲਈ ਭਟਕਣਾ ਪਵੇਗਾ। ਇਸ ਤੋਂ ਇਲਾਵਾ ਭੀਖੀ ਦੇ ਦੁਕਾਨਦਾਰਾਂ ਨੂੰ ਵੀ ਆਰਥਿਕ ਹਾਨੀ ਪੁੱਜੇਗੀ।

## ਬੀ ਐੱਡ ਦੀ ਵਿਦਿਆਰਥਣ ਜਯੋਤੀ ਨੇ ਲਏ 94 ਫ਼ੀਸਦੀ ਅੰਕ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਡੀ.ਐਮ. ਕਾਲਜ ਕਰਾੜਵਾਲਾ ਦੀ ਵਿਦਿਆਰਥਣ ਨੇ ਬੀਐਡ ਦੇ ਨਤੀਜਿਆਂ ਵਿੱਚੋਂ 94 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ ਹੈ।ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਿਤ ਡੀ.ਐਮ. ਕਾਲਜ ਆਫ ਐਜੂਕੇਸ਼ਨ ਕਰਾੜਵਾਲਾ ਨੇ ਬੀਐਡ ਤੀਜੇ ਸਮੈਸਟਰ ਦੇ ਨਤੀਜਿਆਂ ਵਿੱਚੋਂ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ ਹੈ।ਜਾਣਕਾਰੀ ਅਨੁਸਾਰ ਵਿਦਿਆਰਥਣ ਜਯੋਤੀ ਨੇ 94 ਫੀਸਦੀ ਅੰਕ, ਮਾਨਵ ਜਿੰਦਲ, ਸਮੀਰ ਬਾਂਸਲ ਨੇ 93.4 ਫ਼ੀਸਦੀ ਅੰਕ ਇਸ ਤੋਂ ਇਲਾਵਾ ਈਸ਼ਾ ਰਾਣੀ, ਰਮਨਦੀਪ ਕੌਰ, ਨਵਜੋਤ ਕੌਰ ਤੇ ਅਰਸ਼ਦੀਪ ਕੌਰ ਨੇ 93.2 ਫ਼ੀਸਦੀ ਅੰਕ ਪ੍ਰਾਪਤ ਕੀਤੇ ਹਨ। ਅਖੀਰ ਵਿੱਚ ਕਾਲਜ ਦੇ ਚੇਅਰਮੈਨ ਇੰਜੀ. ਅਵਤਾਰ ਸਿੰਘ ਢਿੱਲੋਂ ਨੇ ਚੰਗੇ ਨਤੀਜਿਆਂ ਪ੍ਰਤੀ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਨੈਤਿਕ ਕਦਰਾਂ ਕੀਮਤਾਂ ਦੇ ਧਾਰਨੀ ਅਤੇ ਸਮੇਂ ਦੇ ਹਾਣੀ ਅਧਿਆਪਕ ਪੈਦਾ ਕਰਨ ਲਈ ਸੰਸਥਾ ਵਚਨਬੱਧ ਹੈ।ਇਸ ਖੁਸ਼ੀ ਦੇ ਮੌਕੇ ਕਾਲਜ ਦੇ ਪ੍ਰਿੰਸੀਪਲ ਸਬੰਧ ਸਟਾਫ ਤੇ ਵਿਦਿਆਰਥੀਆਂ ਦੇ ਮਾਤਾ-ਪਿਤਾ ਵੀ ਹਾਜ਼ਰ ਸਨ।

## ਵਪਾਰ ਮੰਡਲ ਵੱਲੋਂ ਥਾਣਾ ਮੁਖੀ ਸਰਬਜੀਤ ਸਿੰਘ ਚੀਮਾ ਸਨਮਾਨਤ



**ਨਾਭਾ (ਵਰਿੰਦਰ ਵਰਮਾ)**-ਵਪਾਰ ਮੰਡਲ ਦੀਆਂ ਵੱਖ-ਵੱਖ ਐਸੋਸੀਏਸ਼ਨਾਂ ਦੇ ਪ੍ਰਧਾਨਾਂ ਨੇ ਥਾਣਾ ਕੋਤਵਾਲੀ ਦੇ ਨਵ ਨਿਯੁਕਤ ਇੰਸਪੈਕਟਰ ਸਰਬਜੀਤ ਸਿੰਘ ਚੀਮਾ ਦਾ ਸਨਮਾਨ ਕੀਤਾ। ਇਸ ਮੌਕੇ ਮਾਰਕੀਟ ਐਸੋਸੀਏਸ਼ਨ ਪਟਿਆਲਾ ਗੇਟ ਦੇ ਪ੍ਰਧਾਨ ਅਵਤਾਰ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਇੰਸਪੈਕਟਰ ਸਰਬਜੀਤ ਸਿੰਘ ਚੀਮਾ ਨੂੰ ਵੱਖ-ਵੱਖ ਐਸੋਸੀਏਸ਼ਨਾਂ ਦੇ ਪ੍ਰਧਾਨਾਂ ਨੇ ਨਾਭੇ ਦੇ ਵਪਾਰੀਆ ਦੀਆਂ ਮੁਸ਼ਕਲਾਂ ਬਾਰੇ ਜਾਣੂ ਕਰਾਇਆ ਹੈ, ਜਿਸ ਸਬੰਧੀ ਸਰਬਜੀਤ ਸਿੰਘ ਚੀਮਾ ਨੇ ਸਾਰੇ ਪ੍ਰਧਾਨਾ ਨੂੰ ਵਿਸ਼ਵਾਸ਼ ਦਵਾਇਆ ਕਿ ਮੇਰਾ ਫੋਨ 24 ਘੰਟੇ ਖੁੱਲ੍ਹਾ ਹੈ, ਕਿਸੇ ਵੀ ਵਪਾਰੀ ਭਰਾ ਨੂੰ ਕੋਈ ਵੀ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਮੇਰੇ ਨਾਲ ਸਿੱਧਾ ਸੰਪਰਕ ਕੀਤਾ ਜਾ ਸਕਦਾ ਹੈ। ਵਪਾਰੀਆ ਨੇ ਇੰਸਪੈਕਟਰ ਚੀਮਾ ਨੂੰ ਵਿਸ਼ਵਾਸ ਦਿਵਾਇਆ ਕਿ ਅਸੀਂ ਤੁਹਾਡੇ ਨਾਲ ਹਮੇਸ਼ਾ ਖੜੇ ਹਾਂ ਤੇ ਜੋ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਯੁੱਧ ਛੇੜਿਆ ਹੈ, ਅਸੀਂ ਹਮੇਸ਼ਾ ਤੁਹਾਡਾ ਸਾਥ ਦੇਵਾਂਗੇ ਤਾਂ ਜੁ ਪੰਜਾਬ ਦੀ ਜਵਾਨੀ ਨਸ਼ੇ ਤੋਂ ਬਚਾਈ ਜਾ ਸਕੇ।

## ਅਖਿਲ ਭਾਰਤੀਆ ਰਵਿਦਾਸੀਆ ਧਰਮ ਸੰਗਠਨ ਜ਼ਿਲ੍ਹਾ ਇਕਾਈ ਦੀ ਹੋਈ ਚੋਣ



**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰੀ ਗੁਰੂ ਰਵਿਦਾਸ ਮੰਦਰ ਵਿਖੇ ਅਖਿਲ ਭਾਰਤੀਆ ਰਵਿਦਾਸੀਆ ਧਰਮ ਸੰਗਠਨ ਜ਼ਿਲ੍ਹਾ ਮਾਨਸਾ ਦੀ ਮੀਟਿੰਗ ਜਨਰਲ ਸਕੱਤਰ ਪੰਜਾਬ ਲਾਲ ਚੰਦ ਮਲੋਟ ਤੇ ਉਪ ਸਕੱਤਰ ਸੁਰਿੰਦਰ ਨਿਭੋਰੀਆ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਸਰਬਸੰਮਤੀ ਨਾਲ ਜ਼ਿਲ੍ਹਾ ਇਕਾਈ ਮਾਨਸਾ ਦਾ ਗਠਨ ਕੀਤਾ ਗਿਆ। ਇਸ ਸਮੇਂ ਰੁਲਦੂ ਸਿੰਘ ਸੁਚੰਦ ਬੁਢਲਾਡਾ ਪ੍ਰਧਾਨ, ਉਪ ਪ੍ਰਧਾਨ ਅਨਿਲ ਕੁਮਾਰ ਮਾਨਸਾ, ਜਨਰਲ ਸਕੱਤਰ ਜੀਵਨ ਸਿੰਘ ਜੋਗਾ, ਸਹਾਇਕ ਸਕੱਤਰ ਅਮਰੀਕ ਸਿੰਘ ਖਾਰਾ, ਕੈਸ਼ੀਅਰ ਸ਼ਾਮ ਲਾਲ ਮਾਨਸਾ, ਮੁੱਖ ਸਲਾਹਕਾਰ ਪ੍ਰੇਮ ਸਿੰਘ ਕਟਾਰੀਆ ਬੁਢਲਾਡਾ, ਉਪ ਸਕੱਤਰ ਅਮਰੀਕ ਸਿੰਘ ਬੁਢਲਾਡਾ, ਸਲਾਹਕਾਰ ਗੁਰਜੰਟ ਸਿੰਘ ਧਰਮਪੁਰਾ, ਵਾਇਸ ਸਲਾਹਕਾਰ ਮਲਕੀਤ ਸਿੰਘ ਖਾਰਾ ਚੁਣੇ ਗਏ। ਮੀਟਿੰਗ ਦੌਰਾਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਿਸ਼ਨ ਨੂੰ ਘਰ-ਘਰ ਲੈ ਕੇ ਜਾਣ ਦਾ ਫੈਸਲਾ ਵੀ ਲਿਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜੱਗਰ ਸਿੰਘ, ਤਰਸੇਮ ਲਾਰਾ, ਜਗਤਾਰ ਸਿੰਘ, ਭੀਮਾ ਸਿੰਘ, ਜਗਜੀਤ ਸਿੰਘ ਅਕਲੀਆਂ, ਅਵਤਾਰ ਸਿੰਘ, ਰਾਮਫਲ ਸਿੰਘ, ਮੱਖਣ ਸਿੰਘ, ਕੁੰਢਾ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

## ਸੰਕੀਰਤਨ ਮੰਡਲ ਦੇ ਸਹਿਯੋਗ ਨਾਲ ਲਵਾਇਆ ਮੈਗਾ ਮੈਡੀਕਲ ਚੈੱਕਅੱਪ ਕੈਂਪ

**ਸੰਗਰੂਰ/ਲਹਿਰਾਗਾਗਾ (ਪ੍ਰਵੀਨ ਸਿੰਘ)**-ਜੀ.ਪੀ ਐੱਫ ਧਰਮਸਾਲਾ ਵਿੱਚ ਪਿਤਾ ਦਿਵਸ ਦੇ ਮੌਕੇ ਉਨ੍ਹਾਂ ਦੇ ਪੁੱਤਰਾਂ ਵੱਲੋਂ ਮੈਗਾ ਮੈਡੀਕਲ ਚੈੱਕਅਪ ਕੈਂਪ ਲਾ ਕੇ ਪਿਤਾ ਨੂੰ ਸਿਜਦਾ ਕੀਤਾ ਗਿਆ। ਵਰਨਣਯੋਗ ਹੈ ਕਿ ਪੋਸਟ ਗ੍ਰੈਜੂਏਟ ਐਜੂਕੇਸ਼ਨਲ ਸੁਸਾਇਟੀ ਲਹਿਰਾਗਾਗਾ (ਰਜਿ) ਦੇ ਪ੍ਰਧਾਨ ਸ੍ਰੀ ਲਕਸ਼ਮੀਕਾਂਤ ਖੋਖਰ ਅਤੇ ਜਨਰਲ ਸੈਕਟਰੀ ਸ੍ਰੀ ਪ੍ਰਵੀਨ ਖੋਖਰ ਵੱਲੋਂ ਮਰਹੂਮ ਪਿਤਾ ਡਾ. ਦੇਵ ਰਾਜ ਕੌਸਲ (ਖੋਖਰ) ਨੇਤਰਦਾਨੀ, ਉੱਘੇ ਸਮਾਜ ਸੇਵੀ, ਪਿੰਡ ਖੋਖਰ ਖੁਰਦ ਦੇ ਸਾਬਕਾ ਸਰਪੰਚ, ਪੰਜਾਬ ਪੰਚਾਇਤ ਯੂਨੀਅਨ ਦੇ ਸਾਬਕਾ ਉੱਪ ਪ੍ਰਧਾਨ, ਕਾਂਗਰਸ ਪਾਰਟੀ ਦੇ ਜ਼ਿਲ੍ਹਾ ਸੰਯੁਕਤ ਸਕੱਤਰ ਤੇ ਡੀ.ਏ.ਵੀ. ਗਰੁੱਪ ਆਫ ਸਕੂਲਜ ਖਾਈ/ਲਹਿਰਾਗਾਗਾ ਦੇ ਸੰਸਥਾਪਕ, ਆਪਣੀ ਮਾਤਾ ਸਤਿਕਾਰਤ ਸਵਿੱਤਰੀ ਦੇਵੀ ਤੇ ਆਪਣੇ ਵੱਡੇ ਭਰਾ ਮਰਹੂਮ ਡਾ. ਦਰਸ਼ਨ ਕੁਮਾਰ ਖੋਖਰ ਦੀ ਨਿੱਘੀ ਯਾਦ ਨੂੰ ਸਮਰਪਤ ਸ੍ਰੀ ਵਿਸ਼ਾਲ ਦੁਰਗਾ ਸੰਕੀਰਤਨ ਮੰਡਲ (ਰਜਿ) ਲਹਿਰਾਗਾਗਾ ਦੇ ਸਹਿਯੋਗ ਨਾਲ ਵਿਸ਼ਾਲ ਮੈਗਾ ਮੈਡੀਕਲ ਚੈੱਕਅਪ ਕੈਂਪ ਲਵਾਇਆ ਗਿਆ। ਕੈਂਪ ਦੌਰਾਨ ਡਾ. ਪ੍ਰਗਟ ਸਿੰਘ ਐਮ.ਡੀ ਮੈਡੀਸਨ (ਸ਼ੂਗਰ, ਥਾਇਰਾਇਡ, ਬੀ.ਪੀ, ਹਾਰਟ, ਲੀਵਰ ਤੇ ਛਾਤੀ ਰੋਗਾਂ ਦੇ ਮਾਹਰ), ਡਾ. ਗਗਨਦੀਪ ਸਿੰਘ (ਹੱਡੀਆਂ ਦੇ ਰੋਗਾਂ ਦੇ ਮਾਹਰ) ਤੇ ਡਾ. ਪਾਹੁਲਪ੍ਰੀਤ ਕੌਰ (ਚਮੜੀ ਰੋਗਾਂ ਦੇ ਮਾਹਰ) ਵੱਲੋਂ ਤਕਰੀਬਨ 150 ਮਰੀਜ਼ਾਂ ਦੀ ਮੁਫਤ ਜਾਂਚ ਕੀਤੀ ਗਈ। ਇਸ ਮੌਕੇ ਤਿੰਨ ਮਹੀਨੇ ਵਾਲਾ ਸ਼ੂਗਰ ਟੈੱਸਟ ਤੇ ਯੂਰਿਕ ਐਸਿਡ ਟੈਸਟ ਵੀ ਮੁਫ਼ਤ ਕੀਤੇ ਗਏ। ਕੈਂਪ ਵਿੱਚ ਆਪਣਾ ਚੈੱਕ ਅਪ ਕਰਾਉਣ ਵਾਲੇ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੇ ਸੰਸਥਾ ਦੀ ਪ੍ਰਸੰਸਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।

ਇਸ ਸਮੇਂ ਡੀ.ਏ.ਵੀ. ਸਕੂਲ ਦੇ ਪ੍ਰਬੰਧਕ ਪ੍ਰਵੀਨ ਖੋਖਰ, ਲੱਕੀ ਖੋਖਰ, ਐਡਵੋਕੇਟ ਅਨਿਰੁੱਧ ਕੌਸਲ ਤੋਂ ਇਲਾਵਾ ਮੈਡਮ ਅਰਪਨਾ ਰਾਣੀ, ਡਾ. ਭਾਰਤੀ ਨੇ ਕਿਹਾ ਕਿ ਪਿਤਾ ਦਿਵਸ ਦੇ ਮੌਕੇ ਮਰਹੂਮ ਪਿਤਾ ਡਾ. ਦੇਵ ਰਾਜ, ਮਰਹੂਮ ਮਾਤਾ ਸਵਿੱਤਰੀ ਦੇਵੀ ਦੇ ਨਾਲ ਨਾਲ ਵੱਡੇ ਭਰਾ ਡਾ. ਦਰਸ਼ਨ ਜੀ ਦੀ ਯਾਦ ਵਿੱਚ ਕੈਂਪ ਲਵਾ ਕੇ ਜਿੱਥੇ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕਰਕੇ ਸ਼ਰਧਾਂਜਲੀ ਦੇਣਾ ਸੀ, ਉਥੇ ਇਲਾਕੇ ਦੇ ਵੱਖ-ਵੱਖ ਬਿਮਾਰੀਆਂ ਦਾ ਸ਼ਿਕਾਰ ਹੋਏ ਰੋਗੀਆਂ ਦਾ ਚੈੱਕਅਪ ਕਵਾ ਦੇ ਉਨ੍ਹਾਂ ਦੀ ਸੇਵਾ ਕਰਨ ਦਾ ਮਨੋਰਥ ਵੀ ਸੀ।

## ਸੇਵਾ ਕੇਂਦਰਾਂ 'ਚ ਮਾਲ ਵਿਭਾਗ ਤੇ ਟਰਾਂਸਪੋਰਟ ਵਿਭਾਗ ਦੀਆਂ ਨਵੀਂਆਂ ਸੇਵਾਵਾਂ ਸ਼ੁਰੂ

**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਇੱਕ ਹੋਰ ਵੱਡੀ ਪੁਲਾਂਘ ਪੁੱਟਦਿਆਂ ਤਹਿਸੀਲ ਦਫ਼ਤਰਾਂ ਨਾਲ ਸਬੰਧਤ ਮਾਲ ਵਿਭਾਗ ਦੀਆਂ 6 ਤੇ ਟਰਾਂਸਪੋਰਟ ਵਿਭਾਗ ਦੀਆਂ 28 ਸੇਵਾਵਾਂ ਹੁਣ ਸਿੱਧੇ ਤੌਰ 'ਤੇ ਘਰ ਬੈਠੇ 1076 ਰਾਹੀਂ ਜਾਂ ਫੇਰ ਸੇਵਾ ਕੇਂਦਰਾਂ ਰਾਹੀਂ ਉਪਲਬਧ ਕਰਵਾ ਦਿੱਤੀਆਂ ਹਨ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਈ-ਗਵਰਨੈਂਸ ਵਿੱਚ ਲਗਾਤਾਰ ਤੇਜ਼ੀ ਨਾਲ ਕੰਮ ਕਰਦੇ ਹੋਏ ਸੇਵਾ ਕੇਂਦਰਾਂ ਵੱਲੋਂ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਮਾਲ ਵਿਭਾਗ ਸਬੰਧੀ ਸੇਵਾਵਾਂ ਬਾਰੇ ਦੱਸਿਆ ਕਿ ਮਾਲ ਵਿਭਾਗ ਦੀਆਂ 6 ਨਵੀਂਆਂ ਸੇਵਾਵਾਂ ਸੇਵਾ ਕੇਂਦਰ ਰਾਹੀਂ ਲਈਆਂ ਜਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਹੁਣ ਵਿਰਾਸਤ ਜਾਂ ਰਜਿਸਟਰੀ ਇੰਤਕਾਲ, ਜਮ੍ਹਾਬੰਦੀ 'ਚ ਦਰੁਸਤੀ ਜਾਂ ਰਪਟ ਦਰਜ, ਸਕ੍ਰਿਪਸ਼ਨ ਬੇਨਤੀ (ਤਬਦੀਲੀ ਮੈਸੇਜ ਰਾਹੀਂ ਜਾਣੂ ਹੋਣ ਲਈ), ਡਿਜ਼ੀਟਲ ਫਰਦ ਜਮਾਂਬੰਦੀ ਲੈਣ ਲਈ ਲੋਕਾਂ ਨੂੰ ਤਹਿਸੀਲ ਦਫਤਰ ਜਾਂ ਪਟਵਾਰੀ ਕੋਲ ਜਾਣ ਦੀ ਲੋੜ ਨਹੀਂ ਰਹੀ। ਇਹ ਸਾਰੀਆਂ 34 ਸੇਵਾਵਾਂ ਪਟਿਆਲਾ ਵਾਸੀ ਜ਼ਿਲ੍ਹੇ ਦੇ 42 ਨੇੜਲੇ ਸੇਵਾ ਕੇਂਦਰ 'ਚ ਜਾਂ ਫੇਰ ਘਰ ਬੈਠੇ 1076 ਰਾਹੀਂ ਆਸਾਨੀ ਨਾਲ ਉਪਲਬਧ ਹਨ। ਇਨ੍ਹਾਂ ਸੇਵਾਵਾਂ ਨਾਲ ਲੋਕਾਂ ਦਾ ਕੀਮਤੀ ਸਮਾਂ ਬਚੇਗਾ ਤੇ ਕੰਮ ਵੀ ਪੂਰੀ ਪਾਰਦਰਸ਼ਤਾ ਨਾਲ ਹੋਣਗੇ। ਉਨ੍ਹਾਂ ਦੱਸਿਆ ਕਿ ਡਰਾਈਵਿੰਗ ਲਾਇਸੰਸ ਨਾਲ ਸਬੰਧਤ ਸੇਵਾਵਾਂ ਲਰਨਰ ਲਾਇਸੰਸ ਲਈ ਅਰਜ਼ੀ, ਲਰਨਰ ਲਾਇਸੰਸ ਵਿੱਚ ਪਤਾ ਬਦਲਣਾ, ਲਰਨਰ ਲਾਇਸੰਸ ਵਿੱਚ ਨਾ ਬਦਲਣਾ, ਲਰਨਰ ਲਾਇਸੰਸ ਦੀ ਨਕਲ ਜਾਰੀ, ਡਰਾਈਵਿੰਗ ਲਾਇਸੰਸ ਦੀ ਨਕਲ ਜਾਰੀ, ਡਰਾਈਵਿੰਗ ਲਾਇਸੰਸ ਨਵਿਆਉਣਾ (ਟੈੱਸਟ ਦੀ ਲੋੜ ਨਹੀਂ), ਡਰਾਈਵਿੰਗ ਲਾਇਸੰਸ ਦੀ ਬਦਲੀ, ਡਰਾਈਵਿੰਗ ਲਾਇਸੰਸ ਵਿੱਚ ਪਤਾ ਬਦਲਣਾ, ਡਰਾਈਵਿੰਗ ਲਾਇਸੰਸ ਵਿੱਚ ਨਾਂ ਬਦਲਣਾ, ਡਰਾਈਵਿੰਗ ਲਾਇਸੰਸ ਵਿੱਚ ਜਨਮ ਮਿਤੀ ਬਦਲਣਾ, ਲਾਇਸੰਸ ਦੀ ਡਿਟੇਲ ਪ੍ਰਾਪਤੀ, ਲਾਇਸੰਸ ਵਿੱਚ ਵਾਹਨ ਸ਼੍ਰੇਣੀ ਛੱਡਣੀ, ਡਰਾਈਵਰ ਲਈ ਪਬਲਿਕ ਸਰਵਿਸ ਵਾਹਨ ਬੈਜ, ਕੰਡਕਟਰ ਲਾਇਸੰਸ ਨਵਿਆਉਣਾ, ਲਰਨਰ ਲਾਇਸੰਸ ਦੀ ਮਿਆਦ ਵਧਾਉਣਾ ਸ਼ਾਮਲ ਹਨ।

## ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਸੰਬੰਧੀ ਸਮਾਗਮ 21 ਨੂੰ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤ ਤੇ ਸਿਹਤਮੰਤ ਸਮਾਜ ਦੀ ਸਿਰਜਣਾ ਲਈ ਚਲਾਈ ਗਈ 'ਸੀ.ਐਮ. ਦੀ ਯੋਗਸ਼ਾਲਾ' ਤਹਿਤ 21 ਜੂਨ ਨੂੰ ਜ਼ਿਲ੍ਹਾ, ਸਬ ਡਵੀਜ਼ਨ ਤੇ ਬਲਾਕ ਪੱਧਰ 'ਤੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ। ਜ਼ਿਲ੍ਹਾ ਪੱਧਰ 'ਤੇ ਇਹ ਸਮਾਗਮ ਮਾਨਸਾ ਦੇ ਸੈਂਟਰਲ ਪਾਰਕ ਵਿਖੇ ਹੋਵੇਗਾ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦੱਸਿਆ ਕਿ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਕੀਤੀਆਂ ਜਾਣ ਵਾਲੀਆਂ ਅਗਾਊਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਇੱਕ ਮੀਟਿੰਗ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਤਹਿਤ ਪਹਿਲਾਂ ਤੋਂ ਹੀ ਰੋਜ਼ਾਨਾ ਪੂਰੇ ਜ਼ਿਲ੍ਹੇ ਵਿਚ ਵੱਖ-ਵੱਖ ਥਾਂਵਾਂ 'ਤੇ ਯੋਗ ਕਲਾਸਾਂ ਲਾਈਆਂ ਜਾ ਰਹੀਆਂ ਹਨ, ਜਿਸ ਵਿੱਚ ਵੱਡੀ ਗਿਣਤੀ ਵਿਚ ਲੋਕ ਸ਼ਮੂਲੀਅਤ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਭੱਜ-ਦੌੜ ਭਰੀ ਜ਼ਿੰਦਗੀ ਵਿਚ ਲੋਕ ਸਰੀਰਿਕ ਤੰਦਰੁਸਤੀ ਨੂੰ ਪਹਿਲ ਦੇਣ ਲੱਗੇ ਹਨ, ਇਸੇ ਕਰਕੇ ਹੀ ਯੋਗ ਕਲਾਸਾਂ ਵਿਚ ਲੋਕਾਂ ਦੀ ਦਿਲਚਸਪੀ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਯੋਗ ਨਾਲ ਵੱਧ ਤੋਂ ਵੱਧ ਲੋਕਾਂ ਨੂੰ ਜੋੜਨ ਲਈ ਯੋਗ ਦੇ ਸਰੀਰਿਕ 'ਤੇ ਮਾਨਸਿਕ ਫਾਇਦਿਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਅੱਜ ਸਮੇਂ ਦੀ ਲੋੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ 21 ਜੂਨ ਨੂੰ ਮਾਨਸਾ ਦੇ ਸੈਂਟਰਲ ਪਾਰਕ ਵਿਖੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਤਿਆਰੀਆਂ ਮੁਕੰਮਲ ਕਰਨ ਤੇ ਲੋਕਾਂ ਨੂੰ ਇਸ ਸਮਾਗਮ ਸਬੰਧੀ ਜਾਗਰੂਕ ਕਰਨ ਲਈ ਹਦਾਇਤਾਂ ਵੀ ਜਾਰੀ ਕੀਤੀਆਂ।

## ਅੰਗਹੀਣ ਵਿਅਕਤੀਆਂ ਨੂੰ ਦਿੱਤੀ ਸਹਾਇਤਾ ਰਾਸ਼ੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵਲੋਂ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਸ੍ਰੀ ਮੁਕਤਸਰ ਸਾਹਿਬ ਵਿਖੇ 28 ਅੰਗਹੀਣ ਵਿਅਕਤੀਆਂ ਨੂੰ ਇੱਕੀ ਹਜ਼ਾਰ ਰੁਪਏ ਸਹਾਇਤਾ ਰਾਸ਼ੀ ਦੇ ਚੈੱਕ ਮਹੰਤ ਕਸ਼ਮੀਰ ਸਿੰਘ ਦੀ ਹਾਜ਼ਰੀ ਵਿੱਚ ਇੱਕ ਸਾਦੇ ਸਮਾਗਮ ਦੌਰਾਨ ਪਿਛਲੇ ਦਿਨੀਂ ਤਕਸੀਮ ਕੀਤੇ ਗਏ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਅੰਗਹੀਣ ਵਿਅਕਤੀ ਕੰਮ ਕਰਨ ਤੋਂ ਅਸਮਰਥ ਹਨ ਤੇ ਕਈ ਵਡੇਰੀ ਉਮਰ ਕਾਰਨ ਕੰਮ ਕਰਨ ਤੋਂ ਵੀ ਅਸਮਰੱਥ ਹਨ।ਇਨ੍ਹਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਲਈ ਡਾਕਟਰ ਓਬਰਾਏ ਵੱਲੋਂ ਹਰ ਮਹੀਨੇ ਸਹਾਇਤਾ ਰਾਸ਼ੀ ਦਿੱਤੀ ਜਾਂਦੀ ਹੈ।ਸਹਾਇਤਾ ਰਾਸ਼ੀ ਲੈਣ ਉਪਰੰਤ ਅੰਗਹੀਣ ਵਿਅਕਤੀਆਂ ਵੱਲੋਂ ਡਾਕਟਰ ਐਸ ਪੀ ਸਿੰਘ ਓਬਰਾਏ ਦਾ ਧੰਨਵਾਦ ਕੀਤਾ ਗਿਆ ਹੈ। ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਨੇ ਦੱਸਿਆ ਕਿ ਟਰੱਸਟ ਦੀ ਕੋਈ ਵੀ ਰਸੀਦ ਬੁੱਕ ਨਹੀਂ ਹੈ। ਇਹ ਸਹਾਇਤਾ ਰਾਸ਼ੀ ਡਾ ਓਬਰਾਏ ਵਲੋਂ ਅਪਣੀ ਨੇਕ ਕਮਾਈ ਵਿਚੋਂ ਦਸਵੰਧ ਕੱਢ ਕੇ ਦਿਤੀ ਜਾਂਦੀ ਹੈ।

# ਡਿਸਟਰਿਕਟ ਗਵਰਨਰ 3090 ਸੰਦੀਪ ਚੌਹਾਨ ਨੇ ਰੋਟਰੀ ਕਲੱਬ ਨਾਭਾ ਦਾ ਕੀਤਾ ਦੌਰਾ




**ਨਾਭਾ (ਵਰਿੰਦਰ ਵਰਮਾ)**

ਰੋਟਰੀ ਕਲੱਬ ਨਾਭਾ ਵੱਲੋਂ ਬੀਤੀ ਰਾਤ ਰੋਟਰੀ ਭਵਨ ਪਟਿਆਲਾ ਗੇਟ ਵਿਖੇ ਪ੍ਰਧਾਨ ਚਰਨ ਸਿੰਘ ਅਤੇ ਜਰਨਲ ਸਕੱਤਰ ਜੇਪੀ ਗੁਪਤਾ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਰੋਟਰੀ ਗਵਰਨਰ 3090 ਸੰਦੀਪ ਚੌਹਾਨ ਨੇ ਸ਼ਿਰਕਤ ਕੀਤੀ। ਇਹ ਪ੍ਰੋਗਰਾਮ ਗਵਰਨਰ ਵਿਜ਼ਿਟ ਤਹਿਤ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ ਜ਼ਿਲ੍ਹਾ ਗਵਰਨਰ ਅਮਿਤ ਸਿੰਗਲਾ, ਗਵਰਨਰ 2027-2028 ਸ਼ਿਵ ਸ਼ੰਕਰ ਵਿਸ਼ਿਸ਼ਟ, ਘਨਸ਼ਿਆਮ ਕਾਂਸਲ ਸਾਬਕਾ ਗਵਰਨਰ, ਅਮਜਦ ਅਲੀ ਰੋਟਰੀ ਮੁੱਖ ਸਲਾਹਕਾਰ, ਸ਼ਾਸਤਰੀ ਲਲਿਤ ਸ਼ਰਮਾ ਸਹਾਇਕ ਗਵਰਨਰ ਮੌਜੂਦ ਸਨ। ਇਸ ਮੌਕੇ ਤੇ ਪ੍ਰੋਗਰਾਮ ਦੀ ਸ਼ੁਰੂਆਤ ਰਾਸ਼ਟਰੀ ਗੀਤ ਨਾਲ ਹੋਈ, ਜਿਸ ਤੋਂ ਬਾਅਦ ਜ਼ਿਲ੍ਹਾ ਗਵਰਨਰ ਨੂੰ ਰੋਟਰੀ ਕਾਲਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਨਾਭਾ ਦੀ ਟੀਮ ਵੱਲੋਂ 52 ਦੇ ਕਰੀਬ ਸਮਾਜ ਭਲਾਈ ਦੇ ਪ੍ਰੋਜੈਕਟ ਕੀਤੇ ਗਏ ਹਨ। ਇਸ ਤੋਂ ਬਾਅਦ ਗਵਰਨਰ ਸੰਦੀਪ ਚੌਹਾਨ ਨੇ ਨਾਭਾ ਟੀਮ ਵੱਲੋਂ ਕੀਤੇ ਗਏ ਪ੍ਰੋਜੈਕਟਾਂ ਦੀ ਪ੍ਰਸ਼ੰਸਾ ਕੀਤੀ ਅਤੇ ਉਮੀਦ ਪ੍ਰਗਟਾਈ ਕਿ ਅਗਲੀ ਟੀਮ ਵੀ ਰੋਟਰੀ ਦੇ ਇਸੇ ਤਰ੍ਹਾਂ ਦੇ ਸਮਾਜ ਸੇਵਾ ਪ੍ਰੋਜੈਕਟ ਕਰੇਗੀ। ਅੰਤ ਵਿੱਚ ਕਲੱਬ ਦੇ ਪ੍ਰਧਾਨ ਚਰਨ ਸਿੰਘ ਐਮਡੀ ਮਲਕੀਤ ਐਗਰੋ ਟੈਕ, ਜਰਨਲ ਸਕੱਤਰ ਜੇਪੀ ਗੁਪਤਾ, ਪ੍ਰੋਜੈਕਟ ਚੇਅਰਮੈਨ ਜੀਵਨ ਪ੍ਰਕਾਸ਼ ਬਾਂਸਲ ਅਤੇ ਹੋਰ ਮੈਂਬਰਾਂ ਮੁੱਖ ਮਹਿਮਾਨਾਂ ਅਤੇ ਆਈਆਂ ਹੋਈਆਂ ਸ਼ਖ਼ਸ਼ੀਅਤਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਦਲਜੀਤ ਸਿੰਘ ਸੰਧੂ, ਵਿਨਯਕ ਮਲਹੋਤਰਾ, ਅਸ਼ੋਕ ਕਿੰਗਰ, ਦਰਸ਼ਨ ਬੁੱਟਰ, ਐਡਵੋਕੇਟ ਨਿਤਿਨ ਜੈਨ, ਰਵਨੀਸ਼ ਗੋਇਲ, ਦਰਸ਼ਨ ਅਰੋੜਾ, ਐਡਵੋਕੇਟ ਰੋਹਿਤ ਜਿੰਦਲ, ਸਿਕੰਦਰ ਪ੍ਰਤਾਪ ਸਿੰਘ, ਡਾ ਜੇ ਪੀ ਨਰੂਲਾ, ਰਾਜ ਕੁਮਾਰ ਜਤਵਾਨੀ, ਮਨਦੀਪ ਸਿੰਘ ਭਾਟੀਆ, ਗੁਰਤੇਜ ਸਿੰਘ ਕੋਲ, ਧਨੰਜੇ ਵਾਲੀਆ, ਪ੍ਰੀਤਮ ਬੱਤਰਾ, ਨਰਿੰਦਰ ਮੋਹਣ ਸ਼ਰਮਾ, ਵਿਕਾਸ ਗੋਇਲ, ਗਣਪਤ ਗੋਇਲ, ਓਮ ਪ੍ਰਕਾਸ਼ ਬਾਂਗਾ, ਰਾਜੇਸ਼ ਅੱਗਰਵਾਲ, ਨਿਤਿਨ ਗੁਪਤਾ, ਸੰਜੇ ਬਾਂਸਲ, ਅਜੇ ਮੱਗੋ, ਵਿਨੋਦ ਮਹਿਤਾ, ਆਦਿ ਹਾਜ਼ਰ ਸਨ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ 133 ਪੈਨਸ਼ਨ ਤੇ 13 ਮੈਡੀਕਲ ਚੈੱਕ ਵੰਡੇ



**ਸੰਗਰੂਰ (ਪ੍ਰਵੀਨ ਸਿੰਘ)**-ਡਾ. (ਪ੍ਰੋ) ਐਸ.ਪੀ. ਸਿੰਘ ਓਬਰਾਏ ਮੈਨੇਜਿੰਗ ਟਰੱਸਟ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਪੈਨਸ਼ਨ ਤੇ ਹੋਰ ਭਲਾਈ ਸਕੀਮਾਂ ਲਈ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ 133 ਲੋੜਵੰਦਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ ਦਿੱਤੇ ਗਏ।ਇਸ ਸਮੇਂ ਟਰੱਸਟ ਵੱਲੋਂ 13 ਮੈਡੀਕਲ ਸਹਾਇਤਾ ਦੇ ਚੈਕ ਵੀ ਲੋੜਵੰਦਾਂ ਨੂੰ ਦਿੱਤੇ ਗਏ।ਇਸ ਸਮੇਂ ਦੌਰਾਨ ਟਰੱਸਟ ਦੀ ਜ਼ਿਲ੍ਹਾ ਟੀਮ ਮੈਂਬਰ ਵਿਚੋਂ ਫਤਿਹ ਪ੍ਰਭਾਕਰ, ਹਰਮੇਲ ਸਿੰਘ ਲੱਡਾ, ਸਤਨਾਮ ਸਿੰਘ ਦਮਦਮੀ, ਸੁਖਵਿੰਦਰ ਸ਼ਰਮਾ, ਬਲਕਾਰ ਸਿੰਘ, ਮੈਡਮ ਸੰਤੋਖ ਕੌਰ, ਰਾਜਿੰਦਰ ਸਿੰਘ ਤੇ ਕੁਲਵੰਤ ਬਾਜਵਾ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।ਟਰੱਸਟ ਦੇ ਮੈਂਬਰ ਫਤਿਹ ਪ੍ਰਭਾਕਰ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਦੇ ਪਿੰਡ ਖੇੜੀ-ਜੱਟਾਂ ਵਿਖੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਨਾਉਣ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 1 ਸਤੰਬਰ 2015 ਤੋਂ ਕੰਪਿਊਟਰ ਸੈਂਟਰ ਚੱਲ ਰਿਹਾ।ਵਰਣਨਯੋਗ ਹੈ ਕਿ ਪਿੰਡ ਖੇੜੀ ਜੱਟਾਂ ਵਿਖੇ ਨੇੜੇ ਦੇ 7-8 ਪਿੰਡਾਂ ਦੇ ਮੁੰਡੇ ਅਤੇ ਕੁੜੀਆਂ ਇਸ ਕੰਪਿਊਟਰ ਸੈਂਟਰ ਦਾ ਲਗਾਤਾਰ ਲਾਹਾ ਲੈ ਕੇ ਰੁਜ਼ਗਾਰ ਦੇ ਯੋਗ ਹੋ ਰਹੇ ਹਨ।ਇਸ ਸਮੇਂ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਸੁਖਮਿੰਦਰ ਸਿੰਘ ਹਰਮਨ ਨੇ ਦੱਸਿਆ ਕਿ ਡਾ. (ਪ੍ਰੋ) ਐਸ.ਪੀ. ਸਿੰਘ ਓਬਰਾਏ ਕਿਸੇ ਤੋਂ ਆਰਥਕ ਮਦਦ ਲਏ ਬਿਨਾਂ ਆਪਣੇ ਸੋਮੇ ਸਾਧਨਾਂ ਵਿੱਚੋਂ 98 ਪ੍ਰਤੀਸ਼ਤ ਲੋਕ ਭਲਾਈ ਦੇ ਕੰਮਾਂ ਲਈ ਖਰਚ ਕਰਦੇ ਆ ਰਹੇ ਹਨ।

## ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ 'ਚ ਤਿੰਨ ਕਨਵੈਨਸ਼ਨਾਂ ਦਾ ਐਲਾਨ



**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮਨਰੇਗਾ ਵਰਕਰਜ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਜਸਵਿੰਦਰ ਸਿੰਘ ਵੱਟੂ ਅਤੇ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਜਨਰਲ ਸਕੱਤਰ ਜਗਸੀਰ ਸਿੰਘ ਬਾਜਾਂ ਨੇ ਦੱਸਿਆ ਮਨਰੇਗਾ ਵਰਕਰ ਯੂਨੀਅਨ ਪੰਜਾਬ ਦੀਆਂ ਪਿੰਡ ਪਿੰਡ ਇਕਾਈਆਂ ਸਥਾਪਤ ਕੀਤੀਆਂ ਜਾਣੀਆਂ। ਉਨ੍ਹਾਂ ਕਿਹਾ ਕਿ ਮੁਕਤਸਰ ਅੰਦਰ ਮਜ਼ਦੂਰ ਲੋਕ ਲਹਿਰ ਅਸਾਰੋ ਮੁਹਿੰਮ ਤਹਿਤ ਵੱਡੀ ਪੱਧਰ 'ਤੇ ਮਜ਼ਦੂਰਾਂ ਨੂੰ ਲਾਮਬੰਦ ਕੀਤਾ ਜਾ ਰਿਹਾ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਵਿੱਚ ਜੋ ਮਨਰੇਗਾ ਕਾਮਿਆਂ ਦੀਆਂ ਤਿੰਨ ਕਨਵੈਂਸ਼ਨਾਂ ਹੋ ਰਹੀਆਂ ਹਨ, ਉਸ ਵਿੱਚ ਮੁਕਤਸਰ ਸਾਹਿਬ ਤੋਂ ਵੱਡੀ ਗਿਣਤੀ ਵਿੱਚ ਨਰੇਗਾ ਕਾਮੇ ਸ਼ਾਮਲ ਹੋਣਗੇ ਅਤੇ ਜੋ ਬਠਿੰਡਾ ਦੇ ਟੀਚਰ ਹੋਮ ਵਿੱਚ ਦੱਖਣੀ ਮਾਲਵਾ ਦੀ ਕਨਵੈਨਸ਼ਨ ਹੋ ਰਹੀ ਹੈ, ਉਸ ਵਿੱਚ ਸ੍ਰੀ ਮੁਕਤਸਰ ਸਾਹਿਬ ਤੋਂ ਜਸਵਿੰਦਰ ਬੱਟੂ ਦੀ ਗਵਾਹੀ ਵਿੱਚ ਵੱਡੀ ਗਿਣਤੀ ਵਿੱਚ ਮਨਰੇਗਾ ਕਾਮਿਆਂ ਦੀ ਸ਼ਮੂਲੀਅਤ ਕਰਾਈ ਜਾਵੇਗੀ। ਇਸ ਕਨਵੈਨਸ਼ਨ ਨੂੰ ਮਨਰੇਗਾ ਵਰਕਰ ਯੂਨੀਅਨ ਅਤੇ ਭਰਾਤਰੀ ਜਥੇਬੰਦੀਆਂ ਦੇ ਸੀਨੀਅਰ ਆਗੂ ਸੰਬੋਧਨ ਕਰਨਗੇ।

## ...ਸ.ਫ਼ਾ 1 ਦੇ ਬਾਕੀ

### ਈਰਾਨ ਵੱਲੋਂ ਬਰਾਬਰ...

ਇੰਟੈਲੀਜੈਂਸ ਮੁਖੀ ਜਨਰਲ ਮੁਹੰਮਦ ਕਾਜ਼ਮੀ ਸਮੇਤ ਚੋਟੀ ਦੇ ਹੋਰ ਜਰਨੈਲਾਂ ਨੂੰ ਮਾਰ ਦਿੱਤਾ ਹੈ। ਈਰਾਨ ਦੇ ਉਪ ਵਿਦੇਸ਼ ਮੰਤਰੀ ਸਈਦ ਖਾਤਿਬਜ਼ਾਦੇਹ ਤੇ ਹੋਰ ਈਰਾਨੀ ਡਿਪਲੋਮੈਟਾਂ ਨੇ ਵਿਦੇਸ਼ ਮੰਤਰਾਲੇ ਦੇ ਦਫਤਰਾਂ ਤੇ ਲਾਇਬਰੇਰੀ ਦੀਆਂ ਤਸਵੀਰਾਂ ਸਾਂਝੀਆਂ ਕੀਤੀਆਂ ਹਨ, ਜੋ ਗੋਲੀਬਾਰੀ ਵਿੱਚ ਤਬਾਹ ਹੋ ਗਈਆਂ ਹਨ। ਈਰਾਨ ਦੇ ਸਰਕਾਰੀ ਟੀ ਵੀ ਨੇ ਤਹਿਰਾਨ ਵਿੱਚ ਇਜ਼ਰਾਈਲੀ ਮਿਜ਼ਾਈਲਾਂ ਨਾਲ ਖੰਡਰ ਬਣੀਆਂ ਰਿਹਾਇਸ਼ੀ ਇਮਾਰਤਾਂ ਦੀ ਫੁਟੇਜ਼ ਪ੍ਰਸਾਰਤ ਕੀਤੀ ਹੈ, ਜਿਸ ਵਿਚ ਧੂੜ ਤੇ ਖ਼ੂਨ 'ਚ ਸਨੇ ਬੱਚਿਆਂ ਨੂੰ ਚੁੱਕਦੇ ਹੋਏ ਪੁਰਸ਼ ਅਤੇ ਔਰਤਾਂ ਦਿਖਾਈ ਦੇ ਰਹੀਆਂ ਹਨ। ਈਰਾਨੀ ਸਿਹਤ ਮੰਤਰਾਲੇ ਦੇ ਬੁਲਾਰੇ ਹੁਸੈਨ ਕਰਮਨਪੁਰ ਨੇ ਕਿਹਾ ਕਿ ਐਤਵਾਰ ਤੱਕ ਮਾਰੇ ਗਏ 224 ਲੋਕਾਂ ਵਿੱਚੋਂ 90 ਫੀਸਦੀ ਆਮ ਲੋਕ ਹਨ। ਵਾਸ਼ਿੰਗਟਨ ਅਧਾਰਤ ਹਿਊਮਨ ਰਾਈਟਸ ਐਕਟੀਵਿਸਟਸ ਨਾਂਅ ਦੇ ਸਮੂਹ ਨੇ ਇਜ਼ਰਾਈਲੀ ਹਮਲਿਆਂ 'ਚ ਈਰਾਨ ਵਿੱਚ ਮਰਨ ਵਾਲਿਆਂ ਦੀ ਗਿਣਤੀ ਕਿਤੇ ਵੱਧ ਦੱਸੀ ਹੈ। ਸਮੂਹ ਮੁਤਾਬਕ ਘੱਟੋ-ਘੱਟ 406 ਲੋਕ ਮਾਰੇ ਗਏ ਹਨ ਅਤੇ 654 ਹੋਰ ਜ਼ਖ਼ਮੀ ਹੋਏ ਹਨ।

### ਪੀ ਆਰ ਟੀ ਸੀ...

ਖਰਚੇ ਅਤੇ ਮੈਡੀਕਲ ਖਰਚਿਆਂ ਕਾਰਨ ਵਰਕਰਾਂ ਵਿੱਚ ਹਾਹਾਕਾਰ ਮਚੀ ਪਈ ਹੈ। ਆਗੂਆਂ ਕਿਹਾ ਕਿ ਵਰਕਰਾਂ ਦੀਆਂ ਹੋਰ ਕਾਨੂੰਨੀ ਮੰਗਾਂ, ਜਿਵੇਂ ਕਿ ਤਰੱਕੀਆਂ, ਐੱਲ ਟੀ ਸੀ, ਐੱਨ ਪੀ ਐੱਸ, ਵਿੱਤੀ ਬਕਾਏ, ਪੇ ਕਮਿਸ਼ਨ ਦੇ ਬਕਾਏ, ਨਵੀਂਆਂ ਬੱਸਾਂ ਦਾ ਨਾ ਪਾਏ ਜਾਣਾ, ਠੇਕਾ ਕਰਮਚਾਰੀਆਂ ਦਾ ਕੋਈ ਮਸਲਾ ਹੱਲ ਨਾ ਕਰਨਾ, ਅਡਵਾਂਸ ਬੁਕਰਜ਼ ਦੇ ਕਮਿਸ਼ਨ ਵਿੱਚ ਵਾਧਾ ਕਰਨਾ ਆਦਿ ਵੀ ਲਮਕ ਅਵਸਥਾ ਵਿੱਚ ਧੱਕ ਕੇ ਰੱਖੀਆਂ ਹੋਈਆਂ ਹਨ। ਉਹਨਾਂ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਨੂੰ ਜ਼ੋਰ ਦੇ ਕੇ ਕਿਹਾ ਕਿ ਕਾਨੂੰਨਾਂ ਦਾ ਸਤਿਕਾਰ ਕਰੋ, ਵਰਕਰਾਂ ਦੇ ਹੱਕਾਂ 'ਤੇ ਛਾਪੇ ਨਾ ਮਾਰੋ ਤੇ ਅਦਾਰੇ ਅੰਦਰ ਸੁਖਾਵਾਂ ਮਾਹੌਲ ਬਣਾਉਣਾ ਯਕੀਨੀ ਬਣਾਓ।

## ਸੋਸ਼ਲ ਮੀਡੀਆ ਪੱਤਰਕਾਰਾਂ ਨੂੰ ਧਮਕਾਉਣ ਤੇ ਪਰਚੇ ਦਰਜ ਕਰਨ ਦੀ ਨਿਖੇਧੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਜਮਹੂਰੀ ਅਧਿਕਾਰ ਸਭਾ ਇਕਾਈ ਮੋਗਾ ਦੀ ਮੀਟਿੰਗ ਨੇਚਰ ਪਾਰਕ ਵਿਖੇ ਸਰਬਜੀਤ ਸਿੰਘ ਦੌਧਰ ਦੀ ਪ੍ਰਧਾਨਗੀ ਹੇਠ ਹੋਈ। ਸਰਬਜੀਤ ਸਿੰਘ ਦੌਧਰ ਨੇ ਦੱਸਿਆ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਅਣਐਲਾਨੀ ਐਮਰਜੈਂਸੀ ਰਾਹੀਂ ਲੋਕ ਪੱਖੀ ਸੋਸ਼ਲ ਮੀਡੀਆ ਪੱਤਰਕਾਰਾਂ 'ਤੇ ਪਰਚੇ ਦਰਜ ਕਰਨ, ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਤੇ ਉਨ੍ਹਾਂ ਨੂੰ ਡਰਾਉਣਾ ਧਮਕਾਉਣਾ ਅਤੀ ਨਿੰਦਣਯੋਗ ਹੈ। ਦਰਸ਼ਨ ਸਿੰਘ ਤੂਰ ਜ਼ਿਲ੍ਹਾ ਸਕੱਤਰ ਨੇ ਦੱਸਿਆ ਕਿ ਜਥੇਬੰਦੀ ਆਉਣ ਵਾਲੇ ਸਮੇਂ ਵਿੱਚ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਫਿਰਕੂ ਫਾਸ਼ੀ ਨੀਤੀਆਂ ਖਿਲਾਫ਼ ਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਚੇਤਨਾ ਕਰਨ ਲਈ ਵੱਖ-ਵੱਖ ਥਾਂਈ ਲੋਕਾਂ ਦੀਆਂ ਪਿੰਡ ਪੱਧਰ 'ਤੇ ਮੀਟਿੰਗਾਂ ਕਰਾਈਆਂ ਜਾਣਗੀਆਂ ਤਾਂ ਜੁ ਸਰਕਾਰ ਦੇ ਆਰ ਐਸ ਐਸ ਦੇ ਫਿਰਕੂ ਫਾਸ਼ੀ ਏਜੰਡੇ ਦਾ ਡਟਵਾਂ ਵਿਰੋਧ ਕਰਨ ਲਈ ਲੋਕਾਂ ਨੂੰ ਜਥੇਬੰਦ ਕੀਤਾ ਜਾ ਸਕੇ। ਪ੍ਰੇਮ ਕੁਮਾਰ, ਚਮਕੌਰ ਸਿੰਘ, ਵਿਜੈ ਕੁਮਾਰ, ਬਲਕਾਰ ਸਿੰਘ ਤੇ ਮੋਹਣ ਸਿੰਘ ਨੇ ਸੰਸਾਰ ਪੱਧਰ 'ਤੇ ਜੰਗ ਵਰਗੇ ਮਹੌਲ ਬਣਾਉਣ ਲਈ ਇਜਰਾਈਲ ਦੁਆਰਾ ਇਰਾਕ 'ਤੇ ਕੀਤੇ ਜਾ ਰਹੇ ਹਮਲਿਆਂ ਅਤੇ ਨਿਹੱਕੇ ਤੇ ਨਿਹੱਥੇ ਲੋਕਾਂ ਨੂੰ ਮਾਰਨ ਮਕਾਉਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਦੋ ਸਾਥੀ ਦਰਸ਼ਨ ਸਿੰਘ ਤੂਰ ਤੇ ਮੋਹਣ ਸਿੰਘ 25 ਜੁਲਾਈ ਨੂੰ ਜਮਹੂਰੀ ਅਧਿਕਾਰ ਸਭਾ ਦੀ ਸੂਬਾ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਲਈ ਜਾਣਗੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

17-June-PAGE-3.qxd 6/16/2025 11:23 PM Page 1



# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਮਰਹੂਮ ਕਾਮਰੇਡ ਸੱਜਣ ਸਿੰਘ ਦੀ ਚੌਥੀ ਬਰਸੀ ਮਨਾਈ

**ਪਟਿਆਲਾ (ਨ ਜ਼ ਸ)**

ਦਿ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਜ਼ਿਲ੍ਹਾ ਸ਼ਾਖਾ ਵਿਖੇ ਸਰਕਾਰੀ ਤੇ ਅਰਧ ਸਰਕਾਰੀ ਚੌਥਾ ਦਰਜਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮਰਹੂਮ ਕਾਮਰੇਡ ਸੱਜਣ ਸਿੰਘ ਦੀ ਚੌਥੀ ਬਰਸੀ ਯੂਨੀਅਨ ਦਫ਼ਤਰ ਰਾਜਪੁਰਾ ਕਾਲੋਨੀ ਵਿਖੇ ਬੜੀ ਸ਼ਰਧਾ ਨਾਲ ਮਨਾਈ ਗਈ ਤੇ ਵਿਛੜੇ ਮੁਲਾਜ਼ਮਾਂ, ਮਜ਼ਦੂਰਾਂ ਤੇ ਪੈਨਸ਼ਨਰਾਂ ਦੇ ਕਰੋਨਾ ਕਾਲ ਦੌਰਾਨ ਵਿਛੜੇ ਆਗੂ ਨੂੰ ਵੱਖ-ਵੱਖ ਆਗੂਆਂ ਨੇ ਸ਼ਰਧਾ ਸੁਮਨ ਅਰਪਿਤ ਕੀਤੇ।ਇਸ ਇੱਕਤਰਤਾ ਮੌਕੇ ਕਾਮਰੇਡ ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਜਗਮੋਹਨ ਨੌਲੱਖਾ, ਰਾਮ ਲਾਲ ਰਾਮਾ, ਗੁਰਦਰਸ਼ਨ ਸਿੰਘ, ਦੀਪ ਚੰਦ ਹੰਸ, ਸੁਰਜਪਾਲ ਯਾਦਵ, ਓਂਕਾਰ ਸਿੰਘ ਦਮਨ, ਰਾਜੇਸ਼ ਕੁਮਾਰ ਗੋਲੂ, ਮੰਧਨਾਥ, ਬਲਜੀਤ ਸਿੰਘ ਬੱਲੀ, ਜਸਪਾਲ ਸਿੰਘ, ਗੌਤਮ ਭਾਰਦਵਾਜ, ਦਯਾਸ਼ੰਕਰ, ਲਖਵੀਰ ਸਿੰਘ, ਪ੍ਰੇਮ ਕੁਮਾਰ, ਰਾਮ ਕੈਲਾਸ਼, ਤਰਲੋਚਨ ਸਿੰਘ ਮਾਡੂ, ਸਤਿਆ ਨਰਾਇਣ (ਗੋਨੀ) ਆਦਿ ਵੀ ਸ਼ਾਮਲ ਸਨ।ਇਸ ਮੌਕੇ ਯੂਨੀਅਨ ਦਫ਼ਤਰ ਵਿਖੇ ਪੰਜਾਬ ਸਰਕਾਰ ਕਲਾਸ ਫੋਰਥ ਪੈਨਸ਼ਨਰਜ਼ ਵੈੱਲਫੇਅਰ ਹੋਮ ਦੀ ਸਥਾਪਨਾ ਕਰਨ ਦਾ ਫੈਸਲਾ ਕੀਤਾ ਗਿਆ।ਕਾਮਰੇਡ ਸੱਜਣ ਸਿੰਘ ਦੀ ਜੀਵਨੀ 'ਤੇ ਚਾਨਣਾ ਪਾਉਂਦੇ ਹੋਏ ਦਰਸ਼ਨ ਸਿੰਘ ਲੁਬਾਣਾ ਨੇ ਦੱਸਿਆ ਕਿ ਇਨ੍ਹਾਂ ਵੱਲੋਂ 1966 ਚੌਥਾ ਦਰਜਾ ਮੁਲਾਜ਼ਮਾਂ ਨੂੰ ਪ੍ਰੇਰਿਤ ਕਰਕੇ ਇੱਕ ਲਹਿਰ ਖੜ੍ਹੀ ਕੀਤੀ ਕਿਉਂ ਜੋ ਇਸ ਵੇਲੇ ਚੌਥਾ



ਦਰਜਾ ਮੁਲਾਜ਼ਮ ਦੀ ਮੁੱਢਲੀ ਤਲਖਾਹ 30%35.50 ਭਾਵ ਕਿ ਸਲਾਨਾ ਇੰਕਰੀਮੈਂਟ ਚੌਥਾ ਦਰਜਾ ਕਰਮਚਾਰੀ ਨੂੰ 50 ਪੈਸੇ ਹੀ ਲੱਗਦਾ ਸੀ। ਸਾਥੀ ਸੱਜਣ ਸਿੰਘ ਦੇ ਸੰਘਰਸ਼ ਸਦਕਾ ਅਤੇ ਇਨ੍ਹਾਂ ਵੱਲੋਂ 1972 ਵਿੱਚ ਰੱਖੇ ਪਹਿਲੇ ਮਰਨਵਰਤ ਜੋ ਉਸ ਵੇਲੇ ਦੇ ਮੁੱਖ ਮੰਤਰੀ ਗਿਆਨ ਜੈਨ ਸਿੰਘ ਵੱਲੋਂ ਮਰਨ ਵਰਤ ਕੈਂਪ ਪੰਜਾਬ ਸਰਵਿਸ ਸਕੱਤਰੇਤ ਪਹੁੰਚ ਕੇ ਖੁਲ੍ਹਵਾਇਆ ਗਿਆ।ਇਸ ਦੌਰਾਨ ਚੌਥਾ ਦਰਜਾ ਮੁਲਾਜ਼ਮ ਦੀ ਤਨਖਾਹ 70% 2% 80% 3% 95 ਨਿਸ਼ਚਿਤ ਹੋਈ ਤੇ ਸਾਲਾਨਾ ਇੰਕਰੀਮੈਂਟ 50 ਪੈਸੇ ਤੋਂ ਵੱਧ ਕੇ 2 ਰੁਪਏ ਹੋਇਆ।ਇਸ ਦੌਰਾਨ ਆਦਿ ਕਲਾਸ ਫੋਰਥ ਇੰਪਲਾਈਜ਼ ਨੂੰ ਗਰਮ ਅਤੇ ਠੰਡੀਆਂ ਵਰਦੀਆਂ 3 ਸਾਲ ਬਾਅਦ ਦੇਣ ਦਾ ਫੈਸਲਾ ਹੋਇਆ। ਇਸ ਦੌਰਾਨ ਕਾਮਰੇਡ ਮਰਹੂਮ ਮਦਨ ਲਾਲ ਦੀਦੀ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ ਤੇ ਉਸ ਵੇਲੇ ਦੇ ਵਿੱਤ ਮੰਤਰੀ ਹੰਸ ਰਾਜ ਸ਼ਰਮਾ ਤੋਂ ਕਈ ਐਲਾਨ ਕਰਵਾਏ ਗਏ ਜਿਸ ਵਿੱਚ ਦਸਵੀਂ ਵਿੱਦਿਅਕ ਯੋਗਤਾ ਰੱਖਦੇ ਚੌਥਾ ਦਰਜਾ ਕਰਮਚਾਰੀ ਦੀ ਬਤੌਰ ਕਲਰਕ ਪਦਉੱਨਤੀ ਲਈ 10 ਫੀਸਦੀ ਅਸਾਮੀਆਂ ਰਾਖਵੀਆਂ ਰਖਵਾਈਆਂ। ਸੱਜਣ ਸਿੰਘ ਵੱਲੋਂ ਮੁਲਾਜ਼ਮ ਮੰਗਾਂ ਸਮੇਤ ਵੇਤਨ ਕਮਿਸ਼ਨਾਂ ਦੀ ਰਿਪੋਰਟਾਂ ਜਾਰੀ ਕਰਵਾਉਣ ਲਈ 1996, 2009 ਵਿੱਚ ਇਸ ਤਰ੍ਹਾਂ ਚੌਥਾ ਮਰਨ ਵਰਤ ਵੀ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਸਮੇਂ ਬੱਸ ਸਟੈਂਡ ਚੰਡੀਗੜ੍ਹ ਵਿਖੇ ਕੀਤਾ ਗਿਆ ਅਤੇ ਮਰਨ ਵਰਤ ਰੱਖ ਕੇ ਮੁਲਾਜ਼ਮਾਂ ਲਈ ਤਨਖਾਹ ਸਮੇਤ ਭੱਤੇ ਜਾਰੀ ਕਰਵਾਏ।ਅੱਜ ਇੱਕ ਚੌਥਾ ਦਰਜਾ ਕਰਮਚਾਰੀ ਦੀ ਜੋ ਤਨਖਾਹ ਨਿਸ਼ਚਿਤ ਹੋਈ ਹੈ ਉਸ ਵਿੱਚ ਸਾਥੀ ਸੱਜਣ ਸਿੰਘ, ਸਾਥੀ ਦਰਸ਼ਨ ਸਿੰਘ ਲੁਬਾਣਾ, ਸਾਥੀ ਰਣਜੀਤ ਸਿੰਘ ਰਾਣਵਾਂ, ਸਾਥੀ ਸੁਖਦੇਵ ਸਿੰਘ ਸੁਰਤਾਪੁਰੀ ਅਤੇ ਸਾਥੀ ਮੋਹਨ ਸਿੰਘ ਨੇਗੀ ਆਦਿ ਆਗੂਆਂ ਦੀ ਅਹਿਮ ਭੂਮਿਕਾ ਰਹੀ ਹੈ।ਸਾਥੀ ਸੱਜਣ ਸਿੰਘ ਵੱਲੋਂ ਪਾਏ ਪੂਰਨਿਆਂ ਤੇ ਦਰਸ਼ਨ ਸਿੰਘ ਲੁਬਾਣਾ, ਰਣਜੀਤ ਸਿੰਘ ਰਾਣਵਾਂ ਅਤੇ ਹੋਰ ਸੂਬਾ ਜ਼ਿਲ੍ਹਾ, ਬਲਾਕਾਂ, ਤਹਿਸੀਲਾਂ, ਵਿਭਾਗਾਂ ਦੇ ਆਗੂ ਦ੍ਰਿੜ ਇਰਾਦੇ ਨਾਲ ਜ਼ਿੰਮੇਵਾਰੀ ਨਿਭਾ ਰਹੇ ਹਨ।ਭਾਵੇਂ ਕਿ ਅੱਜ ਵੀ ਸਰਕਾਰ ਸਮੇਤ ਵੱਖ-ਵੱਖ ਅਖਉਤੀ ਜਥੇਬੰਦੀਆਂ ਵੱਲੋਂ ਨਾਕਾਮ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਆਗੂਆਂ ਨੇ ਕਿਹਾ ਕਿ ਕਲਾਸ ਫੋਰਥ ਪੈਨਸ਼ਨਰ ਵੈਲਫੇਅਰ ਹੋਮ ਦੀ ਸਥਾਪਨਾ ਨਾਲ ਸੇਵਾ ਨਿਵਰਤ ਚੌਥਾ ਦਰਜਾ ਮੁਲਾਜ਼ਮਾਂ ਨੂੰ ਆਪਣੀ ਗੱਲ ਸਾਂਝੀ ਕਰਨ ਲਈ ਇੱਕ ਉਚਿਤ ਸਥਾਨ ਮਿਲੇਗਾ।ਦਰਸ਼ਨ ਲੁਬਾਣਾ ਨੇ ਕਿਹਾ ਕਲਾਸ ਫੋਰਥ ਮਰਹੂਮ ਆਗੂ ਕਾਮਰੇਡ ਸੱਜਣ ਸਿੰਘ ਨੂੰ ਸਮਰਪਿਤ ਹੋਵੇਗਾ।ਇਨ੍ਹਾਂ ਕਿਹਾ ਕਿ ਕਲਾਸ ਫੋਰਥ ਤੋਂ ਇਲਾਵਾ ਵੱਖ-ਵੱਖ ਕੈਟਾਗਰੀਆਂ ਪੈਨਸ਼ਨਰ ਵੀ ਇਸ ਹੋਮ ਵਿੱਚ ਬੈਠ ਕੇ ਗੱਲਬਾਤ ਕਰ ਸਕਣਗੇ।ਇਸ ਮੌਕੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680) ਜ਼ਿਲ੍ਹਾ ਪਟਿਆਲਾ ਦਾ ਪੁਨਰਗਠਨ ਕਰਨ ਉਪਰੰਤ ਉਸ ਦੀ ਸੂਚੀ ਜਾਰੀ ਕੀਤੀ ਗਈ ਜਿਸ ਵਿੱਚ ਸਾਥੀ ਜਗਮੋਹਨ ਸਿੰਘ ਨੌਲੱਖਾ ਨੂੰ ਜ਼ਿਲ੍ਹਾ ਪ੍ਰਧਾਨ, ਸਾਥੀ ਗੁਰਦਰਸ਼ਨ ਸਿੰਘ ਖੁਰਦ ਨੂੰ ਜ਼ਿਲ੍ਹਾ ਚੇਅਰਮੈਨ ਅਤੇ ਸਾਥੀ ਬਲਜਿੰਦਰ ਸਿੰਘ, ਸਾਥੀ ਸੂਰਜਪਾਲ ਯਾਦਵ ਨੂੰ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਦਿੱਤੀ ਗਈ।

# ਸ਼੍ਰੋਮਣੀ ਅਕਾਲੀ ਦਲ (ਬ) ਦੇ ਤਿੰਨ ਪ੍ਰਮੁੱਖ ਆਗੂ ਕਾਂਗਰਸ 'ਚ ਸ਼ਾਮਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਤਿੰਨ ਪ੍ਰਮੁੱਖ ਆਗੂ ਕਾਂਗਰਸ 'ਚ ਸ਼ਾਮਲ ਹੋ ਗਏ।ਇਨ੍ਹਾਂ ਵਿੱਚ ਸੁਨਾਮ ਤੋਂ ਰਜਿੰਦਰ ਦੀਪਾ, ਮੁਕੇਰੀਆਂ ਤੋਂ ਸਰਬਜੋਤ ਸਿੰਘ ਸਾਬੀ ਅਤੇ ਅਨਿਲ ਠਾਕੁਰ ਸ਼ਾਮਲ ਹਨ।ਉਨ੍ਹਾਂ ਨੂੰ ਕਾਂਗਰਸ ਦੇ ਕੌਮੀ ਜਨਰਲ ਸਕੱਤਰ ਇੰਚਾਰਜ ਪੰਜਾਬ ਭੂਪੇਸ਼ ਬਘੇਲ ਨੇ ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਹੋਰ ਸੀਨੀਅਰ ਪਾਰਟੀ ਆਗੂਆਂ ਦੀ ਮੌਜੂਦਗੀ ਵਿੱਚ ਪਾਰਟੀ ਵਿੱਚ ਸ਼ਾਮਲ ਕੀਤਾ।ਇਸ ਮੌਕੇ ਇਨ੍ਹਾਂ ਆਗੂਆਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ, ਬਘੇਲ ਨੇ ਕਿਹਾ ਕਿ ਇਹ ਕਾਂਗਰਸ ਲਈ ਇੱਕ ਸਵਾਗਤਯੋਗ ਘਟਨਾ ਹੈ, ਕਿਉਂਕਿ ਪੰਜਾਬ ਭਰ ਵਿੱਚ ਕਾਂਗਰਸ ਦੀ ਸੱਤਾ ਵਿਚ ਵਾਪਸੀ ਦਾ ਮਾਹੌਲ ਬਣਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਦੌਰਾਨ ਵਾਪਰਨ ਵਾਲੀਆਂ ਘਟਨਾਵਾਂ ਦਾ ਪਰਛਾਵਾਂ ਹੁਣ ਤੋਂ ਨਜ਼ਰ ਆਉਣ ਲੱਗਾ ਹੈ। ਇਸ ਲੜੀ ਹੇਠ, ਆਉਂਦੇ ਦਿਨਾਂ ਦੌਰਾਨ ਕਈ ਸਿਆਸੀ ਪਾਰਟੀਆਂ ਦੇ ਸੀਨੀਅਰ ਆਗੂ ਕਾਂਗਰਸ ਵਿੱਚ ਸ਼ਾਮਲ ਹੋਣ ਲਈ ਉਤਸੁਕ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅਜਿਹੇ ਹੋਰ ਆਗੂ ਵੀ ਪਾਰਟੀ ਵਿਚ ਸ਼ਾਮਲ ਹੋਣਗੇ।ਇਸ ਮੌਕੇ ਸੰਬੋਧਨ, ਪੰਜਾਬ ਕਾਂਗਰਸ ਦੇ ਪ੍ਰਧਾਨ ਵੜਿੰਗ ਨੇ ਕਿਹਾ ਕਿ ਇਹ ਗੱਲ ਕੰਧ 'ਤੇ ਲਿਖੀ ਹੋਈ ਹੈ ਕਿ ਕਾਂਗਰਸ ਸੱਤਾ ਵਿੱਚ ਵਾਪਸ ਆ



ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਤਾਂ ਸਿਰਫ਼ ਸ਼ੁਰੂਆਤ ਹੈ, ਕਿਉਂਕਿ ਪੰਜਾਬ ਵਿੱਚ ਬਦਲਾਅ ਦੀਆਂ ਹਵਾਵਾਂ ਵਗਣ ਲੱਗ ਪਈਆਂ ਹਨ। ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਤਿੰਨਾਂ ਆਗੂਆਂ ਦਾ ਜਨਤਕ ਸੇਵਾ ਵਿੱਚ ਬਹੁਤ ਵੱਡਾ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਇਹ ਸਾਰੇ ਪਾਰਟੀ ਲਈ ਵੱਡੀ ਤਾਕਤ ਸਾਬਤ ਹੋਣਗੇ ਅਤੇ ਇਨ੍ਹਾਂ ਦੇ ਸ਼ਾਮਲ ਹੋਣ ਤੋਂ ਬਾਅਦ ਪਾਰਟੀ ਨੂੰ ਹੋਰ ਮਜ਼ਬੂਤ ਮਿਲੇਗੀ।ਇਸ ਮੌਕੇ ਮੌਜੂਦ ਸੀਨੀਅਰ ਪਾਰਟੀ ਆਗੂਆਂ ਵਿੱਚ ਬ੍ਰਹਮ ਮਹਿੰਦਰਾ, ਰਾਣਾ ਕੇਪੀ ਸਿੰਘ, ਬਲਬੀਰ ਸਿੱਧੂ, ਕੈਪਟਨ ਸੰਦੀਪ ਸੰਧੂ, ਬਰਿੰਦਰਮੀਤ ਸਿੰਘ ਪਾਹੜਾ ਵੀ ਸ਼ਾਮਲ ਰਹੇ।

# ਯੁੱਧ ਨਸ਼ਿਆਂ ਵਿਰੁੱਧ' ਵਿੱਢੀ ਮੁਹਿੰਮ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ : ਐਡਵੋਕੇਟ ਅਮਰਪਾਲ ਸਿੰਘ



**ਬਟਾਲਾ (ਡਾ. ਮਲਵਿੰਦਰ ਸਿੰਘ)**

ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਖੇਤ-ਖੇਤ ਨਹਿਰੀ ਪਾਣੀ ਪਹੁੰਚਾਉਣ, ਪਿੰਡਾਂ ਦਾ ਸਰਬਪੱਖੀ ਵਿਕਾਸ ਕਰਵਾਉਣ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਨੂੰ ਮੁਕੰਮਲ ਕਰਵਾਇਆ ਹੈ ਅਤੇ ਮਾਨ ਸਰਕਾਰ ਨੇ ਸੂਬਾ ਵਾਸੀਆਂ ਦੀਆਂ ਮੁਸ਼ਕਿਲਾਂ ਦੂਰ ਕੀਤੀਆਂ ਹਨ।ਇਹ ਪ੍ਰਗਟਾਵਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਆਪਣੇ ਦਫਤਰ ਵਿਖੇ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਗੱਲਬਾਤ ਦੌਰਾਨ ਕੀਤਾ ਗਿਆ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਵਿਕਾਸ ਕਾਰਜ ਕਰਵਾਉਣ ਦੇ ਨਾਲ ਸਮਾਜਿਕ ਬੁਰਾਈ ਨਸ਼ਿਆਂ ਨੂੰ ਖਤਮ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਢੀ ਗਈ ਹੈ ਜਿਸ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਅਤੇ ਇਸ ਦੀ ਹਰ ਪਾਸੇ ਸ਼ਲਾਘਾ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿਥੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਰੁਖ਼ ਅਪਣਾਇਆ ਗਿਆ ਹੈ, ਉਸਦੇ ਨਾਲ ਨਸ਼ਾ ਪੀੜਤਾਂ ਦਾ ਨਸ਼ਾ ਛੁਡਾਊ ਕੇਂਦਰਾਂ ਵਿੱਚ ਮੁਫ਼ਤ ਇਲਾਜ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਸਰਕਾਰ ਨਾਲ ਸਹਿਯੋਗ ਕਰਨ ਅਤੇ ਨਸ਼ਾ ਪੀੜਤਾਂ ਦਾ ਇਲਾਜ ਕਰਵਾਉਣ ਲਈ ਅੱਗੇ ਆਉਣ।ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਹਲਕੇ ਦਾ ਸਰਬਪੱਖੀ ਵਿਕਾਸ ਕਰਵਾਉਣਾ, ਉਨ੍ਹਾਂ ਦੀ ਪਹਿਲੀ ਤਰਜੀਹ ਹੈ ਤੇ ਲੋਕਾਂ ਤੱਕ ਭਲਾਈ ਸਕੀਮਾਂ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਦੂਰ ਕਰ ਰਹੇ ਹਨ।ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਬਣਾਏ ਜਾ ਰਹੇ ਹਨ ਅਤੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਕਰਵਾਉਣ ਤੋਂ ਇਲਾਵਾ ਵੱਖ-ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।

# ਗੁਰਦਾਸਪੁਰ-ਬਹਿਰਾਮਪੁਰ ਸੜਕ ਨੂੰ ਲੱਗਾ ਟੋਇਆਂ ਦਾ ਗ੍ਰਹਿਣ, ਪ੍ਰਸ਼ਾਸਨ ਸ਼ਾਇਦ ਕਿਸੇ ਵੱਡੇ ਹਾਦਸੇ ਦੀ ਉਡੀਕ 'ਚ!

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਵਿਚਕਾਰ ਪਿੰਡ ਮਿਆਨੀ ਝਮੇਲਾ ਨਜ਼ਦੀਕ ਅਤੇ ਕਈ ਹੋਰਨਾਂ ਥਾਵਾਂ 'ਤੇ ਵੱਡੇ-ਵੱਡੇ ਟੋਇਆਂ ਦੀ ਮੁਰੰਮਤ ਨਾ ਕਰਕੇ ਪ੍ਰਸ਼ਾਸਨ ਕਿਸੇ ਵੱਡੇ ਹਾਦਸੇ ਦੀ ਉਡੀਕ ਵਿਚ ਦਿਖਾਈ ਦੇ ਰਿਹਾ ਹੈ। ਇਥੋਂ ਗੁਜ਼ਰਨ ਵਾਲੇ ਰਾਹਗੀਰਾਂ ਦਾ ਸੜਕ ਦੀ ਮੁਰੰਮਤ ਨਾ ਹੋਣ ਕਰਕੇ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਸੜਕ ਵਿਚਕਾਰ ਪਏ ਟੋਇਆਂ ਵਿਚ ਵਰਖਾ ਦਾ ਪਾਣੀ ਖੜ੍ਹਾ ਹੋਣ ਕਾਰਨ ਕਈ ਵਾਰ ਦੋਪਹੀਆ ਵਾਹਨ ਚਾਲਕ ਇਨ੍ਹਾਂ ਟੋਇਆਂ 'ਚ ਡਿਗ ਕੇ ਸੱਟਾਂ ਵੀ ਲਗਵਾ ਚੁੱਕੇ ਹਨ।



ਉਨ੍ਹਾਂ ਕਿਹਾ ਕਿ ਇਸ ਸੜਕ ਰਾਹੀਂ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿਚ ਲੋਕ ਆਉਂਦੇ-ਜਾਂਦੇ ਹਨ ਅਤੇ ਸਾਰਾ ਦਿਨ ਇਸ ਆਵਾਜਾਈ ਚਲਦੀ ਰਹਿੰਦੀ ਹੈ। ਇਸ ਸੜਕ ਰਾਹੀਂ ਬਾਰਡਰ ਏਰੀਏ ਦੇ ਲੋਕ ਅਤੇ ਬਾਕੀ ਪਿੰਡਾਂ ਦੇ ਲੋਕ ਸ਼ਹਿਰ ਗੁਰਦਾਸਪੁਰ ਤੋਂ ਇਲਾਵਾ ਹੋਰਨਾਂ ਸ਼ਹਿਰਾਂ ਨੂੰ ਜਾਂਦੇ ਹਨ। ਬਾਰਡਰ ਏਰੀਆ ਹੋਣ ਕਰਕੇ ਇਹ ਸੜਕ ਆਪਣੇ ਆਪ ਵਿਚ ਇਹ ਅਹਿਮ ਭੂਮਿਕਾ ਰੱਖਦੀ ਹੈ। ਲੋਕਾਂ ਦਾ ਕਹਿਣਾ ਹੈ ਕਿ ਅਕਸਰ ਹੀ ਦੇਖਣ ਆਉਂਦਾ ਹੈ ਕਿ ਜਦੋਂ ਕੋਈ ਵੱਡਾ ਸੜਕੀ ਹਾਦਸਾ ਵਾਪਰਦਾ ਹੈ ਤਾਂ ਪ੍ਰਸ਼ਾਸਨ ਹਰਕਤ ਵਿਚ ਆਉਂਦਾ ਹੈ ਜਦੋਂਕਿ ਸਮਾਂ ਰਹਿੰਦੇ ਸੜਕਾਂ ਦੀ ਮੁਰੰਮਤ ਨਹੀਂ ਕੀਤੀ ਜਾਂਦੀ। ਉਨ੍ਹਾਂ ਕਿਹਾ ਸਿੰਗਲ ਲਾਈਨ ਵਾਲੀ ਸੜਕ ਹੋਣ ਕਾਰਨ ਇਸ ਸੜਕ 'ਤੇ ਵੱਡੇ ਵਾਹਨਾਂ ਦਾ ਗੁਜ਼ਰਨਾ ਜਿੱਥੇ ਪਹਿਲਾਂ ਹੀ ਮੁਸ਼ਕਿਲ ਹੋਇਆ ਪਿਆ ਹੈ ਉਥੇ ਹੀ ਹੁਣ ਸੜਕ ਵਿਚਕਾਰ ਪਏ ਟੋਇਆਂ ਨੇ ਰਾਹਗੀਰਾਂ ਲਈ ਇਕ ਹੋਰ ਵੱਡੀ ਮੁਸੀਬਤ ਖੜ੍ਹੀ ਕਰ ਦਿੱਤੀ ਹੈ। ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਤੇ ਸਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਵਿਚਕਾਰ ਪਿੰਡ ਮਿਆਨੀ ਝਮੇਲਾ ਨਜ਼ਦੀਕ ਤੇ ਹੋਰਨਾਂ ਕਈਆਂ ਥਾਵਾਂ 'ਤੇ ਪਏ ਟੋਇਆਂ ਦੀ ਮੁਰੰਮਤ ਪਹਿਲ ਦੇ ਆਧਾਰ 'ਤੇ ਕਾਰਵਾਈ ਜਾਵੇ ਤਾਂ ਜੋ ਇਥੋਂ ਲੰਘਣ ਵਾਲੇ ਰਾਹਗੀਰਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਜਦ ਇਸ ਸਬੰਧੀ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਦੇ ਐੱਸ. ਡੀ. ਓ. ਲਵਪ੍ਰੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਮੁਰੰਮਤ ਵਾਸਤੇ ਉਚ ਅਧਿਕਾਰੀਆਂ ਚੰਡੀਗੜ੍ਹ ਵਿਖੇ ਬਜਟ ਦੀ ਮਨਜ਼ੂਰੀ ਲਈ ਭੇਜਿਆ ਹੋਇਆ ਹੈ ਜਦ ਵੀ ਬਜਟ ਅਲਾਟ ਹੋ ਕੇ ਆਵੇਗਾ ਤਾਂ ਇਸ ਸੜਕ ਦੀ ਮੁਰੰਮਤ ਪਹਿਲ ਦੇ ਆਧਾਰ 'ਤੇ ਕਰਵਾ ਦਿੱਤੀ ਜਾਵੇਗੀ।

# ਸੂਬੇ ਅੰਦਰ ਖੇਡ ਸੱਭਿਆਚਾਰ ਨੂੰ ਵੱਧ ਤੋਂ ਵੱਧ ਪ੍ਰਫੁੱਲਿਤ ਕਰਨ ਲਈ ਪੰਜਾਬ ਸਰਕਾਰ ਵਚਨਬੱਧ : ਸ਼ੈਰੀ ਕਲਸੀ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ, ਖੇਡਾਂ ਨੂੰ ਪ੍ਰਮੋਟ ਕਰਨ ਲਈ ਵਚਨਬੱਧ ਹੈ ਅਤੇ ਸੂਬੇ ਅੰਦਰ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕੀਤਾ ਜਾ ਰਿਹਾ ਹੈ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰੀ ਅਤੇ ਪੇਂਡੂ ਖੇਤਰ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸਫਲ ਯਤਨ ਕੀਤੇ ਗਏ ਹਨ ਅਤੇ ਨੌਜਵਾਨਾਂ ਦਾ ਖੇਡਾਂ ਪ੍ਰਤੀ ਉਤਸ਼ਾਹ ਵਧਿਆ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡਾਂ ਵਿੱਚ ਖੇਡ ਮੈਦਾਨ ਉਸਾਰੇ ਜਾ ਰਹੇ ਹਨ ਅਤੇ ਹਰੇਕ ਪਿੰਡ ਵਿੱਚ ਅਤਿ-ਆਧੁਨਿਕ ਸਟੇਡੀਅਮ ਬਣਾਉਣ ਲਈ ਸਰਕਾਰ ਦ੍ਰਿੜ ਸੰਕਲਪ ਹੈ।ਉਨ੍ਹਾਂ ਦੁਹਰਾਇਆ ਕਿ ਇਸ ਪਹਿਲਕਦਮੀ ਦਾ ਉਦੇਸ਼ ਪੰਜਾਬ ਨੂੰ ਦੇਸ਼ ਵਿੱਚ ਮੋਹਰੀ ਸੂਬੇ ਵਜੋਂ ਸਥਾਪਿਤ ਕਰਨਾ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਖੇਡਾਂ ਨੂੰ ਸੁਰਜੀਤ ਕਰਨਾ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਕੇਂਦਰੀ ਥੰਮ੍ਹ ਹੈ।ਇਸ ਦਾ ਉਦੇਸ਼ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਰਾਹਾਂ ਵੱਲ ਲੈ ਜਾਣਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਅਤੇ ਖਿਡਾਰੀਆਂ ਨੂੰ ਅਥਲੈਟਿਕ ਵਿੱਚ ਮੱਲਾਂ ਮਾਰਨ ਦੇ ਯੋਗ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ, ਸੂਬੇ ਅਤੇ ਇਸ ਦੇ ਲੋਕਾਂ ਦੇ ਸਰਬਪੱਖੀ ਵਿਕਾਸ ਪ੍ਰਤੀ ਵਚਨਬੱਧ ਹੈ।ਸੂਬੇ ਦੀ ਪੁਰਾਤਨ ਸ਼ਾਨ ਨੂੰ ਹਰ ਹਾਲ ਵਿੱਚ ਬਹਾਲ ਕੀਤਾ ਜਾਵੇਗਾ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਉਨ੍ਹਾਂ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰੇਗਾ।

# ਨਿਊ ਭਗਤ ਕਬੀਰ ਮੰਦਰ ਤੇ ਧਰਮਸ਼ਾਲਾ ਸੁਸਾਇਟੀ ਵੱਲੋਂ ਦੋ ਲੋੜਵੰਦਾਂ ਨੂੰ ਸਾਈਕਲ ਭੇਟ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਨਿਊ ਭਗਤ ਕਬੀਰ ਮੰਦਰ ਅਤੇ ਧਰਮਸ਼ਾਲਾ ਸੋਸਾਇਟੀ ਪਿੰਡ ਪੱਤੀ ਭਗਤਪੁਰ ਕਾਦੀਆਂ ਦੇ ਵੱਲੋਂ ਦੋ ਵਿਅਕਤੀਆਂ ਨੂੰ ਸਾਈਕਲ ਦਿੱਤੇ ਗਏ ।ਇਸ ਸੰਬੰਧੀ



ਜਾਣਕਾਰੀ ਦਿੰਦੇ ਹੋਏ ਪ੍ਰਧਾਨ ਜਨਕ ਰਾਜ ਨੇ ਦੱਸਿਆ ਕਿ ਮੰਦਰ ਕਮੇਟੀ ਦੇ ਵੱਲੋਂ 20 ਲੋਕਾਂ ਦੀਆਂ ਪਰਚੀਆਂ ਪਾਈਆਂ ਗਈਆਂ ਜਿਸ ਵਿੱਚ ਉਨ੍ਹਾਂ ਦੇ ਵੱਲੋਂ ਇੱਕ ਛੋਟੇ ਬੱਚੇ ਨੂੰ ਕਿਹਾ ਗਿਆ ਪਰਚੀ ਉਠਾਉਣ ਦੇ ਲਈ ਅਤੇ 20 ਪਰਚੀਆਂ ਦੇ ਵਿੱਚੋਂ 2 ਪਰਚੀਆਂ ਨੂੰ ਚੁੱਕਿਆ ਗਿਆ ਅਤੇ ਜਿਨ੍ਹਾਂ ਦੋ ਪਰਚੀਆਂ ਦੇ ਨਾਮ ਨਿਕਲੇ ਉਨ੍ਹਾਂ ਨੂੰ ਪ੍ਰਧਾਨ ਜਨਕ ਰਾਜ ਦੇ ਵੱਲੋਂ ਸਾਈਕਲ ਭੇਟ ਕੀਤੇ ਗਏ। ਸਾਈਕਲ ਲੈਣ ਉਪਰੰਤ ਵਿਅਕਤੀਆਂ ਨੇ ਪ੍ਰਧਾਨ ਜਾਨਕ ਰਾਜ ਅਤੇ ਸਮੁੱਚੀ ਸੁਸਾਇਟੀ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ।ਪ੍ਰਧਾਨ ਜਨਕ ਰਾਜ ਨੇ ਕਿਹਾ ਕਿ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਆਪਣੀ ਨੇਕ ਕਮਾਈ ਦੇ ਵਿੱਚੋਂ ਦਸਵੰਧ ਕੱਢ ਕੇ ਅਜਿਹੇ ਲੋੜਵੰਦ ਪਰਿਵਾਰਾਂ ਦੀ ਮਦਦ ਕਰੀਏ ਜਿਹੜੇ ਕਿ ਜ਼ਰੂਰਤਮੰਦ ਹਨ ਕਿਉਂਕਿ ਲੋੜਵੰਦਾਂ ਦੀ ਮਦਦ ਕਰਨਾ ਹੀ ਅਸਲ ਸਮਾਜ ਸੇਵਾ ਹੈ। ਇਸ ਲਈ ਆਓ ਰਲ ਮਿਲ ਕੇ ਇੱਕਜੁੱਟ ਹੋ ਕੇ ਸਮਾਜ ਭਲਾਈ ਦੇ ਕੰਮਾਂ ਵਿੱਚ ਆਪਣਾ ਯੋਗਦਾਨ ਪਾਈਏ ਅਤੇ ਆਪਣੀ ਨੇਕ ਕਮਾਈ ਚੋਂ ਦਸਵੰਧ ਕੱਢ ਕੇ ਇਨ੍ਹਾਂ ਲੋਕਾਂ ਦੀ ਮਦਦ ਜ਼ਰੂਰ ਕਰੀਏ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਜਨਕ ਰਾਜ, ਮਹਿੰਦਰਪਾਲ, ਲੱਭਾ ਰਾਮ, ਸਰਬਜੀਤ, ਮਹਿੰਦਰਪਾਲ ਫੌਜੀ, ਪੂਰਨ ਚੰਦ, ਦਰਸ਼ਨ ਲਾਲ, ਵਿਕਰਮ, ਸੁਨੀਲ ਗੋਲਡੀ, ਸੁਰੇਸ਼, ਫ਼ਕੀਰ ਚੰਦ, ਸਮੂਹ ਕਮੇਟੀ ਮੈਂਬਰ, ਸੇਵਾਦਾਰ ਅਤੇ ਸੰਗਤਾਂ ਹਾਜ਼ਰ ਸਨ।

# ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਮੋਹਾਲੀ ਦੀ ਅਣਗਹਿਲੀ ਦੀ ਜ਼ਿੰਮੇਵਾਰੀ ਨਿਰਧਾਰਿਤ ਕੀਤੀ ਜਾਵੇ : ਮਾਵੀ

**ਮੋਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਮੋਹਾਲੀ ਦੀ ਅਣਗਹਿਲੀ ਦਾ ਖਮਿਆਜ਼ਾ ਬੇਕਸੂਰ ਸੇਵਾ-ਮੁਕਤ ਕਲਰਕ ਨੂੰ ਕਿਉਂ ਭੁਗਤਣਾ ਪਵੇ? ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਇੱਥੇ ਜਾਰੀ ਪ੍ਰੈਸ ਬਿਆਨ ਰਾਹੀਂ ਗੌਰਮਿੰਟ ਟੀਚਰ ਯੂਨੀਅਨ ਪੰਜਾਬ ਦੇ ਸਾਬਕਾ ਸੂਬਾ ਪ੍ਰੈੱਸ ਸਕੱਤਰ ਹਰਨੇਕ ਸਿੰਘ ਮਾਵੀ ਨੇ ਕੀਤਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮਾਵੀ ਨੇ ਦੱਸਿਆ ਕਿ ਵਿਭਾਗੀ ਨਿਯਮਾਂ ਅਨੁਸਾਰ ਕਿਸੇ ਵੀ ਵਿਭਾਗ ਦੇ ਡੀ ਡੀ ਓ ਵੱਲੋਂ ਆਪਣੇ ਅਧੀਨ ਕੰਮ ਕਰਦੇ ਮੁਲਾਜ਼ਮਾਂ ਦੇ ਸੇਵਾ-ਮੁਕਤੀ ਦੇ ਕੇਸ ਕਈ ਮਹੀਨੇ ਅਗੇਤੇ ਏ ਜੀ ਪੰਜਾਬ ਨੂੰ ਭੇਜਣੇ ਹੁੰਦੇ ਹਨ ਤਾਂ ਜੋ ਸੰਬੰਧਤ ਮੁਲਾਜ਼ਮ ਦੀ ਸੇਵਾ-ਮੁਕਤੀ ਹੋਣ ਤੇ ਤਨਖਾਹ ਬੰਦ ਹੋਣ ਦੇ ਨਾਲ ਨਾਲ ਉਸਦੀ ਪੈਨਸ਼ਨ ਸ਼ੁਰੂ ਹੋ ਸਕੇ।ਪ੍ਰੰਤੂ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਮੋਹਾਲੀ ਦੀ ਅਗਵਾਈ ਅਧੀਨ ਉਨ੍ਹਾਂ ਦੇ ਦਫਤਰ ਵੱਲੋਂ ਬੀਤੀ 30 ਅਪ੍ਰੈਲ ਨੂੰ ਸੇਵਾ ਮੁਕਤ ਹੋਏ ਕਲਰਕ ਜਸਬੀਰ ਸਿੰਘ ਦਾ ਸੇਵਾ-ਮੁਕਤੀ ਕੇਸ ਸਮੇਂ ਸਿਰ ਸਮਰਥ ਅਥਾਰਟੀ ਨੂੰ ਨਹੀਂ ਭੇਜਿਆ ਗਿਆ।ਸਗੋਂ ਜਾਣ ਬੁਝ ਕੇ ਤਿੰਨ ਹਫਤੇ ਲੇਟ ਕੀਤਾ ਗਿਆ।ਹਰਨੇਕ ਸਿੰਘ ਮਾਵੀ ਨੇ ਇਸ ਸੰਬੰਧੀ ਹੋਰ ਮਹੱਤਵਪੂਰਨ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਇਸੇ ਦਫ਼ਤਰ ਅਧੀਨ ਸੇਵਾ-ਮੁਕਤ ਹੋਏ ਪ੍ਰਿੰਸੀਪਲ ਜੋ ਕਿ 30 ਅਪ੍ਰੈਲ 2025/31 ਮਈ 2025 ਨੂੰ ਸੇਵਾ ਮੁਕਤ ਹੋਏ ਸਨ ਦੇ ਕੇਸ ਏ ਜੀ ਦਫਤਰ ਵਲੋਂ ਉਹਨਾਂ ਦੀ ਸੇਵਾ ਮੁਕਤੀ ਤੋਂ ਪਹਿਲਾਂ ਮੰਜ਼ੂਰ ਹੋ ਕੇ ਆ ਗਏ ਸਨ, ਜਦੋਂਕਿ ਜਸਵੀਰ ਸਿੰਘ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਮੋਹਾਲੀ ਦੀ ਇਸ ਬੱਜਰ ਗਲਤੀ ਕਾਰਨ ਆਪਣੀ ਪੈਨਸ਼ਨ ਹਾਲੇ ਵੀ ਉਡੀਕ ਰਿਹਾ ਹੈ।ਉਹਨਾਂ ਕਿਹਾ ਕਿ ਇਸ ਬਿਰਤਾਂਤ ਤੋਂ ਪ੍ਰਤੀਤ ਹੁੰਦਾ ਹੈ ਕੀ ਸਬੰਧਤ ਡੀ ਡੀ ਓ ਵੱਲੋਂ ਜਸਵੀਰ ਸਿੰਘ ਦੇ ਕੇਸ ਨੂੰ ਮਿਥ ਕੇ ਲਟਕਾਇਆ ਗਿਆ ਹੈ।ਅੰਤ ਵਿੱਚ ਸਾਬਕਾ ਅਧਿਆਪਕ ਆਗੂ ਨੇ ਸਿੱਖਿਆ ਮੰਤਰੀ ਪੰਜਾਬ, ਸਿੱਖਿਆ ਸਕੱਤਰ ਪੰਜਾਬ ਤੋਂ ਜੋਰਦਾਰ ਮੰਗ ਕੀਤੀ ਹੈ ਕਿ ਪੀੜਤ ਮੁਲਾਜ਼ਮ ਨੂੰ ਇਸ ਦੇਰੀ ਨਾਲ ਹੋਏ ਮਾਨਸਿਕ ਅਤੇ ਆਰਥਿਕ ਨੁਕਸਾਨ ਲਈ ਜਿੰਮੇਵਾਰ ਕਰਮਚਾਰੀ ਅਤੇ ਅਧਿਕਾਰੀ ਵਿਰੁੱਧ ਵਿਭਾਗੀ ਕਾਰਵਾਈ ਹੋਣੀ ਚਾਹੀਦੀ ਹੈ, ਤਾਂ ਕਿ ਉਹ ਦੁਬਾਰਾ ਅਜਿਹੀ ਬੱਜਰ ਗਲਤੀ ਮੁੜ ਨਾ ਦੁਹਰਾਉਣ ਅਤੇ ਹੋਰਨਾਂ ਨੂੰ ਵੀ ਕੰਨ ਹੋ ਸਕਣ।

# 'ਆਪ' ਉਮੀਦਵਾਰ ਵੱਡੀ ਲੀਡ ਨਾਲ ਜਿੱਤੇਗਾ ਲੁਧਿਆਣਾ ਜ਼ਿਮਨੀ ਚੋਣ : ਡਾਕਟਰ ਸੋਹਲ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**

ਤਰਨ ਤਾਰਨ ਦੇ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ ਕਿਹਾ ਕਿ 19 ਜੂਨ ਨੂੰ ਲੁਧਿਆਣਾ ਪੱਛਮੀ ਵਿਧਾਨ ਸਭਾ ਚੋਣਾਂ ਵਿੱਚ 'ਆਪ' ਉਮੀਦਵਾਰ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰੇਗਾ। ਡਾਕਟਰ ਸੋਹਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਬੀਤੇ ਤਿੰਨ ਸਾਲਾਂ ਵਿੱਚ ਲੋਕਾਂ ਨਾਲ ਕੀਤੇ ਚੋਣ ਵਾਅਦੇ ਵਧੇਰੇ ਪੂਰੇ ਕਰ ਦਿੱਤੇ ਹਨ। ਘਰੇਲੂ ਖਪਤਕਾਰਾਂ ਲਈ 600 ਯੂਨਿਟ ਮੁਫਤ ਬਿਜਲੀ, ਸਿਹਤ ਅਤੇ ਸਿੱਖਿਆ ਵਿੱਚ ਸੁਧਾਰ ਲਈ ਆਮ ਆਦਮੀ ਕਲੀਨਿਕਾਂ (ਅਰੋਗਿਆ ਸੇਵਾ ਕੇਂਦਰ), ਸਕੂਲ ਆਫ ਐਮੀਨੈਂਸ, ਸੜਕ ਸੁਰੱਖਿਆ ਟੀਮਾਂ, ਜ਼ਮੀਨਾਂ ਦੇ ਆਨਲਾਈਨ ਇੰਤਕਾਲ, ਫਰਦ ਬਦਰ ਆਦਿ ਵਰਗੀਆਂ ਸਹੂਲਤਾਂ ਦੇਣ ਦੇ ਨਾਲ ਨਾਲ 50 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਵੀ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਤੋਂ ਪੰਜਾਬ ਦੇ ਲੋਕ ਬਹੁਤ ਖੁਸ਼ ਹਨ ਅਤੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਲੁਧਿਆਣਾ ਵਾਸੀ ਆਪ ਦੇ ਉਮੀਦਵਾਰ ਨੂੰ ਵੱਡੀ ਲੀਡ ਨਾਲ ਜਿਤਾਉਣਗੇ। ਇਸ ਮੌਕੇ 'ਆਪ' ਆਗੂ ਮੈਡਮ ਨਵਜੋਤ ਹੁੰਦਲ, ਪੀ. ਏ. ਕੋਮਲਪ੍ਰੀਤ ਸਿੰਘ, ਚੇਅਰਮੈਨ ਮਾਸਟਰ ਤਸਵੀਰ ਸਿੰਘ, ਹਰਪਾਲ ਸਿੰਘ, ਸਰਬਦੀਪ ਸਿੰਘ, ਗੁਰਵੰਤ ਸਿੰਘ, ਮਨਜਿੰਦਰ ਸਿੰਘ ਬਿੱਟੂ, ਲਾਡੀ, ਲਵਪ੍ਰੀਤ ਕੌਰ, ਲਖਬੀਰ ਸਿੰਘ ਰਟੌਲ, ਹਰਪ੍ਰੀਤ ਸਿੰਘ ਖਾਲਸਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਥਾਣਾ ਦੋਰਾਂਗਲਾ ਦੀ ਪੁਲਸ ਵੱਲੋਂ ਤਿੰਨ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਦੋਰਾਂਗਲਾ ਪੁਲਸ ਦੇ ਏਐੱਸਆਈ. ਭੁਪਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਬਾਬੇ ਤਖੀਆ ਤੋਂ ਥੋੜ੍ਹਾ ਅੱਗੇ ਕੂੜਾ ਸ਼ੈੱਡ ਵਿੱਚੋਂ ਸੰਨੀ ਪੁੱਤਰ ਮੁਨਸ਼ੀ ਲਾਲ ਵਾਸੀ ਮਗਰਮੂੰਦੀਆ ਕਾਲੋਨੀ ਜੋ ਹੈਰੋਇਨ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਦੇ ਹੱਥ ਵਿੱਚ ਫੜੇ ਸਿਲਵਰ ਪੇਪਰ, ਲਇਟਰ ਅਤੇ 10 ਰੁਪਏ ਸਮੇਤ ਕਾਬੂ ਕੀਤਾ ਹੈ। ਥਾਣਾ ਕਲਾਨੌਰ ਦੇ ਐੱਸ. ਆਈ. ਪ੍ਰਲਾਦ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਹਰੀਮਾਬਾਦ ਰੋਡ ਕਲਾਨੌਰ ਤੋਂ ਚਮਕੌਰ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਅਠਵਾਲ ਥਾਣਾ ਕੋਟਲੀ ਸੂਰਤ ਮੱਲ੍ਹੀ ਨੂੰ ਸ਼ੱਕ ਦੇ ਆਧਾਰ 'ਤੇ ਮੋਮੀ ਲਿਫਾਫੇ ਸਮੇਤ ਕਾਬੂ ਰਕਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਦੀਨਨਗਰ ਪੁਲਸ ਦੇ ਏ. ਐੱਸ. ਆਈ. ਰਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਨੈਸ਼ਨਲ ਹਾਈਵੇ ਨਾਕਾ ਸਾਹਮਣੇ ਸ਼ੂਗਰ ਮਿੱਲ ਪਨਿਆੜ ਵਿਖੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ ਕਿ ਅੰਮ੍ਰਿਤਸਰ ਸਾਈਡ ਵੱਲੋਂ ਇੱਕ ਕਾਰ ਵਿੱਚ ਮੁਹੀਤ ਸਈਦ ਪੁੱਤਰ ਸਈਅਦ ਅਹਿਮਦ ਵਾਸੀ ਸ੍ਰੀਨਗਰ, ਕੁਵੈਦ ਅਹਿਮਦ ਪੁੱਤਰ ਯਕੂਬ ਅਹਿਮਦ ਬੱਟ ਵਾਸੀ ਸ਼੍ਰੀਨਗਰ, ਮੁਹੰਮਦ ਇਆਜ਼ ਅਹਿਮਦ ਪੁੱਤਰ ਗੁਲਾਮ ਅਹਿਮਦ ਵਾਸੀ ਸ਼੍ਰੀਨਗਰ ਸਵਾਰ ਸਨ, ਜਿਨ੍ਹਾਂ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਤਲਾਸ਼ੀ ਕੀਤੀ ਤਾਂ ਕਾਰ ਦੇ ਡੈਸ਼ ਬੋਰਡ ਵਿੱਚੋਂ 29 ਗ੍ਰਾਮ 89 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਹੋਈ ਹੈ। ਪੁਲਸ ਨੇ ਤਿੰਨਾਂ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕੱਥੂਨੰਗਲ ਰੈਲੀ ਨੇ ਸਾਬਤ ਕਰ ਦਿੱਤਾ ਕਿ ਪੰਜਾਬ 'ਚ ਅਗਲੀ ਸਰਕਾਰ ਕਾਂਗਰਸ ਦੀ ਬਣੇਗੀ : ਕੱਕੜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਵਿਧਾਨ ਸਭਾ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਇੰਚਾਰਜ ਭਗਵੰਤਪਾਲ ਸਿੰਘ ਸੱਚਰ ਦੀ ਅਗਵਾਈ ਹੇਠ ਕੱਥੂਨੰਗਲ ਵਿਖੇ ਹੋਈ ਸੰਵਿਧਾਨ ਬਚਾਓ ਰੈਲੀ ਵਿੱਚ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਆਪਣੇ ਸਾਥੀਆਂ ਸਮੇਤ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਕਿਹਾ ਕਿ ਕੱਥੂਨੰਗਲ ਵਿਖੇ ਹੋਈ ਇਤਿਹਾਸਿਕ ਸੰਵਿਧਾਨ ਬਚਾਓ ਰੈਲੀ ਨੇ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਜੜ੍ਹਾਂ ਹਿਲਾ ਦਿੱਤੀਆਂ ਅਤੇ ਪੰਜਾਬ ਵਿੱਚ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਦਾ ਮੁੱਢ ਬੰਨ੍ਹ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਤੋਂ ਸਤਾਈ ਜਨਤਾ ਆਪਣੇ ਅਤੇ ਆਪਣੇ ਬੱਚਿਆਂ ਦੇ ਉਜਵਲ ਭਵਿੱਖ ਲਈ ਬੜੀ ਬੇਸਬਰੀ ਨਾਲ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਦੀ ਰਾਹ ਵੇਖ ਰਹੀ ਹੈ।ਇਸ ਮੌਕੇ ਉਨ੍ਹਾਂ ਨਾਲ ਹਰਭੇਜ ਸਿੰਘ ਵਣੀਏਕੇ ਬਲਾਕ ਪ੍ਰਧਾਨ ਚੋਗਾਵਾਂ, ਸੁਖਦੇਵ ਸਿੰਘ ਵਣੀਏਕੇ, ਬਲਵਿੰਦਰ ਸਿੰਘ ਵਣੀਏਕੇ, ਸ਼ਮਸ਼ੇਰ ਸਿੰਘ ਚੋਗਾਵਾਂ, ਸੁਖਦੇਵ ਸਿੰਘ ਨੱਥੂਪੁਰ, ਰੇਸ਼ਮ ਸਿੰਘ ਲੋਧੀਗੁੱਜਰ, ਦਲਬੀਰ ਸਿੰਘ ਕੋਹਾਲੀ, ਰਿੰਕੂ ਕੋਹਾਲੀ, ਜਸਪਾਲ ਸਿੰਘ ਦਸਮੇਸ਼ ਨਗਰ, ਨਿਸ਼ਾਨ ਸਿੰਘ ਮੰਝ, ਦਿਲਬਾਗ ਸਿੰਘ ਖਿਆਲਾ ਕਲਾਂ ਅਤੇ ਮੇਜਰ ਸਿੰਘ ਚੋਗਾਵਾਂ ਆਦਿ ਹਾਜ਼ਰ ਸਨ।

# ਪੀਰ ਬਾਬਾ ਬੋਦੇ ਸ਼ਾਹ ਦਾ ਸਾਲਾਨਾ ਉਰਸ ਭਲਕੇ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**

ਸਥਾਨਕ ਸ਼ਹਿਰ ਅਜਨਾਲਾ ਦੇ ਕਲਗੀਧਰ ਗੁਰਦੁਆਰਾ ਸਾਹਿਬ ਦੇ ਨਜ਼ਦੀਕ ਪੀਰ ਬਾਬਾ ਬੋਦੇ ਸ਼ਾਹ ਜੀ ਦੀ ਦਰਬਾਰ 'ਤੇ ਸਾਲਾਨਾ ਉਰਸ 18 ਜੂਨ ਦਿਨ ਸ਼ਨੀਵਾਰ ਨੂੰ ਬੜੀ ਸ਼ਰਧਾ ਭਾਵਨਾ ਧੂਮਧਾਮ ਤੇ ਉਤਸ਼ਾਹ ਦੇ ਨਾਲ ਮਨਾਇਆ ਜਾਵੇਗਾ।ਦਰਬਾਰ 'ਤੇ ਚਾਦਰ ਝੰਡਾ ਚੜ੍ਹਾਉਣ ਦੀ ਰਸਮ ਸ਼ਾਮ ਪੰਜ ਵਜੇ ਢੋਲ ਡਮੱਕਿਆਂ ਦੇ ਨਾਲ ਹੋਵੇਗੀ।ਇਹ ਜਾਣਕਾਰੀ ਪੀਰ ਬਾਬਾ ਬੋਦੇ ਸ਼ਾਹ ਜੀ ਦੇ ਦਰਬਾਰ ਦੇ ਮੁੱਖ ਸੇਵਾਦਾਰ ਦਵਿੰਦਰ ਕੁਮਾਰ ਪੁਰੀ ਨੇ ਕੁੱਝ ਚੋਣਵੇਂ ਪੱਤਰਕਾਰਾਂ ਦੇ ਨਾਲ ਗੱਲਬਾਤ ਦੌਰਾਨ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਬਾਬਾ ਜੀ ਦੇ ਉਰਸ ਵਿੱਚ ਪਹੁੰਚ ਰਹੇ ਪੰਜਾਬ ਦੇ ਮਸ਼ਹੂਰ ਕੱਵਾਲ ਯਾਸਿਰ ਹੁਸੈਨ, ਕੌਸ਼ਲਦੀਪ ਅਜਨਾਲਾ ਅਤੇ ਰਾਣਾ ਛੱਲਾਂ ਬਾਬਾ ਜੀ ਦੀਆਂ ਕੱਵਾਲੀਆਂ ਗਾ ਕੇ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕਰਨਗੇ। ਮਹਿੰਦੀ ਡੋਰੀ ਦੀ ਰਸਮ 17 ਜੂਨ ਦਿਨ ਮੰਗਲਵਾਰ ਰਾਤ 8 ਵਜੇ ਹੋਵੇਗੀ ਅਤੇ ਮਹਿਫ਼ਲ ਸ਼ੁਰੂ ਹੋਣ ਦਾ ਸਮਾਂ ਰਾਤ 8 ਵਜੇ ਤੋਂ ਲੈ ਕੇ 2 ਵਜੇ ਤੱਕ ਹੋਵੇਗਾ।ਲੰਗਰ ਭੰਡਾਰਾ ਵੀ ਅਤੁੱਟ ਵਰਤਾਇਆ ਜਾਵੇਗਾ।ਸਭ ਨੇ ਪਹੁੰਚ ਕੇ ਹਾਜ਼ਰੀ ਲਗਵਾਉਣੀ ਤੇ ਬਾਬਾ ਜੀ ਕੋਲੋਂ ਅਸ਼ੀਰਵਾਦ ਤੇ ਖੁਸ਼ੀਆਂ ਪ੍ਰਾਪਤ ਕਰਨੀਆਂ।ਇਸ ਮੌਕੇ ਜੈਪਾਲ ਸ਼ਰਮਾ ਜਨਰਲ ਸੈਕਟਰੀ, ਵਿਨੋਦ ਕੁਮਾਰ ਅਰੋੜਾ ਸੀਨੀਅਰ ਮੀਤ ਪ੍ਰਧਾਨ, ਅਸੀਸ ਮਰਵਾਹਾ ਵਾਈਸ ਪ੍ਰਧਾਨ, ਤਰੁਣ ਕੁਮਾਰ ਹੈਪੀ ਸ਼ਾਹ ਖਜ਼ਾਨਚੀ, ਕੁਲਦੀਪ ਕੁਮਾਰ ਸ਼ਰਮਾ ਸਲਾਹਾਕਾਰ, ਗੁਲਸ਼ਨ ਕੁਮਾਰ ਠੇਕੇਦਾਰ ਮੈਂਬਰ, ਮਨੀਸ਼ ਅਜਨਾਲਾ, ਦਰਬਾਰ ਦੇ ਪ੍ਰੈੱਸ ਸਕੱਤਰ ਬਾਊ ਸੁਖਦੇਵ ਸਰੀਨ ਚੱਕ ਔਲ ਅਜਨਾਲਾ ਵਾਲੇ, ਬੰਟੀ ਸ਼ਰਮਾ, ਅਨੀਸ ਪੁਰੀ, ਰਾਜਿੰਦਰ ਕੁਮਾਰ ਟੋਨੀ, ਲੱਕੀ ਚਾਵਲਾ, ਕਾਰਤਿਕ ਸ਼ਰਮਾ, ਅਰੁਣ ਸ਼ਰਮਾ, ਮਾਨਿਕ ਸ਼ਰਮਾ, ਪਾਰਸ ਸ਼ਰਮਾ, ਪੁਰੀ ਅਜਨਾਲਾ, ਪਵਨ ਕੁਮਾਰ, ਮੋਨੂੰ ਪਾਹਵਾ, ਗਗਨ ਸਚਦੇਵਾ, ਸ਼ੇਰਾ ਵਿਰਕ ਆਦਿ ਮੈਂਬਰ ਅਤੇ ਦਰਬਾਰ ਦੇ ਸੇਵਾਦਾਰ ਹਾਜ਼ਰ ਸਨ।

## ਬਘਾਣਾ ਵਿਖੇ ਪੀਰ ਬਾਬਾ ਸੈਦੇ ਸ਼ਾਹ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਭਲਕੇ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਘਾਣਾ ਵਿਖੇ ਦਰਬਾਰ ਪੀਰ ਬਾਬਾ ਸੈਦੇ ਸ਼ਾਹ ਦੀ ਮਜ਼ਾਰ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਪੀਰ ਬਾਬਾ ਸੈਦੇ ਸ਼ਾਹ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ 18 ਜੂਨ ਨੂੰ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਦੌਰਾਨ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 18 ਜੂਨ ਨੂੰ ਸਾਲਾਨਾ ਜੋੜ ਮੇਲੇ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ ਪੀਰਾਂ ਦੇ ਗੁਣਗਾਨ ਕਰਨਗੇ। ਉਨ੍ਹਾਂ ਦੱਸਿਆ ਕਿ ਸਲਾਨਾ ਜੋੜ ਮੇਲੇ ਮੌਕੇ ਇਲਾਕੇ ਭਰ ਤੋਂ ਵੱਡੀ ਗਿਣਤੀ ਫੱਕਰ ਫ਼ਕੀਰ ਪੁੱਜ ਕੇ ਹਾਜ਼ਰੀ ਭਰਨਗੇ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਸਾਲਾਨਾ ਜੋੜ ਮੇਲੇ ਮੌਕੇ ਚਾਹ ਪਕੌੜੇ, ਛਬੀਲ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਕੁਲਵਿੰਦਰ ਕੌਰ ਨੇ ਚੋਣ ਤਹਿਸੀਲਦਾਰ ਵਜੋਂ ਅਹੁਦਾ ਸੰਭਾਲਿਆ

**ਨਵਾਸ਼ਹਿਰ (ਮਨੋਜ ਲਾਡੀ)**- ਪੰਜਾਬ ਦੇ ਮੁੱਖ ਚੋਣ ਅਫਸਰ ਵੱਲੋਂ ਜਾਰੀ ਹੁਕਮਾਂ ਅਨੁਸਾਰ ਇੱਥੇ ਚੋਣ ਤਹਿਸੀਲਦਾਰ ਵਜੋਂ ਕੁਲਵਿੰਦਰ ਕੌਰ ਨੇ ਅਹੁਦਾ ਸੰਭਾਲਿਆ। ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਬਤੌਰ ਚੋਣ ਕਾਨੂੰਗੋ ਤਾਇਨਾਤ ਰਹੇ ਕੁਲਵਿੰਦਰ ਕੌਰ ਨੇ ਤਰੱਕੀ ਉਪਰੰਤ ਚੋਣ ਤਹਿਸੀਲਦਾਰ ਵਜੋਂ ਚਾਰਜ ਲੈਂਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਲਗਨ, ਜਿੰਮੇਵਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ।

# ਸਾਬਕਾ ਵਿਧਾਇਕ ਸਿੱਕੀ ਨੇ ਬਾਬਾ ਖੇਤਰਪਾਲ ਦੇ ਸਾਲਾਨਾ ਮੇਲੇ ਮੌਕੇ ਭਰੀ ਹਾਜ਼ਰੀ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਜੌੜਾ ਜੰਡ ਦਰਬਾਰ ਬਾਬਾ ਖੇਤਰਪਾਲ ਜੀ, ਫਤਿਆਬਾਦ ਵਿਖੇ ਸਾਲਾਨਾ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਕਾਂਗਰਸ ਪਾਰਟੀ ਦੇ ਨਿਧੜਕ ਆਗੂ ਅਤੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਬਾਬਾ ਜੀ ਦੇ ਅਸਥਾਨ ਤੇ ਸਾਥੀਆਂ ਸਮੇਤ ਹਾਜ਼ਰੀ ਭਰੀ। ਇਸ ਮੌਕੇ ਅਸਥਾਨ ਦੇ ਮੁੱਖ ਸੇਵਾਦਾਰ ਸੁਖਦੇਵ ਰਾਜ ਸੁੱਖ ਨੇ ਆਏ ਮਹਾਂਪੁਰਸ਼ਾਂ ਤੇ ਮੋਹਤਬਰ ਸ਼ਖਸੀਅਤਾਂ ਦਾ ਸਨਮਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਵਿੰਦਰ ਸਿੰਘ ਸਰਪੰਚ ਫਤਿਹਾਬਾਦ, ਮਹਿੰਦਰ ਸਿੰਘ ਕੰਬੋਜ, ਸੁਖਦੇਵ ਸਿੰਘ ਨੰਬਰਦਾਰ, ਰਣਜੀਤ ਸਿੰਘ ਪੀ ਏ (ਸਿੱਕੀ), ਮਾਸਟਰ ਹਰਵਿੰਦਰ ਸਿੰਘ, ਬਲਜੀਤ ਸਿੰਘ, ਹਰਜੀਤ ਸਿੰਘ ਪੰਚ, ਸਾਬੀ ਮੈਂਬਰ, ਮਲਕੀਤ ਸਿੰਘ ਪੰਚ, ਬਲਜੀਤ ਸਿੰਘ ਸਰਪੰਚ ਚੰਡੀਗੜ੍ਹ ਮੁਹੱਲਾ, ਕਰਨੈਲ ਸਿੰਘ ਪ੍ਰਧਾਨ ਆਦਿ ਨੇ ਹਾਜ਼ਰੀ ਭਰੀ। ਇਸ ਸਮਾਗਮ ਵਿਚ ਗਾਇਕ ਮਾਹੀ ਅੰਮ੍ਰਿਤਸਰ ਵਾਲਿਆਂ ਨੇ ਬਾਬਾ ਜੀ ਦਾ ਗੁਣਗਾਨ ਕੀਤਾ।

# ਏਡੀਸੀ ਵੱਲੋਂ ਅਧਿਕਾਰੀਆਂ ਨੂੰ ਹੜ੍ਹ ਰੋਕੂ ਪ੍ਰਬੰਧਾਂ ਨੂੰ ਬਿਨਾਂ ਕਿਸੇ ਦੇਰੀ ਮੁਕੰਮਲ ਕਰਨ ਦੇ ਨਿਰਦੇਸ਼

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਬਿਨਾਂ ਕਿਸੇ ਦੇਰੀ ਆਪਣੇ ਵਿਭਾਗ ਨਾਲ ਸਬੰਧਿਤ ਹੜ੍ਹ ਰੋਕੂ ਪ੍ਰਬੰਧਾਂ ਨੂੰ ਮੁਕੰਮਲ ਕਰ ਲੈਣ ਤਾਂ ਜੋ ਆਉਣ ਵਾਲੇ ਬਰਸਾਤੀ ਸੀਜ਼ਨ ਦੌਰਾਨ ਹੜ੍ਹਾਂ ਦੇ ਸੰਭਾਵੀ ਖ਼ਤਰੇ ਨੂੰ ਟਾਲਿਆ ਜਾ ਸਕੇ।ਵਧੀਕ ਡਿਪਟੀ ਕਮਿਸ਼ਨਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਹੜ੍ਹਾਂ ਤੋਂ ਬਚਾਅ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾਣ ਵਾਲੇ ਪ੍ਰਬੰਧਾਂ ਅਤੇ ਤਿਆਰੀਆਂ ਦਾ ਰੀਵਿਊ ਕਰ ਰਹੇ ਸਨ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਨੇ ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਪੈਂਦੇ ਸੇਮ ਨਾਲਿਆਂ ਨੂੰ ਸਾਫ਼ ਕਰਨ ਦਾ ਜੋ ਕੰਮ ਚੱਲ ਰਿਹਾ ਹੈ ਉਸ ਨੂੰ ਜਲਦੀ ਮੁਕੰਮਲ ਕਰ ਲਿਆ ਜਾਵੇ ਤਾਂ ਜੋ ਬਰਸਾਤਾਂ ਦੌਰਾਨ ਪਾਣੀ ਦੀ ਨਿਕਾਸੀ ਵਿੱਚ ਕੋਈ ਰੋਕ ਨਾ ਆਵੇ।ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਹੜ੍ਹ ਵਰਗੀ ਕਿਸੇ ਵੀ ਸੰਭਾਵੀ ਤ੍ਰਾਸਦੀ ਤੋਂ ਬਚਾਅ ਲਈ ਮੈਡੀਕਲ ਟੀਮਾਂ ਅਤੇ ਦਵਾਈਆਂ ਆਦਿ ਦੇ ਅਗੇਤੇ ਪ੍ਰਬੰਧ ਕਰਕੇ ਰੱਖੇ ਜਾਣ।ਉਨ੍ਹਾਂ ਕਿਹਾ ਕਿ ਸਬੰਧਿਤ ਵਿਭਾਗਾਂ ਵੱਲੋਂ ਲੋੜੀਂਦੀ ਗਿਣਤੀ ਵਿੱਚ ਕਿਸ਼ਤੀਆਂ, ਫੂਡ ਪੈਕ, ਪੀਣ ਵਾਲੇ ਪਾਣੀ ਅਤੇ ਹੋਰ ਲੋੜੀਂਦੇ ਪ੍ਰਬੰਧ ਕਰਕੇ ਵੀ ਰੱਖੇ ਜਾਣ।ਵਧੀਕ ਡਿਪਟੀ ਕਮਿਸ਼ਨਰ ਨੇ ਨਗਰ ਨਿਗਮ ਬਟਾਲਾ ਅਤੇ ਜ਼ਿਲ੍ਹੇ ਦੀਆਂ ਸਮੂਹ ਨਗਰ ਕੌਂਸਲਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸ਼ਹਿਰਾਂ ਵਿੱਚ ਸੀਵਰੇਜ ਦੀ ਸਫ਼ਾਈ ਨੂੰ ਯਕੀਨੀ ਬਣਾਉਣ ਤਾਂ ਜੋ ਬਰਸਾਤ ਦੌਰਾਨ ਸ਼ਹਿਰਾਂ ਦੇ ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਤੋਂ ਰੋਕਿਆ ਜਾ ਸਕੇ।ਉਨ੍ਹਾਂ ਕਿਹਾ ਕਿ ਸੀਵਰੇਜ ਦੀ ਸਫ਼ਾਈ ਦੇ ਨਾਲ ਇਹ ਯਕੀਨੀ ਬਣਾਇਆ ਜਾਵੇ ਕਿ ਸ਼ਹਿਰਾਂ ਵਿੱਚੋਂ ਲੰਘਦੇ ਨਾਲੇ ਪੂਰੀ ਤਰਾਂ ਸਾਫ਼ ਹੋਣ ਤਾਂ ਜੋ ਉਨ੍ਹਾਂ ਦਾ ਪਾਣੀ ਸ਼ਹਿਰਾਂ ਵਿੱਚ ਹੜ੍ਹ ਦਾ ਕਾਰਨ ਨਾ ਬਣੇ।ਮੀਟਿੰਗ ਦੌਰਾਨ ਐੱਸਡੀਐੱਮ ਦੀਨਾਨਗਰ ਜਸਪਿੰਦਰ ਸਿੰਘ, ਐੱਸਡੀਐੱਮ ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਸਹਾਇਕ ਕਮਿਸ਼ਨਰ ਰੁਪਿੰਦਰਪਾਲ ਸਿੰਘ, ਸਹਾਇਕ ਕਮਿਸ਼ਨਰ ਕੁਲਦੀਪ ਚੰਦ, ਜ਼ਿਲ੍ਹਾ ਮਾਲ ਅਫ਼ਸਰ ਜਸਕਰਨ ਸਿੰਘ, ਐਕਸੀਅਨ ਡਰੇਨਜ਼ ਦਿਲਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਮਸ਼ੀਨ ਨਾਲ ਝੋਨੇ ਦੀ ਲਵਾਈ ਦਾ ਨਿਰੀਖਣ ਕਰਨ ਖੇਤੀਬਾੜੀ ਅਫਸਰ ਪਿੰਡ ਕੋਟ ਬੁੱਢਾ ਪਹੁੰਚੇ

**ਪੱਟੀ (ਬਲਦੇਵ ਸਿੰਘ ਸੰਧੂ)**

ਝੋਨੇ ਹੇਠ ਰਕਬਾ ਵਧਣ ਅਤੇ ਖੇਤੀ ਸੈਕਟਰ ਵਿੱਚ ਦਿਨ-ਬ-ਦਿਨ ਮਹਿਸੂਸ ਕੀਤੀ ਜਾ ਰਹੀ ਮਜ਼ਦੂਰਾਂ ਦੀ ਘਾਟ ਕਾਰਨ ਕਈ ਵਾਰ ਕੁੱਝ ਕਿਸਾਨ ਸਿਫਾਰਿਸ਼ ਸਮੇਂ ਤੋਂ ਪਹਿਲਾਂ ਹੀ ਝੋਨਾ ਲਗਾਉਣ ਦੀ ਕੋਸ਼ਿਸ਼ ਕਰਦੇ ਹਨ ਤਾਂ ਜੋ ਲੇਬਰ ਨੂੰ ਹੱਥਾਂ ਵਿੱਚ ਕੀਤਾ ਜਾ ਸਕੇ। ਇਸ ਤਰ੍ਹਾਂ ਅਗੇਤਾ ਝੋਨਾ ਲਾਉਣ ਨਾਲ ਜਿੱਥੇ ਪਾਣੀ ਦਾ ਵੱਡਾ ਨੁਕਸਾਨ ਹੁੰਦਾ ਹੈ, ਉੱਥੇ ਫਸਲ ਦਾ ਝਾੜ ਵੀ ਘੱਟ ਜਾਂਦਾ ਹੈ। ਨਾਲ ਹੀ ਨਾਲ ਅਗੇਤੇ ਝੋਨੇ ਵਿੱਚ ਖਾਦਾਂ ਅਤੇ ਕੀੜੇਮਾਰ ਜ਼ਹਿਰਾਂ ਦੀ ਵਰਤੋਂ ਵੀ ਵੱਧ ਵੇਖਣ ਵਿੱਚ ਮਿਲਦੀ ਹੈ ਜਿਸ ਦਾ ਵਾਧੂ ਆਰਥਿਕ ਬੋਝ ਕਿਸਾਨਾਂ ਦੀ ਜੇਬ 'ਤੇ ਪੈਂਦਾ ਹੈ। ਇਸ ਦੇ ਉਲਟ ਜੇਕਰ ਝੋਨੇ ਦੀ ਲਵਾਈ ਲੇਟ ਹੋ ਜਾਵੇ ਤਾਂ ਇਸ ਵਿੱਚ ਨਮੀ ਦੀ ਮਾਤਰਾ ਵੱਧਣ ਅਤੇ ਕਣਕ ਦੀ ਬਿਜਾਈ ਲੇਟ ਹੋਣ ਦੀ ਚਿੰਤਾ ਸਤਾਉਂਦੀ ਹੈ। ਭਵਿੱਖ ਵਿੱਚ ਅਜਿਹੀ ਸਮੱਸਿਆ ਦੇ ਹੱਲ ਲਈ ਜਿੱਥੇ ਸਾਇੰਸਦਾਨ ਝੋਨੇ ਦੀ ਲਵਾਈ ਮਸ਼ੀਨਾਂ ਨਾਲ ਕਰਨ ਲਈ ਉਪਰਾਲੇ ਕਰ ਰਹੇ ਹਨ, ਉੱਥੇ ਇਨ੍ਹਾਂ ਮਸ਼ੀਨਾਂ ਤੇ ਸਮੈਮ ਸਕੀਮ ਤਹਿਤ ਪੰਜਾਬ ਸਰਕਾਰ 40 ਤੋਂ 50 ਪ੍ਰਤੀਸਤ ਸਬਸਿਡੀ ਦੇ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਖੇਤੀਬਾੜੀ ਅਫਸਰ ਪੱਟੀ ਡਾ. ਭੁਪਿੰਦਰ ਸਿੰਘ, ਮਨਮੋਹਨ ਸਿੰਘ ਏਈਓ ਅਤੇ ਗੁਰਪ੍ਰੀਤ ਸਿੰਘ ਬੀਟੀਐੱਮ ਨੇ ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ. ਹਰਪਾਲ ਸਿੰਘ ਪੰਨੂ ਦੇ ਦਿਸ਼ਾ ਨਿਰਦੇਸ਼ ਤਹਿਤ ਪਿੰਡ ਕੋਟ

## ਅਗੇਤਾ ਝੋਨਾ ਲਾਉਣ ਨਾਲ ਜਿੱਥੇ ਪਾਣੀ ਦਾ ਵੱਡਾ ਨੁਕਸਾਨ ਹੁੰਦਾ ਉੱਥੇ ਫਸਲ ਦਾ ਝਾੜ ਵੀ ਘਟ ਜਾਂਦਾ : ਡਾ. ਭੁਪਿੰਦਰ ਸਿੰਘ



ਬੁੱਢਾ ਵਿਖੇ ਮਸ਼ੀਨ ਦੁਆਰਾ ਝੋਨੇ ਦੀ ਲਵਾਈ ਦਾ ਨਿਰੀਖਣ ਕਰਨ ਮੌਕੇ ਕੀਤਾ। ਪਹਿਲੀ ਵਾਰ ਪਿੰਡ ਬੰਗਲਾ ਰਾਏ ਅਤੇ ਕੋਟ ਬੁੱਢਾ ਵਿਖੇ ਲੱਗਭਗ 240 ਏਕੜ ਵਿੱਚ ਮਸ਼ੀਨ ਨਾਲ ਝੋਨੇ, ਬਾਸਮਤੀ ਦੀ ਲਵਾਈ ਕਰ ਰਹੇ, ਪਿੰਡ ਬੰਗਲਾ ਰਾਏ ਦੇ ਅੰਗਰੇਜ ਸਿੰਘ ਹੈਪੀ ਅਤੇ ਗੁਰਤੇਜ ਸਿੰਘ ਦਾ ਮੰਨਣਾ ਹੈ ਕਿ ਝੋਨੇ ਦੀ ਮਸ਼ੀਨੀ ਲਵਾਈ ਬਹੁਤ ਆਸਾਨੀ ਨਾਲ ਹੋ ਜਾਂਦੀ ਹੈ, ਪਰ ਇਸ ਦੀ ਸਫਲਤਾ ਲਈ ਸਹੀ ਤਰੀਕੇ ਨਾਲ ਪਨੀਰੀ ਤਿਆਰ ਕਰਨ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ। ਜਿਸ ਖੇਤ ਵਿੱਚ ਪਨੀਰੀ ਤਿਆਰ ਕਰਨੀ ਹੈ, ਉਸ ਖੇਤ ਦੀ ਮਿੱਟੀ ਰੋਟਾਵੇਟਰ ਫੇਰ ਕੇ ਬਰੀਕ ਕੀਤੀ ਜਾਂਦੀ ਹੈ। ਪਨੀਰੀ ਵਾਲਾ ਅਤੇ ਜਿਸ ਖੇਤ ਵਿੱਚ ਮਸ਼ੀਨ ਨਾਲ ਲਵਾਈ ਕਰਨੀ ਹੈ, ਉਸ ਖੇਤ ਨੂੰ ਲੇਜ਼ਰ ਲੈਵਲਰ ਨਾਲ ਇੱਕਸਾਰ ਪੱਧਰਾ ਕਰਨਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਮਸ਼ੀਨ ਨਾਲ ਔਸਤਨ 10 ਏਕੜ ਪ੍ਰਤੀ ਦਿਨ ਲਵਾਈ ਹੋ ਜਾਂਦੀ ਹੈ ਜਿਸ ਨਾਲ ਲੇਬਰ ਅਤੇ ਸਮੇਂ ਦੀ ਬਹੁਤ ਵੱਡੀ ਬੱਚਤ ਹੁੰਦੀ ਹੈ। ਖੇਤ ਵਿੱਚ ਬੂਟਿਆਂ ਦੀ ਇੱਕਸਾਰ ਲਵਾਈ ਅਤੇ ਗਿਣਤੀ ਵੱਧ ਹੋਣ ਕਰਕੇ ਫਸਲ ਦਾ ਝਾੜ ਵੀ ਵੱਧ ਨਿਕਲਣ ਦੀ ਸੰਭਾਵਨਾ ਰਹਿੰਦੀ ਹੈ। ਨਿਰੀਖਣ ਦੌਰਾਨ ਅਧਿਕਾਰੀਆਂ ਨੇ ਕਿਹਾ ਕਿ ਉੱਦਮੀ ਕਿਸਾਨ, ਸਮੂਹ ਅਤੇ ਸੁਸਾਇਟੀਆਂ ਇਸ ਤਕਨੀਕ ਸਬੰਧੀ ਸਿੱਖਿਅਤ ਹੋ ਕੇ ਝੋਨੇ ਦੀ ਲਵਾਈ ਵਾਲੀਆਂ ਮਸ਼ੀਨਾਂ ਨੂੰ ਲਾਹੇਵੰਦ ਤਰੀਕੇ ਨਾਲ ਕਿਰਾਏ ਤੇ ਚਲਾ ਸਕਦੀਆਂ ਹਨ। ਇਸ ਨਾਲ ਜਿੱਥੇ ਪਿੰਡ ਦੇ ਦੂਜੇ ਕਿਸਾਨਾਂ ਨੂੰ ਫਾਇਦਾ ਹੋਵੇਗਾ ਉਸ ਦੇ ਨਾਲ ਹੀ ਇਹ ਆਮਦਨ ਦਾ ਜ਼ਰੀਆ ਵੀ ਬਣ ਸਕਦੀਆਂ ਹਨ। ਇਸ ਮੌਕੇ ਬਲਰਾਜ ਸਿੰਘ ਖੇਤੀ ਉਪ ਨਿਰੀਖਕ, ਗੁਰਦੇਵ ਸਿੰਘ ਖੇਤੀ ਤਕਨੀਕੀ ਪ੍ਰਬੰਧਕ, ਗੁਰਲਾਲ ਸਿੰਘ ਫੀਲਡ ਵਰਕਰ, ਜਗਤਾਰ ਸਿੰਘ ਅਤੇ ਪ੍ਰਭਦੀਪ ਸਿੰਘ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

ਨਵਾਂ ਜ਼ਮਾਨਾ

ਮੰਗਲਵਾਰ, 17 ਜੂਨ 2025

# ਕੀ ਕਰਨਾ ਲੋੜੀਏ

ਪਹਿਲਾਂ ਪੁਲਵਾਮਾ ਤੇ ਫਿਰ ਪਹਿਲਗਾਮ 'ਚ ਦਹਿਸ਼ਤਗਰਦਾਂ ਦੇ ਹਮਲਿਆਂ ਨੇ ਭਾਰਤ ਦੀ ਅਜਿਹੇ ਹਮਲਿਆਂ ਨਾਲ ਨਿਬੜਨ ਦੀ ਸਮਰੱਥਾ 'ਤੇ ਸੁਆਲੀਆ ਨਿਸ਼ਾਨ ਲਾਏ ਹਨ। ਇਨ੍ਹਾਂ ਹਮਲਿਆਂ ਨੇ ਇਸ ਦੀਆਂ ਕਮਜ਼ੋਰੀਆਂ ਨੂੰ ਉਜਾਗਰ ਕੀਤਾ ਹੈ। ਇਨ੍ਹਾਂ ਕਮਜ਼ੋਰੀਆਂ ਨੂੰ ਦਹਿਸ਼ਤਗਰਦੀ ਦੇ ਅਸਲ ਕਾਰਨਾਂ ਦਾ ਪਤਾ ਲਾ ਕੇ ਹੀ ਦੂਰ ਕੀਤਾ ਜਾ ਸਕਦਾ ਹੈ। ਇੱਕ ਗੱਲ ਤਾਂ ਸਾਫ ਹੈ ਕਿ ਭਾਰਤ 'ਚ ਹਮਲੇ ਕਰਨ ਵਾਲੀਆਂ ਜਥੇਬੰਦੀਆਂ ਪਾਕਿਸਤਾਨ ਕੇਂਦਰਤ ਹਨ। ਇਹ ਉਹੀ ਜਥੇਬੰਦੀਆਂ ਹਨ, ਜਿਹੜੀਆਂ ਅਫਗਾਨਿਸਤਾਨ ਵਿੱਚ ਸੋਵੀਅਤ ਯੂਨੀਅਨ ਦੀ ਹਮਾਇਤ ਹਾਸਲ ਸਰਕਾਰ ਨੂੰ ਬੇਦਖਲ ਕਰਨ ਲਈ ਅਮਰੀਕਾ ਨੇ ਖੜ੍ਹੀਆਂ ਕੀਤੀਆਂ ਸਨ। ਚੂੰਕਿ ਅਮਰੀਕਾ ਅਫਗਾਨਿਸਤਾਨ ਵਿੱਚ ਸੋਵੀਅਤ ਫੌਜਾਂ ਦਾ ਸਿੱਧਾ ਟਾਕਰਾ ਕਰਨ ਦੀ ਸਥਿਤੀ ਵਿੱਚ ਨਹੀਂ ਸੀ, ਇਸ ਲਈ ਉਸ ਨੇ ਪਾਕਿਸਤਾਨ ਵਿਚਲੇ ਮਦਰੱਸਿਆਂ ਦੀ ਮਦਦ ਕਰਕੇ ਤਾਲਿਬਾਨ ਵਰਗੀਆਂ ਜਥੇਬੰਦੀਆਂ ਪੈਦਾ ਕਰਵਾਈਆਂ। ਇਨ੍ਹਾਂ ਮਦਰੱਸਿਆਂ ਦਾ ਸਿਲੇਬਸ ਇਸ ਤਰ੍ਹਾਂ ਤਿਆਰ ਕਰਵਾਇਆ ਗਿਆ, ਜਿਸ ਵਿੱਚ ਕਮਿਊਨਿਸਟਾਂ ਨੂੰ ਕਾਫਰ ਦੱਸਿਆ ਗਿਆ। ਕਾਫਰਾਂ ਨੂੰ ਕਤਲ ਕਰਨਾ ਇੱਕ ਟੀਚਾ ਤੇ ਉਪਲੱਬਧੀ ਅਤੇ ਅਜਿਹਾ ਕਰਨ ਵਿੱਚ ਜਾਨ ਤੋਂ ਹੱਥ ਧੋਣ ਨੂੰ ਜੰਨਤ ਨਸੀਬ ਹੋਣਾ ਦੱਸਿਆ ਗਿਆ। ਅਮਰੀਕਾ ਨੇ ਇਨ੍ਹਾਂ ਮਦਰੱਸਿਆਂ 'ਤੇ 8 ਅਰਬ ਡਾਲਰ ਖਰਚ ਕੀਤੇ ਅਤੇ ਦਹਿਸ਼ਤਗਰਦਾਂ ਨੂੰ ਸਟਿੰਗਰ ਮਿਜ਼ਾਈਲਾਂ ਵਰਗੇ ਹਥਿਆਰ ਤੇ ਗੋਲਾ-ਬਾਰੂਦ ਮੁਹੱਈਆ ਕਰਵਾਇਆ। ਦਹਿਸ਼ਤਗਰਦੀ ਨੂੰ ਬੜ੍ਹਾਵਾ ਦੇ ਕੇ ਅਮਰੀਕਾ ਪੱਛਮੀ ਏਸ਼ੀਆ ਦੇ ਤੇਲ ਖੂਹਾਂ 'ਤੇ ਕਬਜ਼ਾ ਕਰਨਾ ਚਾਹੁੰਦਾ ਸੀ, ਜਿਸ ਕਾਰਨ ਇਸ ਇਲਾਕੇ ਵਿੱਚ ਕਾਫੀ ਤਬਾਹੀ ਹੋਈ। ਇੱਥੋਂ ਤੱਕ ਕਿ ਪਾਕਿਸਤਾਨ ਦੀ ਸਾਬਕਾ ਪ੍ਰਧਾਨ ਮੰਤਰੀ ਬੇਨਜ਼ੀਰ ਭੁੱਟੋ ਵੀ ਦਹਿਸ਼ਤਗਰਦਾਂ ਹੱਥੋਂ ਮਾਰੀ ਗਈ। ਇਸ ਵੇਲੇ ਸਥਿਤੀ ਇਹ ਹੈ ਕਿ ਪਾਕਿਸਤਾਨ ਦਹਿਸ਼ਤਗਰਦੀ ਨਾਲ ਭਾਰਤ ਨਾਲੋਂ ਕਿਤੇ ਵੱਧ ਪੀੜਤ ਹੈ। ਵਿਸ਼ਵ ਦਹਿਸ਼ਤਗਰਦੀ ਸੂਚਕ ਅੰਕ ਪੰਜ ਵਰ੍ਹਿਆਂ ਦੀ ਔਸਤ ਨਾਲ ਚਾਰ ਅੰਕੜਿਆਂ ਨਾਲ ਮਾਪਿਆ ਜਾਂਦਾ ਹੈ—ਘਟਨਾਵਾਂ, ਮੌਤਾਂ, ਜ਼ਖਮੀਆਂ ਦੀ ਗਿਣਤੀ ਤੇ ਬੰਦੀਆਂ ਦੀ ਗਿਣਤੀ। ਇਸ ਸੂਚਕ ਅੰਕ ਵਿੱਚ ਪਾਕਿਸਤਾਨ ਦਾ ਨੰਬਰ ਦੂਜਾ ਤੇ ਭਾਰਤ ਦਾ ਚੌਦਵਾਂ ਹੈ।

ਭਾਰਤ ਨੂੰ ਦਹਿਸ਼ਤਗਰਦੀ ਦਾ ਮੁਕਾਬਲਾ ਕਰਨ ਵੇਲੇ ਪਾਕਿਸਤਾਨ ਦੀਆਂ ਸਾਜ਼ਿਸ਼ਾਂ ਨੂੰ ਨਾਕਾਮ ਤਾਂ ਕਰਨਾ ਪੈਣਾ ਹੈ, ਪਰ ਇਸ ਦੇ ਨਾਲ ਇਹ ਸਮਝਣਾ ਵੀ ਜ਼ਰੂਰੀ ਹੈ ਕਿ ਦਹਿਸ਼ਤਗਰਦੀ ਦੇ ਇਸ ਕੈਂਸਰ ਦੇ ਬੀਜ ਸਾਮਰਾਜੀ ਤਾਕਤਾਂ ਵੱਲੋਂ ਤੇਲ ਭੰਡਾਰਾਂ 'ਤੇ ਕੰਟਰੋਲ ਕਰਨ ਦੀਆਂ ਲਾਲਸਾਵਾਂ ਪੂਰੀਆਂ ਕਰਨ ਲਈ ਬੀਜੇ ਗਏ ਸਨ ਤੇ ਇਸ ਨੂੰ ਵਿਸ਼ਵ ਸਹਿਯੋਗ ਨਾਲ ਹੀ ਜੜ੍ਹੋਂ ਉਖਾੜਿਆ ਜਾ ਸਕਦਾ ਹੈ। ਸਾਮਰਾਜੀਆਂ ਦੀਆਂ ਇਨ੍ਹਾਂ ਕਰਤੂਤਾਂ ਦੇ ਨਤੀਜੇ ਭਾਰਤ ਵੀ ਭੁਗਤ ਹੀ ਰਿਹਾ ਹੈ ਤੇ ਪਾਕਿਸਤਾਨੀ ਲੋਕ ਵੀ ਭੁਗਤ ਰਹੇ ਹਨ। ਬਿਹਤਰ ਇਹੀ ਹੋਵੇਗਾ ਕਿ ਦੋਨੋਂ ਦੇਸ਼ ਇਸ ਸਮੱਸਿਆ ਦਾ ਡੂੰਘਾਈ ਨਾਲ ਅਧਿਐਨ ਕਰਕੇ ਮਿਲ ਕੇ ਟਾਕਰਾ ਕਰਨ। ਇਹ ਗੱਲ ਦਿਮਾਗ ਵਿੱਚ ਰੱਖਦੇ ਹੋਏ ਕਿ ਜਿਹੜਾ ਅਮਰੀਕਾ ਦੋਵਾਂ ਦੇਸ਼ਾਂ ਵਿਚਾਲੇ ਜੰਗਬੰਦੀ ਕਰਾਉਣ ਦਾ ਦਾਅਵਾ ਕਰ ਰਿਹਾ ਹੈ, ਖਿੱਤੇ ਵਿੱਚ ਸਾਰੇ ਪੁਆੜੇ ਉਸ ਦੇ ਹੀ ਪਾਏ ਹੋਏ ਹਨ।

# ਅਖੌਤੀ ਵਿਕਾਸ ਅਤੇ ਤਬਾਹੀ ਦੇ ਕੰਢੇ 'ਤੇ ਦੁਨੀਆ

ਸਾਡੀਆਂ ਸਰਕਾਰਾਂ ਲੋਕਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਨ, ਪਰ ਅਫਸੋਸ ਦੀ ਗੱਲ ਇਹ ਹੈ ਕਿ ਇਸ ਅਖੌਤੀ ਵਿਕਾਸ ਵਿੱਚੋਂ ਲੋਕ ਮਨਫੀ ਕਰ ਦਿੱਤੇ ਗਏ ਹਨ।

ਕੁਦਰਤੀ ਵਸੀਲਿਆਂ ਨੂੰ ਤਬਾਹ ਕਰਕੇ ਜੀਵਨ ਦੀ ਕੀਮਤ 'ਤੇ ਕੀਤਾ ਗਿਆ ਹਰ ਤਰ੍ਹਾਂ ਦਾ ਵਿਕਾਸ, ਵਿਨਾਸ਼ ਸਾਬਤ ਹੁੰਦਾ ਹੈ। ਇਸ ਸਮੇ ਆਦਮਜਾਤ ਨੇ ਅਖੌਤੀ ਵਿਕਾਸ ਦੀ ਕਹੀ ਨਾਲ ਆਪਣੀ ਕਬਰ ਪੁੱਟ ਲਈ ਹੈ। ਦੁਨੀਆ ਇੱਕ ਖਤਰਨਾਕ ਮੋੜ 'ਤੇ ਆ ਖੜੀ ਹੋਈ ਹੈ ਅਤੇ ਧਰਤੀ 'ਤੇ ਜੀਵਨ ਹਰ ਦਿਨ ਮਰ ਰਿਹਾ ਹੈ। ਅਸੀਂ ਵਿਕਾਸ ਕਰ ਰਹੇ ਹਾਂ, ਪਰ ਸਾਡੀਆਂ ਜਿਊਣ ਹਾਲਤਾਂ ਨਿੱਘਰ ਰਹੀਆਂ ਹਨ। ਸਾਨੂੰ ਦੱਸਿਆ ਜਾ ਰਿਹਾ ਹੈ ਕਿ ਵਿਕਾਸ ਲਈ ਇਹ ਬੜਾ ਜ਼ਰੂਰੀ ਹੈ ਕਿ ਜਲ, ਜੰਗਲ, ਪਹਾੜਾਂ ਦੀ ਤਬਾਹੀ ਹੋਣ ਦਿੱਤੀ ਜਾਵੇ। ਵਿਕਾਸ ਲਈ ਬੜਾ ਜ਼ਰੂਰੀ ਹੈ ਅਰਬਨ ਅਸਟੇਟਾਂ ਅਤੇ ਮੈਗਾ ਪ੍ਰਾਜੈਕਟਾਂ ਲਈ ਜ਼ਮੀਨਾਂ ਐਕਵਾਇਰ ਕੀਤੀਆਂ ਜਾਣ, ਵਿਸ਼ਾਲ ਚਾਰ-ਚਾਰ ਜਾਂ ਛੇ-ਛੇ ਮਾਰਗੀ ਸੜਕਾਂ ਦਾ ਨਿਰਮਾਣ ਕੀਤਾ ਜਾਵੇ। ਬੰਬਾਂ-ਬਾਰੂਦਾਂ ਨਾਲ ਪਹਾੜਾਂ ਦੀ ਕੁਦਰਤੀ ਦਿੱਖ ਨੂੰ ਤਹਿਸ-ਨਹਿਸ ਕਰਕੇ ਪੱਧਰਾ ਕੀਤਾ ਜਾਵੇ। ਅਖੌਤੀ ਵਿਕਾਸ ਦੇ ਬੇਕਿਰਕ ਭਰਮਜਾਲ ਵਿੱਚ ਹੁਣ ਜਲ, ਜੰਗਲ, ਜ਼ਮੀਨਾਂ, ਦਰਿਆਵਾਂ ਨੂੰ ਬਰਬਾਦ ਕਰਨ ਦੀਆਂ ਸਭ ਰੋਕਾਂ ਹਟਾਈਆਂ ਜਾ ਰਹੀਆਂ ਹਨ।

**ਗੰਭੀਰ ਹੋ ਗਿਆ ਸੰਕਟ** : ਸਰਕਾਰਾਂ ਦਾ ਇਹ ਸੰਵਿਧਾਨਕ ਫਰਜ਼ ਹੈ ਕਿ ਉਹ ਲੋਕਾਂ ਲਈ ਸ਼ੁਧ ਹਵਾ, ਪਾਣੀ ਪ੍ਰਤੀ ਸੁਚੇਤ ਰਹਿਣ। ਆਮ ਲੋਕਾਂ ਨੂੰ ਇਸ ਪ੍ਰਤੀ ਸੁਚੇਤ ਕਰਨ। ਸਰਕਾਰਾਂ ਦਾ ਫਰਜ਼ ਇਹ ਵੀ ਹੈ ਕਿ ਲੋਕਾਂ ਕੋਲ ਉਹਨਾਂ ਦੇ ਰਿਜ਼ਕ ਦੇ ਵਸੀਲੇ ਬਣੇ ਰਹਿਣ, ਇਹਨਾਂ ਵਿੱਚ ਨਵੀਨਤਾ ਬੇਸ਼ੱਕ ਲਿਆਂਦੀ ਜਾਵੇ, ਪਰ ਇਸ ਦੇ ਬਾਵਜੂਦ ਸੰਬੰਧਤ ਖਿੱਤੇ ਵਿੱਚ ਮਨੁੱਖਾਂ ਹੀ ਨਹੀਂ, ਬਲਕਿ ਸਭ ਜੀਵ ਜਾਤੀਆਂ ਲਈ ਸੁਚੱਜੀਆਂ ਜਿਊਣ ਹਾਲਤਾਂ ਬਣੀਆਂ। ਬਦਕਿਸਮਤੀ ਦੀ ਗੱਲ ਇਹ ਹੈ ਕਿ ਲੋਕਤਾਂਤਰਿਕ ਢੰਗ ਨਾਲ ਚੁਣੀਆਂ ਸਰਕਾਰਾਂ ਜੀਵਨ ਨਾਲ ਜੁੜੇ ਮੁੱਦਿਆਂ 'ਤੇ ਲੋਕਾਂ ਦੇ ਜੀਵਨ ਨੂੰ ਤਰਜੀਹ ਦੇਣ ਦੀ ਬਜਾਏ ਅਖੌਤੀ ਵਿਕਾਸ ਲਈ ਵਧੇਰੇ ਤਰਲੋਮੱਛੀ ਹੋ ਰਹੀਆਂ ਹਨ। ਇਸ ਸਮੇਂ ਲੋਕਾਂ ਨੂੰ ਬੜੀ ਸ਼ਿੱਦਤ ਨਾਲ ਇਹ ਸਮਝਣ ਦੀ ਲੋੜ ਹੈ ਕਿ ਸਾਡੀਆਂ ਸਰਕਾਰਾਂ ਦਾ ਫਿਕਰ ਲੋਕਾਂ ਦੀਆਂ ਜਿਊਣ ਹਾਲਤਾਂ ਨਹੀਂ, ਬਲਕਿ ਉਹ ਅਖੌਤੀ ਵਿਕਾਸ ਹੈ, ਜਿਸ 'ਤੇ ਚਲਦਿਆਂ ਜੀਵਨ ਲਈ ਬਰਬਾਦੀਆਂ ਦੇ ਬਾਨਣੂੰ ਬੰਨ੍ਹੇ ਜਾ ਰਹੇ ਹਨ। ਇਸ ਅਖੌਤੀ ਵਿਕਾਸ ਦੇ ਰਾਹ 'ਤੇ ਚਲਦਿਆਂ ਧਰਤੀ ਦੇ ਵਾਯੂਮੰਡਲ ਵਿੱਚ ਗਰੀਨ ਹਾਊਸ ਗੈਸਾਂ ਦਾ ਪ੍ਰਭਾਵ ਲਗਾਤਾਰ ਵਧ ਰਿਹਾ ਹੈ। ਕਾਰਬਨ ਡਾਈਆਕਸਾਈਡ ਅਤੇ ਮੀਥੇਨ ਗੈਸਾਂ ਦੀ ਹਵਾ ਵਿੱਚ ਮਾਤਰਾ ਵਧਣੀ ਸ਼ੁਰੂ ਹੋ ਗਈ ਹੈ। ਜੀਵਨ ਲਈ ਵੱਡੇ ਖਤਰੇ ਪੈਦਾ ਹੋ ਗਏ ਹਨ। ਧਰਤੀ ਦਾ ਵਾਯੂਮੰਡਲ ਜੋ ਗਰਮ ਹੋਣ ਲੱਗਿਆ ਹੈ, ਇਸ ਲਈ ਫਿਕਰਮੰਦੀ ਜੋ ਕਿਸੇ ਪਾਸੇ ਦਿਸਣੀ ਚਾਹੀਦੀ ਹੈ ਉਹ ਕਿਧਰੇ ਵੀ ਨਜ਼ਰ ਨਹੀਂ ਆਉਂਦੀ। ਜੇਕਰ ਭਵਿੱਖ ਵਿੱਚ ਇੱਕ ਅੱਧਾ ਪ੍ਰਤੀਸ਼ਤ ਤਾਪਮਾਨ ਹੋਰ ਵਧਦਾ ਹੈ ਤਾਂ ਅਜਿਹੀ ਸਥਿਤੀ ਪੈਦਾ ਹੋ ਜਾਵੇਗੀ ਕਿ ਜਿਸ ਨਾਲ ਕੋਸ਼ਿਸ਼ ਕਰਕੇ ਵੀ ਨਜਿੱਠਿਆ ਨਹੀਂ ਜਾ ਸਕੇਗਾ। ਜਲਵਾਯੂ ਪ੍ਰੀਵਰਤਨ ਅਜਿਹਾ ਇੱਕ ਗੰਭੀਰ ਮੁੱਦਾ ਹੈ, ਜਿਸ ਨੇ ਮਨੁੱਖੀ ਸਿਹਤ ਵਾਤਾਵਰਨ ਅਤੇ ਅਰਥਚਾਰੇ 'ਤੇ ਏਨੇ ਮਾੜੇ ਪ੍ਰਭਾਵ ਕਰਨੇ ਹਨ ਕਿ ਜਿਹਨਾਂ ਦਾ ਮਨੁੱਖ ਜਾਤੀ ਨੇ ਹੁਣ ਤੱਕ ਕਿਆਸ ਵੀ ਨਹੀਂ ਕੀਤਾ।



ਗੁਰਚਰਨ ਸਿੰਘ ਨੂਰਪੁਰ

**ਕਿਸ ਵਿਕਾਸ ਲਈ ਯਤਨ** : ਇੱਕ ਉਦਾਹਰਣ ਨਾਲ ਅਸੀਂ ਸਮਝ ਸਕਦੇ ਹਾਂ ਕਿ ਲੋਕਾਂ ਨਾਲ ਕੀ ਹੋ ਰਿਹਾ ਹੈ ਪਾਣੀ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਸਾਡੇ ਕੋਲ 1974 ਦਾ ਐਕਟ ਹੈ। ਇਸ ਐਕਟ ਵਿੱਚ ਅਜਿਹੀਆਂ ਧਾਰਾਵਾਂ ਸਨ, ਜਿਸ ਵਿੱਚ ਜੇਕਰ ਕੋਈ ਧਰਤੀ ਹੇਠਲੇ ਜਾਂ ਦਰਿਆਈ ਪਾਣੀ ਨੂੰ ਪ੍ਰਦੂਸ਼ਤ ਕਰਦਾ ਹੈ, ਉਸ ਲਈ ਜੇਲ੍ਹ ਜਾਣ ਤੱਕ ਦੀ ਸ਼ਜਾ ਸੀ। ਹੁਣ ਕਿਉਂ ਕਿ ਵਿਕਾਸ ਨੂੰ ਯਕੀਨੀ ਬਣਾਇਆ ਜਾਣਾ ਹੈ ਲਈ, ਇਸ ਐਕਟ ਦੀਆਂ ਕੁਝ ਧਾਰਾਵਾਂ ਨੂੰ ਬਦਲ ਜੇਲ੍ਹ ਜਾਣ ਦੀ ਬਜਾਏ ਇਸ ਦੀ ਥਾਂ ਦਸ ਹਜ਼ਾਰ ਤੋਂ ਕੁਝ ਲੱਖ ਜੁਰਮਾਨੇ ਵਿੱਚ ਤਬਦੀਲ ਕਰ ਦਿੱਤਾ ਗਿਆ। ਇਹ ਕੀਤਾ ਜਾਣਾ ਬੜਾ ਜ਼ਰੂਰੀ ਸੀ ਧਰਤੀ ਜਾਂ ਦਰਿਆਈ ਹੇਠਲੇ ਪਾਣੀ ਨੂੰ ਬਚਾਉਣ ਦੇ ਚੱਕਰ ਵਿੱਚ ਵਿਕਾਸ ਨੂੰ ਤਾਂ ਨਹੀਂ ਨਾ ਰੋਕਿਆ ਜਾਣਾ ਚਾਹੀਦਾ। ਜੇਕਰ ਧਰਤੀ ਹੇਠਲਾ ਪਾਣੀ ਬਰਬਾਦ ਹੋਵੇਗਾ, ਲੋਕ ਬਰਬਾਦ ਹੋਣਗੇ, ਬਿਮਾਰੀਆਂ ਦਾ ਪ੍ਰਕੋਪ ਵਧੇਗਾ ਤਾਂ ਉਸ ਲਈ ਹਸਪਤਾਲਾਂ ਦਾ ਪ੍ਰਬੰਦ ਕਰ ਦਿੱਤਾ ਜਾਵੇ, ਪਰ ਇਸ ਲਈ ਅਖੌਤੀ ਵਿਕਾਸ ਨੂੰ ਕਿਸੇ ਤਰਾਂ ਦੀ ਆਂਚ ਨਹੀਂ ਆਉਣੀ ਚਾਹੀਦੀ। ਜੇਕਰ ਗੰਦੇ ਨਾਲਿਆਂ, ਫੈਕਟਰੀਆਂ ਦੇ ਗੰਦ-ਮੰਦ ਨਾਲ ਦਰਿਆ ਗੰਦੇ ਹੋ ਗਏ ਹਨ, ਇਹਨਾਂ ਵਿੱਚ ਮੁਸ਼ਕ ਮਾਰਦਾ ਪਾਣੀ ਜਲ ਜੀਵਾਂ ਅਤੇ ਮਨੁੱਖਾਂ ਲਈ ਬਿਮਾਰੀਆਂ ਦਾ ਬਿਰਤਾਂਤ ਸਿਰਜ ਰਿਹਾ ਹੈ।

ਪੂਰੀ ਦੁਨੀਆਂ ਵਿੱਚ ਇਸ ਸਮੇਂ ਕਾਰਪੋਰੇਟ ਕੰਪਨੀਆਂ ਦੇ ਵਿਕਾਸ ਲਈ ਹਰ ਤਰ੍ਹਾਂ ਦੇ ਰਾਹ ਪੱਧਰੇ ਕੀਤੇ ਜਾ ਰਹੇ ਹਨ। ਦੁਨੀਆਂ ਦੀਆਂ ਵੱਡੀਆਂ ਕਾਰਪੋਰੇਟ ਕੰਪਨੀਆਂ ਦੇ ਕਾਰੋਬਾਰਾਂ ਦਾ ਫੈਲਾਅ ਕਰਨ ਲਈ ਜੰਗਲਾਂ ਦੀ ਕਟਾਈ ਹੋ ਰਹੀ ਹੈ। ਵਾਹੀਯੋਗ ਜ਼ਮੀਨਾਂ ਵਿੱਚ ਖੁੱਲ੍ਹੀਆਂ ਵਿਸ਼ਾਲ ਸੜਕਾਂ ਦਾ ਨਿਰਮਾਣ ਹੋ ਰਿਹਾ ਹੈ। ਪਹਾੜੀ ਖੇਤਰਾਂ ਵਿੱਚ ਸੜਕਾਂ, ਸੁਰਗਾਂ ਬਣਾਈਆਂ ਜਾ ਰਹੀਆਂ ਹਨ। ਪਹਾੜੀ ਖੇਤਰਾਂ ਵਿੱਚ ਕੁਦਰਤੀ ਮਾਹੌਲ ਨੂੰ ਤਹਿਸ-ਨਹਿਸ ਕਰਕੇ ਉਸਾਰੀਆਂ ਹੋ ਰਹੀਆਂ ਹਨ। ਬੜੀ ਤੇਜ਼ੀ ਨਾਲ ਗਰਮੀਆਂ ਵਿੱਚ ਵੀ ਠੰਢੀਆਂ ਰਹਿਣ ਵਾਲੀਆਂ ਥਾਵਾਂ 'ਤੇ ਕਾਰਪੋਰੇਟ ਕੰਪਨੀਆਂ ਆਪਣੇ ਕਾਰੋਬਾਰਾਂ ਨੂੰ ਵਿਸਥਾਰ ਦੇ ਰਹੀਆਂ ਹਨ। ਆਮ ਲੋਕਾਂ ਨੂੰ ਇਹਨਾਂ ਥਾਵਾਂ ਤੋਂ ਖਦੇੜਿਆ ਜਾ ਰਿਹਾ ਹੈ। ਇਸ ਤਰ੍ਹਾਂ ਦੀਆਂ ਉਦਾਹਰਣਾਂ ਨਾਲ ਅਸੀਂ ਇਸ ਅਖੌਤੀ ਵਿਕਾਸ ਦੀ ਹਕੀਕਤ ਸਮਝ ਸਕਦੇ ਹਾਂ।

**ਵਿਗਿਆਨੀਆਂ ਦੇ ਤੌਖਲੇ** : ਪਿਛਲੇ ਲੰਮੇ ਸਮੇਂ ਤੋਂ ਭੂ-ਵਿਗਿਆਨੀ ਸਾਨੂੰ ਵਾਤਾਵਰਣ ਦੀਆਂ ਤਬਦੀਲੀਆਂ ਪ੍ਰਤੀ ਸੁਚੇਤ ਕਰ ਰਹੇ ਹਨ। ਜਿੰਨਾ ਵੱਡਾ ਇਹ ਫਿਕਰ ਹੈ, ਓਨੀ ਵੱਡੀ ਇਸ ਦੀ ਚਰਚਾ ਕਿਸੇ ਪਾਸੇ ਨਹੀਂ ਹੋ ਰਹੀ। ਜਦੋਂ ਕਿਸੇ ਪਾਸੇ ਇਸ ਦੀ ਖੁੱਲ੍ਹ ਕੇ ਚਰਚਾ ਹੀ ਨਹੀਂ ਹੋ ਰਹੀ ਤਾਂ ਇਸ ਦੇ ਸੁਧਾਰ ਲਈ ਯਤਨ ਕਰਨੇ ਤਾਂ ਬਹੁਤ ਦੂਰ ਦੀ ਕੌਡੀ ਹੈ। ਵਾਤਾਵਰਨ ਵਿਗਿਆਨੀ ਪ੍ਰੋ: ਸੋਨੀਆ ਸੇਨੇਵੀਰਤਨੇ ਲਿਖਦੀ ਹੈ, 'ਸਾਡੇ ਕੋਲ ਏਨੇ ਸਬੂਤ ਕਾਫੀ ਹਨ ਕਿ ਆਪਾਂ ਵਾਤਾਵਰਣ ਦੇ ਗੰਭੀਰ ਸੰਕਟ ਵਿੱਚ ਪਹੁੰਚ ਗਏ ਹਾਂ। ਨੀਤੀ ਘਾੜਿਆਂ ਕੋਲ ਇਸ ਸੰਬੰਧੀ ਹੁਣ ਉਚਿਤ ਜਾਣਕਾਰੀ ਹੈ। ਇਸੇ ਤਰ੍ਹਾਂ ਵਾਤਾਵਰਨ ਵਿਗਿਆਨੀ ਜੋਏਗੀ ਰੋਗੇਲਜ਼ ਫਿਕਰਮੰਦੀ ਜ਼ਾਹਿਰ ਕਰਦਿਆਂ ਆਖਦਾ ਹੈ, 'ਅਸੀਂ ਆਪਣੀ ਧਰਤੀ ਨੂੰ ਪਹਿਲਾਂ ਹੀ ਬਹੁਤ ਬਦਲ ਚੁੱਕੇ ਹਾਂ ਅਤੇ ਕੁਝ ਤਬਦੀਲੀਆਂ ਦੇ ਪ੍ਰਭਾਵ ਆਉਣ ਵਾਲੇ ਸਮੇਂ ਵਿੱਚ ਜ਼ਾਹਿਰ ਹੋਣਗੇ। ਹੁਣ ਸਵਾਲ ਇਹ ਉੱਠਦਾ ਹੈ ਕਿ ਭਵਿੱਖ ਵਿੱਚ ਹੋਰ ਕਿੰਨੀਆਂ ਤਬਦੀਲੀਆਂ ਤੋਂ ਅਸੀਂ ਆਪਣੇ ਗ੍ਰਹਿ ਨੂੰ ਬਚਾ ਸਕਦੇ ਹਾਂ, ਯੂ ਐੱਨ ਓ ਦੇ ਜਨਰਲ ਸਕੱਤਰ ਐਂਟੋਨੀਓ ਗੁਟਰੇਜ਼ ਨੇ (ਆਈ ਪੀ ਸੀ ਸੀ) ਇੰਟਰ-ਗਵਰਨਮੈਂਟਲ ਪੈਨਲ ਆਨ ਕਲਾਈਮੇਟ ਚੇਂਜ ਦੀਆਂ ਇਸ ਸੰਬੰਧੀ ਆਈਆਂ ਰਿਪੋਰਟਾਂ ਪ੍ਰਤੀ ਫਿਕਰਮੰਦ ਹੁੰਦਿਆਂ ਕਿਹਾ, 'ਖਤਰੇ ਦੀ ਘੰਟੀ ਬੋਲਾ ਕਰ ਦੇਣ ਵਾਲੀ ਹੈ। ਇਸ ਤੋਂ ਪਹਿਲਾਂ ਕਿ ਸਾਡੀ ਧਰਤੀ ਤਬਾਹ ਹੋ ਜਾਵੇ ਸਾਨੂੰ ਕੋਲੇ ਅਤੇ ਬਹੁਤ ਜਿਆਦਾ ਪ੍ਰਦੂਸ਼ਣ ਫੈਲਾਉਣ ਵਾਲੇ ਈਂਧਣਾਂ ਦੀ ਵਰਤੋਂ ਖਤਮ ਕਰਨੀ ਹੋਵੇਗੀ। ਧਰਤੀ ਦੇ ਵੱਖ-ਵੱਖ ਖੇਤਰਾਂ ਵਿੱਚ ਲੱਗ ਰਹੀਆਂ ਭਿਆਨਕ ਅੱਗਾਂ, ਸੋਕੇ ਅਤੇ ਔੜ ਦਾ ਪ੍ਰਕੋਪ, ਹੜ੍ਹਾਂ ਦਾ ਸੰਤਾਪ, ਵਧਦੀ ਤਪਸ਼ ਨਾਲ ਬਰਫਾਂ ਦਾ ਖੁਰਨਾ, ਹਨੇਰੀਆਂ, ਝੱਖੜਾਂ ਆਦਿ ਨਾਲ ਸਾਡੇ ਵਾਤਾਵਰਨ ਵਿੱਚ ਇੱਕ ਅੱਥਰਾ ਵੇਗ ਪੈਦਾ ਕੀਤਾ ਹੈ। ਧਰਤੀ ਦੇ ਬਹੁਤ ਸਾਰੇ ਹਿੱਸਿਆਂ ਵਿੱਚ ਤਾਪਮਾਨ ਖਤਰਨਾਕ ਹੱਦ ਤੋਂ ਪਾਰ ਹੋ ਗਿਆ ਹੈ। ਸੋਕੇ ਤੇ ਗਰਮੀ ਵਾਲੇ ਦਿਨਾਂ ਦੀ ਗਿਣਤੀ ਦੋਗੁਣੀ ਹੋ ਗਈ ਹੈ। ਹੜ੍ਹਾਂ, ਭੁਚਾਲਾਂ, ਸੁਨਾਮੀਆਂ ਅਤੇ ਸੋਕੇ ਨਾਲ ਲੋਕਾਂ ਦੇ ਉਜਾੜੇ ਵਧ ਗਏ ਹਨ।'

**ਫਿਕਰਮੰਦ ਕੌਣ** : ਹੁਣ ਸਾਨੂੰ ਸਮਝਣਾ ਚਾਹੀਦਾ ਹੈ ਕਿ ਸਾਡੇ ਜੀਵਨ ਨਾਲ ਸਿੱਧੇ ਤੌਰ 'ਤੇ ਜੁੜਿਆ ਵਾਤਾਵਰਣ ਦਾ ਸੰਕਟ ਜਦੋਂ ਏਨਾ ਗੰਭੀਰ ਹੈ ਤਾਂ ਇਸ ਪ੍ਰਤੀ ਅਸੀਂ ਸੁਚੇਤ ਕਿਉਂ ਨਹੀਂ ਹਾਂ ? ਫਿਕਰਮੰਦ ਕਿਉਂ ਨਹੀਂ ਹਾਂ ? ਇਥੇ ਅਸੀਂ ਕਹਾਂਗੇ ਕਿ ਸਾਡੀਆਂ ਸਰਕਾਰਾਂ ਇਸ ਪ੍ਰਤੀ ਚਿੰਤਤ ਨਹੀਂ ਹਨ। ਸਰਕਾਰਾਂ ਨੂੰ ਚਾਹੀਦਾ ਹੈ ਕਿ ਇਸ ਸੰਕਟ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ, ਪਰ ਅਜਿਹਾ ਕਿਸੇ ਪਾਸੇ ਹੋ ਰਿਹਾ ਦਿਸਦਾ ਨਹੀਂ। ਦੂਜੇ ਪਾਸੇ ਇਸ ਗੰਭੀਰ ਸੰਕਟ ਲਈ ਸਾਡੇ ਚੁਣੇ ਲੋਕ ਨੁਮਾਇੰਦੇ ਕਿੰਨੇ ਕੁ ਗੰਭੀਰ ਹਨ, ਇਹ ਆਸਾਨੀ ਨਾਲ ਵੇਖਿਆ, ਸਮਝਿਆ ਜਾ ਸਕਦਾ ਹੈ। ਜਦੋਂ ਇਹ ਸੰਕਟ ਕਿਸੇ ਦੇਸ਼ ਦੀ ਅਗਵਾਈ ਕਰਨ ਵਾਲਿਆਂ ਦੇ ਜ਼ਿਹਨ ਦਾ ਹਿੱਸਾ ਨਹੀਂ ਬਣਦਾ ਤਾਂ ਆਮ ਲੋਕ ਇਸ ਲਈ ਕੀ ਕਰ ਸਕਣਗੇ। ਵਾਤਾਵਰਨ ਦਾ ਸੰਕਟ ਕੁਝ ਕੁ ਸਾਲਾਂ ਵਿੱਚ ਏਨਾ ਗੰਭੀਰ ਹੋਣ ਵਾਲਾ ਹੈ ਕਿ ਜਿਸ ਦਾ ਅਸੀਂ ਕਿਆਸ ਵੀ ਨਹੀਂ ਕਰ ਸਕਦੇ, ਪਰ ਤਰਾਸਦੀ ਇਹ ਹੈ ਕਿ ਸਾਡੇ 'ਤੇ ਰਾਜ ਕਰਨ ਵਾਲੀਆਂ ਸਰਕਾਰਾਂ ਅਤੇ ਸਾਡੇ ਲੋਕ ਨੁਮਾਇੰਦੇ ਇਸ ਪ੍ਰਤੀ ਥੋੜ੍ਹੇ ਵੀ ਫਿਕਰਮੰਦ ਨਹੀਂ ਹਨ। ਜਰਾ ਤੁਸੀਂ ਖਿਆਲ ਕਰਨਾ ਭਿਆਨਕ ਰੁਖ਼ ਅਖਤਿਆਰ ਕਰ ਚੁੱਕੇ ਵਾਤਾਵਰਨ ਪ੍ਰਤੀ ਸਾਡੀਆਂ ਸਰਕਾਰਾਂ ਜਾਂ ਵਿਰੋਧੀ ਧਿਰਾਂ ਅਤੇ ਉਹਨਾਂ ਦੇ ਆਗੂ, ਕੌਣ ਇਸ ਪ੍ਰਤੀ ਚਿੰਤਤ ਹੈ ? ਅਸੀਂ ਸੋਕੇ ਅਤੇ ਔੜਾਂ ਦਾ ਸੰਤਾਪ ਹੀ ਨਹੀਂ ਭੋਗ ਰਹੇ, ਬਲਕਿ ਬੌਧਿਕ ਔੜ ਦੇ ਦੌਰ ਵਿੱਚੋਂ ਵੀ ਗੁਜ਼ਰ ਰਹੇ ਹਾਂ।

**ਕੀ ਕੁਝ ਹੋ ਸਕਦਾ ਹੈ**: ਇਸ ਸਮੇਂ ਵਾਤਾਵਰਨ ਵਿਗਿਆਨੀਆਂ ਦਾ ਮੰਨਣਾ ਹੈ ਕਿ ਗਰੀਨ ਹਾਊਸ ਗੈਸਾਂ ਦੇ ਪ੍ਰਭਾਵ ਨਾਲ ਮੌਸਮੀ ਤਬਦੀਲੀਆਂ ਦਾ ਰੁਖ਼ ਏਨਾ ਭਿਆਨਕ ਹੋ ਗਿਆ ਹੈ ਕਿ ਅਸੀਂ ਜੀਵਨ ਨੂੰ ਬਚਾਉਣ ਲਈ ਜੋ ਕੁਝ ਵੀ ਕਰਾਂਗੇ, ਉਹ ਥੋੜ੍ਹਾ ਹੋਵੇਗਾ। ਇਸ ਸਥਿਤੀ ਨੂੰ ਇੰਝ ਸਮਝ ਸਕਦੇ ਹਾਂ, ਜਿਵੇਂ ਅਸੀਂ ਕਿਸੇ ਥਾਂ ਦੀ ਤਪਸ਼ ਨੂੰ ਘੱਟ ਕਰਨ ਲਈ ਅਸੀਂ ਉੱਥੇ ਬਹੁਤ ਸਾਰੇ ਰੁੱਖ ਲਾਈਏ, ਪਰ ਹਾਲਾਤ ਇਹ ਬਣ ਜਾਣ ਕਿ ਆਲੇ-ਦੁਆਲੇ ਗਰਮੀ ਹੀ ਏਨੀ ਹੋਵੇ ਕਿ ਰੁੱਖ਼ ਗਰਮੀ ਤੇ ਸੋਕੇ ਨਾਲ ਹੀ ਮਰ ਜਾਣ। ਇਸ ਸਥਿਤੀ ਵਿੱਚ ਹੁਣ ਅਸੀਂ ਪ੍ਰਵੇਸ਼ ਕਰ ਚੁੱਕੇ ਹਾਂ। ਇਸ ਸਮੇਂ ਲਾਏ ਜਾ ਰਹੇ ਬੂਟਿਆਂ, ਪੌਦਿਆਂ ਦੀ ਰੁੱਖ ਬਣ ਦੀ ਦਰ ਦੋ ਪ੍ਰਤੀਸ਼ਤ ਹੈ। ਇਸ ਦਾ ਭਾਵ ਇਹ ਹੈ ਕਿ ਜੇਕਰ ਕਿਤੇ ਕਿਸੇ ਥਾਂ ਸੌ ਰੁੱਖ ਲਾਇਆ ਜਾਂਦਾ ਹੈ ਤਾਂ ਇਸ ਵਿੱਚੋਂ ਦੋ ਦੇ ਰੁੱਖ ਬਣਨ ਦੀ ਸੰਭਾਵਨਾ ਹੈ, ਬਾਕੀ ਸੋਕੇ ਨਾਲ ਮਰ ਜਾਣਗੇ। ਜ਼ਰਾ ਅੰਦਾਜ਼ਾ ਕਰੋ ਅਸੀਂ ਕਿਸ ਦਿਸ਼ਾ ਵੱਲ ਵਧ ਰਹੇ ਹਾਂ।

ਵਾਤਾਵਰਨ ਦੇ ਸੰਕਟ ਪ੍ਰਤੀ ਅਸੀਂ ਸੁੱਤੇ ਪਏ ਹਾਂ। ਸਾਡੀਆਂ ਸਰਕਾਰਾਂ ਅਵੇਸਲੀਆਂ ਹੀ ਨਹੀਂ ਹੋਈਆਂ, ਸਗੋਂ ਵਿਕਾਸ ਦੀ ਉਹ ਡੁਗਡੁਗੀ ਵਜਾ ਰਹੀਆਂ ਹਨ, ਜਿਸ ਨਾਲ ਇਹ ਸੰਕਟ ਹੋਰ ਤੇਜ਼ੀ ਨਾਲ ਵਧਣੇ ਹਨ। ਜਿੰਨੀ ਜਲਦੀ ਹੋ ਸਕੇ ਦੁਨੀਆਂ ਭਰ ਦੇ ਲੋਕਾਂ ਨੂੰ ਇਸ ਨੀਂਦ ਵਿੱਚੋਂ ਜਾਗਣਾ ਹੋਵੇਗਾ। ਬਾਹਰ ਸੜਕ 'ਤੇ ਨਿਕਲ ਕੇ ਕਹਿਣਾ ਪਵੇਗਾ ਕਿ ਬੰਦ ਕਰੋ ਇਹ ਜੀਵਨ ਨੂੰ ਤਬਾਹ ਕਰਨ ਵਾਲਾ ਅਖੌਤੀ ਵਿਕਾਸ। ਜੀਵਨ ਤਬਾਹ ਹੋ ਰਿਹਾ ਹੈ ਸਾਨੂੰ ਸਰਕਾਰਾਂ ਨੂੰ ਪੁੱਛਣਾ ਪਵੇਗਾ ਕਿ ਤੁਸੀਂ ਆਖਿਰ ਧਰਤੀ ਦੇ ਜੀਵਨ ਨੂੰ ਬਚਾਉਣ ਲਈ ਕੀ ਕਰ ਰਹੇ ਹੋ? ਇਸ ਸਮੇਂ ਵਾਤਾਵਰਨ ਦਾ ਸੰਕਟ ਸਾਡੀ ਮੁੱਖ ਤਰਜੀਹ ਹੋਣਾ ਚਾਹੀਦਾ ਹੈ। ਇਸ ਲਈ ਪੂਰੀ ਦੁਨੀਆ ਵਿੱਚ ਇੱਕ ਵੱਡੀ ਮੁਹਿੰਮ ਛੇੜੀ ਜਾਣੀ ਚਾਹੀਦੀ ਅਸੀਂ ਮੌਤ ਦੇ ਮੂੰਹ ਵਿੱਚ ਲੰਮੇ ਪੈ ਕੇ ਅਖੌਤੀ ਵਿਕਾਸ ਦੀਆਂ ਟਾਹਰਾਂ ਮਾਰ ਰਹੇ ਹਾਂ। ਸਾਨੂੰ ਵੱਡੇ ਪ੍ਰੋਗਰਾਮ ਇਸ ਲਈ ਬਣਾਉਣੇ ਪੈਣਗੇ,ਵੱਡੀਆਂ ਤਬਦੀਲੀਆਂ ਲਈ ਯਤਨਸ਼ੀਲ ਹੋਣਾ ਪਵੇਗਾ, ਤਾਂ ਕਿ ਸਾਡੀ ਇਸ ਪਿਆਰੀ ਧਰਤੀ 'ਤੇ ਜੀਵਨ ਨੂੰ ਬਚਾਇਆ ਜਾ ਸਕੇ।

# ਸੰਪਰਕ : 98550-51099

# ਵਾਹਨਾਂ 'ਤੇ ਲੱਗੀਆਂ ਨੰਬਰ ਪਲੇਟਾਂ ਦੀ ਹੋ ਰਹੀ ਦੁਰਵਰਤੋਂ

ਅੱਜ ਵਿਗਿਆਨ ਤੇ ਟੈਕਨਾਲੋਜੀ ਨੇ ਬਹੁਤ ਤਰੱਕੀ ਕਰ ਲਈ ਹੈ, ਜਿਸ ਕਰਕੇ ਇਨਸਾਨ ਦੀ ਸੁੱਖ-ਸੁਵਿਧਾ ਵਿੱਚ ਢੇਰ ਵਾਧਾ ਹੋ ਗਿਆ ਹੈ । ਪੁਰਾਣੇ ਵੇਲਿਆਂ ਦੀ ਤੇ ਅੱਜ ਦੀ ਜ਼ਿੰਦਗੀ ਵਿੱਚ ਜ਼ਮੀਨ-ਅਸਮਾਨ ਦਾ ਫਰਕ ਹੋ ਚੁੱਕਿਆ ਹੈ। ਅੱਜ ਦੀ ਜ਼ਿੰਦਗੀ ਬਹੁਤ ਸੁਖਾਲੀ ਜਿਹੀ ਹੋ ਗਈ ਹੈ। ਮਹੀਨਿਆਂ ਦਾ ਸਫ਼ਰ ਦਿਨਾਂ ਵਿੱਚ ਤੇ ਦਿਨਾਂ ਦਾ ਸਫ਼ਰ ਕੁਝ ਘੰਟਿਆਂ ਵਿੱਚ ਤੇ ਕੁਝ ਘੰਟਿਆਂ ਦਾ ਸਫ਼ਰ ਸਕਿੰਟਾਂ ਵਿੱਚ ਤਬਦੀਲ ਹੋ ਚੁੱਕਿਆ ਹੈ। 400 ਕਿਲੋਮੀਟਰ ਤੱਕ ਦਾ ਸਫ਼ਰ ਢਾਈ ਤੋਂ ਤਿੰਨ ਘੰਟਿਆਂ ਵਿੱਚ ਆਰਾਮ ਨਾਲ ਹੋ ਰਿਹਾ ਹੈ।ਬਦਲਾਅ ਕੁਦਰਤ ਦਾ ਨਿਯਮ ਹੈ । ਅੱਜ ਆਵਾਜਾਈ ਦੇ ਸਾਧਨਾਂ ਵਿੱਚ ਬਹੁਤ ਵਾਧਾ ਹੋ ਚੁੱਕਿਆ ਹੈ । ਕਰੋੜਾਂ ਰੁਪਏ ਦੀਆਂ ਗੱਡੀਆਂ ਮਾਰਕੀਟ ਵਿੱਚ ਆ ਚੁੱਕੀਆਂ ਹਨ । ਨਵੀਂਆਂ ਨਵੀਂਆਂ ਗੱਡੀਆਂ ਲਾਂਚ ਹੋ ਰਹੀਆਂ ਹਨ।

ਅੱਜ ਦੇ ਸਮੇਂ ਵਿੱਚ ਲਗਭਗ ਹਰ ਘਰਾਂ ਵਿੱਚ ਆਵਾਜਾਈ ਦੇ ਦੋ ਪਹੀਆ, ਚਾਰ ਪਹੀਆ ਵਾਹਨ ਮੌਜੂਦ ਹਨ। ਹਾਲਾਤ ਇਹੋ ਜਿਹੇ ਹਨ ਕਿ ਜਿੰਨੇ ਮੈਂਬਰ ਓਨੇ ਹੀ ਘਰਾਂ ਵਿੱਚ ਆਵਾਜਾਈ ਦੇ ਸਾਧਨ । ਹੋਰ ਤਾਂ ਹੋਰ ਜਿਹੜੇ ਬੱਚੇ ਹਜੇ 18 ਸਾਲ ਤੱਕ ਉਮਰ ਦੇ ਨਹੀਂ ਹੋਏ, ਉਹਨਾਂ ਨੂੰ ਵੀ ਪਰਵਾਰਿਕ ਮੈਂਬਰਾਂ ਨੇ ਦੋ ਪਹੀਆ ਵਹੀਕਲ ਦਿੱਤੇ ਹੋਏ ਹਨ। ਪਿੱਛੇ ਜਿਹੇ ਹੀ ਮੌਜੂਦਾ ਪੰਜਾਬ ਸਰਕਾਰ ਨੇ 18 ਸਾਲ ਤੋਂ ਘੱਟ ਜੋ ਬੱਚਾ ਵਹੀਕਲ ਚਲਾਉਂਦਾ ਫੜਿਆ ਗਿਆ ,ਕਾਨੂੰਨ ਬਣਾਇਆ ਹੈ ਕਿ ਮਾਂ ਬਾਪ ਵਿਰੁੱਧ ਵੀ ਸਖ਼ਤ ਕਾਰਵਾਈ ਹੋਵੇਗੀ। ਟਰੈਫਿਕ ਪ੍ਰਸ਼ਾਸਨ ਹਰਕਤ ਵਿੱਚ ਆਇਆ ।ਚੰਗਾ ਕਾਨੂੰਨ ਹੈ। ਵਿਗਿਆਨ ਨੇ ਤਾਂ ਬਹੁਤ ਤਰੱਕੀ ਕਰ ਲਈ ਹੈ, ਪਰ ਹਜੇ ਵੀ ਸੜਕਾਂ ਦਾ ਸੁਧਾਰ ਨਹੀਂ ਹੋਇਆ ਹੈ। ਪਿੰਡਾਂ ਦੀਆਂ ਸੜਕਾਂ ਦਾ ਬਹੁਤ ਬੁਰਾ ਹਾਲ ਹੈ ।ਸ਼ਹਿਰੀ ਖੇਤਰ ਵਿੱਚ ਜਾਮ ਦੀ ਸਥਿਤੀ ਬਰਕਰਾਰ ਰਹਿੰਦੀ ਹੈ।



ਸੰਜੀਵ ਸਿੰਘ ਸੈਣੀ

ਬਿਨਾਂ ਡਰਾਈਵਿੰਗ ਲਾਇਸੈਂਸ ਤੋਂ ਬੱਚੇ ਵਹੀਕਲ ਚਲਾਉਂਦੇ ਆਮ ਫੜੇ ਜਾਂਦੇ ਹਨ, ਜੋ ਕਿ ਬਹੁਤ ਜਿਆਦਾ ਗਲਤ ਹੈ। ਮੋਬਾਇਲ ਸੁਣਦੇ-ਸੁਣਦੇ ਸਾਧਨ ਚਲਾ ਰਹੇ ਹਨ, ਜਿਨ੍ਹਾਂ ਬੱਚਿਆਂ ਨੂੰ ਹਜੇ ਤੱਕ ਟ੍ਰੈਫਿਕ ਦੇ ਨਿਯਮ ਹੀ ਨਹੀਂ ਪਤਾ, ਮਾਂ-ਬਾਪ ਅਜਿਹੀ ਗਲਤੀ ਕਿਉਂ ਕਰਦੇ ਹਨ। ਅਕਸਰ ਅਸੀਂ ਦੇਖਦੇ ਹਨ ਕਿ ਬੱਚਿਆਂ ਨੇ ਨੰਬਰ ਪਲੇਟਾਂ 'ਤੇ ਬੇਤੁਕੀਆਂ ਤੁੱਕਾਂ ਲਿਖਵਾਈਆਂ ਹੁੰਦੀਆਂ ਹਨ, ਜੋ ਕਿ ਅੱਜਕੱਲ੍ਹ ਇਹ ਰੁਝਾਨ ਲਗਾਤਾਰ ਵਧ ਰਿਹਾ ਹੈ। ਗੱਡੀਆਂ ਦੇ ਪਿਛਲੇ ਪਾਸੇ ਕੋਈ ਸਰਪੰਚ, ਕੋਈ ਜਾਤ ਜਾਂ ਕੁਝ ਹੋਰ ਲਿਖਵਾ ਰਿਹਾ ਹੈ, ਇਹ ਸਹੀ ਨਹੀਂ ਹੈ।ਅਜਿਹੀ ਗੱਡੀਆਂ ਜਿਨ੍ਹਾਂ ਦੀ ਸਪੀਡ ਗਤੀ ਬਹੁਤ ਜ਼ਿਆਦਾ ਹੈ, ਪਰ ਸੜਕਾਂ ਦਾ ਜਾਲ ਤਾਂ ਚਾਹੇ ਵਿਛ ਚੁੱਕਿਆ ਹੈ, ਪਰ ਚੰਗੀ ਤਰ੍ਹਾਂ ਉਹਨਾਂ ਵਿੱਚ ਸੁਧਾਰ ਨਹੀਂ ਹੋਇਆ ਹੈ ।

ਮਾਂ-ਬਾਪ ਨੇ ਆਪਣੇ ਬੱਚੇ ਸਿਰ ਚੜ੍ਹਾ ਲਏ ਹਨ, ਜਿਸ ਤਰ੍ਹਾਂ ਅੱਜਕੱਲ੍ਹ ਥਾਰ ਗੱਡੀ ਦਾ ਬਹੁਤ ਜ਼ਿਆਦਾ ਕਰੇਜ ਹੈ। ਮਾਂ ਬਾਪ ਵੀ ਅੱਜਕੱਲ੍ਹ ਬੱਚਿਆਂ ਤੋਂ ਡਰਦੇ ਹਨ , ਉਹਨਾਂ ਨੂੰ ਕੁਝ ਕਹਿੰਦੇ ਵੀ ਨਹੀਂ ਹਨ। ਨੌਜਵਾਨ ਥਾਰ ਖਰੀਦ ਰਹੇ ਹਨ । ਠੀਕ ਹੈ ਤੁਹਾਡੇ ਕੋਲ ਪੈਸਾ ਹੈ, ਤੁਸੀਂ ਉਸ ਦੀ ਦੁਰਵਰਤੋਂ ਨਾ ਕਰੋ । ਸੜਕਾਂ 'ਤੇ ਏਨੀ ਸਪੀਡ ਨਾਲ ਗੱਡੀ ਚਲਾਉਂਦੇ ਹਨ ਕਿ ਉਹ ਹਾਦਸੇ ਦਾ ਸ਼ਿਕਾਰ ਹੋ ਜਾਂਦੀ ਹੈ। ਨਬਾਲਿਗ ਨੂੰ ਤਾਂ ਬਿਲਕੁਲ ਵੀ ਗੱਡੀ ਚਲਾਉਣੀ ਨਹੀਂ ਚਾਹੀਦੀ। ਟਰੈਫਿਕ ਨਿਯਮ ਦੀ ਪੂਰੀ ਜਾਣਕਾਰੀ ਹੋਣੀ ਚਾਹੀਦੀ ਹੈ। ਜੇ ਗੱਲ ਕਰੀਏ ਬੁਲੇਟ ਮੋਟਰਸਾਈਕਲਾਂ ਦੀ ਖੁੱਲੇ ਸਾਇਲੈਂਸਰ ਕਰਕੇ ਪਟਾਕੇ ਮਾਰਦੇ ਕਾਲਜ, ਸਕੂਲ ਦੇ ਨੇੜੇ ਜਦੋਂ ਛੁੱਟੀ ਹੁੰਦੀ ਹੈ, ਆਮ ਸ਼ਰਾਰਤੀ ਮੁੰਡੇ ਦੇਖੇ ਜਾ ਸਕਦੇ ਹਨ। ਜਦੋਂ ਬੁਲੇਟ ਦੇ ਪਟਾਕੇ ਮਾਰਦੇ ਹਨ ਤਾਂ ਰਾਹ ਜਾਂਦੇ ਕਈ ਵਾਰ ਲੋਕ ਘਬਰਾ ਜਾਂਦੇ ਹਨ ਤੇ ਡਰਦੇ ਮਾਰੇ ਉਹ ਬੇਹੋਸ਼ ਵੀ ਹੋ ਜਾਂਦੇ ਹਨ । ਹਾਲਾਂਕਿ ਟਰੈਫਿਕ ਮੁਲਾਜ਼ਮ ਅਜਿਹੇ ਸ਼ਰਾਰਤੀ ਬੰਦਿਆਂ ਦੇ ਚਲਾਨ ਵੀ ਕੱਟਦੇ ਹਨ, ਪਰ ਫਿਰ ਵੀ ਇਹ ਰੁਝਾਨ ਘਟ ਨਹੀਂ ਰਿਹਾ। ਹੈਲਮਟ ਦੀ ਵਰਤੋਂ ਨੌਜਵਾਨੀ ਬਿਲਕੁਲ ਵੀ ਨਹੀਂ ਕਰਦੀ। ਹੈਲਮਟ ਬਾਂਹ ਵਿੱਚ ਪਾ ਕੇ ਬੁਲਟ ਤਾਂ ਚਲਾ ਲੈਂਦੇ ਹਨ, ਪਰ ਸਿਰ 'ਤੇ ਨਹੀਂ ਪਾਉਂਦੇ ਹਨ। ਜੇ ਗੱਲ ਕਰੀਏ ਨੰਬਰ ਪਲੇਟਾਂ ਦੀ, ਨੰਬਰ ਪਲੇਟ ਵਾਹਨ ਦੇ ਉੱਪਰ ਲੱਗੀ ਹੁੰਦੀ, ਹੈ ਜਿਸ ਵਿੱਚ ਵਾਹਨ ਦਾ ਨੰਬਰ ਹੁੰਦਾ ਹੈ ।ਜੇ ਚੋਰੀ ਹੋ ਜਾਵੇ ਤਾਂ ਅਸੀਂ ਆਪਣਾ ਵਹੀਕਲ ਨੰਬਰ ਦੱਸ ਕੇ ਸ਼ਿਕਾਇਤ ਕਰਦੇ ਹਾਂ ਕਿ ਸਾਡਾ ਵਾਹਨ ਚੋਰੀ ਹੋ ਚੁੱਕਿਆ ਹੈ, ਪਰ ਅੱਜ ਦੀ ਨੌਜਵਾਨੀ ਨੇ ਵਾਹਨਾਂ ਦੀ, ਨੰਬਰ ਪਲੇਟਾਂ 'ਤੇ ਬੇਤੁਕੀਆਂ ਲਾਈਨਾਂ ਲਿਖਵਾ ਰੱਖੀਆਂ ਹਨ, ਜਿਵੇਂ ਸਰਪੰਚ, ਲੰਬੜਦਾਰ, ਜੱਟ ਮਹਿਕਮਾ, ਪਟਵਾਰੀ , ਸੜ ਨਾ ਰੀਸ ਕਰ, ਹੀਰ ਰਾਂਝਾ, ਹੋਰ ਪਤਾ ਨਹੀਂ ਕੀ ਕੁਝ ਪ੍ਰਸ਼ਾਸਨ ਨੂੰ ਖਾਸ ਕਰਕੇ ਅਜਿਹੇ ਸ਼ਰਾਰਤੀ ਨੌਜਵਾਨਾਂ ਖ਼ਿਲਾਫ਼ ਸਖਤ ਤੋਂ ਸਖਤ ਕਾਰਵਾਈ ਕਰਨੀ ਚਾਹੀਦੀ ਹੈ।

ਜਿਹੜੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਦੇ ਹਨ ਨੰਬਰ ਪਲੇਟਾਂ ਦੀ ਥਾਂ ਅਜਿਹੇ ਸ਼ਬਦਾਂ ਦੀ ਵਰਤੋਂ ਕਰਦੇ ਹਨ, ਉਹਨਾਂ ਨੂੰ ਸਮਝਾਉਣਾ ਵੀ ਚਾਹੀਦਾ ਕਿ ਇਹ ਨੰਬਰ ਪਲੇਟ ਸਿਰਫ ਨੰਬਰ ਲਿਖਣ ਵਾਸਤੇ ਹੈ, ਨਾ ਕਿ ਇਥੇ ਕੋਈ ਅਜਿਹੀ ਤੁੱਕ ਜਾਂ ਹੋਰ ਕੁਝ ਲਿਖਿਆ ਜਾ ਸਕੇ। ਸਕੂਲ, ਕਾਲਜਾਂ ਵਿੱਚ ਟ੍ਰੈਫਿਕ ਪ੍ਰਸ਼ਾਸਨ ਵੱਲੋਂ ਸੈਮੀਨਾਰ ਕਰਵਾਉਣੇ ਚਾਹੀਦੇ ਹਨ, ਤਾਂ ਜੋ ਬੱਚਿਆਂ ਨੂੰ ਟਰੈਫਿਕ ਨਿਯਮਾਂ ਬਾਰੇ ਪਤਾ ਚੱਲ ਸਕੇ। ਟ੍ਰੈਫਿਕ ਨਿਯਮਾਂ ਦੀ ਬਿਲਕੁਲ ਵੀ ਉਲੰਘਣਾ ਨਾ ਕਰੋ, ਚਾਹੇ ਤੁਸੀਂ ਕਿਸੇ ਵੀ ਆਈ ਪੀ ਦੇ ਰਿਸ਼ਤੇਦਾਰ ਜਾਂ ਮੰਤਰੀ, ਵਿਧਾਇਕ ਦੇ ਕਰੀਬੀ ਹੀ ਕਿਉਂ ਨਾ ਹੋਵੋ ? ਪ੍ਰਸ਼ਾਸਨ ਨੂੰ ਅਜਿਹੇ ਬੰਦਿਆਂ ਖ਼ਿਲਾਫ਼ ਸਖਤ ਤੋਂ ਸਖਤ ਕਾਰਵਾਈ ਕਰਨੀ ਚਾਹੀਦੀ ਹੈ। ਇਸੇ ਵਿੱਚ ਹੀ ਸਾਡੀ ਭਲਾਈ ਹੈ।

# ਸੰਪਰਕ : 78889-66168

# ਅਵਾਰਾ ਪਸ਼ੂਆਂ ਤੋਂ ਸਮਾਜ ਨੂੰ ਕਦੋਂ ਮਿਲੇਗੀ ਨਿਜਾਤ

ਪੰਜਾਬ ਵਿੱਚ ਅਵਾਰਾ ਪਸ਼ੂਆਂ ਦੀ ਸਮੱਸਿਆ ਗੰਭੀਰ ਬਣਦੀ ਜਾ ਰਹੀ ਹੈ। ਇਹਨਾਂ ਅਵਾਰਾ ਪਸ਼ੂਆਂ ਕਾਰਨ ਪੰਜਾਬ ਵਿੱਚ ਮਨੁੱਖੀ ਜਾਨਾਂ ਜਾਣ ਦਾ ਰੁਝਾਨ ਦਿਨੋਂ-ਦਿਨ ਵਧ ਰਿਹਾ ਹੈ, ਜਿਸ ਕਾਰਨ ਪੂਰੇ ਸਮਾਜ ਵਿੱਚ ਡਰ ਦੀ ਭਾਵਨਾ ਪੈਦਾ ਹੋ ਗਈ ਹੈ। ਅੱਜਕੱਲ੍ਹ ਹਰ ਇੱਕ ਵਿਅਕਤੀ ਅਵਾਰਾ ਪਸ਼ੂਆ ਤੋਂ ਬਹੁਤ ਪ੍ਰੇਸ਼ਾਨ ਹੈ। ਅਵਾਰਾ ਪਸ਼ੂ ਅਕਸਰ ਹੀ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਉਂਦੇ ਹਨ ਤੇ ਇਹਨਾਂ ਅਵਾਰਾ ਢੱਠਿਆਂ ਦੇ ਪਿੰਡਾਂ ਅਤੇ ਕਸਬਿਆਂ ਦੀਆਂ ਗਲੀਆਂ ਵਿਚ ਹਰਲ-ਹਰਲ ਘੁੰਮਣ ਨਾਲ ਜਿੱਥੇ ਹਰ ਕੋਈ ਭੈਅ-ਭੀਤ ਜਿਹਾ ਰਹਿੰਦਾ ਹੈ, ਉੱਥੇ ਛੋਟੇ ਬੱਚੇ ਤੇ ਬਜ਼ੁਰਗ ਜ਼ਿਆਦਾ ਖੌਫਜ਼ਦਾ ਹੋ ਰਹੇ ਹਨ ਅਤੇ ਕਈ ਵਾਰ ਬੱਚਿਆਂ ਦਾ ਸ਼ਾਮ ਵੇਲੇ ਖੇਡਣਾ ਮੁਸ਼ਕਲ ਹੋਇਆ ਪਿਆ ਹੈ। ਦੂਸਰੇ ਪਾਸੇ ਨਿੱਤ ਆਉਂਦੀਆਂ ਦਿਲ-ਕੰਬਾਊ ਖਬਰਾਂ ਕਿ ਹਲਕਾਏ ਤੇ ਅਵਾਰਾ ਕੁੱਤਿਆਂ ਦੇ ਵੱਢਣ ਨਾਲ ਅਤੇ ਅਵਾਰਾ ਪਸ਼ੂਆਂ ਦੇ ਹਮਲਿਆਂ ਨਾਲ ਹੁੰਦੀਆਂ ਮੌਤਾਂ ਅਤੇ ਕਈਆਂ ਦੇ ਜ਼ਖਮੀ ਹੋਣ ਸਬੰਧੀ ਸੁਣ ਕੇ ਦਿਲ ਕੰਬ ਉਠਦਾ ਹੈ, ਪਰ ਇਹਨਾਂ ਦੁਰਘਟਨਾਵਾਂ ਦੇ ਬਾਵਜੂਦ ਇਸ ਸਮੱਸਿਆ ਤੋਂ ਨਿਜਾਤ ਦਿਵਾਉਣ ਲਈ ਕੋਈ ਵੀ ਠੋਸ ਹੱਲ ਨਹੀਂ ਕੱਢਿਆ ਜਾ ਰਿਹਾ।

ਅਵਾਰਾ ਪਸ਼ੂ ਕਿਸਾਨਾਂ ਦੇ ਖੇਤਾਂ ਵਿੱਚ ਚਲੇ ਜਾਂਦੇ ਹਨ, ਜਿੱਥੇ ਉਹ ਕਿਸਾਨਾ ਦੀ ਪੁੱਤਾਂ ਵਾਂਗੂ ਪਾਲੀ ਫ਼ਸਲ ਦਾ ਭਾਰੀ ਨੁਕਸਾਨ ਕਰਦੇ ਹਨ। ਕਿਸਾਨ ਆਪਣੀਆ ਫ਼ਸਲਾਂ ਬਚਾਉਣ ਲਈ ਦਿਨ ਤੇ ਰਾਤਾਂ ਨੂੰ ਆਪਣੀ ਫਸਲ ਦੀ ਰਾਖੀ ਕਰਦੇ ਹਨ, ਤਾਂ ਜੋ ਅਵਾਰਾ ਪਸ਼ੂਆਂ ਤੋਂ ਫਸਲ ਦੇ ਨੁਕਸਾਨ ਨੂੰ ਬਚਾਇਆ ਜਾ ਸਕੇ, ਪਰ ਇਸ ਮੁਸ਼ਕਿਲ ਦਾ ਕੋਈ ਠੋਸ ਹੱਲ ਨਹੀਂ ਨਿਕਲ ਰਿਹਾ ਤੇ ਅਵਾਰਾ ਪਸ਼ੂਆ ਦੀ ਗਿਣਤੀ ਦਿਨੋਂ-ਦਿਨ ਵਧ ਰਹੀ ਹੈ।

ਕੁਝ ਸਾਲ ਪਹਿਲਾਂ ਸਾਡਾ ਗੁਆਂਢੀ ਆਪਣੇ ਸਕੂਟਰ 'ਤੇ ਘਰ ਆ ਰਿਹਾ ਸੀ ਤਾਂ ਅਚਾਨਕ ਅਵਾਰਾ ਢੱਠੇ ਨੇ ਚੱਕ ਕੇ ਮਾਰਿਆ। ਏਨੀ ਭਿਆਨਕ ਸੱਟ ਲੱਗੀ ਕਿ ਉਸ ਨੌਜਵਾਨ ਦੀ ਮੌਤ ਹੋ ਗਈ । ਇਸੇ ਤਰਾਂ ਕੁਝ ਕੁ ਮਹੀਨੇ ਪਹਿਲਾਂ ਜੈਤੋ ਵਿਖੇ ਹੀ ਮੇਰੀਆਂ ਅੱਖਾਂ ਸਾਹਮਣੇ ਬਾਜ਼ਾਰ ਵਿੱਚ ਇੱਕ ਅਵਾਰਾ ਢੱਠੇ ਨੇ ਤੁਰੇ ਜਾਂਦੇ ਨੌਜਵਾਨ ਨੂੰ ਪਿਛੋਂ ਦੀ ਸਿੰਗਾਂ 'ਤੇ ਚੁੱਕ ਲਿਆ ਤੇ 50-60 ਗਜ਼ ਦੂਰ ਚਲਾ ਕੇ ਮਾਰਿਆ ਬਾਅਦ ਵਿੱਚ ਉਸ ਦੇ ਪੇਟ 'ਤੇ ਲੱਤ ਰੱਖਣ ਲੱਗਾ ਤਾਂ ਨੇੜਲੇ ਦੁਕਾਨਦਾਰਾਂ ਨੇ ਢੱਠੇ ਦੇ ਮੂੰਹ ਤੇ ਅੱਖਾਂ ਤੇ ਪਾਣੀ ਪਾ ਕੇ, ਸੋਟੀਆਂ ਆਦਿ ਮਾਰ ਕੇ ਉਸ ਨੌਜਵਾਨ ਦੀ ਜਾਨ ਬਚਾਈ, ਪਰ ਫਿਰ ਵੀ ਉਸ ਨੌਜਵਾਨ ਦੇ ਕਈ ਸੱਟਾਂ ਲੱਗ ਚੁੱਕੀਆਂ ਸਨ।



ਪ੍ਰਮੋਦ ਧੀਰ

ਇਸੇ ਤਰਾਂ ਕੁਝ ਕੁ ਦਿਨ ਪਹਿਲਾਂ ਮੈਂ ਆਪਣੇ ਪਿਤਾ ਜੀ ਨਾਲ ਐਕਟਿਵਾ 'ਤੇ ਆ ਰਿਹਾ ਸੀ ਤਾਂ ਸਾਹਮਣੇ ਦੋ ਢੱਠੇ ਲੜਦੇ ਹੋਏ ਸਾਡੇ ਅੱਗੇ ਆਉਣ ਲੱਗੇ। ਉਹਨਾਂ ਤੋਂ ਬਚਣ ਲਈ ਮੈਂ ਨਾਲ ਦੀ ਗਲੀ ਵਿੱਚ ਵੜਨ ਲੱਗਾ ਤਾਂ ਡਿੱਗ ਕੇ ਕਈ ਸੱਟਾਂ ਮਰਵਾ ਲਈਆਂ। ਕਾਰ ਚਲਾਉਂਦੇ ਸਮੇਂ ਖਾਸ ਕਰਕੇ ਹਨੇਰੇ ਵਿੱਚ ਹਾਈਵੇ 'ਤੇ ਅਵਾਰਾ ਪਸ਼ੂ ਅੱਗੇ ਆ ਜਾਣ ਕਾਰਨ ਰੋਜ਼ਾਨਾ ਕਈ ਦੁਰਘਟਨਾਵਾਂ ਹੁੰਦੀਆਂ ਹਨ। ਕੁਝ ਦਿਨ ਪਹਿਲਾਂ ਹਾਈਵੇ 'ਤੇ ਮੈਂ ਅਤੇ ਮੇਰੇ ਦੋਸਤ ਦੋ ਕਾਰਾਂ 'ਤੇ ਅੱਗੇ-ਪਿੱਛੇ ਕਿਤੇ ਜਾ ਰਹੇ ਤਾਂ ਅਚਾਨਕ ਇੱਕ ਕੁੱਤਾ ਉਸ ਦੀ ਕਾਰ ਅੱਗੇ ਆ ਗਿਆ। ਕਾਰ ਦਾ ਬੰਪਰ ਟੁੱਟ ਕੇ ਦੂਰ ਜਾ ਡਿੱਗਾ, ਪਰ ਬੜੀ ਮੁਸ਼ਕਲ ਨਾਲ ਜਾਨੀ ਨੁਕਸਾਨ ਤੋ ਬਚਾਅ ਰਿਹਾ।

ਹਰ ਰੋਜ਼ ਇਸ ਤਰ੍ਹਾਂ ਦੀਆਂ ਹੋਰ ਵੀ ਹਜ਼ਾਰਾਂ ਦੁਰਘਟਨਾਵਾਂ ਇਨ੍ਹਾਂ ਆਵਾਰਾ ਪਸ਼ੂਆਂ ਕਾਰਨ ਵਾਪਰ ਰਹੀਆਂ ਹਨ। ਅੱਜਕੱਲ੍ਹ ਲੋਕ ਘਰੋਂ ਨਿਕਲਣ ਤੋਂ ਵੀ ਡਰਦੇ ਹਨ ਕਿ ਪਤਾ ਨਹੀਂ ਕਦੋਂ ਕੋਈ ਆਵਾਰਾ ਪਸ਼ੂ ਸਾਡਾ ਨੁਕਸਾਨ ਨਾ ਕਰ ਦੇਵੇ। ਡਰਦੇ ਮਾਰੇ ਲੋਕ ਆਪਣੇ ਘਰਾਂ ਦੇ ਦਰਵਾਜ਼ੇ ਵੀ ਬੰਦ ਰੱਖਦੇ ਹਨ। ਅਵਾਰਾ ਪਸ਼ੂਆਂ ਦੇ ਡਰੋਂ ਲੋਕਾਂ ਨੇ ਗਲੀਆਂ ਵਿੱਚ ਬੈਠ ਕੇ ਦੁੱਖ-ਸੁੱਖ ਸਾਂਝੇ ਕਰਨੇ ਵੀ ਘਟਾ ਦਿੱਤੇ ਹਨ। ਸਾਡੇ ਸਮਾਜ ਦੇ ਲੋਕਾਂ ਵੱਲੋਂ ਇਸ ਸਮੱਸਿਆ ਦੇ ਸਥਾਈ ਹੱਲ ਲਈ ਕੀ ਕੀਤਾ ਜਾ ਰਿਹਾ ਹੈ।



ਅਸੀਂ ਕੀ ਕਰ ਰਹੇ ਹਾਂ ? – ਪੁਰਾਣੇ ਸਮਿਆਂ ਵਿੱਚ ਬਲਦਾਂ ਨਾਲ ਖੇਤੀ ਕੀਤੀ ਜਾਂਦੀ ਸੀ ਤੇ ਵੱਛੇ ਵਾਲੀ ਗਾਂ ਦਾ ਸਤਿਕਾਰ ਕੀਤਾ ਜਾਦਾ ਸੀ। ਮਸ਼ੀਨੀ ਯੁੱਗ ਆਉਣ ਨਾਲ ਗਾਂ ਦੀ ਮੂਲੋਂ ਕਦਰ ਘਟ ਗਈ, ਦੂਸਰਾ ਦੇਸੀ ਗਾਂ ਦਾ ਦੁੱਧ ਵਲੈਤੀ ਗਾਂ ਦੇ ਦੁੱਧ ਮੁਕਾਬਲੇ ਬਹੁਤ ਘੱਟ ਹੁੰਦਾ ਹੈ। ਇਹੀ ਕਾਰਨ ਹੈ ਕਿ ਲੋਕ ਫੰਡਰ ਗਾਂ ਨੂੰ ਸੋਟੀ ਮਾਰ ਕੇ ਘਰੋਂ ਕੱਢ ਦਿੰਦੇ ਹਨ। ਗਾਂ ਨਾਲ ਧਾਰਮਕ ਭਾਵਨਾਵਾਂ ਜੁੜੀਆ ਹੋਣ ਕਾਰਨ ਇਹ ਲੋਕਾਂ ਦੀ ਜਾਨ ਦਾ ਖਤਰਾ ਬਣਦੀਆਂ ਹਨ। ਇਹਨਾਂ ਗਊਆਂ ਦੀ ਸਾਂਭ-ਸੰਭਾਲ ਲਈ ਬਣਾਈਆ ਗਊਸ਼ਾਲਾਵਾਂ ਵਿੱਚ ਵੀ ਜ਼ਿਆਦਾਤਰ ਉਹੀ ਪਸ਼ੂ ਰੱਖੇ ਜਾਂਦੇ ਹਨ ਜੋ ਦੁੱਧ ਦਿੰਦੇ ਹਨ, ਅਵਾਰਾ ਪਸ਼ੂਆ ਨੂੰ ਦਰ-ਨਿਕਾਰ ਕਰ ਦਿੱਤਾ ਜਾਂਦਾ ਹੈ।

ਅਵਾਰਾ ਪਸ਼ੂਆਂ ਦੀ ਸਾਂਭ-ਸੰਭਾਲ ਲਈ ਸਾਡਾ ਸਿਸਟਮ ਪੂਰੀ ਤਰ੍ਹਾਂ ਫੇਲ੍ਹ ਹੀ ਨਜ਼ਰ ਆ ਰਿਹਾ ਹੈ। ਲੋੜ ਹੈ ਇਸ ਸਮੱਸਿਆ ਨੂੰ ਛੇਤੀ ਤੋਂ ਛੇਤੀ ਦੂਰ ਕਰਨ ਦੀ, ਤਾਂ ਜੋ ਹਰ ਰੋਜ਼ ਹੁੰਦੇ ਸੜਕ ਹਾਦਸੇ ਰੁਕ ਸਕਣ, ਮਨੁੱਖੀ ਕੀਮਤੀ ਜਾਨਾਂ ਬਚਾਈਆ ਜਾ ਸਕਣ ਤੇ ਕਿਸਾਨਾਂ ਦੀਆਂ ਫ਼ਸਲਾਂ ਦੇ ਹੋ ਰਹੇ ਨੁਕਸਾਨ ਨੂੰ ਰੋਕਿਆ ਜਾ ਸਕੇ। ਇਸ ਭਿਆਨਕ ਸਮੱਸਿਆ ਨੂੰ ਰੋਕਣਾ ਸਮੇਂ ਦੀ ਮੁੱਖ ਲੋੜ ਹੈ। ਇਹਨਾਂ ਅਵਾਰਾ ਪਸ਼ੂਆਂ ਦੀ ਬਣੀ ਸਮਾਜ ਲਈ ਚੁਣੌਤੀ ਸੰਬੰਧੀ ਸਰਕਾਰ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਅੱਗੇ ਆਉਣਾ ਪਵੇਗਾ ਤੇ ਇਸ ਦੇ ਹੱਲ ਲਈ ਬਦਲਵੇਂ ਤਰੀਕੇ ਲੱਭਣੇ ਪੈਣਗੇ ।

# ਸੰਪਰਕ : 98550-31081

## ਆਰਟੀਫ਼ੀਸ਼ੀਅਲ ਇੰਟੈਲੀਜੈਂਸ ਤੇ ਰੋਬੋਟਿਕਸ ਨਾਲ ਹੋਵੇਗੀ ਨਵੇਂ ਯੁੱਗ ਦੀ ਸ਼ੁਰੂਆਤ

ਡਾ. ਗੌਰਵ ਧੀਮਾਨ

21ਵੀਂ ਸਦੀ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਰੋਬੋਟਿਕਸ ਨੇ ਮਨੁੱਖੀ ਜੀਵਨ ਦੇ ਹਰੇਕ ਖੇਤਰ ਵਿੱਚ ਬੇਮਿਸਾਲ ਤਬਦੀਲੀਆਂ ਲਿਆ ਕੇ ਮਨੁੱਖੀ ਭੂਮਿਕਾਵਾਂ ਨੂੰ ਮੁੜ ਪਰਿਭਾਸ਼ਤ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਸ ਨਾਲ ਸਿਰਫ਼ ਉਦਯੋਗਿਕ ਢਾਂਚਾ ਹੀ ਨਹੀਂ, ਸਗੋਂ ਸਮਾਜਕ, ਆਰਥਿਕ, ਸਿੱਖਿਆਕ ਅਤੇ ਰੋਜ਼ਗਾਰੀ ਸੰਬੰਧੀ ਪੈਮਾਨਿਆਂ 'ਤੇ ਵੀ ਡੂੰਘਾ ਪ੍ਰਭਾਵ ਪਿਆ ਹੈ। ਆਰਟੀਫਿਸ਼ੀਅਲ ਇੰਟੈਲੀਜੰਸ ਵਾਲੇ ਅਲਗੋਰਿਦਮ ਹੁਣ ਏਨੇ ਜੋਸ਼ੀਲੇ, ਤੇਜ਼ ਅਤੇ ਕ੍ਰਿਆਸ਼ੀਲ ਹੋ ਗਏ ਹਨ ਕਿ ਉਹ ਮਨੁੱਖੀ ਨਿਰਣੈ ਲੈਣ ਦੀ ਸਮਰਥਾ ਦੀ ਨਾ ਸਿਰਫ਼ ਨਕਲ ਕਰ ਰਹੇ ਹਨ, ਸਗੋਂ ਕਈ ਮਾਮਲਿਆਂ ਵਿੱਚ ਉਸ ਤੋਂ ਵੀ ਅੱਗੇ ਨਿਕਲ ਗਏ ਹਨ, ਜਿਵੇਂ ਕਿ ਮੈਡੀਕਲ ਡਾਇਗਨੋਸਿਸ ਵਿੱਚ ਏ ਆਈ ਨੇ ਸਾਰਥਕ ਨਤੀਜੇ ਦਿੱਤੇ ਹਨ, ਜਿੱਥੇ ਇਹ ਮਸ਼ੀਨਾਂ ਰੋਗ ਪਛਾਨਣ ਵਿੱਚ ਡਾਕਟਰਾਂ ਨਾਲੋਂ ਤੇਜ਼ ਤੇ ਸ਼ੁੱਧ ਹੋ ਗਈਆਂ ਹਨ। ਉਨ੍ਹਾਂ ਨਾਲ ਮਿਲ ਕੇ ਰੋਬੋਟਿਕਸ ਨੇ ਉਤਪਾਦਨ, ਸਿਹਤ ਸੰਭਾਲ, ਕਿਸਾਨੀ, ਟਰਾਂਸਪੋਰਟ ਤੇ ਸੁਰੱਖਿਆ ਖੇਤਰ ਵਿੱਚ ਇਨਕਲਾਬ ਲਿਆ ਦਿੱਤਾ ਹੈ। ਜਿਵੇਂ ਕਿ ਸਵੈਚਲਿਤ ਗੱਡੀਆਂ, ਡਰੋਨ ਡਲੀਵਰੀ, ਰੋਬੋਟ ਨਰਸ ਜਾਂ ਇੰਡਸਟਰੀ 4.0 ਦੇ ਹਿੱਸੇ ਵਜੋਂ ਆਟੋਮੈਟਿਕ ਉਤਪਾਦਨ ਲਾਈਨਾਂ ਨੇ ਰੋਜ਼ਾਨਾ ਦੇ ਕੰਮਾਂ ਚ ਮਨੁੱਖੀ ਭੂਮਿਕਾ ਘਟਾ ਦਿੱਤੀ ਹੈ, ਇਹ ਸਾਰੀ ਤਬਦੀਲੀ ਇਹ ਦਰਸਾਉਂਦੀ ਹੈ ਕਿ ਆਉਣ ਵਾਲੇ ਸਮੇਂ ਵਿੱਚ ਕਈ ਰਵਾਇਤੀ ਨੌਕਰੀਆਂ ਜਾਂ ਤਾਂ ਖਤਮ ਹੋਣਗੀਆਂ ਜਾਂ ਉਹਨਾਂ ਦਾ ਰੂਪ ਬਦਲ ਜਾਵੇਗਾ। ਇਹ ਸਥਿਤੀ ਨਿਰੀ ਆਰਥਿਕ ਨਹੀਂ ਰਹੀ, ਇਹ ਮਾਨਸਿਕ ਤੇ ਸੰਸਕ੍ਰਿਤਿਕ ਪੱਧਰ 'ਤੇ ਵੀ ਲੋਕਾਂ ਲਈ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ, ਖ਼ਾਸ ਕਰਕੇ ਉਹ ਲੋਕ ਜੋ ਨੀਰਸ ਜਾਂ ਦੁਹਰਾਏ ਜਾਂਦੇ ਕੰਮ ਕਰ ਰਹੇ ਹਨ, ਜਿਨ੍ਹਾਂ ਦੀ ਟੈਕਨੋਲੋਜੀ ਨਾਲ ਵਾਕਫੀਅਤ ਘੱਟ ਹੈ।

ਇਸ ਤਬਦੀਲੀ ਨਾਲ ਬੇਰੁਜ਼ਗਾਰੀ, ਦਖਲ ਘਾਟ, ਮਾਨਸਿਕ ਦਬਾਅ ਅਤੇ ਆਤਮ-ਪਛਾਣ ਦਾ ਸੰਕਟ ਵਰਗੀਆਂ ਸਮੱਸਿਆਵਾਂ ਨੇ ਜਨਮ ਲੈ ਲਿਆ ਹੈ, ਪਰ ਇਹ ਤਕਨੀਕੀ ਤਬਦੀਲੀ ਸਿਰਫ਼ ਖ਼ਤਰੇ ਹੀ ਨਹੀਂ ਲਿਆਉਂਦੀ, ਇਹ ਮਨੁੱਖਤਾ ਲਈ ਨਵੀਆਂ ਸੰਭਾਵਨਾਵਾਂ, ਨਵੀਆਂ ਰੋਜ਼ਗਾਰ ਰੀਤੀਆਂ ਅਤੇ ਨਵੀਆਂ ਸਿੱਖਣ ਯਾਤਰਾਵਾਂ ਨੂੰ ਵੀ ਉਜਾਗਰ ਕਰਦੀ ਹੈ। ਹੱਲ ਵਜੋਂ ਸਭ ਤੋਂ ਪਹਿਲਾ ਕਦਮ ਇਹ ਹੋਣਾ ਚਾਹੀਦਾ ਹੈ ਕਿ ਸਿੱਖਿਆ ਪ੍ਰਣਾਲੀ ਨੂੰ ਜ਼ਮਾਨੇ ਦੇ ਨਾਲ ਅਪਡੇਟ ਕੀਤਾ ਜਾਵੇ ।

ਅਜਿਹੇ ਕੋਰਸ ਲਾਓ, ਜਿਨ੍ਹਾਂ ਵਿੱਚ ਕੋਡਿੰਗ, ਡੇਟਾ ਵਿਗਿਆਨ, ਆਰਟੀਫਿਸ਼ੀਅਲ ਇੰਟੈਲੀਜੈਂਸ ਦੀ ਸਮਝ, ਨੈਤਿਕ ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਡਿਜ਼ਾਈਨ ਸੋਚ ਸਿਖਾਈ ਜਾਵੇ। ਸਰਕਾਰਾਂ ਅਤੇ ਨਿੱਜੀ ਖੇਤਰਾਂ ਵੱਲੋਂ ਰੀ-ਸਕਿਲਿੰਗ ਅਤੇ ਅੱਪ-ਸਕਿਲਿੰਗ ਲੀਡਰਸ਼ਿਪ ਇਨੀਸ਼ੀਏਟਿਵ ਲਾਗੂ ਕੀਤੇ ਜਾਣ, ਜਿਵੇਂ ਕਿ ਉਮਰ, ਪੇਸ਼ਾ ਜਾਂ ਪਿਛੋਕੜ ਤੋਂ ਇਲਾਵਾ ਹਰ ਕਿਸੇ ਲਈ ਲਾਈਫ ਲੌਂਗ ਲਰਨਿੰਗ ਦਾ ਮੌਕਾ ਹੋਵੇ । ਆਰਥਕ ਸੁਰੱਖਿਆ ਜਾਲ ਬਣਾਇਆ ਜਾਵੇ, ਜਿਵੇਂ ਕਿ ਨਿਊਨਤਮ ਆਮਦਨ, ਜਿਹਨਾਂ ਨਾਲ ਮਨੁੱਖੀ ਗੁਜਾਰਾ ਬਣਿਆ ਰਹੇ, ਜਦ ਤੱਕ ਉਹ ਨਵੀਆਂ ਦਖਲਾਂ ਨਹੀਂ ਸਿੱਖ ਜਾਂਦੇ। ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਰੋਬੋਟਿਕਸ ਦੀ ਪਹੁੰਚ ਸਿਰਫ਼ ਸ਼ਹਿਰਾਂ ਜਾਂ ਆਮਦਨ ਵਾਲੇ ਵਰਗਾਂ ਤੱਕ ਸੀਮਤ ਨਾ ਰਹੇ, ਸਗੋਂ ਪਿੰਡਾਂ, ਪੱਛੜੇ ਇਲਾਕਿਆਂ ਅਤੇ ਹਰੇਕ ਵਿਅਕਤੀ ਤੱਕ ਇਨ੍ਹਾਂ ਤਕਨੀਕਾਂ ਦੀ ਪਹੁੰਚ ਹੋਵੇ ਤਾਂ ਜੋ ਤਕਨੀਕੀ ਵਿਵਸਥਾ 'ਚ ਸਮਾਨਤਾ ਆ ਸਕੇ । ਅੰਤ ਵਿੱਚ ਤਕਨੀਕੀ ਨੀਤੀਆਂ ਬਣਾਉਣ, ਟੀਚਾ ਨਿਰਧਾਰਣ ਅਤੇ ਟੈਕਨੋਲੋਜੀ ਦੀ ਨਿਗਰਾਨੀ ਵਿੱਚ ਆਮ ਜਨਤਾ ਦੀ ਭਾਗੀਦਾਰੀ ਹੋਣੀ ਲਾਜ਼ਮੀ ਹੈ, ਤਾਂ ਜੋ ਆਰਟੀਫਿਸ਼ੀਅਲ ਇੰਟੈਲੀਜੈਂਸ ਦੀ ਦਿਸ਼ਾ ਸਿਰਫ਼ ਮਾਲੀ ਲਾਭ ਨਹੀਂ, ਸਗੋਂ ਸਮਾਜਕ ਭਲਾਈ ਦੀ ਹੋਵੇ। ਇਹ ਤਕਨੀਕੀ ਇਨਕਲਾਬ ਜੇਕਰ ਢੰਗ ਨਾਲ ਸਮਝਿਆ ਅਤੇ ਵਰਤਿਆ ਜਾਵੇ, ਤਾਂ ਮਨੁੱਖੀ ਸਮਰਥਾ ਨੂੰ ਨਵੀਂ ਉਚਾਈ 'ਤੇ ਲਿਜਾ ਸਕਦਾ ਹੈ । ਜਿੱਥੇ ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਰੋਬੋਟਿਕਸ ਮਨੁੱਖੀ ਬੁੱਧੀ ਦਾ ਸਹਿਯੋਗੀ ਬਣਨ ਤੇ ਸਿਰਫ਼ ਕੰਮ ਨਹੀਂ ਖਤਮ ਕਰਨਗੇ, ਸਗੋਂ ਨਵੀਆਂ ਸੰਭਾਵਨਾਵਾਂ, ਨਵੇਂ ਖੇਤਰ ਤੇ ਨਵੇਂ ਦਰਸ਼ਨ ਦੀ ਸ਼ੁਰੂਆਤ ਕਰਨਗੇ ।

# ਕਤਲ ਮਾਮਲੇ 'ਚ ਲੋੜੀਂਦੀ ਕੁਲਵਿੰਦਰ ਕੌਰ ਨੂੰ ਗ੍ਰਿਫ਼ਤਾਰ ਨਾ ਕੀਤਾ ਤਾਂ ਵਿੱਢਾਂਗੇ ਤਿੱਖਾ ਸੰਘਰਸ਼ : ਐਕਸ਼ਨ ਕਮੇਟੀ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਸਿਮਰਜੀਤ ਕੌਰ ਨਾਬਾਲਗ ਲੜਕੀ ਸੀਂਗੋ ਦੇ ਕਤਲ ਕਾਂਡ ਦੇ ਮੁੱਖ ਦੋਸ਼ੀ ਕੁਲਵਿੰਦਰ ਕੌਰ ਉਰਫ ਕਿਮਨੇ ਵਾਸੀ ਸੀਂਗੋ ਅਜੇ ਵੀ ਪੁਲਿਸ ਹਿਰਾਸਤ ਤੋਂ ਬਾਹਰ ਚੱਲ ਰਹੀ ਹੈ ਤੇ ਭਗੌੜਾ ਹੈ। ਉਸ ਨੂੰ ਗ੍ਰਿਫਤਾਰ ਕਰਾਉਣ ਲਈ ਸਿਮਰਨਜੀਤ ਕੌਰ ਕਤਲ ਕਾਂਢ ਵਿਰੋਧੀ ਐਕਸ਼ਨ ਕਮੇਟੀ ਵੱਲੋਂ ਮਿਰਤਕ ਸਿਮਰਨਜੀਤ ਕੌਰ ਦੇ ਨਾਨਕਾ ਪਰਿਵਾਰ ਅਤੇ ਪੀੜਤ ਪਿਤਾ ਰਾਮ ਸਿੰਘ ਵੱਲੋਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਸੀਪੀਆਈ ਐਮ ਐਲ ਲਿਬਰੇਸ਼ਨ ਦੀ ਅਗਵਾਈ ਵਿੱਚ ਅਤੇ ਪਿੰਡ ਵਾਸੀ ਭਾਈਚਾਰੇ ਦੇ ਸਹਿਯੋਗ ਨਾਲ ਕਤਲ ਕੇਸ ਦੀ ਜਾਂਚ ਕਰ ਰਹੇ ਐਸ ਐਚ ਓ ਥਾਣਾ ਤਲਵੰਡੀ ਸਾਬੋ ਦੇ ਮੁੱਖ ਗੇਟ 'ਤੇ ਰੋਹ ਭਰਪੂਰ ਧਰਨਾ ਪ੍ਰਦਰਸ਼ਨ ਕੀਤਾ।

ਇਸ ਸਮੇਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਬਲਵਿੰਦਰ ਘਰਾਂਗਣਾ ਸੇਵਕ ਮਾਨ ਨੇ ਕਿਹਾ ਕਿ ਐਸ ਐਚ ਓ ਤਲਵੰਡੀ ਸਾਬੋ ਕੇਸ ਦੀ ਕਾਰਵਾਈ ਵਿਚ ਢਿੱਲ ਦੇ ਰਿਹਾ ਹੈ ਤੇ ਉਹ ਭਗੌੜਾ ਦੋਸ਼ੀ ਨੂੰ ਸਿਆਸੀ ਸ਼ਹਿ 'ਤੇ ਗ੍ਰਿਫ਼ਤਾਰ ਨਹੀਂ ਕਰ ਰਿਹਾ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਭਗੌੜਾ ਦੋਸ਼ੀ ਕੁਲਵਿੰਦਰ ਕੌਰ ਦੀ ਗ੍ਰਿਫਤਾਰੀ ਕਰਨ ਵੇਲੇ ਤੱਕ ਸੰਘਰਸ਼ ਜਾਰੀ ਰੱਖਾਂਗੇ।

ਸੀਪੀਆਈ ਐਮ ਐਲ ਲਿਬਰੇਸ਼ਨ ਦੇ ਬੀਰਬਲ ਸੀਂਗੋ, ਆਇਸਾ ਆਗੂ ਸੁਖਜੀਤ ਰਾਮਾਨੰਦੀ, ਅਮਨ ਮੰਡੇਰ ਤੇ ਮਜਦੂਰ ਆਗੂ ਬਾਬੂ ਰਾਮ ਨੇ ਪੰਜਾਬ ਸਰਕਾਰ ਪਾਸੋਂ ਪੀੜਤ ਪਰਵਾਰ ਲਈ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੀ ਮੰਗ ਵੀ ਕੀਤੀ। ਧਰਨੇ ਦੌਰਾਨ ਪੁਲਸ ਪ੍ਰਸ਼ਾਸਨ ਵੱਲੋਂ ਪੁਲਿਸ ਮੁਲਾਜ਼ਮ ਰਣਧੀਰ ਸਿੰਘ ਨੇ ਦੋਸ਼ੀ ਦੀ ਗ੍ਰਿਫਤਾਰੀ ਲਈ ਹੋਰ ਸਮੇਂ ਦੀ ਮੰਗ ਕੀਤੀ ਅਤੇ ਵਿਸ਼ਵਾਸ ਦਿਵਾਇਆ ਕਿ ਜਲਦੀ ਰਹਿੰਦੀ ਦੋਸ਼ੀ ਕੁਲਵਿੰਦਰ ਕੌਰ ਸੀਂਗੋ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ। ਉਨ੍ਹਾਂ ਪੀੜਤ ਪਰਵਾਰ ਨੂੰ ਪੁਲਸ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਦੀ ਬੇਨਤੀ ਕੀਤੀ। ਧਰਨੇ ਦੌਰਾਨ ਸੰਘਰਸ਼ ਕਮੇਟੀ ਨੇ ਐਲਾਨ ਕੀਤਾ ਕਿ ਜੇਕਰ ਭਗੌੜਾ ਦੋਸ਼ੀ ਨੂੰ ਗ੍ਰਿਫਤਾਰ ਨਾ ਕੀਤਾ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ ਤੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪ੍ਰੈਸ ਕਾਨਫਰੰਸ ਬੁਲਾਕੇ ਸੰਘਰਸ਼ ਦੀ ਯੋਜਨਾ ਉਲੀਕੀ ਜਾਵੇਗੀ। ਧਰਨੇ ਵਿੱਚ ਆਏ ਆਗੂਆਂ ਦਾ ਸੰਘਰਸ਼ ਕਮੇਟੀ ਵੱਲੋਂ ਪ੍ਰਧਾਨ ਜੀਤ ਸਿੰਘ ਨੇ ਧੰਨਵਾਦ ਕੀਤਾ ਦੱਸਣਯੋਗ ਹੈ ਕਿ ਰਾਮ ਸਿੰਘ ਵਾਸੀ ਕਾਲਝਰਾਣੀ ਦੀ ਮ੍ਰਿਤਕ ਲੜਕੀ ਸਿਮਰਜੀਤ ਕੌਰ (14) ਆਪਣੇ ਨਾਨਕਾ ਪਰਵਾਰ ਸੀਂਗੋ ਨਾਲ ਰਹਿੰਦੀ ਸੀ, ਜੋ ਮਿੱਠੂ ਸਿੰਘ ਵਾਸੀ ਸੀਂਗੋ ਦੀ ਦੋਹਤੀ ਸੀ, ਦੀ ਭੇਦਭਰੀ ਹਾਲਤ ਵਿੱਚ ਰਣਜੀਤਗੜ੍ਹ ਬਾਂਦਰਾਂ-ਨੇੜੇ ਘੱਗਰ ਨਦੀ ਵਿਚੋਂ ਲਾਸ਼ ਬਰਾਮਦ ਹੋਈ ਸੀ, ਜਿਸ ਦੀ ਕਿ ਥਾਣਾ ਤਲਵੰਡੀ ਸਾਬੋ ਵਿਖੇ ਐਫ ਆਈ ਆਰ ਨੰਬਰ 174 ਦਰਜ ਕਰਕੇ ਮਾਮਲਾ ਦਰਜ ਕਰ ਲਿਆ ਸੀ ਅਤੇ ਛੇ ਦੋਸ਼ੀਆਂ ਵਿੱਚੋਂ ਪੰਜ ਦੋਸ਼ੀ ਗ੍ਰਿਫ਼ਤਾਰ ਕਰ ਲਏ ਸਨ। ਇੱਕ ਦੋਸ਼ੀ ਕੁਲਵਿੰਦਰ ਕੌਰ ਵਾਸੀ ਸੀਂਗੋ ਅਜੇ ਵੀ ਭਗੌੜਾ ਚਲੀ ਆ ਰਹੀ ਹੈ।

# ਬਲਾਕ ਭੀਖੀ ਨੂੰ ਮਾਨਸਾ ਬਲਾਕ 'ਚ ਰਲੇਵੇਂ ਦਾ ਹੋਵੇਗਾ ਸਖ਼ਤ ਵਿਰੋਧ : ਸਮਾਓ



**ਮਾਨਸਾ (ਆਤਮਾ ਸਿੰਘ ਪਮਾਰ)**-ਮਜ਼ਦੂਰ ਮੁਕਤੀ ਮੋਰਚਾ ਅਜ਼ਾਦ ਵੱਲੋਂ ਇੱਕ ਹਲਕਾ ਇੱਕ ਬਲਾਕ ਯੋਜਨਾ ਤਹਿਤ ਭੀਖੀ ਬਲਾਕ ਦੇ ਮਾਨਸਾ ਬਲਾਕ 'ਚ ਰਲੇਵੇਂ ਖਿਲਾਫ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਮੁੱਖ ਮੰਤਰੀ ਮਾਨ ਨੂੰ ਇੱਕ ਮੰਗ ਪੱਤਰ ਭੇਜਿਆ ਗਿਆ।ਇਸ ਮੌਕੇ ਬਲਾਕ ਬਚਾਓ ਸਬੰਧੀ ਪੂਰਾ ਹਫ਼ਤਾ ਪਿੰਡਾਂ ਅੰਦਰ ਲਾਮਬੰਦੀ ਕੀਤੀ ਜਾਵੇਗੀ।ਇਸ ਉਪਰੰਤ 23 ਜੂਨ ਨੂੰ ਭੀਖੀ ਵਿਖੇ ਬਲਾਕ ਬਚਾਓ ਰੈਲੀ ਕਰਨ ਦਾ ਐਲਾਨ ਵੀ ਕੀਤਾ ਗਿਆ।ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓ ਨੇ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਕਾਰਾਜਕਾਲ ਦੌਰਾਨ ਇੱਕ ਵੀ ਗਿਣਨਯੋਗ ਗਰੀਬ ਪੱਖੀ ਕੰਮ ਨਹੀਂ ਕੀਤਾ।ਉਨ੍ਹਾਂ ਬਲਾਕ ਭੀਖੀ ਨੂੰ ਮਾਨਸਾ ਵਿੱਚ ਸ਼ਾਮਲ ਕਰਨ ਦੇ ਸਵਾਲ ਤੇ ਹਲਕਾ ਵਿਧਾਇਕ ਦੇ ਤਰਕ ਕਿ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਦੋ ਬਲਾਕਾਂ ਨੂੰ ਇੱਕ ਕਰ ਰਹੇ ਹਾਂ ਤੇ ਸਵਾਲ ਕੀਤਾ ਕਿ ਹਲਕੇ ਦੇ ਵਿਧਾਇਕ ਡਾ. ਵਿਜੈ ਸਿੰਗਲਾ ਦੱਸਣ ਬਲਾਕ ਦੇ 33 ਪਿੰਡਾਂ ਦੇ ਕਿਹੜੇ ਲੋਕਾਂ ਨੂੰ ਸੌਖਾ ਕਰਨ ਲਈ ਭੀਖੀ ਬਲਾਕ ਨੂੰ ਖਤਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਿੰਡ ਅੰਦਰ ਜਾਕੇ ਵਿਧਾਇਕ ਲੋਕਾਂ ਦੇ ਕੰਮ ਕਰਨਗੇ ਦੇ ਨਾਅਰੇ ਲਾਉਣ ਵਾਲੀ ਮਾਨ ਸਰਕਾਰ ਲੋਕਾਂ ਦੀ ਪਹੁੰਚ ਵਾਲੇ ਦਫ਼ਤਰਾਂ ਨੂੰ ਬਿਨਾਂ ਵਜ੍ਹਾ ਬੰਦ ਕਰਕੇ ਜਨਤਾ ਨੂੰ ਖੱਜਲ ਖੁਆਰ ਕਰਨ ਦੇ ਰਾਹ ਤੁਰ ਪਈ ਹੈ।ਉਨ੍ਹਾਂ ਬਲਾਕ ਦਫਤਰ ਨੂੰ ਬੰਦ ਕਰਨ ਨਾਲ ਜਿੱਥੇ ਆਮ ਜਨਤਾ ਨੂੰ ਔਕੜਾਂ ਦਾ ਸਾਹਮਣਾ ਕਰਨਾ ਪਵੇਗਾ, ਉਥੇ ਮਨਰੇਗਾ ਮਜ਼ਦੂਰਾਂ ਲਈ ਵੀ ਮੁਸੀਬਤਾਂ ਪੈਦਾ ਹੋਣਗੀਆਂ। ਇਸ ਤੋਂ ਇਲਾਵਾ ਬੀ.ਡੀ.ਪੀ.ਓ ਸਮੇਤ ਦਫ਼ਤਰੀ ਅਮਲੇ ਦੀਆਂ ਅਸਾਮੀਆਂ ਵੀ ਖ਼ਤਮ ਹੋਣਗੀਆਂ, ਜਿਸ ਨਾਲ ਪਿੰਡਾਂ ਦੇ ਵਿਕਾਸ ਕੰਮਾਂ ਵਿੱਚ ਵੀ ਵਿਘਨ ਪਵੇਗਾ।ਉਨ੍ਹਾਂ ਕਿਹਾ ਕਿ ਸਰਕਾਰ ਦੀ ਇੱਕ ਹਲਕਾ ਇੱਕ ਬਲਾਕ ਯੋਜਨਾ ਖ਼ਿਲਾਫ਼ ਮੁਲਾਜ਼ਮ ਜਥੇਬੰਦੀਆਂ ਨੂੰ ਵੀ ਬੋਲਣਾ ਚਾਹੀਦਾ ਹੈ।ਉਨ੍ਹਾਂ ਕਿਹਾ ਇੱਕ ਹਫ਼ਤਾ ਬਲਾਕ ਦੇ 33 ਪਿੰਡਾਂ 'ਚ ਸਰਕਾਰ ਦੀ ਇਸ ਲੋਕ ਵਿਰੋਧੀ ਯੋਜਨਾ ਖ਼ਿਲਾਫ਼ ਲਾਮਬੰਦੀ ਕਰਕੇ 23 ਜੂਨ ਨੂੰ ਭੀਖੀ ਬਲਾਕ ਦਫਤਰ ਵਿੱਚ ਬਲਾਕ ਬਚਾਓ ਰੈਲੀ ਕੀਤੀ ਜਾਵੇਗੀ।

# ਪੈਨਸ਼ਨਰਜ਼ ਐਸੋਸੀਏਸ਼ਨ ਨੇ ਸਨਮਾਨ ਸਮਾਰੋਹ ਕਰਾਇਆ



**ਸੰਗਰੂਰ (ਪ੍ਰਵੀਨ ਸਿੰਘ)**

ਸਥਾਨਕ ਤਹਿਸੀਲ ਕੰਪਲੈਕਸ ਵਿਖੇ ਸਥਿਤ ਜ਼ਿਲ੍ਹਾ ਪੈਨਸ਼ਨਰਜ਼ ਦਫਤਰ ਵਿਖੇ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਮਹੀਨਾਵਾਰ ਜਨਮ ਦਿਨ ਸਨਮਾਨ ਸਮਾਰੋਹ ਭੁਪਿੰਦਰ ਸਿੰਘ ਜੱਸੀ ਪ੍ਰਧਾਨ ਦੀ ਅਗਵਾਈ ਵਿੱਚ ਕੀਤਾ ਗਿਆ।ਅਵਿਨਾਸ਼ ਸ਼ਰਮਾ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਅਹਿਮਦਾਬਾਦ ਜਹਾਜ਼ ਹਾਦਸੇ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਹਾਦਸੇ ਵਿੱਚ ਮਾਰੇ ਗਏ ਯਾਤਰੀਆਂ ਨੂੰ ਖੜੇ ਹੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਉਪਰੰਤ ਬੁਲਾਰਿਆਂ ਦਰਸ਼ਨ ਸਿੰਘ ਨੌਰਥ ਜ਼ਿਲ੍ਹਾ ਸਕੱਤਰ, ਗੁਰਦੀਪ ਸਿੰਘ ਮੰਗਵਾਲ ਸੀਨੀਅਰ ਮੀਤ ਪ੍ਰਧਾਨ, ਰਵਿੰਦਰ ਸਿੰਘ ਗੁੱਡੂ ਸਰਪ੍ਰਸਤ, ਪਵਨ ਕੁਮਾਰ ਸਿੰਗਲਾ, ਸੁਰਿੰਦਰ ਪਾਲ ਸਿੰਘ ਸਿਦਕੀ ਪ੍ਰੈਸ ਸਕੱਤਰ, ਓ ਪੀ ਅਰੋੜਾ, ਲਾਭ ਸਿੰਘ ਖਜਾਨਚੀ, ਸਤਪਾਲ ਸਿੰਗਲਾ, ਗਿਆਨ ਚੰਦ ਸਿੰਗਲਾ ਨੇ ਜਨਮ ਦਿਨ ਵਾਲੇ ਮੈਂਬਰਾਂ ਨੂੰ ਵਧਾਈਆਂ ਤੇ ਉਨ੍ਹਾਂ ਦੀ ਸਿਹਤ ਤੰਦਰੁਸਤੀ ਅਤੇ ਪਰਵਾਰਕ ਸੁੱਖ ਸ਼ਾਂਤੀ ਦੀ ਕਾਮਨਾ ਕੀਤੀ।

ਬੁਲਾਰਿਆਂ ਵੱਲੋਂ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ਼ ਦੀਆਂ ਮੰਗਾਂ 2.59 ਫੈਕਟਰ ਲਾਗੂ ਕਰਨ, ਮੈਡੀਕਲ ਭੱਤੇ ਵਿੱਚ ਵਾਧਾ, ਡੀ.ਏ ਕਿਸ਼ਤਾਂ ਆਦਿ ਸਬੰਧੀ ਵਾਰ ਵਾਰ ਮੀਟਿੰਗਾਂ ਲਈ ਸੱਦਾ ਦੇ ਕੇ ਮੌਕੇ 'ਤੇ ਮੀਟਿੰਗ ਮੁਲਤਵੀ ਕਰ ਦੇਣ ਵਾਲੀ ਸਰਕਾਰ ਦੀ ਟਾਲ ਮਟੋਲ ਨੀਤੀ ਦੀ ਸਖਤ ਨਿਖੇਧੀ ਕੀਤੀ ਗਈ ਅਤੇ ਲੁਧਿਆਣਾ ਵਿੱਚ ਹੋਣ ਵਾਲੀ ਜ਼ਿਮਨੀ ਚੋਣ ਵਿੱਚ ਇਸ ਦੇ ਨਤੀਜੇ ਭੁਗਤਣ ਲਈ ਤਿਆਰ ਰਹਿਣ ਲਈ ਕਿਹਾ।ਭੁਪਿੰਦਰ ਸਿੰਘ ਜੱਸੀ ਪ੍ਰਧਾਨ ਨੇ ਪੈਨਸ਼ਨਰਜ਼ ਸਾਥੀਆਂ ਨੂੰ ਸਾਂਝੇ ਫਰੰਟ ਵੱਲੋਂ ਕੀਤੇ ਜਾਣ ਵਾਲੇ ਸੰਘਰਸ਼ ਅਤੇ ਪ੍ਰੋਗਰਾਮ ਬਾਰੇ ਦੱਸਿਆ ਤੇ ਉਸ ਵਿੱਚ ਸ਼ਾਮਲ ਹੋਣ ਲਈ ਤਾਕੀਦ ਕੀਤੀ।

'ਆਪ' ਨੇ ਪੈਨਸ਼ਨਰਜ਼ ਸਾਥੀਆਂ ਨੂੰ ਪਿੰਡ ਲਾਂਗਰੀਆ ਦੇ ਇੱਕ ਗਰੀਬ ਤੇ ਲੋੜਵੰਦ ਪਰਿਵਾਰ ਸਤਪਾਲ ਸਿੰਘ ਦੇ ਬੱਚੇ ਹਰਵਿੰਦਰ ਸਿੰਘ ਦੇ ਵੱਡੇ ਅਤੇ ਖਾਸ ਓਪਰੇਸ਼ਨ ਕਰਨ ਲਈ ਲੋੜੀਂਦੀ ਸਹਾਇਤਾ ਰਾਸ਼ੀ ਬਾਰੇ ਦੱਸਿਆ, ਜਿਸ 'ਤੇ ਮੌਕੇ 'ਤੇ ਹੀ ਮੈਂਬਰਾਂ ਵੱਲੋਂ 45000/- ਰੁਪਏ ਦੀ ਰਾਸ਼ੀ ਇਕੱਤਰ ਕਰਕੇ ਭੁਪਿੰਦਰ ਸਿੰਘ ਜੱਸੀ ਤੇ ਪ੍ਰਧਾਨਗੀ ਮੰਡਲ ਵੱਲੋਂ ਸਬੰਧਤ ਪਰਿਵਾਰ ਨੂੰ ਦਿੱਤੀ ਗਈ, ਜਿਸ ਵਿੱਚ ਓ ਪੀ ਅਰੋੜਾ ਰਾਹੀਂ ਅਨੀਕੇਤ ਸਿਹਤ ਭਲਾਈ ਸੰਸਥਾ ਵੱਲੋਂ 10000/- ਰੁਪਏ, ਪ੍ਰਿੰਸੀਪਲ ਮਲਕੀਤ ਸਿੰਘ ਖੱਟੜਾ ਵੱਲੋਂ 5000/- ਰੁਪਏ ਵੀ ਸ਼ਾਮਲ ਹਨ।

ਇਸ ਮੌਕੇ ਪਵਿੱਤਰ ਕੌਰ ਗਰੇਵਾਲ, ਮਹੇਸ਼ ਜੌਹਰ, ਮਾਸਟਰ ਫ਼ਕੀਰ ਚੰਦ, ਓ ਪੀ ਛਾਬੜਾ, ਮੀਤ ਸਕਰੌਦੀ ਵੱਲੋਂ ਪੇਸ਼ ਕੀਤੇ ਸੱਭਿਆਚਾਰਕ ਪ੍ਰੋਗਰਾਮ ਤੋਂ ਬਾਅਦ ਨੰਦ ਲਾਲ ਮਲਹੋਤਰਾ, ਹਰਪਾਲ ਸਿੰਘ ਸੰਗਰੂਰਵੀ, ਰਾਜ ਕੁਮਾਰ ਬਾਂਸਲ, ਰਾਜ ਸਿੰਘ ਦੀ ਦੇਖ ਰੇਖ ਹੇਠ ਜਨਮ ਦਿਨ ਵਾਲੇ ਸਾਥੀਆਂ ਕ੍ਰਿਸ਼ਨ ਜੋਸ਼ੀ, ਰਾਜ ਕੁਮਾਰ ਬਾਂਸਲ ਅਮਰੀਕ ਸਿੰਘ ਹੱਥਣ, ਜਨਕ ਰਾਜ ਜੋਸ਼ੀ, ਰਾਜਿੰਦਰ ਸਿੰਘ, ਪੀ ਸੀ ਬਾਘਾ, ਮਨਮੋਹਨ ਸਿੰਘ, ਅਸ਼ੋਕ ਚੌਹਾਨ, ਬਲਜਿੰਦਰ ਸਿੰਘ, ਪਵਨ ਕੁਮਾਰ, ਚਮਕੌਰ ਚੰਦ, ਆਸ਼ਾ ਰਾਣੀ, ਬੰਤ ਕੌਰ ਜਵੰਦਾ ਆਦਿ ਨੂੰ ਹਾਰ ਪਾ ਕੇ ਤੇ ਗਿਫਟ ਦੇ ਕੇ ਸਨਮਾਨਤ ਕੀਤਾ ਗਿਆ।

## ਕਾਤਰਾਂ

### ਬਲਾਕ ਕਾਂਗਰਸ ਮਲੌਦ ਦੀ ਮੀਟਿੰਗ ਢੀਂਗਰਾ ਪੋਲਟਰੀ ਫਾਰਮ 'ਚ ਹੋਵੇਗੀ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰ ਕਲਾਂ ਨੇ ਦੱਸਿਆ ਕਿ ਬਲਾਕ ਕਾਂਗਰਸ ਮਲੋਦ ਦੀ ਮਹੀਨਾਵਾਰ ਮੀਟਿੰਗ ਢੀਂਗਰਾ ਪੋਲਟਰੀ ਫਾਰਮ ਵਿਖੇ ਸਵੇਰੇ 10 ਵਜੇ ਹੋਵੇਗੀ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਕਾਂਗਰਸ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ ਪਾਇਲ ਸ਼ਿਰਕਤ ਕਰਨਗੇ। ਸਾਰੇ ਅਹੁਦੇਦਾਰਾਂ ਦਾ ਇਸ ਮੀਟਿੰਗ ਵਿੱਚ ਪਹੁੰਚਣਾ ਜ਼ਰੂਰੀ ਹੈ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਮੀਟਿੰਗ ਵਿੱਚ ਆਉਣ ਵਾਲੀਆਂ ਬਲਾਕ ਸੰਮਤੀ ਜ਼ਿਲ੍ਹਾ ਪ੍ਰੀਸ਼ਦ ਚੋਣਾ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਜਾਵੇਗੀ। ਕਾਂਗਰਸ ਪਾਰਟੀ ਨੂੰ ਬੂਥ ਪੱਧਰ 'ਤੇ ਮਜਬੂਤ ਕਰਨ ਲਈ ਵੀ ਚਰਚਾ ਕੀਤੀ ਜਾਵੇਗੀ।

### ਪਤਨੀ ਦੇ ਕਲੇਸ਼ ਤੋਂ ਤੰਗ ਆ ਕੇ ਨੌਜਵਾਨ ਨੇ ਪੀਤੀ ਜ਼ਹਿਰੀਲੀ ਦਵਾਈ, ਪਰਚਾ ਦਰਜ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਤਨੀ ਤੋਂ ਤੰਗ ਆ ਕੇ ਇੱਕ ਨੌਜਵਾਨ ਵੱਲੋਂ ਖੁਦਕੁਸ਼ੀ ਕਰ ਲਏ ਜਾਣ ਦੀ ਦੁਖਦਾਈ ਖ਼ਬਰ ਮਿਲੀ ਹੈ।ਥਾਣਾ ਮਹਿਲ ਕਲਾਂ ਦੇ ਮੁੱਖ ਅਫਸਰ ਕਿਰਨਜੀਤ ਕੌਰ, ਏ ਐਸ ਆਈ ਗੁਰਸਿਮਰਨਜੀਤ ਸਿੰਘ ਨੇ ਦੱਸਿਆ ਕਿ ਬਰਨਾਲਾ ਦੀ ਇਕ ਨਿੱਜੀ ਬੈਂਕ ਵਿਚ ਹੈੱਡ ਮੈਨੇਜਰ ਵਜੋਂ ਸੇਵਾਵਾਂ ਨਿਭਾਅ ਰਹੇ ਨੌਜਵਾਨ ਤਰੁਣ ਕੁਮਾਰ (37) ਪੁੱਤਰ ਜੋਗਿੰਦਰ ਕੁਮਾਰ ਵਾਸੀ ਮਹਿਲ ਕਲਾਂ ਨੇ ਬੀਤੀ ਰਾਤ ਕੋਈ ਜ਼ਹਿਰੀਲੀ ਦਵਾਈ ਪੀ ਲਈ ਸੀ, ਜਿਸ ਨੂੰ ਤੁਰੰਤ ਪਰਿਵਾਰਕ ਮੈਂਬਰਾਂ ਵੱਲੋਂ ਇਲਾਜ ਲਈ ਡੀ ਐਮ ਸੀ ਹਸਪਤਾਲ ਲੁਧਿਆਣਾ ਵਿਖੇ ਭਰਤੀ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਨੌਜਵਾਨ ਤਰੁਣ ਕੁਮਾਰ ਦੀ ਮੌਤ ਹੋ ਗਈ।ਮ੍ਰਿਤਕ ਦੇ ਭਰਾ ਅਨਿਲ ਕੁਮਾਰ ਮਹਿਲ ਕਲਾਂ ਦੇ ਬਿਆਨਾਂ ਦੇ ਅਧਾਰ 'ਤੇ ਮਹਿਲ ਕਲਾਂ ਪੁਲਿਸ ਨੇ ਮ੍ਰਿਤਕ ਨੌਜਵਾਨ ਤਰੁਣ ਕੁਮਾਰ ਦੀ ਪਤਨੀ ਕਾਜਲ ਰਾਣੀ ਤੇ ਉਸ ਦੇ ਦੋਸਤ ਪ੍ਰੀਤ ਮਹਿਲ ਕਲਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

### ਪਲੇਸਮੈਂਟ ਕੈਂਪ ਦੌਰਾਨ 19 ਪ੍ਰਾਰਥੀਆਂ ਨੂੰ ਮਿਲਿਆ ਰੁਜ਼ਗਾਰ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਪਲੇਸਮੈਂਟ ਅਫ਼ਸਰ ਦਲਜੀਤ ਸਿੰਘ ਬਰਾੜ ਨੇ ਦੱਸਿਆ ਕਿ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਾਉਣ ਦੇ ਮੰਤਵ ਨਾਲ ਦਫ਼ਤਰ ਵਿਖੇ ਪਲੇਸਮੈਂਟ ਕੈਂਪ ਲਾਇਆ ਗਿਆ।ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਦੌਰਾਨ ਗਰੋ ਇੰਡੀਗੋ ਪ੍ਰਾਈਵੇਟ ਲਿਮ:, ਕੋਨੈਕਟ ਬਰਾਡਬੈਂਡ ਤੇ ਈ.ਕਾਰਟ (ਫਲਿੱਪ ਕਾਰਟ) ਵੱਲੋਂ ਵੱਖ-ਵੱਖ ਅਸਾਮੀਆਂ ਲਈ ਇੰਟਰਵਿਊ ਲਈ ਗਈ।ਪਲੇਸਮੈਂਟ ਕੈਂਪ ਦੌਰਾਨ 36 ਪ੍ਰਾਰਥੀਆਂ ਵੱਲੋਂ ਭਾਗ ਲਿਆ ਗਿਆ ਤੇ ਇੰਟਰਵਿਊ ਉਪਰੰਤ 19 ਪ੍ਰਾਰਥੀਆਂ ਨੂੰ ਰੁਜ਼ਗਾਰ ਮਿਲਿਆ।

# ਸਰਕਾਰ ਈਰਾਨ ਪੜ੍ਹਨ ਗਏ ਕਸ਼ਮੀਰੀ ਤੇ ਸਿੱਖ ਵਿਦਿਆਰਥੀਆਂ ਨੂੰ ਵਾਪਸ ਲਿਆਵੇ : ਮਾਨ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਇਜ਼ਰਾਈਲ ਅਤੇ ਇਰਾਨ ਦੀ ਜ਼ਬਰਦਸਤ ਜੰਗ ਹੋ ਰਹੀ ਹੈ, ਜਿਸ ਨਾਲ ਇਰਾਨ ਵਿਚ ਪੜ੍ਹਨ ਗਏ ਕਸ਼ਮੀਰੀ ਤੇ ਸਿੱਖ ਵਿਦਿਆਰਥੀ ਜੋ ਵੱਡੀ ਗਿਣਤੀ ਵਿੱਚ ਹਨ, ਖਤਰੇ ਨੂੰ ਭਾਂਪਦਿਆ ਵਿਸ਼ੇਸ਼ ਜਹਾਜ਼ਾਂ ਰਾਹੀ ਸੁਰੱਖਿਅਤ ਵਾਪਸ ਲਿਆਉਣਾ ਚਾਹੀਦਾ ਹੈ।

ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇਜਰਾਇਲ-ਇਰਾਨ ਜੰਗ ਦੀ ਸ਼ੁਰੂਆਤ ਹੋਣ ਉਪਰੰਤ ਇੰਡੀਆ ਦੀ ਮੋਦੀ ਹਕੂਮਤ ਨੂੰ ਇਰਾਨ ਵਿਚ ਪੜ੍ਹਨ ਵਾਲੇ ਕਸ਼ਮੀਰੀ ਤੇ ਸਿੱਖ ਵਿਦਿਆਰਥੀਆਂ ਨੂੰ ਸੁਰੱਖਿਅਤ ਵਾਪਸ ਲਿਆਉਣ ਦੀ ਜ਼ੋਰਦਾਰ ਗੁਜ਼ਾਰਿਸ਼ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਕਿਸੇ ਸਮੇਂ ਵੀ ਇਜਰਾਇਲ ਦੁਆਰਾ ਇਰਾਨ ਉਤੇ ਹਮਲਾ ਕਰ ਸਕਦਾ ਹੈ ਤੇ ਸਥਿਤੀ ਹੋਰ ਵੀ ਗੰਭੀਰ ਹੋ ਸਕਦੀ ਹੈ।

ਉਨ੍ਹਾਂ ਇਸ ਗੱਲ 'ਤੇ ਹੈਰਾਨੀ ਜ਼ਾਹਰ ਕਰਦੇ ਹੋਏ ਇੰਡੀਆ ਦੇ ਵਜ਼ੀਰ ਏ ਆਜ਼ਮ ਮੋਦੀ ਵੱਲੋਂ ਸਾਈਪ੍ਰਸ ਜਾਣ ਦੇ ਅਮਲ ਨੂੰ ਹਾਸੋਹੀਣਾ ਕਰਾਰ ਦਿੰਦੇ ਹੋਏ ਕਿਹਾ ਕਿ ਇਹ ਪ੍ਰਤੱਖ ਹੈ ਕਿ ਤੁਰਕੀ ਅਤੇ ਸਾਈਪ੍ਰਸ ਦੀ ਆਪਸ ਵਿਚ ਨਹੀਂ ਬਣਦੀ, ਕਿਉਂਕਿ ਤੁਰਕੀ ਨੇ ਪਾਕਿਸਤਾਨ-ਇੰਡੀਆ ਜੰਗ ਸਮੇਂ ਪਾਕਿਸਤਾਨ ਮੁਲਕ ਨੂੰ ਸਹਿਯੋਗ ਦਿੱਤਾ ਸੀ। ਲੇਕਿਨ ਸ੍ਰੀ ਮੋਦੀ ਨੇ ਸਾਈਪ੍ਰਸ ਜਾ ਕੇ ਤੁਰਕੀ ਉਤੇ ਪ੍ਰਭਾਵ ਪਾਉਣ ਦੀ ਅਸਫਲ ਕੋਸ਼ਿਸ਼ ਕੀਤੀ ਹੈ, ਜਦੋਂਕਿ ਤੁਰਕੀ ਤਾਂ ਨਾਟੋ ਮੁਲਕ ਦਾ ਮੈਂਬਰ ਹੈ, ਜਿਸ ਨੂੰ ਅਜਿਹੀਆਂ ਗੱਲਾਂ ਦੀ ਕੀ ਪ੍ਰਵਾਹ ਹੋ ਸਕਦੀ ਹੈ, ਪਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਇਹ ਨੀਤੀ ਤੇ ਸੋਚ ਹੈ ਕਿ ਕਿਸੇ ਵੀ ਮੁਲਕ ਨਾਲ ਆਪਣੇ ਰਿਸਤੇ-ਸੰਬੰਧਾਂ ਨੂੰ ਬਿਲਕੁਲ ਖਰਾਬ ਨਹੀ ਕਰਨਾ ਚਾਹੀਦਾ ਅਤੇ ਬਿਨਾਂ ਵਜ੍ਹਾ ਕਿਸੇ ਮੁਲਕ ਨੂੰ ਦੁਸਮਣਾਂ ਦੀ ਲਾਇਨ ਵਿਚ ਨਹੀ ਖੜਾ ਕਰਨਾ ਚਾਹੀਦਾ।

# ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ 'ਚ ਪੰਜ ਦਿਨਾ ਫੈਕਲਟੀ ਡਿਵੈੱਲਪਮੈਂਟ ਪ੍ਰੋਗਰਾਮ




**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਵਿਖੇ 9 ਜੂਨ ਤੋਂ 13 ਜੂਨ ਤੱਕ ਅਕਾਦਮਿਕ ਮੁਖੀ ਅਸ਼ਵਨੀ ਕੁਮਾਰ, ਗੁਰਪੀਆਸ ਸਿੰਘ ਤੇ ਰਮਨਦੀਪ ਸਿੰਘ ਦੀ ਅਗਵਾਈ ਹੇਠ ਪੰਜ ਦਿਨਾਂ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ (ਐਫ.ਡੀ.ਪੀ.) ਸਫਲਤਾਪੂਰਵਕ ਆਯੋਜਤ ਕੀਤਾ ਗਿਆ।ਇਸ ਪ੍ਰੋਗਰਾਮ ਦਾ ਉਦੇਸ਼ ਅਧਿਆਪਨ ਸਟਾਫ ਦੇ ਪੇਸ਼ੇਵਰ ਹੁਨਰ ਅਤੇ ਗਿਆਨ ਨੂੰ ਵਧਾਉਣਾ ਸੀ।

ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਵਿੱਚ ਰਾਸ਼ਟਰੀ ਸਿੱਖਿਆ ਨੀਤੀ, ਉੱਦਮਤਾ, ਪੇਟੈਂਟ ਫਾਈਲਿੰਗ, ਆਧੁਨਿਕ ਅਧਿਆਪਨ ਸਿੱਖਿਆ ਸ਼ਾਸਤਰ, ਚੈਟਜੀਪੀਟੀ ਵਰਗੇ ਏਆਈ ਟੂਲ, ਸੀਪੀਆਰ ਸਿਖਲਾਈ, ਇਨਕਮ ਟੈਕਸ ਰਿਟਰਨ (ਆਈ.ਟੀ.ਆਰ.) ਭਰਨ, ਮਾਈਕ੍ਰੋਸਾਫਟ ਆਫਿਸ ਅਤੇ ਸਲਾਹ ਦੀ ਮਹੱਤਤਾ ਬਾਰੇ ਮਾਹਿਰ ਸੈਸ਼ਨ ਸ਼ਾਮਲ ਸਨ।ਵੱਖ-ਵੱਖ ਦਿਨਾਂ ਦੌਰਾਨ ਬੁਲਾਰਿਆਂ ਵਿੱਚ ਬੀ.ਐਫ.ਜੀ.ਆਈ. ਦੇ ਕੈਂਪਸ ਡਾਇਰੈਕਟਰ ਡਾ. ਐਮ.ਪੀ. ਪੂਨੀਆ, ਸਕੂਲ ਆਫ਼ ਇੰਟਰਪ੍ਰੀਨਿਓਰਸ਼ਿਪ ਦੇ ਮੁਖੀ ਡਾ. ਮਨੀਸ਼ ਗੁਪਤਾ, ਰੈੱਡ ਕਰਾਸ ਸੋਸਾਇਟੀ, ਬਠਿੰਡਾ ਦੇ ਫਸਟ ਏਡ ਮਾਸਟਰ ਟਰੇਨਰ ਸ਼੍ਰੀ ਨਰੇਸ਼ ਜੀ, ਬਾਬਾ ਫ਼ਰੀਦ ਕਾਲਜ ਆਫ਼ ਐਜੂਕੇਸ਼ਨ ਦੀ ਸਹਾਇਕ ਪ੍ਰੋਫੈਸਰ ਸ਼੍ਰੀਮਤੀ ਰਾਜਵੀਰ ਕੌਰ, ਬਠਿੰਡਾ ਦੇ ਬਲਾਕ ਰਿਸੋਰਸ ਕੋਆਰਡੀਨੇਟਰ ਸੁਖਜਿੰਦਰ ਸਿੰਘ, ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਸਹਾਇਕ ਪ੍ਰੋਫੈਸਰ ਸ਼੍ਰੀ ਦਿਵਾਂਕਰ ਤੋਂ ਇਲਾਵਾ ਸੰਸਥਾ ਦੇ ਮੈਂਟਰਿੰਗ ਐਂਡ ਇੰਮਪਾਵਰਮੈਂਟ ਸੈਂਟਰ ਦੀ ਡੀਨ ਸ਼੍ਰੀਮਤੀ ਨਵਨਿੰਦਰ ਕੌਰ ਢਿੱਲੋਂ ਤੇ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਦੇ ਪਵਨਦੀਪ ਸਿੰਘ ਨੇ ਸਰੋਤ ਵਿਅਕਤੀ ਵਜੋਂ ਮਾਹਿਰ ਭਾਸ਼ਣ ਦਿੱਤੇ।

ਅਖੀਰਲੇ ਦਿਨ ਇਸ ਪ੍ਰੋਗਰਾਮ ਦੇ ਸਮਾਪਤੀ ਸਮਾਰੋਹ ਦੌਰਾਨ ਡਾ. ਐਮ.ਪੀ. ਪੂਨੀਆ ਨੇ ਭਾਗ ਲੈ ਰਹੇ ਫੈਕਲਟੀ ਮੈਂਬਰਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ।ਸਮੂਹ ਭਾਗੀਦਾਰਾਂ ਨੇ ਇਸ ਫੈਕਲਟੀ ਵਿਕਾਸ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਉਪਰਾਲੇ ਨਾਲ ਉਨ੍ਹਾਂ ਦੇ ਅਧਿਆਪਨ ਹੁਨਰ ਤੇ ਗਿਆਨ ਵਿੱਚ ਭਰਪੂਰ ਵਾਧਾ ਹੋਇਆ ਹੈ, ਜਿਸ ਲਈ ਉਹ ਪ੍ਰਬੰਧਕਾਂ ਦੇ ਧੰਨਵਾਦੀ ਹਨ।

ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਤੇ ਸਕੂਲ ਦੇ ਪ੍ਰਿੰਸੀਪਲ ਡਾ. ਬਲਜਿੰਦਰ ਸਿੰਘ ਸਿੱਧੂ ਨੇ ਇਸ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ।

# ਸੜਕ ਹਾਦਸੇ 'ਚ ਔਰਤ ਦੀ ਮੌਤ, ਦੋ ਜ਼ਖ਼ਮੀ



**ਭੀਖੀ (ਧਰਮਵੀਰ ਸ਼ਰਮਾ)**

ਮਾਨਸਾ ਰੋਡ 'ਤੇ ਤੇਲ ਪੰਪ ਦੇ ਸਾਹਮਣੇ ਖੜ੍ਹੇ ਇੱਟਾਂ ਨਾਲ ਭਰੇ ਟ੍ਰੈਕਟਰ ਵਿੱਚ ਪਿਛਿਉਂ ਕਾਰ ਵੱਜਣ ਨਾਲ ਇੱਕ ਔਰਤ ਦੀ ਮੌਤ ਹੋ ਗਈ, ਜਦੋਂਕਿ ਚਾਲਕ ਸਮੇਤ 2 ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਮਾਨਸਾ ਦੇ ਸਿਵਲ ਹਸਪਤਾਲ ਵਿੱਚ ਲਿਜਾਇਆ ਗਿਆ, ਜਿਥੇ ਉਨ੍ਹਾਂ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਬਾਹਰੀ ਹਸਪਤਾਲ ਲਈ ਰੈਫਰ ਕੀਤਾ ਗਿਆ।

ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਦੁਪਹਿਰ ਰਿਲਾਇੰਸ ਪੰਪ ਦੇ ਸਾਹਮਣੇ ਇੱਕ ਟਾਇਲ ਇੱਟਾਂ ਨਾਲ ਭਰੇ ਸੜਕ ਕਿਨਾਰੇ ਖੜ੍ਹੇ ਟ੍ਰੈਕਟਰ-ਟਰਾਲੀ ਨਾਲ ਇੱਕ ਆਲਟੋ ਕਾਰ ਟਕਰਾ ਗਈ, ਜਿਸ ਵਿੱਚ ਅਮਰਜੀਤ ਕੌਰ ਵਾਸੀ ਘੁੱਦਾ ਦੀ ਮੌਤ ਹੋ ਗਈ, ਜਦੋਂਕਿ ਦਵਿੰਦਰ ਸਿੰਘ ਤੇ ਸੁਖਵੀਰ ਸਿੰਘ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਮਾਨਸਾ ਦੇ ਸਿਵਲ ਹਸਪਤਾਲ ਵਿਖੇ ਇਲਾਜ ਲਈ ਭੇਜਿਆ ਗਿਆ।

ਵਾਪਰੇ ਹਾਦਸੇ ਵਿੱਚ ਮ੍ਰਿਤਕ ਅਮਰਜੀਤ ਕੌਰ ਕਾਫੀ ਦੇਰ ਜ਼ਖ਼ਮੀ ਹਾਲਤ ਵਿੱਚ ਤੜਫਦੀ ਰਹੀ। ਮੌਕੇ 'ਤੇ ਹਾਜਰ ਲੋਕਾਂ ਨੇ ਦੱਸਿਆ ਕਿ ਸਰਕਾਰੀ ਐਂਬੂਲੈਂਸ ਨੂੰ ਵਾਰ-ਵਾਰ ਫੋਨ ਕੀਤਾ ਗਿਆ, ਪ੍ਰੰਤੂ ਐਂਬੂਲੈਂਸ ਦੇਰੀ ਨਾਲ ਪੁੱਜੀ। ਉਪਰੰਤ ਭੀਖੀ ਦੀ ਇੱਕ ਨਿੱਜੀ ਐਂਬੂਲੈਂਸ ਰਾਹੀਂ ਜ਼ਖ਼ਮੀਆਂ ਨੂੰ ਮਾਨਸਾ ਹਸਪਤਾਲ ਲਿਜਾਇਆ ਗਿਆ। ਜੇਕਰ ਸਰਕਾਰੀ ਐਂਬੂਲੈਂਸ ਮੌਕੇ 'ਤੇ ਪੁੱਜ ਜਾਂਦੀ ਤਾਂ ਸ਼ਾਇਦ ਮ੍ਰਿਤਕ ਅਮਰਜੀਤ ਕੌਰ ਨੂੰ ਬਚਾਇਆ ਵੀ ਜਾ ਸਕਦਾ ਸੀ।

# ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਬੱਚਿਆਂ ਦਾ ਆਨਲਾਈਨ ਪ੍ਰੋਗਰਾਮ ਆਯੋਜਿਤ

**ਸਮਰਾਲਾ (ਸੁਰਜੀਤ ਸਿੰਘ)**

ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਸ਼ੁਰੂ ਕੀਤੇ ਪ੍ਰੋਜੈਕਟ 'ਨਵੀਆਂ ਕਲਮਾਂ, ਨਵੀਂ ਉਡਾਣ' ਨਾਲ ਜੁੜੇ ਵੱਖ-ਵੱਖ ਜ਼ਿਲ੍ਹਿਆਂ ਤੋਂ ਬਾਲ ਸਹਿਤਕਾਰਾਂ ਦਾ ਆਨਲਾਈਨ ਕਵੀ ਦਰਬਾਰ ਕਰਾਇਆ ਗਿਆ।ਪ੍ਰੋਗਰਾਮ ਦੌਰਾਨ ਤਕਰੀਬਨ 29 ਬੱਚਿਆਂ ਨੇ ਆਪਣੀਆਂ ਰਚਨਾਵਾਂ ਸੁਣਾਈਆਂ।

ਮੰਚ ਸੰਚਾਲਨ ਦੀ ਭੂਮਿਕਾ ਬੱਚਿਆਂ ਵੱਲੋਂ ਤਨਮਪ੍ਰੀਤ ਕੌਰ ਗੁਰਦਾਸਪੁਰ ਤੇ ਸਮੀਖਸ਼ਾ ਮਾਲੇਰਕੋਟਲਾ ਵੱਲੋਂ ਬਾਖੂਬੀ ਨਿਭਾਈ ਗਈ।ਪ੍ਰੋਗਰਾਮ ਦੀ ਸ਼ੁਰੂਆਤ ਭੀਮ ਸਿੰਘ ਅਨਲਾਇਨ ਟ੍ਰੇਨਿੰਗ ਇੰਚਾਰਜ ਤੇ ਗੁਰਵਿੰਦਰ ਸਿੰਘ ਕਾਂਗੜ ਸੀਨੀਅਰ ਸਹਿ ਪ੍ਰੋਜੈਕਟ ਇੰਚਾਰਜ ਵੱਲੋਂ ਕੀਤੀ ਗਈ।ਪ੍ਰੋਗਰਾਮ ਦੇ ਸ਼ੁਰੂ ਵਿੱਚ ਸੁਖਮਨ ਕੌਰ ਫਰੀਦਕੋਟ ਵੱਲੋਂ ਗੀਤ ਨਾਨੀ ਪੇਸ਼ ਕੀਤਾ ਗਿਆ। ਅੱਗੇ ਲੜੀਵਾਰ ਦੇ ਮੋਹਾਲੀ ਵੱਲੋਂ ਅੰਗ ਦਾਨ ਕਵਿਤਾ, ਸਨੇਹਾ ਮੋਹਾਲੀ ਵੱਲੋਂ ਮੈਨੂੰ ਗੋਡੇ ਗੋਡੇ ਚਾਅ, ਮੁਸਕਾਨ ਮੁਹਾਲੀ ਅੰਗਦਾਨ ਕਵਿਤਾ, ਹਾਇਕਾ ਢਿੱਲੋ ਮਲੇਰਕੋਟਲਾ ਵੱਲੋਂ ਭੂਆ ਭਤੀਜੀ ਕਵਿਤਾ, ਰਾਜਵੀਰ ਕੌਰ ਗੁਰਦਾਸਪੁਰ ਵੱਲੋਂ ਪੜਾਈ ਕਵਿਤਾ, ਹਰਸਿਮਰਤ ਕੌਰ ਗੁਰਦਾਸਪੁਰ ਵੱਲੋਂ ਰੁੱਖ ਲਗਾਓ ਕਵਿਤਾ, ਹਰਪ੍ਰੀਤ ਕੌਰ ਗੁਰਦਾਸਪੁਰ ਵੱਲੋਂ ਵਿਦਿਆ ਕਵਿਤਾ, ਅਨੀਤਾ ਖੰਨਾ ਜਲੰਧਰ ਵੱਲੋਂ ਸਫਰ ਕਵਿਤਾ, ਗੁਰਨੂਰ ਸੰਗਰੂਰ ਵੱਲੋਂ ਮੇਰੇ ਪਾਪਾ ਕਵਿਤਾ, ਪਰਮਿੰਦਰ ਸਿੰਘ ਪਟਿਆਲਾ ਵੱਲੋਂ ਵਸਦਾ ਰਹੇ ਮੇਰਾ ਪੰਜਾਬ ਗੀਤ, ਸਵਾਨ ਸਹੋਤਾ ਮੋਹਾਲੀ ਵੱਲੋਂ ਹਉਮੈ ਕਵਿਤਾ, ਏਕਮਜੋਤ ਗੁਰਦਾਸਪੁਰ ਵੱਲੋਂ ਨਸ਼ਾ ਮੁਕਤ ਪੰਜਾਬ ਸਬੰਧੀ ਰਚਨਾ, ਮੁਸਕਾਨ ਬਰਨਾਲਾ ਵੱਲੋਂ ਕਿੱਧਰ ਗਿਆ ਪੰਜਾਬ ਕਵਿਤਾ, ਅਰਸ਼ਦੀਪ ਕੌਰ ਬਰਨਾਲਾ ਵੱਲੋਂ ਧੀਆਂ ਕਵਿਤਾ, ਨਵਜੋਤ ਕੌਰ ਬਰਨਾਲਾ ਵੱਲੋਂ ਸੁਖੀ ਬਾਠ ਜੀ ਤੇ ਲਿਖੀ ਕਵਿਤਾ, ਸੰਤੋਸ਼ ਗੁਰਦਾਸਪੁਰ ਵੱਲੋਂ ਲੇਖ ਸਮਾਂ, ਹਰਨੂਰ ਸਿੰਘ ਜਲੰਧਰ ਵੱਲੋਂ ਉਡਾਣ ਅਜੇ ਬਾਕੀ ਹੈ ਕਵਿਤਾ, ਸੁਖਮਨ ਕੌਰ ਫਰੀਦਕੋਟ ਵੱਲੋਂ ਪੰਜਾਬ ਦੇ ਵਿਗੜੇ ਹਾਲਾਤ ਸਬੰਧੀ ਕਵਿਤਾ, ਹਰਪ੍ਰੀਤ ਕੌਰ ਗੁਰਦਾਸਪੁਰ ਵੱਲੋਂ ਇਮਾਨਦਾਰੀ ਕਵਿਤਾ, ਮਾਨਿਆਤਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਨਸ਼ਾ ਇੱਕ ਲਾਹਨਤ ਕਵਿਤਾ, ਲਾਡੀ ਸੰਗਰੂਰ ਵੱਲੋਂ ਧਰਤੀ ਅਤੇ ਪਾਣੀ ਕਵਿਤਾ, ਅਨਹਦ ਸਿੰਘ ਲੁਧਿਆਣਾ ਵੱਲੋਂ ਜਨਮ ਦਿਨ ਕਵਿਤਾ, ਬਖਸ਼ੀਸ਼ ਕੌਰ ਸ੍ਰੀ ਮੁਕਤਸਰ ਸਾਹਿਬ ਅਸਲ ਪੰਜਾਬ ਕਵਿਤਾ, ਮੁਸਕਾਨ ਬਰਨਾਲਾ ਵੱਲੋਂ ਬਾਪੂ ਦੀ ਲਾਡਲੀ ਧੀ ਕਵਿਤਾ, ਸਮਿਕਸ਼ਾ ਵੱਲੋਂ ਜ਼ਿੰਦਗੀ ਦਾ ਸੱਚ ਕਵਿਤਾ, ਦੇਵ ਮੋਹਾਲੀ, ਧਰਮਪ੍ਰੀਤ ਕੌਰ ਗੁਰਦਾਸਪੁਰ ਵੱਲੋਂ ਖੂਨ ਦਾਨ ਕਵਿਤਾ ਅਤੇ ਮਨੀ ਕੌਰ ਮੋਹਾਲੀ, ਵੱਲੋਂ ਰਿਸ਼ਤਾ ਭੈਣ ਭਰਾ ਕਵਿਤਾ ਪੇਸ਼ ਕੀਤੀ ਗਈ। ਲੱਗਭੱਗ ਦੋ ਘੰਟੇ ਦੇ ਪ੍ਰੋਗਰਾਮ ਦੌਰਾਨ ਬੱਚਿਆਂ ਨੇ ਆਪਣੀਆਂ ਲਿਖੀਆਂ ਰਚਨਾਵਾਂ ਨਾਲ ਸਰੋਤਿਆਂ ਨੂੰ ਕੀਲ ਕੇ ਬਿਠਾ ਰੱਖਿਆ।

ਦੋ ਬੱਚੇ ਸੁਖਮਨ ਫਰੀਦਕੋਟ ਤੇ ਮਨਹਰ ਸਿੰਘ ਲੁਧਿਆਣਾ ਵੱਲੋਂ ਗਰੁੱਪ ਵਿੱਚ ਪਾਈਆਂ ਬੁਝਾਰਤਾਂ ਦੇ ਸਭ ਤੋਂ ਪਹਿਲਾਂ ਜਵਾਬ ਦਿੱਤੇ ਗਏ।ਕੁੱਲ ਮਿਲਾ ਕੇ ਪ੍ਰੋਗਰਾਮ ਬਹੁਤ ਸਫਲ ਰਿਹਾ।ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ ਵੱਲੋਂ ਸਾਰਿਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਗਿਆ।ਪ੍ਰੋਗਰਾਮ ਦੇ ਅਖੀਰ ਵਿੱਚ ਸ੍ਰੀ ਸੁੱਖੀ ਬਾਠ ਵੱਲੋਂ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਅਤੇ ਅੱਗੇ ਵੀ ਰਚਨਾਵਾਂ ਲਿਖਣ ਲਈ ਹੱਲਾਸ਼ੇਰੀ ਦਿੱਤੀ ਗਈ ਅਤੇ ਬੱਚਿਆਂ ਲਈ ਹਰ ਸੰਭਵ ਯਤਨ ਕਰਨ ਦਾ ਵਾਅਦਾ ਕੀਤਾ ਗਿਆ।

# ਜ਼ਿਲ੍ਹਾ ਬਣਿਆ ਜਾਲ੍ਹੀ ਲਾਟਰੀਆਂ ਦੀ ਹੱਬ

**ਬਠਿੰਡਾ (ਰਾਜੀਵ ਗੋਇਲ)**-ਮਾਨਸਾ ਜ਼ਿਲ੍ਹਾ ਜਾਅਲੀ ਲਾਟਰੀ ਦੇ ਧੰਦੇ ਦੀ ਮੁੱਖ ਹੱਬ ਬਣਿਆ ਹੋਇਆ ਹੈ। ਬਠਿੰਡਾ ਜ਼ਿਲ੍ਹੇ ਦੇ ਮਲੂਕਾ ਵਿਖੇ ਵੀ ਇਸ ਤਰ੍ਹਾਂ ਇਹ ਧੰਦਾ ਚਲਾਇਆ ਗਿਆ ਸੀ, ਜਿਸ ਤੋਂ ਬਾਅਦ ਵਾਰ-ਵਾਰ ਪ੍ਰਸ਼ਾਸਨ ਦੇ ਧਿਆਨ ਹਿੱਤ ਕਰਾਉਣ ਤੋਂ ਬਾਅਦ ਆਖੀਰ ਸੰਚਾਲਕ ਸਮੇਤ ਇੱਕ ਹੋਰ ਖਿਲਾਫ ਮੁਕੱਦਮਾ ਦਰਜ ਹੋ ਗਿਆ ਸੀ। ਉਸ ਤੋਂ ਬਾਅਦ ਸੰਗਰੂਰ ਜ਼ਿਲ੍ਹੇ ਨਾਲ ਸੰਬੰਧਤ ਪਿੰਡ ਵੀਰ ਕਲਾਂ ਵਿਖੇ ਵੀ ਇਹ ਧੰਦਾ ਚਲਾਇਆ ਗਿਆ, ਜਿਸ ਵਿੱਚ ਲੱਖਾਂ ਰੁਪਏ ਲੈ ਕੇ ਸੰਚਾਲਕ ਫਰਾਰ ਹੋ ਗਏ। ਉਸ ਤੋਂ ਬਾਅਦ ਮਾਨਸਾ ਦੇ ਪਿੰਡ ਨੰਗਲ ਕਲਾਂ, ਜਟਾਣਾ ਕਲਾਂ ਇਹ ਧੰਦਾ ਚਲਾਇਆ ਗਿਆ। ਜਟਾਣਾ ਕਲਾਂ ਵਿਖੇ ਚੱਲ ਰਹੇ ਇਸ ਧੰਦੇ ਨੂੰ ਲੈ ਕੇ ਬਕਾਇਦਾ ਸਰਦੂਲਗੜ੍ਹ ਪੁਲਿਸ ਵੱਲੋਂ ਮੁਕੱਦਮਾ ਨੰਬਰ 69 ਦਰਜ ਕੀਤਾ ਗਿਆ ਅਤੇ ਨੰਗਲ ਕਲਾਂ ਵਾਲਿਆਂ ਵੱਲੋਂ ਇਹ ਧੰਦਾ ਇੱਕ ਵਾਰ ਤਾਂ ਬੰਦ ਕਰ ਦਿੱਤਾ ਗਿਆ, ਪਰ ਹੁਣ ਦੁਬਾਰਾ ਮੁੜ ਤੋਂ ਨੰਗਲ ਕਲਾਂ ਅਤੇ ਹਸਨਪੁਰ ਪਿੰਡ ਚਰਚਾ ਵਿੱਚ ਹਨ, ਜਿੱਥੇ ਚੱਲ ਰਹੇ ਜਾਅਲੀ ਲਾਟਰੀ ਧੰਦਿਆਂ ਦੀਆਂ ਐਡ ਸੋਸ਼ਲ ਮੀਡੀਆ 'ਤੇ ਆਮ ਚੱਲ ਰਹੀਆਂ ਹਨ, ਜਿਸ ਨਾਲ ਭੋਲੇ ਭਾਲੇ ਲੋਕ ਇਨ੍ਹਾਂ ਦੇ ਜਾਲ ਵਿੱਚ ਫਸ ਰਹੇ ਹਨ।




ਲਾਟਰੀ ਸੰਬੰਧੀ ਐਡ ਦਾ ਸਕਰੀਨ ਸ਼ਾਟ।

# ਦਹਾਕਿਆਂ ਬਾਅਦ ਖੇਤਾਂ 'ਚ ਪਹੁੰਚਿਆ ਨਹਿਰੀ ਪਾਣੀ

## ਨਹਿਰੀ ਪਾਣੀ ਆਉਣ ਤੋਂ ਕਿਸਾਨ ਬਾਗੋਬਾਗ



**ਪਾਤੜਾਂ/ਪਟਿਆਲਾ (ਨਿਸ਼ਾਨ ਸਿੰਘ ਬਣਵਾਲਾ/ਰਜਿੰਦਰ ਸਿੰਘ ਥਿੰਦ)**

ਪੰਜਾਬ ਸਰਕਾਰ ਵੱਲੋਂ ਸੂਇਆਂ ਦੀ ਸਫਾਈ ਤੇ ਉਸਾਰੀ ਕਾਰਜਾਂ ਤੋਂ ਬਾਅਦ ਹੁਣ ਸੂਇਆਂ ਤੇ ਖਾਲਿਆਂ ਵਿੱਚ ਨਹਿਰੀ ਪਾਣੀ ਛੱਡ ਦਿੱਤਾ ਗਿਆ ਹੈ, ਜਿਸ ਨਾਲ ਲੰਮੇ ਸਮੇਂ ਤੋਂ ਸੋਕੇ ਦੀ ਮਾਰ ਝੱਲ ਰਹੇ ਕਿਸਾਨਾਂ ਨੂੰ ਵੱਡੀ ਰਾਹਤ ਮਿਲੀ ਹੈ।ਸੋਮਵਾਰ ਨੂੰ ਜਦੋਂ ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪਿੰਡ ਹਾਮਝੇੜੀ ਦੇ ਖੇਤਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਾਉਣ ਵਾਲੇ ਰਜਵਾਹਾ ਕਰਮਗੜ੍ਹ ਮਾਈਨਰ ਨੰ 2 ਵਿੱਚ ਕਈ ਸਾਲਾਂ ਬਾਅਦ ਨਹਿਰ ਦਾ ਪਾਣੀ ਖੇਤਾਂ ਵਿੱਚ ਪਹੁੰਚਿਆ ਤਾਂ ਕਿਸਾਨਾਂ ਨੇ ਮਠਿਆਈਆਂ ਵੰਡ ਕੇ ਜਸ਼ਨ ਮਨਾਇਆ ਤੇ ਸਰਕਾਰ ਦਾ ਧੰਨਵਾਦ ਕੀਤਾ।ਪਿੰਡ ਦੇ ਕਿਸਾਨ ਇੰਦਰਜੀਤ ਸਿੰਘ ਸਰਪੰਚ ਦਿਆਲ ਨਗਰ ਹਮਝੇੜੀ ਤੇ ਕਿਸਾਨ ਮੱਖਣ ਸਿੰਘ ਨੇ ਕਿਹਾ ਕਿ ਪਿਛਲੇ 40 ਸਾਲਾਂ ਤੋਂ ਪਿੰਡ ਦੀ ਨਹਿਰੀ ਖਾਲ ਵਿੱਚ ਪਾਣੀ ਨਹੀਂ ਸੀ।ਇਸ ਕਾਰਨ ਕਿਸਾਨਾਂ ਨੂੰ ਸਿੰਚਾਈ ਲਈ ਧਰਤੀ ਹੇਠਲੇ ਪਾਣੀ 'ਤੇ ਨਿਰਭਰ ਰਹਿਣਾ ਪੈਂਦਾ ਸੀ, ਜਿਸ ਨਾਲ ਨਾ ਸਿਰਫ਼ ਖਰਚੇ ਵਧਦੇ ਸਨ, ਸਗੋਂ ਧਰਤੀ ਹੇਠਲੇ ਪਾਣੀ ਦਾ ਪੱਧਰ ਵੀ ਲਗਾਤਾਰ ਹੇਠਾਂ ਜਾ ਰਿਹਾ ਸੀ।ਅਨੁਸੂਚਿਤ ਜਾਤੀ ਭਾਈਚਾਰੇ ਦੇ ਖੇਤਾਂ ਨੂੰ ਨਹਿਰੀ ਪਾਣੀ ਦੀ ਉਪਲਬਧਤਾ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ ਆਮ ਆਦਮੀ ਪਾਰਟੀ ਨੇ ਕਿਹਾ ਕਿ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਹੋਏ ਹਨ।ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਹਲਕੇ ਅੰਦਰ ਟੇਲਾਂ ਤੱਕ ਨਹਿਰੀ ਪਾਣੀ ਪੁਚਾਇਆ ਗਿਆ ਹੈ, ਜਿਸ ਕਾਰਨ ਕਿਸਾਨਾਂ ਨੂੰ ਵੱਡੀ ਰਾਹਤ ਮਿਲੀ ਹੈ, ਜਿਸ ਲਈ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਧਾਈ ਦੇ ਪਾਤਰ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ।

## ਕਮਿਊਨਿਟੀ ਸੈਂਟਰ ਨੂੰ ਲੈ ਕੇ ਇਕ ਵਾਰ ਫੇਰ ਤੋਂ ਸਿਆਸਤ ਗਰਮਾਈ

# ਲੋਕਾਂ 'ਚ ਤਰ੍ਹਾਂ-ਤਰ੍ਹਾਂ ਦੀਆਂ ਚਰਚਾਵਾਂ ਹੋਈਆਂ ਸ਼ੁਰੂ




**ਦੋਰਾਹਾ (ਹਰਮਿੰਦਰ ਸੇਠ)**

ਮੈਂ ਅਸ਼ੋਕ ਕੁਮਾਰ ਤੇ ਮੋਨਿਕਾ ਕੁਮਾਰੀ ਪੁੱਤਰ ਓਮ ਪ੍ਰਕਾਸ਼ ਪਿੰਡ ਅਤੇ ਡਾਕਖਾਨਾ ਰਾਇਪੁਰ ਫਰਾਲਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਮੇਰੀ ਪੁੱਤਰੀ ਸਰਬਜੀਤ ਕੌਰ ( ਸੋਨਮ ) ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਜਿਸ ਕਰਕੇ ਮੈਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਤਰਸੇਮ ਸਿੰਘ ਪੁੱਤਰ ਮੱਖਣ ਸਿੰਘ ਵਾਸੀ ਪਿੰਡ/ਡਾਕਖਾਨਾ ਸੈਦੋਵਾਲ ਖੁਰਦ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਬਲਵਿੰਦਰ ਸਿੰਘ, ਜੋ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

### PUBLIC NOTICE

I, Jyoti Singh C/o Amandeep Singh resident of 1080, Gali Kapooran Wali, Near Pipli Sahib Gurdwara, Putlighar, Amritsar declare That Jyoti Singh and Jyoti is one and same person.

17-JUNE-PAGE-7.qxd 6/16/2025 11:04 PM Page 1



## ਸ੍ਰੀ ਕੈਲਾਸ਼ਪਤੀ ਲੰਗਰ ਸੇਵਾ ਸੰਮਤੀ ਵੱਲੋਂ ਭੰਡਾਰਾ ਦੋ ਜੁਲਾਈ ਤੋਂ ਸ਼ੁਰੂ : ਲਵਲੀਨ ਕੋਚਰ



**ਜੈਤੋ (ਸਤੀਸ਼ ਕੁਮਾਰ ਭੀਤੀ)**-ਇਲਾਕੇ ਦੀ ਨਾਮਵਰ ਧਾਰਮਿਕ ਸੰਸਥਾ ਸ੍ਰੀ ਕੈਲਾਸ਼ਪਤੀ ਲੰਗਰ ਸੇਵਾ ਸੰਮਤੀ ਜੋ ਕਿ ਪਿਛਲੇ ਲਗਭਗ 20 ਸਾਲਾਂ ਤੋਂ ਉੱਤਰਾਖੰਡ ਮਨੇਰੀ ਵਿਖੇ ਕਾਵੜੀਆਂ ਵਾਸਤੇ ਭੰਡਾਰਾ ਲਗਾਉਂਦੇ ਹਨ। ਇਹਨਾਂ ਵੱਲੋਂ ਸ਼ੁਰੂ ਕੀਤਾ ਗਿਆ ਤੀਸਰਾ ਭੰਡਾਰਾ ਜੋ ਕਿ ਕੇਦਾਰਨਾਥ ਪਿੰਡ ਦੂਤੂ ਵਿਖੇ ਲਾਇਆ ਜਾਂਦਾ ਹੈ, ਇਹਨਾਂ ਵੱਲੋਂ ਸਿਵਰਾਂ ਵਿੱਚ ਕਾਵੜੀਆਂ ਵਾਸਤੇ ਰਹਿਣ ਵਾਸਤੇ ਨਹਾਉਣ ਧੋਣ ਲਈ ਸਮੇਤ ਖਾਣ ਪੀਣ ਦੀ ਮੈਡੀਕਲ ਦੀ ਵਿਵਸਥਾ ਵੀ ਕੀਤੀ ਜਾਂਦੀ ਹੈ। ਇਹ ਸਿਵਰ ਮਨੇਰੀ ਵਿਖੇ 15 ਦਿਨ ਤੱਕ ਚੱਲਦਾ ਹੈ। ਸ੍ਰੀ ਕੈਲਾਸ਼ਪਤੀ ਲੰਗਰ ਕਮੇਟੀ ਨੇ ਆਪਣਾ ਸਹਿਯੋਗੀ ਦਫਤਰ ਕਾਲੂ ਰਾਮ ਪੰਸਾਰੀ ਦੀ ਦੁਕਾਨ ਦੇ ਬਿਲਕੁਲ ਸਾਹਮਣੇ ਖੋਲ ਦਿੱਤਾ ਹੈ ਜੇਕਰ ਕਿਸੇ ਭਗਤ ਜਨ ਆਦਿ ਨੇ ਦਾਨ ਦੇਣਾ ਹੋਵੇ ਤਾਂ ਦਫਤਰ ਵਿੱਚ ਆ ਕੇ ਸਹਿਯੋਗ ਕਰ ਸਕਦਾ ਹੈ ਇਸ ਸਹਿਯੋਗੀ ਦਫਤਰ ਦੀ ਸ਼ੁਰੂਆਤ ਭਗਵਾਨ ਭੋਲੇ ਸ਼ੰਕਰ ਦਾ ਗੁਣ ਗਾਣ ਕਰਕੇ ਅਤੇ ਆਰਤੀ ਕਰਕੇ ਕੀਤੀ ਗਈ ਜਿਸ ਵਿੱਚ ਮੰਡੀ ਦੇ ਪਤਵੰਤੇ ਸੱਜਣਾਂ ਵੱਲੋਂ ਵੱਧ ਚੜ ਕੇ ਹਿੱਸਾ ਲਿਆ ਗਿਆ। ਇਸ ਮੌਕੇ ਸ੍ਰੀ ਕੈਲਾਸ਼ਪਤੀ ਲੰਗਰ ਸੇਵਾ ਸੰਮਤੀ ਦੇ ਪ੍ਰਧਾਨ ਲਵਲੀਨ ਕੋਚਰ, ਪਵਨ ਗੰਗਾ, ਵਿਜੇ ਗੰਗਾ ,ਨਿੱਕਾ ਕਟਾਰੀਆ, ਆਸ਼ੂ ਗੋਇਲ ,ਸੰਜੀਵ ਬਾਂਸਲ, ਬਿੱਟੂ ਸਦਿਓੜਾ ,ਬਚਨ ਸਿੰਘ ,ਕੌਰ ਸਿੰਘ, ਵਕੀਲ ਕੁਮਾਰ, ਰਜਿੰਦਰ ਸਿੰਘ , ਰਵਿੰਦਰ ਤਾਇਲ ,ਹਰਸ਼ ਤਾਇਲ ਆਦਿ ਨੇ ਆਪਣੇ ਹਾਜਰੀ ਲਵਾਈ।

## ਪਿੰਡ ਮਾਛੀਕੇ ਦੀ ਵਾਟਰ ਵਰਕਸ ਟੈਂਕੀ ਦੀ ਹਾਲਤ ਖਸਤਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਮਾਛੀਕੇ ਵਿਖੇ ਵਾਟਰ ਵਰਕਸ ਟੈਂਕੀ ਦੀ ਹਾਲਤ ਬਹੁਤ ਖਸਤਾ ਹੈ। ਇਸ ਟੈਂਕੀ ਦੇ ਨਜ਼ਦੀਕ ਬਸਤੀ ਤੋਂ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੇ ਪ੍ਰਾਇਮਰੀ ਸਕੂਲ ਤੋਂ ਇਲਾਵਾ ਇਸ ਟੈ?ਕੀ ਦੇ ਨਜ਼ਦੀਕ ਛੋਟੇ-ਛੋਟੇ ਬੱਚੇ ਖੇਡਦੇ ਰਹਿੰਦੇ ਹਨ। ਇਸ ਟੈਂਕੀ ਦੀ ਖਸਤਾ ਹਾਲਤ ਹਾਲਤ ਹੋਣ ਕਾਰਨ ਕਿਸੇ ਟਾਇਮ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਪਿੰਡ ਦੇ ਸਰਪੰਚ ਜਗਮੋਹਣ ਸਿੰਘ ਨੇ ਦੱਸਿਆ ਕਿ ਇਸ ਵਾਟਰ ਵਕਸ ਟੈਂਕੀ ਦੀ ਹਾਲਤ ਖਸਤਾ ਤੇ ਟੁੱਟੀ ਹੋਣ ਕਾਰਨ ਕਿਸੇ ਤਰ੍ਹਾਂ ਦੀ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਜਾਵੇ, ਇਸ ਸਬੰਧੀ ਉਨ੍ਹਾਂ ਵੱਲੋਂ ਜੇਈ ਅਤੇ ਐਸ ਡੀ ਉ ਦੇ ਧਿਆਨ ਵਿੱਚ ਲਿਆ ਦਿੱਤਾ ਹੈ। ਇਸ ਸਬੰਧੀ ਜੇਈ ਅਤੇ ਐਸ ਡੀ ਓ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਵੱਲੋਂ ਕਿਹਾ ਗਿਆ ਕਿ ਇਹ ਖਸਤਾ ਹੋਈ ਟੈਂਕੀ ਦਾ ਮਸਲਾ ਸਾਡੇ ਸੀਨੀਅਰ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਦਿੱਤਾ ਹੈ ਤੇ ਐਸ ਡੀ ਓ ਵੱਲੋਂ ਇਹ ਵੀ ਕਿਹਾ ਗਿਆ ਕਿ ਇਸ ਖਸਤਾ ਹਾਲਤ ਟੈਂਕੀ ਦਾ ਬਹੁਤ ਹੀ ਜਲਦੀ ਕੰਮ ਸ਼ੁਰੂ ਕਰਾਇਆ ਜਾਵੇਗਾ, ਇਸ ਤੋਂ ਇਲਾਵਾ ਸਰਪੰਚ ਜਗਮੋਹਣ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਤੋਂ ਮੰਗ ਕੀਤੀ ਹੈ ਕਿ ਇਸ ਖਸਤਾ ਹਾਲਤ ਟੈਂਕੀ ਦਾ ਕੰਮ ਛੇਤੀ ਸ਼ੁਰੂ ਕਰਾਇਆ ਤਾਂ ਜੁ ਅਣਸੁਖਾਵੀਂ ਘਟਨਾ ਵਾਪਰ ਨਾ ਜਾਵੇ।

## ਨਸ਼ਾ ਕਾਰੋਬਾਰ ਨਾਲ ਜੁੜੇ ਹੋਏ ਪਰਵਾਰਾਂ ਦੇ ਘਰਾਂ 'ਤੇ ਚੱਲਿਆ ਪੀਲਾ ਪੰਜਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਧੋਬੀਆਣਾ ਬਸਤੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਪੁਲਿਸ ਪ੍ਰਸ਼ਾਸਨ ਵੱਲੋਂ ਨਸ਼ਾ ਕਾਰੋਬਾਰ ਨਾਲ ਲਿਪਤ ਦੋ ਲੋਕਾਂ ਦੇ ਘਰਾਂ 'ਤੇ ਪੀਲਾ ਪੰਜਾ ਚਲਾਇਆ। ਨਸ਼ਾ ਕਾਰੋਬਾਰੀਆਂ ਖਿਲਾਫ ਪਹਿਲਾਂ ਵੀ ਕਈ ਮਾਮਲੇ ਦਰਜ ਹਨ। ਇਨ੍ਹਾਂ ਤਸਕਰਾਂ ਖਿਲਾਫ਼ ਚਿੱਟਾ ਨਸ਼ੇ ਵੇਚਣ ਦੇ ਮਾਮਲੇ ਹੀ ਨਹੀਂ, ਸਗੋਂ ਇਨ੍ਹਾਂ ਨੇ ਪੁੱਡਾ ਦੀ ਜਗ੍ਹਾ ਵਿੱਚ ਨਜਾਇਜ਼ ਉਸਾਰੀ ਕਰਕੇ ਘਰ ਬਣਾਏ ਹੋਏ ਹਨ। ਐਸਪੀ ਸਿਟੀ ਨਰਿੰਦਰ ਸਿੰਘ ਨੇ ਦੱਸਿਆ ਕਿ ਬਠਿੰਡਾ ਦੇ ਥਾਣਾ ਸਿਵਲ ਲਾਈਨ ਦੇ ਏਰੀਏ ਅਧੀਨ ਜੋਤੀ ਪਤਨੀ ਗੁਰਪ੍ਰੀਤ ਸਿੰਘ ਉਰਫ ਬਾਂਗੀ ਤੇ ਰਾਜੂ ਕੌਰ ਪਤਨੀ ਜਸਵੰਤ ਸਿੰਘ ਉਰਫ ਰਿੰਕਪਾਲ ਸਿੰਘ ਵਾਸੀਆਨ ਗਲੀ ਨੰਬਰ 01 ਨੇੜੇ ਠੇਕਾ ਧੋਬੀਆਣਾ ਬਸਤੀ ਬਠਿੰਡਾ ਵੱਲੋਂ ਗੈਰ ਕਾਨੂੰਨੀ ਢੰਗ ਨਾਲ ਇਮਾਰਤ ਬਣਾਈ ਗਈ ਸੀ।ਇਸ ਸਬੰਧੀ ਸਮਰੱਥ ਅਥਾਰਟੀ ਡਿਪਟੀ ਕਮਿਸ਼ਨਰ ਕਮ ਮੈਜਿਸਟਰੇਟ ਵੱਲੋਂ ਉਕਤ ਜੋਤੀ ਪਤਨੀ ਗੁਰਪ੍ਰੀਤ ਸਿੰਘ ਵੱਲੋਂ ਨਜਾਇਜ਼ ਤੌਰ 'ਤੇ ਬਣਾਇਆ ਗਿਆ ਮਕਾਨ 75 ਵਰਗ ਗ਼ਜ਼ ਤੇ ਰਾਜੂ ਕੌਰ ਪਤਨੀ ਜਸਵੰਤ ਸਿੰਘ ਦਾ ਮਕਾਨ 100 ਗ਼ਜ਼, ਜਿਸ ਨੂੰ ਢਾਉਣ ਮੌਕੇ ਪੁਲਸ ਸੁਰੱਖਿਆ ਪ੍ਰਬੰਧ ਕਰਨ ਲਈ ਹਦਾਇਤਾਂ ਪ੍ਰਾਪਤ ਹੋਈਆਂ ਸਨ, ਜਿਸ ਤੋਂ ਬਾਅਦ ਸਿਵਲ ਪ੍ਰਸ਼ਾਸ਼ਨ ਵੱਲੋਂ ਕਾਰਵਾਈ ਕਰਦਿਆਂ ਇਸ ਇਮਾਰਤ ਨੂੰ ਢਾਹ ਦਿੱਤਾ ਗਿਆ।ਇਹ ਇਮਾਰਤਾਂ ਜੋਤੀ ਪਤਨੀ ਗੁਰਪ੍ਰੀਤ ਸਿੰਘ ਉਰਫ ਬਾਂਗੀ ਤੇ ਰਾਜੂ ਕੌਰ ਪਤਨੀ ਜਸਵੰਤ ਸਿੰਘ ਉਰਫ ਰਿੰਕਪਾਲ ਸਿੰਘ ਵੱਲੋਂ ਉਸਾਰੀਆਂ ਗਈਆਂ ਸਨ।ਇਨ੍ਹਾਂ ਨੂੰ ਕਈ ਵਾਰ ਨੋਟਿਸ ਵੀ ਦਿੱਤੇ ਗਏ ਸਨ, ਪ੍ਰੰਤੂ ਕਬਜਾਕਾਰੀਆਂ ਵੱਲੋਂ ਇਸ ਜਗ੍ਹਾ ਨੂੰ ਖਾਲੀ ਨਾ ਕਰਨ ਕਰਕੇ ਇੱਥੇ ਬੁਲਡੋਜ਼ਰ ਕਾਰਵਾਈ ਕੀਤੀ ਗਈ ਹੈ।

## ਡਾਕਖਾਨੇ 'ਚ ਪਾਸਪੋਰਟ ਸੇਵਾ ਕੇਂਦਰ ਖੋਲ੍ਹਣ ਸੰਬੰਧੀ ਮੰਗ ਪੱਤਰ ਸੌਂਪਿਆ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਧੂਰੀ ਵਿਕਾਸ ਮੰਚ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਮ ਮੰਗ ਪੱਤਰ ਸੌਂਪਦਿਆਂ ਡਾਕਖਾਨੇ ਵਿੱਚ ਪਾਸਪੋਰਟ ਸੇਵਾ ਕੇਂਦਰ ਖੋਲ੍ਹੇ ਜਾਣ ਦੀ ਮੰਗ ਕੀਤੀ ਹੈ।ਧੂਰੀ ਵਿਕਾਸ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ, ਉੱਪ ਚੇਅਰਮੈਨ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ, ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਇਸ ਮੁਲਾਕਾਤ ਦੇ ਵੇਰਵੇ ਪ੍ਰੈੱਸ ਨੂੰ ਜਾਰੀ ਕਰਦਿਆਂ ਦੱਸਿਆ ਕਿ ਧੂਰੀ ਡਾਕਘਰ, ਰੇਲਵੇ ਸਟੇਸ਼ਨ ਦੇ ਨੇੜੇ ਸਥਿਤ ਹੋਣ ਕਾਰਨ ਜ਼ਿਲ੍ਹੇ ਭਰ ਅਤੇ ਲਾਗਲੇ ਜ਼ਿਲ੍ਹਿਆਂ ਦੇ ਲੋਕਾਂ ਲਈ ਅਸਾਨ ਸਥਾਨ ਹੈ ਤੇ ਇਸਦੇ ਆਲੇ ਦੁਆਲੇ ਕਾਫੀ ਪਾਰਕਿੰਗ ਦੀ ਸੁਵਿਧਾ ਵੀ ਹੈ।

ਉਨ੍ਹਾਂ ਦੱਸਿਆ ਕਿ ਪੂਰੇ ਜ਼ਿਲ੍ਹਾ ਸੰਗਰੂਰ ਵਿੱਚ ਕੋਈ ਪਾਸਪੋਰਟ ਸੇਵਾ ਕੇਂਦਰ ਨਹੀਂ ਹੈ ਤੇ ਪਾਸਪੋਰਟ ਸੇਵਾ ਕੇਂਦਰ ਦੀ ਅਣਹੋਂਦ ਵਿੱਚ, ਸਾਡੇ ਜ਼ਿਲ੍ਹੇ ਦੇ ਵਸਨੀਕਾਂ ਲਈ ਕਾਫ਼ੀ ਅਸੁਵਿਧਾ ਦਾ ਕਾਰਨ ਬਣਿਆ ਹੈ, ਜੋ ਪਾਸਪੋਰਟ ਨਾਲ ਸਬੰਧਤ ਸੇਵਾਵਾਂ ਲਈ ਦੂਜੇ ਸ਼ਹਿਰਾਂ ਵਿੱਚ ਜਾਣ ਲਈ ਮਜਬੂਰ ਹਨ।ਧੂਰੀ ਡਾਕਘਰ ਵਿਖੇ ਪਾਸਪੋਰਟ ਸੇਵਾ ਕੇਂਦਰ ਦੀ ਸ਼ੁਰੂਆਤ ਨਾ ਸਿਰਫ਼ ਲੋਕਾਂ 'ਤੇ ਬੋਝ ਨੂੰ ਘੱਟ ਕਰੇਗੀ, ਬਲਕਿ ਸੰਗਰੂਰ ਵਿੱਚ ਪਾਸਪੋਰਟ ਅਰਜ਼ੀ ਪ੍ਰਕਿਰਿਆ ਦੀ ਸਮੁੱਚੀ ਕੁਸ਼ਲਤਾ ਵਿੱਚ ਵੀ ਯੋਗਦਾਨ ਪਾਵੇਗੀ।ਇਸ ਮੌਕੇ ਇਲਾਕੇ ਦੀਆਂ ਹੋਰ ਮੁਸ਼ਕਲਾਂ ਤੇ ਮੰਗਾਂ ਤੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਮੁੱਖ ਮੰਤਰੀ ਕੈਂਪਸ ਦਫਤਰ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਨੇ ਜਥੇਬੰਦੀ ਦੀ ਮੰਗ ਨਾਲ ਸਹਿਮਤ ਹੁੰਦਿਆਂ ਜਲਦੀ ਹੀ ਜਥੇਬੰਦੀ ਦੀ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨਾਲ ਮੀਟਿੰਗ ਕਰਾਉਣ ਦਾ ਭਰੋਸਾ ਵੀ ਦਿੱਤਾ।

## ਫਾਦਰਜ਼ ਡੇਅ ਮੌਕੇ ਕਰਾਇਆ ਸੱਭਿਆਚਾਰਕ ਸਮਾਗਮ



**ਦੋਰਾਹਾ (ਹਰਮਿੰਦਰ ਸੇਠ)**-ਸੀਨੀਅਰ ਸਿਟੀਜ਼ਨ ਹੋਮ ਹੈਵਨਲੀ ਪੈਲੇਸ ਵੱਲੋਂ ਫਾਦਰਜ਼ ਡੇਅ ਮੌਕੇ ਸੱਭਿਆਚਾਰਕ ਸਮਾਗਮ ਕਰਾਇਆ ਗਿਆ।ਇਸ ਸਮਾਰੋਹ ਰਾਹੀਂ ਪਿਤਾ ਦੇ ਪਿਆਰ, ਮਜਬੂਤੀ ਤੇ ਉਨ੍ਹਾਂ ਦੇ ਅਮੁਲ ਸਨਮਾਨ ਨੂੰ ਮਨਾਇਆ ਗਿਆ।ਇਹ ਸਮਾਰੋਹ ਨਿਵਾਸੀਆਂ, ਮਾਨਯੋਗ ਮਹਿਮਾਨਾਂ ਤੇ ਸਟਾਫ ਦੇ ਸਾਂਝੇ ਸਹਿਯੋਗ ਨਾਲ ਮਨਾਇਆ ਗਿਆ, ਜੋ ਸੰਗੀਤ, ਨਾਚ, ਕਵਿਤਾ ਅਤੇ ਭਾਵਨਾਵਾਂ ਨਾਲ ਭਰਪੂਰ ਸੀ।ਸਮਾਗਮ ਦੀ ਸ਼ੋਭਾ ਵਧਾਈ ਸ਼੍ਰੀ ਚੰਦਰ ਸ਼ੇਖਰ ਜੌਲੀ, ਸ਼੍ਰੀ ਹਰਿੰਦਰਜੀਤ ਸਿੰਘ ਕਾਹਲੋਂ, ਸ਼੍ਰੀ ਤੇ ਸ਼੍ਰੀਮਤੀ ਅਮਰਿੰਦਰ ਐਸ. ਢੀਮਾਨ (ਮੈਨੇਜਿੰਗ ਟਰੱਸਟੀ) ਤੇ ਡੀ.ਬੀ.ਸੀ. ਟਰੱਸਟ ਦੇ ਸੀਨੀਅਰ ਸਲਾਹਕਾਰ ਪਦਮ ਭੂਸ਼ਣ ਡਾ. ਐਸ. ਐਸ. ਜੋਹਲ ਜੀ ਨੇ। ਉਨ੍ਹਾਂ ਦੀ ਹਾਜ਼ਰੀ ਨੇ ਸਮਾਰੋਹ ਨੂੰ ਵਿਸ਼ੇਸ਼ ਮਹੱਤਤਾ ਬਖਸ਼ੀ ਅਤੇ ਵੱਡੇ-ਛੋਟੇ ਦੀ ਇੱਜ਼ਤ ਤੇ ਸਾਂਝੇ ਭਾਵ ਨੂੰ ਦਰਸਾਇਆ।ਹੈਵਨਲੀ ਐਂਜਲਜ਼ ਦੇ ਬੱਚਿਆਂ ਵੱਲੋਂ ਮਹਿਮਾਨਾਂ ਦਾ ਸੁਆਗਤ ਕੀਤਾ ਗਿਆ।

ਉਨ੍ਹਾਂ ਦੀ ਮੁਸਕਾਨ ਅਤੇ ਮਾਸੂਮ ਭਾਵਨਾਵਾਂ ਨੇ ਹਾਲ ਵਿਚ ਖੁਸ਼ੀ ਦੀ ਲਹਿਰ ਦੌੜਾ ਦਿੱਤੀ।ਇਸ ਤੋਂ ਬਾਅਦ ਹੋਈ ਕੇਕ ਕਟਾਈ ਸਮਾਰੋਹ ਨੇ ਪਿਤਾ ਲੋਕਾਂ ਨੂੰ ਸਮਰਪਤ ਕਰਕੇ ਉਤਸਵ ਅਤੇ ਕਰਤੱਗਤਾ ਦੇ ਜਜ਼ਬੇ ਨਾਲ ਹਵਾ ਭਰ ਦਿੱਤੀ।ਸਮਾਗਮ ਵਿਚ 'ਐਂਜਲਜ਼' ਵੱਲੋਂ ਪੇਸ਼ ਕੀਤੀਆਂ ਗਈਆਂ ਭਾਵਪੂਰਕ ਗੀਤਾਂ, ਰਾਗੀਨ ਰਚਨਾਵਾਂ ਅਤੇ ਨਾਚਾਂ ਨੇ ਹਰੇਕ ਦਰਸ਼ਕ ਨੂੰ ਮੋਹ ਲਿਆ। ਸ਼੍ਰੀ ਸੀ. ਐਸ. ਜੌਲੀ ਤੇ ਸ਼੍ਰੀ ਐਚ. ਐਸ. ਕਾਹਲੋਂ ਵੱਲੋਂ ਸਮਾਪਤੀ ਭਾਸ਼ਣ ਰਾਹੀਂ ਸਾਰੇ ਮਹਿਮਾਨਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਇਸ ਸਮਾਰੋਹ ਨੂੰ ਯਾਦਗਾਰ ਬਣਾਇਆ। ਸਮਾਗਮ ਦੇ ਬਾਅਦ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਗਿਆ ਬ੍ਰਹਮ ਭੋਗ ਭੋਜਨ ਹਾਲ ਵਿਚ ਸੇਵਿਤ ਕੀਤਾ ਗਿਆ।

## ਸੁਤੰਤਰਤਾ ਸੰਗਰਾਮੀਆਂ ਦੇ ਪਰਵਾਰਕ ਮੈਂਬਰਾਂ ਨਾਲ ਮੀਟਿੰਗ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਭਾਸ਼ ਚੰਦਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਫ਼ਾਜ਼ਿਲਕਾ ਦੇ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨਾਲ ਮੀਟਿੰਗ ਹੋਈ।ਇਸ ਵਿੱਚ ਸੂਬਾ ਪ੍ਰਧਾਨ ਫਰੀਡਮ ਫਾਈਟਰ ਚੇਤੰਨ ਸਿੰਘ, ਜ਼ਿਲ੍ਹਾ ਪ੍ਰਧਾਨ ਫਰੀਡਮ ਫਾਈਟਰ ਬਲਵਿੰਦਰ ਸਿੰਘ, ਫਰੀਡਮ ਫਾਈਟਰ ਸ੍ਰੀਮਤੀ ਸਤਨਾਮ ਕੌਰ, ਜ਼ੋਨ ਇੰਚਾਰਜ ਰਾਮ ਸਿੰਘ ਮਿੱਡਾ, ਜਨ. ਸਕੱਤਰ ਸੁਰਿੰਦਰ ਕੁਮਾਰ, ਖਜ਼ਾਨਚੀ ਪਰਮਜੀਤ ਸਿੰਘ ਤੋਂ ਇਲਾਵਾ ਹੋਰ ਅਹੁਦੇਦਾਰ ਅਤੇ ਸੁਤੰਤਰਤਾ ਸੰਗਰਾਮੀਆਂ ਦੇ ਪਰਵਾਰਕ ਮੈਂਬਰ ਸ਼ਾਮਲ ਹੋਏ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੁਤੰਤਰਤਾ ਸੈਨਾਨੀਆਂ ਨੇ ਆਉਣ ਵਾਲੀਆਂ ਪੀੜ੍ਹੀਆਂ ਦੀ ਬਿਹਤਰੀ, ਦੇਸ਼ ਤੇ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਕੁਰਬਾਨੀਆਂ ਦਿੱਤੀਆਂ ਤੇ ਸਾਨੂੰ ਸਾਰਿਆਂ ਨੂੰ ਆਪਣੇ ਸੁਤੰਤਰਤਾ ਸੰਗਰਾਮੀਆਂ ਦੀਆਂ ਕੁਰਬਾਨੀਆਂ ਦੀ ਕਦਰ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿਹਾ ਜੇਕਰ ਸੁਤੰਤਰਤਾ ਸੰਗਰਾਮੀ ਜੇਕਰ ਕਿਸੇ ਵੀ ਵਿਭਾਗ ਵਿੱਚ ਆਪਣੇ ਕੰਮ ਲਈ ਆਉਂਦੇ ਹਨ ਤਾਂ ਉਨ੍ਹਾਂ ਦਾ ਕੰਮ ਕਾਨੂੰਨੀ ਤੌਰ ਤੇ ਪਹਿਲ ਦੇ ਆਧਾਰ ਤੇ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਨਾਲ ਹਮਦਰਦੀ ਭਰਿਆ ਵਤੀਰਾ ਰੱਖਿਆ ਜਾਵੇ ਕਿਉਂਕਿ ਦੇਸ਼ ਨੂੰ ਆਜ਼ਾਦ ਕਰਾਉਣ ਵਿੱਚ ਸੁਤੰਤਰਤਾ ਸੰਗਰਾਮੀਆਂ ਦੀ ਅਹਿਮ ਭੂਮਿਕਾ ਰਹੀ ਹੈ। ਉਨ੍ਹਾਂ ਵੱਲੋਂ ਦੇਸ਼ ਦੀ ਆਜ਼ਾਦੀ ਲਈ ਕੀਤੇ ਗਏ ਕੰਮ ਕਦੇ ਵੀ ਭੁਲਾਏ ਨਹੀਂ ਜਾ ਸਕਦੇ, ਜਿਸ ਸਦਕਾ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ।ਉਨ੍ਹਾਂ ਇਸ ਮੌਕੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੀ ਹਰ ਇੱਕ ਸਮੱਸਿਆ ਦਾ ਹੱਲ ਕਰਨ ਲਈ ਵਚਨਬੱਧ ਹੈ ਤੇ ਕਿਸੇ ਨੂੰ ਕੋਈ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।

# ਨਿਰਮਲ ਜੌੜਾ ਦੀ ਪੁਸਤਕ 'ਲੌਕਡਾਊਨ' ਲੋਕ ਅਰਪਣ



**ਲੁਧਿਆਣਾ (ਰੈਕਟਰ ਕਥੂਰੀਆ)**

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਨਿਰਦੇਸ਼ਕ ਵਿਦਿਆਰਥੀ ਭਲਾਈ ਤੇ ਉਘੇ ਰੰਗਕਰਮੀ ਨਿਰਮਲ ਜੌੜਾ ਦੀ ਪੁਸਤਕ ' ਲੌਕਡਾਊਨ' ਨੂੰ ਲੋਕ ਅਰਪਣ ਕਰਦਿਆਂ ਯੂਨੀਵਰਸਟੀ ਦੇ ਵਾਈਸ ਚਾਂਸਲਰ ਡਾ ਸਤਬੀਰ ਸਿੰਘ ਗੋਸਲ ਨੇ ਕਿਹਾ ਕਿ ਕਰੋਨਾ ਮਹਾਂਮਾਰੀ ਦੌਰਾਨ ਕਦੋਂ ਕੀ ਵਾਪਰਿਆ, ਕਿਵੇਂ ਵਾਪਰਿਆ ਅਤੇ ਉਸਦਾ ਕੀ ਅਸਰ ਹੋਇਆ, ਇਹ ਸਭ ਕੁਝ ਇਸ ਕਿਤਾਬ ਵਿੱਚ ਖੂਬਸੂਰਤੀ ਨਾਲ ਪਰੋਇਆ ਹੋਇਆ ਹੈ।

ਉਨ੍ਹਾਂ ਕਿਹਾ ਕਿ ਇਸ ਪੁਸਤਕ ਦਾ ਵਿਸ਼ਾ ਬਹੁਤ ਮੱਹਤਵਪੂਰਨ ਹੈ, ਕਿਉਂਕਿ ਸਮਾਜ ਵਿੱਚ ਲੌਕਡਾਊਨ ਦੇ ਪ੍ਰਭਾਵ ਬਹੁਤ ਡੂੰਗੇ ਪਏ ਹਨ। ਡਾ. ਗੋਸਲ ਨੇ ਕਿਹਾ ਕਿ ਇਹ ਕਿਤਾਬ ਆਉਣ ਵਾਲੇ ਸਮੇਂ ਲਈ ਕਰੋਨਾ ਅਤੇ ਲੌਕਡਊਨ ਦੇ ਇਤਿਹਾਸ ਨੂੰ ਸੰਭਾਲਦੀ ਹੋਈ ਜਾਣਕਾਰੀ ਭਰਪੂਰ ਦਸਤਾਵੇਜ਼ ਬਣੇਗੀ। ਉਨ੍ਹਾਂ ਕਿਹਾ ਕਿ ਕੁਦਰਤ ਦੀ ਮਹਿਮਾ ਬਾਰੇ ਵੀ ਇਹ ਕਿਤਾਬ ਮਹੱਤਵਪੂਰਨ ਹੈ, ਕਿਉਂਕਿ ਇਹ ਸਾਰਾ ਕੁਝ ਕੁਦਰਤ ਨਾਲ ਛੇੜਛਾੜ ਦਾ ਹੀ ਨਤੀਜਾ ਹੈ। ਯੂਨੀਵਰਸਿਟੀ ਦੇ ਰਜਿਸਟਰਾਰ ਡਾ ਰਿਸ਼ੀ ਪਾਲ ਸਿੰਘ ਨੇ ਕਿਹਾ ਕਿ ਕਿਤਾਬ ਵਿੱਚ ਜੋ ਸ਼ਬਦਾਬਲੀ ਵਰਤੀ ਗਈ ਹੈ, ਉਹ ਸੌਖੀ ਵੀ ਹੈ ਦਿਲਚਸਪ ਵੀ ਹੈ। ਉਘੇ ਲੇਖਕ, ਚਿੰਤਕ ਅਤੇ ਸਾਬਕਾ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਤੂਰ ਨੇ ਕਿਹਾ ਕਿ ਮੈਂ ਸਮਝਦਾਂ ਕਿ ਉਹੀ ਲਿਖਤ ਪਾਠਕ ਵੱਧ ਪੜ੍ਹਦੇ ਹਨ, ਜਿਹੜੀ ਦਿਲਚਸਪ ਹੋਵੇ ਅਤੇ ਜਿਸ ਵਿੱਚ ਸੌਖੇ ਸ਼ਬਦਾਂ ਦੀ ਵਰਤੋਂ ਕੀਤੀ ਗਈ ਹੋਵੇ।

ਡਾ ਨਿਰਮਲ ਜੌੜਾ ਨੇ ਕਿਹਾ ਕਿ ਬੇਸ਼ੱਕ ਲੌਕਡਾਊਨ ਅੰਗਰੇਜ਼ੀ ਦਾ ਸ਼ਬਦ ਹੈ, ਜਿਸ ਨੂੰ ਤਾਲਾਬੰਦੀ ਵੀ ਲਿਖਿਆ ਜਾ ਸਕਦਾ ਸੀ, ਪਰ ਲੌਕਡਾਊਨ ਸ਼ਬਦ ਦੀ ਜ਼ਿਆਦਾ ਦਹਿਸ਼ਤ ਰਹੀ ਹੈ ਅਤੇ ਪ੍ਰਚੱਲਤ ਵੀ ਰਿਹਾ ਹੈ। ਸਵਾਗਤੀ ਸ਼ਬਦਾਂ ਦੌਰਾਨ ਪੁਸਤਕ ਦੀ ਜਾਣ-ਪਛਾਣ ਕ ਰ ਵਾ ਉ ਂ ਦਿ ਆ ਂ ਯੂਨੀਵਰਸਟੀ ਦੇ ਐਸੋਸੀਏਟ ਡਾਇਰੈਕਟਰ ਕਲਚਰ ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਪੁਸਤਕ ਵਿਚਲੇ ਲੇਖ ਲੌਕਡਾਊਨ ਦੇ ਸਮੇਂ ਦੌਰਾਨ ਵੱਖ ਵੱਖ ਅਖਬਾਰਾਂ ਅਤੇ ਰਸਾਲਿਆਂ ਵਿੱਚ ਛਪ ਚੁੱਕੇ ਹਨ, ਜਿਨ੍ਹਾਂ ਨੂੰ ਪਾਠਕ ਵਰਗ ਦਾ ਚੰਗਾ ਹੁੰਗਾਰਾ ਮਿਲਿਆ। ਤੇਜ ਪ੍ਰਤਾਪ ਸਿਘ ਸੰਧੂ ਨੇ ਕਿਹਾ ਕਿ ਪੁਸਤਕ ਰਾਹੀਂ ਲੇਖਕ ਨੇ ਸੁਨੇਹਾ ਦਿੱਤਾ ਹੈ ਕਿ ਕੁਦਰਤ ਤੋਂ ਦੂਰ ਜਾ ਕੇ ਅਸੀਂ ਸੁੱਖ ਦੀ ਜ਼ਿੰਦਗੀ ਨਹੀਂ ਜੀਅ ਸਕਦੇ।

## ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਸਰਬਸੰਮਤੀ ਨਾਲ ਹੋਈ ਚੋਣ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਨਗਰ ਕੌਂਸਲ ਲੌਂਗੋਵਾਲ ਦੇ ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਸਰਬਸੰਮਤੀ ਨਾਲ ਦਫਤਰ ਵਿਖੇ ਹੋਈ। ਇਸ ਚੋਣ ਵਿੱਚ ਵਾਰਡ ਨੰਬਰ 5 ਤੋਂ ਜਸਪ੍ਰੀਤ ਕੌਰ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਵਾਰਡ ਨੰਬਰ 9 ਤੋਂ ਸੁਸਮਾ ਰਾਣੀ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਚੋਣ ਮੌਕੇ ਚਰਨਜੋਤ ਸਿੰਘ ਵਾਲੀਆ, ਐਸ ਡੀ ਐਮ ਸੰਗਰੂਰ, ਕਾਰਜ ਸਾਧਕ ਅਫਸਰ ਸ੍ਰੀ ਬਾਲ ਕ੍ਰਿਸਨ, ਡੀ ਐਸ ਪੀ ਦਲਜੀਤ ਸਿੰਘ ਵਿਰਕ, ਨਗਰ ਕੌਂਸਲ ਪ੍ਰਧਾਨ ਸ੍ਰੀਮਤੀ ਪਰਮਿੰਦਰ ਕੌਰ, ਬਲਵਿੰਦਰ ਸਿੰਘ, ਰਿਤੂ ਰਾਣੀ, ਰਣਜੀਤ ਸਿੰਘ, ਗੀਨਾ ਰਾਣੀ, ਗੁਰਮੀਤ ਸਿੰਘ ਫੌਜੀ, ਮੇਲਾ ਸਿੰਘ, ਸ਼ੁਕਰ ਪਾਲ, ਨਸੀਬ ਕੌਰ, ਬਲਵਿੰਦਰ ਸਿੰਘ ਕਾਲਾ, ਗੁਰਮੀਤ ਸਿੰਘ ਲਾਲੀ, ਬਲਜਿੰਦਰ ਕੌਰ, ਜਗਜੀਤ ਸਿੰਘ ਕਾਲਾ (ਸਾਰੇ ਕੌਂਸਲਰ) ਵਿਸੇਸ ਤੌਰ ਉੱਤੇ ਹਾਜ਼ਰ ਸਨ। ਇਸ ਤੋਂ ਇਲਾਵਾ ਸੰਜੀਵ ਕੁਮਾਰ ਪੀ ਏ ਸ੍ਰੀ ਅਮਨ ਅਰੋੜਾ, ਸਰਪੰਚ ਬਲਵਿੰਦਰ ਸਿੰਘ, ਰਾਜ ਸਿੰਘ, ਸੁਖਪਾਲ ਸਿੰਘ, ਵਿੱਕੀ ਵਸ਼ਿਸ਼ਟ ਬਲਾਕ ਪ੍ਰਧਾਨ, ਭੀਮ ਬਾਵਾ ਸਰਪੰਚ, ਜਗਰਾਜ ਸਿੰਘ ਸਰਪੰਚ, ਵਿੱਕੀ, ਬਲਵੰਤ ਸਿੰਘ ਐੱਸ ਐੱਚ ਓ ਲੌਂਗੋਵਾਲ, ਵਿਜੈ ਕੁਮਾਰ ਅਤੇ ਸੁਭਾਸ਼ ਸ਼ਰਮਾ ਵੀ ਹਾਜ਼ਰ ਸਨ।

# ਨਰਿੰਦਰਦੀਪ ਦੇ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਸੰਘਰਸ਼ ਤਿੱਖਾ ਹੋਇਆ



**ਲੁਧਿਆਣਾ (ਰੈਕਟਰ ਕਥੂਰੀਆ)**

ਨਰਿੰਦਰ ਦੀਪ ਸਿੰਘ ਹਿਰਾਸਤੀ ਕਤਲ ਵਿਰੋਧੀ ਐਕਸ਼ਨ ਕਮੇਟੀ ਵੱਲੋਂ ਨਰਿੰਦਰਦੀਪ ਨੂੰ ਪੁਲਿਸ ਹਿਰਾਸਤ ਦੌਰਾਨ ਤਸੀਹੇ ਦੇ ਕੇ ਕਤਲ ਕਰਨ ਵਾਲੇ ਦੋਸ਼ੀ ਪੁਲਸੀਆਂ ਨੂੰ ਕਤਲ ਦਾ ਮੁਕੱਦਮਾ ਦਰਜ ਕਰਕੇ ਗਿਰਫ਼ਤਾਰ ਕਰਨ, ਸਮੁੱਚੇ ਮਾਮਲੇ ਦੀ ਉੱਚ ਪੱਧਰੀ ਨਿਆਂਇਕ ਜਾਂਚ ਕਰਾਉਣ ਅਤੇ ਪੀੜਤ ਪਰਿਵਾਰ ਨੂੰ ਸਰਕਾਰੀ ਨੌਕਰੀ ਤੇ ਮੁਆਵਜ਼ਾ ਦੇਣ ਵਰਗੀਆਂ ਹੱਕੀ ਮੰਗਾਂ ਪ੍ਰਤੀ ਆਪ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਧਾਰੀ ਚੁੱਪ ਨੂੰ ਤੋੜਨ ਲਈ ਲੁਧਿਆਣਾ ਵਿਖੇ ਰੋਸ ਮਾਰਚ ਕੀਤਾ ਗਿਆ ਗਿਆ।

ਇਸ ਵੇਲੇ ਰਾਜਿੰਦਰ ਸਿੰਘ ਦੀਪਵਾਲਾ, ਲਛਮਣ ਸਿੰਘ ਸੇਵੇਵਾਲ, ਬਲਕਰਨ ਸਿੰਘ, ਸਾਧੂ ਸਿੰਘ ਅੱਚਰਵਾਲ, ਬੀਕੇਯੂ ਏਕਤਾ ਉਗਰਾਹਾਂ ਦੇ ਜ਼ਿਲਾ ਪ੍ਰਧਾਨ ਚਰਨ ਸਿੰਘ ਨੂਰਪੁਰ ਤੇ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ, ਸੁਖਪ੍ਰੀਤ ਕੌਰ, ਬਬਨ ਪਾਸਵਾਨ, ਸੁਰਿੰਦਰ ਸਿੰਘ, ਮਨਜੀਤ ਸਿੰਘ ਰੰਧਾਵਾ, ਰਾਜਮਹਿੰਦਰ, ਜਸਵੀਰ ਕੌਰ ਨੱਤ, ਜਗਮੀਤ ਸਿੰਘ, ਗੁਰਪ੍ਰੀਤ ਸਿੰਘ, ਨੌਨਿਹਾਲ ਸਿੰਘ, ਗੋਬਿੰਦ ਸਿੰਘ, ਹਰਜਿੰਦਰ ਸਿੰਘ ਲੁਧਿਆਣਾ, ਅਮਿਤੋਜ ਸਿੰਘ, ਚਮਕੌਰ ਸਿੰਘ ਨੇ ਦੋਸ਼ ਲਾਇਆ ਕਿ ਅਧਿਆਪਕ ਨਰਿੰਦਰਦੀਪ ਸਿੰਘ ਦੀ ਪੁਲਿਸ ਹਿਰਾਸਤ ਦੌਰਾਨ ਮੌਤ ਦੀ ਉੱਚ ਪੱਧਰੀ ਨਿਆਂਇਕ ਜਾਂਚ ਕਰਾਉਣ ਤੋਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਟਾਲ਼ਾ ਵੱਟਣ ਕਾਰਨ ਪ੍ਰਸ਼ਾਸਨ ਦਾ ਰਵਈਆ ਹੋਰ ਵੀ ਸ਼ੱਕੀ ਹੋ ਗਿਆ ਹੈ। ਪੀੜਤ ਪਰਿਵਾਰ ਨੇ ਆਖਿਆ ਕਿ ਇਸ ਮਾਮਲੇ ਦੀ ਸਚਾਈ ਸਾਹਮਣੇ ਲਿਆ ਕੇ ਦੋਸ਼ੀ ਪੁਲਸੀਆਂ ਤੇ ਕਤਲ ਦਾ ਮੁਕੱਦਮਾ ਦਰਜ ਕਰਕੇ ਗ੍ਰਿਫ਼ਤਾਰ ਕਰਾਉਣ ਆਦਿ ਮੰਗਾਂ ਦੀ ਪੂਰਤੀ ਲਈ ਜਥੇਬੰਦਕ ਸੰਘਰਸ਼ ਦੇ ਨਾਲ ਹੀ ਕਾਨੂੰਨੀ ਮਾਹਿਰਾਂ ਦੀ ਸਲਾਹ ਕਰਕੇ ਉਹ ਅਦਾਲਤ ਵੱਲ ਵੀ ਰੁਖ ਕਰਨਗੇ।ਮਾਰਚ ਦੌਰਾਨ ਪੁਲਿਸ ਵੱਲੋਂ ਨਰਿੰਦਰਦੀਪ 'ਤੇ ਅਣਮਨੁੱਖੀ ਤਸ਼ੱਦਦ ਕਰਕੇ ਕਤਲ ਕਰਨ ਸਮੇਤ ਪੂਰੇ ਪੰਜਾਬ 'ਚ ਆਪ ਸਰਕਾਰ ਦੇ ਹੁਕਮਾਂ 'ਤੇ ਪੁਲਸ ਵੱਲੋਂ ਪੰਜਾਬ ਦੇ ਲੋਕਾਂ ਖਾਸ ਕਰਕੇ ਨੌਜਵਾਨਾਂ ਉੱਪਰ ਢਾਹੇ ਜਾ ਰਹੇ ਜ਼ੁਲਮਾਂ ਦਾ ਪਰਦਾਫਾਸ਼ ਕੀਤਾ ਗਿਆ।ਇਸ ਕੇਸ 'ਚ ਨਾਮਜ਼ਦ ਪੁਲੀਸ ਮੁਲਾਜ਼ਮਾਂ ਨੂੰ ਗ੍ਰਿਫ਼ਤਾਰ ਕਰਨਾ ਹੀ ਨਹੀਂ ਚਾਹੁੰਦੀ। ਉਹਨਾਂ ਆਖਿਆ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਮੁਲਾਜ਼ਮਾਂ, ਦੁਕਾਨਦਾਰਾਂ ਤੇ ਛੋਟੇ ਵਪਾਰੀਆਂ ਸਮੇਤ ਸਮੂਹ ਲੋਕਾਂ ਦੇ ਮਸਲੇ ਹੱਲ ਕਰਨ 'ਚ ਪੂਰੀ ਤਰ੍ਹਾਂ ਨਾਕਾਮ ਸਾਬਿਤ ਹੋ ਚੁੱਕੀ ਹੈ ਇਸ ਲਈ ਉਹ ਲੋਕਾਂ 'ਤੇ ਪੁਲਿਸ ਦੀ ਦਹਿਸ਼ਤ ਪਾ ਕੇ ਹੀ ਆਪਣਾ ਰਾਜ ਚਲਾਉਣ ਦੇ ਕੋਝੇ ਹਥਕੰਡੇ ਵਰਤ ਰਹੀ ਹੈ।

# 'ਸਾਡੇ ਮੁੱਦੇ ਤੁਹਾਡੇ ਸਟੈਂਡ' ਤਹਿਤ ਉਮੀਦਵਾਰਾਂ ਤੋਂ ਸਮਾਜ ਸੇਵੀ ਸੰਸਥਾਵਾਂ ਨੇ ਪੁੱਛੇ ਸਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**

ਪਬਲਿਕ ਐਕਸ਼ਨ ਕਮੇਟੀ ਮੱਤੇਵਾੜਾ ਪੀਏਸੀ ਮੱਤੇਵਾੜਾ ਦੇ ਜਸਕੀਰਤ ਸਿੰਘ ਨੇ ਕਿਹਾ ਕਿ ਜਿਹੜੇ ਉਮੀਦਵਾਰ ਪਹੁੰਚੇ, ਉਨ੍ਹਾਂ ਦਾ ਧੰਨਵਾਦ ਤੇ ਜਿਹੜੇ ਉਮੀਦਵਾਰ ਲੋਕਾਂ ਵੱਲੋਂ ਉਲੀਕੇ ਪ੍ਰੋਗਰਾਮ ਤੇ ਇਲੈਕਸ਼ਨ ਤੋਂ ਚਾਰ ਦਿਨ ਪਹਿਲਾਂ ਨਹੀਂ ਪਹੁੰਚ ਸਕੇ, ਉਨ੍ਹਾਂ ਦੀ ਇਲੈਕਸ਼ਨ ਜਿੱਤਣ ਤੋਂ ਬਾਅਦ ਲੋਕ ਮੁੱਦਿਆਂ 'ਤੇ ਪਹੁੰਚ ਕਿਸ ਤਰ੍ਹਾਂ ਦੀ ਹੋਵੇਗੀ, ਇਸ ਤੋਂ ਹੀ ਅੰਦਾਜ਼ਾ ਲਾਇਆ ਜਾ ਸਕਦਾ ਹੈ। ਉਨ੍ਹਾਂ ਨੇ ਪ੍ਰੋਗਰਾਮ ਲਈ ਉਚੇਚੇ ਤੌਰ 'ਤੇ ਪਹੁੰਚੇ ਚਮਕੌਰ ਸਾਹਿਬ ਮੋਰਚਾ, ਜੀਰਾ ਸਾਂਝਾ ਮੋਰਚਾ, ਬਟਾਲਾ ਬਚਾਓ ਮੋਰਚਾ, ਮੱਤੇਵਾੜਾ ਮੋਰਚਾ ਦੀਆਂ ਟੀਮਾਂ ਅਤੇ ਹੋਰ ਜਥੇਬੰਦੀਆਂ ਦਾ ਧੰਨਵਾਦ ਕੀਤਾ। ਜਿਨ੍ਹਾਂ ਨੇ ਪੰਜਾਬ ਭਰ ਤੋਂ ਆਕੇ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ ਤੇ ਆਪਣੇ ਸਵਾਲ ਲੁਧਿਆਣਾ ਜ਼ਿਮਨੀ ਚੋਣ ਦੇ ਉਮੀਦਵਾਰਾਂ ਤੋਂ ਪੁੱਛੇ ਗਏ, ਜਿਨਾਂ ਵਿੱਚ ਅਕਾਲੀ ਦਲ ਅੰਮ੍ਰਿਤਸਰ ਦੇ ਉਮੀਦਵਾਰ ਨਵਨੀਤ ਕੁਮਾਰ ਗੋਪੀ, ਅਕਾਲੀ ਦਲ ਤੋਂ ਐਡਵੋਕੇਟ ਪਰਓਪਕਾਰ ਸਿੰਘ ਘੁੰਮਣ, ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਜੀਵਨ ਕੁਮਾਰ ਵੱਲੋਂ ਨੁਮਾਇੰਦੇ ਦੇ ਤੌਰ 'ਤੇ ਗੁਰਦੀਪ ਸਿੰਘ ਗੋਸ਼ਾ ਤੋਂ ਇਲਾਵਾ ਹੋਰ ਕਿਸੇ ਪਾਰਟੀ, ਉਮੀਦਵਾਰ ਅਤੇ ਨੁਮਾਇੰਦੇ ਵੱਲੋਂ ਹਾਜ਼ਰੀ ਨਹੀਂ ਲਵਾਈ ਗਈ। ਇਨ੍ਹਾਂ ਪ੍ਰਮੁੱਖ ਸਵਾਲਾਂ 'ਚ 25000 ਏਕੜ ਖੇਤੀਬਾੜੀ ਆਲੀ ਜ਼ਮੀਨ ਉੱਪਰ ਅਰਬਨ ਅਸਟੇਟ ਦੇ ਨਾਂਅ 'ਤੇ ਕਬਜ਼ਾ, ਬੁੱਢਾ ਦਰਿਆ ਵਿਚ ਸੁੱਟਿਆ ਜਾ ਰਿਹਾ ਕੈਮੀਕਲ ਵਾਲਾ ਪਾਣੀ, ਜੀਰੇ ਵਿਖੇ ਸ਼ਰਾਬ ਫੈਕਟਰੀ ਵੱਲੋਂ ਕੀਤਾ ਘਾਣ, ਚਮਕੌਰ ਸਾਹਿਬ ਵਿਖੇ ਨਵੀਂ ਲਾਈ ਜਾ ਰਹੀ ਪੇਪਰ ਮਿੱਲ ਖਿਲਾਫ ਮੋਰਚਾ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿੱਚ ਸਟੂਡੈਂਟ ਅਤੇ ਸਟਾਫ ਤੇ ਪੁਲਸ ਦੀ ਵਰਤੋਂ, ਸਕੂਲਾਂ ਅਤੇ ਕਾਲਜਾਂ ਦੀ ਜ਼ਮੀਨ ਉੱਤੇ ਕਬਜ਼ੇ, ਚੋਣਾਂ ਸਮੇਂ ਪਲਾਸਟਿਕ ਲਿਫ਼ਾਫ਼ੇ ਬਣਾਉਣ ਵਾਲਿਆਂ ਨੂੰ ਖੁੱਲ੍ਹ, ਗਰੀਨ ਬੈਲਟਾਂ 'ਤੇ ਕਬਜ਼ੇ, ਪੰਜਾਬ ਦਾ ਹਿੰਦੀਕਰਣ, ਪਾਣੀ ਦੇ ਕਾਨੂੰਨ ਵਿੱਚ ਬਦਲਾਅ, ਮੱਤੇਵਾੜਾ ਦੀ ਜ਼ਮੀਨ ਦਾ ਮੁੱਦਾ ਆਦਿ ਵਿਸ਼ੇਸ਼ ਸਨ।

# ਝੋਨੇ ਦੀ ਸਿੱਧੀ ਬਿਜਾਈ ਲਈ ਆਨਲਾਈਨ ਰਜਿਸਟ੍ਰੇਸ਼ਨ ਕੈਂਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਬਲਾਕ ਅਧਿਕਾਰੀਆਂ ਵੱਲੋਂ ਪਿੰਡ ਦੇਧਨਾ ਵਿਖੇ ਮੁੱਖ ਜ਼ਿਲ੍ਹਾ ਖੇਤੀਬਾੜੀ ਅਫਸਰ ਜਸਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਬਲਾਕ ਖੇਤੀਬਾੜੀ ਅਫਸਰ ਸਤੀਸ਼ ਕੁਮਾਰ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਤੇ ਕ੍ਰਮਚਾਰੀਆਂ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਦੀ ਆਨਲਾਈਨ ਰਜਿਸ੍ਰਟੇਸਨ ਸਬੰਧੀ ਕੈਂਪ ਲਾਇਆ ਗਿਆ।

ਬਲਾਕ ਖੇਤੀਬਾੜੀ ਅਫ਼ਸਰ ਸਤੀਸ਼ ਕੁਮਾਰ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਦਾ ਸਭ ਤੋਂ ਵੱਡਾ ਫਾਇਦਾ ਪਾਣੀ ਦੀ ਬੱਚਤ ਹੈ। ਪੰਜਾਬ ਦੇ ਪਾਣੀ ਦੇ ਪੱਧਰ ਦਿਨ ਪ੍ਰਤੀ ਦਿਨ ਬਹੁਤ ਹੇਠਾ ਜਾ ਰਿਹਾ ਹੈ। ਇਸ ਲਈ ਸਾਨੂੰ ਸਭ ਰਲ-ਮਿਲ ਕੇ ਹੀ ਬਚਾਉਣ ਲਈ ਹੰਭਲਾ ਮਾਰਨਾ ਪਊਗਾ। ਇਸ ਮੌਕੇ ਉਨ੍ਹਾ ਦੱਸਿਆ ਕਿ ਬਲਾਕ ਪਾਤੜਾਂ ਦੇ ਪਿੰਡ ਦੇਧਨਾ ਵਿੱਚ ਖੇਤਬਾੜੀ ਵਿਭਾਗ ਦੇ ਸਮੂਹ ਸਟਾਫ ਦੀ ਪ੍ਰੇਰਣਾ ਸਦਕਾ ਪਿਛਲੇ ਦੋ ਸਾਲਾਂ ਤੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਵਿੱਚ ਪਿਛਲੇ ਸਾਲ ਨਾਲੋ ਝੋਨੇ ਦੀ ਸਿੱਧੀ ਬਿਜਾਈ ਵਿੱਚ 3 ਗੁਣਾ ਵਾਧਾ ਹੋਇਆ ਹੈ, ਜੋ ਲਗਭਗ 200 ਏਕੜ ਦੇ ਕਰੀਬ ਹੋ ਚੁੱਕਿਆ ਹੈ। ਇਸ ਤੋਂ ਇਲਾਵਾ ਕੈਂਪ ਵਿੱਚ ਆਏ ਕਿਸਾਨਾਂ ਨੂੰ ਪੀਐਮ ਕਿਸਾਨ ਨਿਧੀ ਯੋਜਨਾ ਸਬੰਧੀ ਵੀ ਵਿਸਥਾਰਪੂਰਵਕ ਜਾਣਕਾਰੀ ਦੇਣ ਉਪਰੰਤ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਸਬੰਧੀ ਵੀ ਜਾਣਕਾਰੀ ਦਿੱਤੀ ਗਈ।

## ਐਡਵੋਕੇਟ ਪਰਉਪਕਾਰ ਸਿੰਘ ਘੁੰਮਣ ਨੂੰ ਵੱਡੀ ਲੀਡ ਨਾਲ ਜਿਤਾਉਣ ਦੀ ਅਪੀਲ

**ਮੋਗਾ (ਇਕਬਾਲ ਸਿੰਘ ਖਹਿਰਾ)**-ਲੁਧਿਆਣਾ ਪੱਛਮੀ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਚੋਣ ਪ੍ਰਚਾਰ ਦਾ ਅਖਾੜਾ ਪੂਰੀ ਤਰ੍ਹਾਂ ਮਘਿਆ ਹੋਇਆ ਹੈ ਤੇ ਹਰ ਪਾਰਟੀ ਦੇ ਆਗੂ ਅਤੇ ਵਰਕਰ ਆਪੋ ਆਪਣੇ ਉਮੀਦਵਾਰ ਨੂੰ ਜਿਤਾਉਣ ਪੱਬਾਂ ਭਾਰ ਹੈ, ਉਥੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਡਵੋਕੇਟ ਪਰਉਪਕਾਰ ਸਿੰਘ ਘੁੰਮਣ ਦੇ ਚੋਣ ਪ੍ਰਚਾਰ ਵਿੱਚ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਸਰਪੰਚ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ ਵੀ ਚੋਣ ਪ੍ਰਚਾਰ ਵਿੱਚ ਮੋਹਰੀ ਹੋ ਕੇ ਆਪਣੀ ਅਹਿਮ ਭੂਮਿਕਾ ਨਿਭਾ ਰਹੇ ਹਨ ਤੇ ਉਹ ਉਮੀਦਵਾਰ ਐਡਵੋਕੇਟ ਘੁੰਮਣ ਦੇ ਪਰਵਾਰਕ ਮੈਂਬਰਾਂ ਨਾਲ ਘਰ-ਘਰ ਹਰ ਦਰਵਾਜ਼ੇ ਜਾ ਕੇ ਆਪਣੇ ਉਮੀਦਵਾਰ ਦੇ ਹੱਕ ਵਿੱਚ ਵੋਟਾਂ ਮੰਗ ਰਹੇ ਹਨ। ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਲਿਆ ਕੇ ਦੇਖ ਲਿਆ, ਇਸੇ ਬਦਲਾਅ ਤਹਿਤ ਉਨ੍ਹਾਂ ਵੱਲੋਂ ਆਮ ਆਦਮੀ ਪਾਰਟੀ ਦੀ ਚੋਣ ਕੀਤੀ ਪਰ ਹੁਣ ਲੋਕ ਆਪਣੇ ਆਪ ਨੂੰ ਠੱਗਿਆ ਠੱਗਿਆ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਡਵੋਕੇਟ ਪਰਉਪਕਾਰ ਸਿੰਘ ਘੁੰਮਣ ਵੱਡੀ ਲੀਡ ਨਾਲ ਜਿਤਾਇਆ ਜਾਵੇ।

# ਜੀ ਜੀ ਐੱਸ ਮੈਡੀਕਲ ਕਾਲਜ 'ਚ ਵਰਕਸ਼ਾਪ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਅਨਸਥੀਸੀਓਲੋਜੀ ਵਿਭਾਗ ਨੇ ਇੰਡੀਅਨ ਸੁਸਾਇਟੀ ਆਫ ਅਨਸਥੀਸੀਓਲੋਜਿਸਟਸ (ਆਈਐਸਏ) ਸਿਟੀ ਬ੍ਰਾਂਚ ਦੇ ਸਹਿਯੋਗ ਨਾਲ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ (ਬੀਐਫਯੂਐਚਐਸ) ਦੇ ਮਾਨਯੋਗ ਵਾਈਸ ਚਾਂਸਲਰ, ਪ੍ਰੋਫੈਸਰ (ਡਾ.) ਰਾਜੀਵ ਸੂਦ ਦੀ ਸਤਿਕਾਰਯੋਗ ਸਰਪ੍ਰਸਤੀ ਹੇਠ ਜੀਜੀਐਸ ਮੈਡੀਕਲ ਕਾਲਜ ਦੀ ਸਕਿੱਲ ਲੈਬ ਵਿਖੇ ਮਹਿਲਾ ਪ੍ਰਸੂਤੀ ਐਮਰਜੈਂਸੀ 'ਤੇ ਸਿਮੂਲੇਸ਼ਨ ਅਧਾਰਤ ਸਿਖਲਾਈ ਦੁਆਰਾ ਇੱਕ ਸੀਐਮਈ-ਕਮ-ਵਰਕਸ਼ਾਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਅਕਾਦਮਿਕ ਸਮਾਗਮ ਨੂੰ ਪ੍ਰੋ. (ਡਾ.) ਸਰਵਜੀਤ ਕੌਰ, ਪ੍ਰੋਫੈਸਰ ਤੇ ਮੁਖੀ, ਅਨੱਸਥੀਸੀਓਲੋਜੀ ਵਿਭਾਗ, ਦੁਆਰਾ ਬੁਲਾਇਆ ਗਿਆ ਸੀ ਤੇ ਇਸਦਾ ਰਸਮੀ ਉਦਘਾਟਨ ਪ੍ਰੋ. (ਡਾ.) ਦੀਪਕ ਜੌਨ ਭੱਟੀ, ਡੀਨ, ਬੀਐਫਯੂਐਚਐਸ ਦੁਆਰਾ ਕੀਤਾ ਗਿਆ। ਅਨੱਸਥੀਸੀਓਲੋਜਿਸਟਸ ਐਸੋਸੀਏਸ਼ਨ ਦੀ ਅਗਵਾਈ ਹੇਠ ਆਯੋਜਤ ਵਰਕਸ਼ਾਪ ਦਾ ਉਦੇਸ਼ ਹੱਥੀਂ ਸਿਮੂਲੇਸ਼ਨ-ਅਧਾਰਤ ਸਿਖਲਾਈ ਦੁਆਰਾ ਗੰਭੀਰ ਪ੍ਰਸੂਤੀ ਐਮਰਜੈਂਸੀ ਨਾਲ ਨਜਿੱਠਣ ਲਈ ਕਲੀਨਿਕਲ ਤਿਆਰੀ ਨੂੰ ਮਜਬੂਤ ਕਰਨਾ ਸੀ। ਪ੍ਰੋ. (ਡਾ.) ਸਰਵਜੀਤ ਕੌਰ ਨੇ ਨਿਰੰਤਰ ਹੁਨਰ ਵਿਕਾਸ ਅਤੇ ਮਰੀਜ਼ਾਂ ਦੀ ਸੁਰੱਖਿਆ ਲਈ ਵਿਭਾਗ ਦੇ ਸਮਰਪਣ ਦੀ ਪੁਸਟੀ ਕੀਤੀ। ਵਰਕਸ਼ਾਪ ਇੱਕ ਸਰਟੀਫਿਕੇਟ ਵੰਡ ਸਮਾਰੋਹ ਅਤੇ ਧੰਨਵਾਦ ਦੇ ਨਾਲ ਸਮਾਪਤ ਹੋਈ।

# ਆਯੂਸ਼ਮਾਨ ਆਰੋਗਿਆ ਕੇਂਦਰਾਂ ਦੇ ਡਾਕਟਰਾਂ ਨੂੰ ਦਿੱਤੀ ਵਿਸ਼ੇਸ਼ ਸਿਖਲਾਈ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਗਰਭਵਤੀ ਔਰਤਾਂ ਦੀ ਸਿਹਤ ਸੰਭਾਲ ਤੇ ਪਰਿਵਾਰ ਨਿਯੋਜਨ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਅੱਜ ਆਯੁਸ਼ਮਾਨ ਆਰੋਗਿਆ ਕੇਂਦਰ (ਆਮ ਆਦਮੀ ਕਲੀਨਿਕ) ਵਿਖੇ ਤਾਇਨਾਤ ਮੈਡੀਕਲ ਅਫ਼ਸਰਾਂ ਨੂੰ ਗਰਭ ਅਵਸਥਾ ਦੇਖਭਾਲ ਤੇ ਪਰਵਾਰ ਨਿਯੋਜਨ ਬਾਰੇ ਵਿਸ਼ੇਸ਼ ਸਿਖਲਾਈ ਦਿੱਤੀ ਗਈ, ਜਿਸ ਵਿੱਚ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਲਈ ਆਯੁਸ਼ਮਾਨ ਆਰੋਗਿਆ ਕੇਂਦਰ ਵਰਦਾਨ ਸਾਬਤ ਹੋਏ ਹਨ। ਗਰਭਵਤੀ ਮਹਿਲਾਵਾਂ ਦੀ ਮਿਆਰੀ ਮੈਡੀਕਲ ਦੇਖਭਾਲ ਲਈ ਆਯੁਸ਼ਮਾਨ ਆਰੋਗਿਆ ਕੇਂਦਰਾਂ ਦੇ ਡਾਕਟਰਾਂ ਨੂੰ ਦਿੱਤੀ ਟਰੇਨਿੰਗ ਨਾਲ ਲੋਕਾਂ ਨੂੰ ਕਾਫੀ ਫ਼ਾਇਦਾ ਹੋਵੇਗਾ ਤੇ ਸਿਹਤ ਸਹੂਲਤਾਂ ਵਿਚ ਵਾਧਾ ਹੋਵੇਗਾ। ਇਹ ਟ੍ਰੇਨਿੰਗ ਸੈਸ਼ਨ ਦਫ਼ਤਰ ਸਿਵਲ ਸਰਜਨ ਵਿਖੇ ਆਯੋਜਤ ਕੀਤਾ ਗਿਆ, ਜਿਸ ਵਿਚ ਵੱਖ-ਵੱਖ ਆਯੁਸ਼ਮਾਨ ਆਰੋਗਿਆ ਕੇਂਦਰਾਂ ਤੋਂ ਆਏ ਡਾਕਟਰਾਂ ਨੇ ਹਿੱਸਾ ਲਿਆ। ਸੈਸ਼ਨ ਦੌਰਾਨ ਡਾਕਟਰਾਂ ਨੂੰ ਐਨਟੀਨੈਟਲ ਕੇਅਰ, ਜਿਸ ਵਿਚ ਚੈੱਕਅੱਪ ਦੌਰਾਨ ਬੀਪੀ, ਭਾਰ ਤੋਲਣਾ ਤੇ ਹਾਈ ਰਿਸਕ ਕੇਸ ਦੀ ਪਛਾਣ ਕਰਨਾ (ਗਰਭਵਤੀ ਮਹਿਲਾਵਾਂ ਦੀ ਸਿਹਤ ਦੀ ਨਿਗਰਾਨੀ), ਪੋਸ਼ਣ, ਟੀਕਾਕਰਨ, ਖ਼ਤਰਨਾਕ ਲੱਛਣਾਂ ਦੀ ਪਛਾਣ ਅਤੇ ਜਨੇਪੇ ਉਪਰੰਤ ਸੇਵਾਵਾਂ ਬਾਰੇ ਜਾਣੂ ਕਰਾਇਆ ਗਿਆ। ਇਸ ਦੌਰਾਨ ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮੇਜ਼ ਰਾਮ, ਸਹਾਇਕ ਸਿਵਲ ਸਰਜਨ ਡਾ. ਸੁਸ਼ਮਾ, ਜ਼ਿਲ੍ਹਾ ਟੀਕਾਕਰਣ ਅਫ਼ਸਰ ਡਾ. ਮਿਨਾਕਸ਼ੀ ਅਬਰੋਲ, ਜ਼ਿਲ੍ਹਾ ਮਹਾਮਾਰੀ ਅਫਸਰ ਡਾ. ਸ਼ਮਿੰਦਰ ਕੌਰ, ਸਿਵਲ ਹਸਪਤਾਲ ਦੇ ਇਸਤਰੀ ਰੋਗਾਂ ਦੇ ਮਾਹਿਰ ਡਾ. ਰਿਚਾ, ਸੁਪਰਡੈਂਟ ਪਰਮਵੀਰ ਮੋਂਗਾ, ਸਟੈਨੋ ਵਿਕਾਸ ਕਾਲੜਾ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਹਰੀਸ਼ ਕਟਾਰੀਆ ਵੀ ਹਾਜ਼ਰ ਸਨ।

# ਡੀ ਸੀ ਦੇ ਅੜੀਅਲ ਰਵੱਈਏ ਖ਼ਿਲਾਫ਼ ਸਮੂਹ ਪੱਤਰਕਾਰਾਂ ਨੂੰ ਇਕਜੁੱਟ ਹੋਣ ਦਾ ਸੱਦਾ



**ਅਬੋਹਰ (ਪਰਮਜੀਤ ਢਾਬਾਂ)**

ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਵੱਲੋਂ ਜ਼ਿਲ੍ਹੇ ਦੇ ਪੱਤਰਕਾਰਾਂ ਪ੍ਰਤੀ ਅਪਨਾਏ ਜਾ ਰਹੇ ਮਾੜੇ ਰਵੱਈਏ ਖ਼ਿਲਾਫ਼ ਦਾਣਾ ਮੰਡੀ ਅਬੋਹਰ ਵਿਖੇ ਸਮੂਹ ਪੱਤਰਕਾਰਾਂ ਦੀ ਮੀਟਿੰਗ ਸ੍ਰੀ ਰਾਜੀਵ ਰਾਹੇਜਾ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਡੀਸੀ ਫ਼ਾਜ਼ਿਲਕਾ ਦੇ ਰਵੱਈਏ ਖ਼ਿਲਾਫ਼ ਪੱਤਰਕਾਰ ਭਾਈਚਾਰੇ ਵੱਲੋਂ ਜਲਦੀ ਜ਼ਿਲ੍ਹਾ ਪੱਧਰੀ ਐਕਸ਼ਨ ਕੀਤਾ ਜਾਵੇਗਾ।ਮੀਟਿੰਗ ਵਿੱਚ ਇਸ ਮੁੱਦੇ 'ਤੇ ਅਹਿਮ ਚਰਚਾ ਹੋਈ ਕਿ ਮੀਡੀਆ ਲੋਕਤੰਤਰ ਦਾ ਚੌਥਾ ਥੰਮ ਹੈ, ਜਿਸ ਨੂੰ ਦਰਕਿਨਾਰ ਨਹੀਂ ਕੀਤਾ ਜਾ ਸਕਦਾ।ਪੱਤਰਕਾਰ ਹਮੇਸ਼ਾ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਤੱਕ ਪੁਚਾਉਣ ਲਈ ਆਪਣੀ ਜਾਨ-ਮਾਲ ਦੀ ਪ੍ਰਵਾਹ ਕੀਤਿਆਂ ਬਿਨਾਂ ਕਵਰੇਜ ਕਰਦੇ ਹਨ।ਖਬਰ ਸਬੰਧੀ ਪੱਤਰਕਾਰਾਂ ਵੱਲੋਂ ਡੀਸੀ ਫਾਜ਼ਿਲਕਾ ਦਾ ਪੱਤਰਕਾਰਾਂ ਵੱਲੋਂ ਪੱਖ ਲੈਣ ਤੋਂ ਕੋਰਾ ਨਾਂਹ ਵਿੱਚ ਜਵਾਬ ਦਿੱਤਾ ਜਾਂਦਾ ਹੈ।ਮੀਟਿੰਗ 'ਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਹੈ ਕਿ ਸਮੂਹ ਪੱਤਰਕਾਰ ਭਾਈਚਾਰਾ ਇਕਜੁਟ ਹੈ ਅਤੇ ਜਦੋਂ ਤੱਕ ਡੀਸੀ ਮੈਡਮ ਆਪਣੇ ਅੜੀਅਲ ਰਵੱਈਏ ਤੋਂ ਬਾਜ ਨਹੀਂ ਆਉਂਦੀ, ਉਸ ਸਮੇਂ ਤੱਕ ਪੱਤਰਕਾਰ ਭਾਈਚਾਰਾ ਚੁੱਪ ਕਰਕੇ ਨਹੀਂ ਬੈਠੇਗਾ।ਇਸ ਮੀਟਿੰਗ ਵਿੱਚ ਹਾਜ਼ਰ ਪੱਤਰਕਾਰਾਂ ਨੇ ਫ਼ਾਜ਼ਿਲਕਾ 'ਚੋਂ ਪੈਂਦੇ ਹਰੇਕ ਕਸਬੇ, ਮੰਡੀਆਂ ਬਲਾਕਾਂ, ਸਬ ਤਹਿਸੀਲ ਤੇ ਤਹਿਸੀਲਾਂ ਦੇ ਪੱਤਰਕਾਰਾਂ ਨੂੰ ਇੱਕ ਮੰਚ 'ਤੇ ਇਕੱਠੇ ਕਰਨ ਲਈ ਲਗਾਤਾਰ ਮੀਟਿੰਗਾਂ ਜਾਰੀ ਰੱਖਣ ਦਾ ਫੈਸਲਾ ਕੀਤਾ ਹੈ।

# ਅਪਰੇਸ਼ਨ ਸੰਧੂਰ ਤੇ ਅਪਰੇਸ਼ਨ ਸ਼ੀਲਡ ਦੀ ਸਫ਼ਲਤਾ 'ਚ ਯੋਗਦਾਨ ਪਾਉਣ ਲਈ ਸਿਵਲ ਡਿਫੈਂਸ ਵਲੰਟੀਅਰਾਂ ਦਾ ਸਨਮਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਓਪਰੇਸ਼ਨ ਸੰਧੂਰ ਤੇ ਓਪਰੇਸ਼ਨ ਸ਼ੀਲਡ ਦੀ ਸਫ਼ਲਤਾ ਵਿੱਚ ਯੋਗਦਾਨ ਪਾਉਣ ਲਈ ਸਿਵਲ ਡਿਫੈਂਸ ਵਲੰਟੀਅਰਾਂ ਦਾ ਸਨਮਾਨ ਕੀਤਾ ਗਿਆ।ਹੋਮ ਗਾਰਡਜ ਦੇ ਜ਼ਿਲ੍ਹਾ ਕਮਾਂਡਰ ਗੁਰਲਵਦੀਪ ਸਿੰਘ ਨੇ ਦੱਸਿਆ ਕਿ ਪਟਿਆਲਾ ਵਿਖੇ ਇਸ ਸਾਲ ਵਿੱਚ ਦੋ ਲੱਖ ਤੋਂ ਵੱਧ ਨੌਜਵਾਨਾਂ ਨੂੰ ਸਿਵਲ ਡਿਫੈਸ ਵੰਲਟੀਅਰ ਵਜੋਂ ਟ੍ਰੇਨਿੰਗ ਦੇਕੇ, ਭਵਿੱਖ ਦੀਆਂ ਚੁਣੌਤੀਆਂ ਤੇ ਕੀਮਤੀ ਜਾਨਾਂ ਬਚਾਉਣ, ਪ੍ਰਸ਼ਾਸਨ ਪੁਲਸ ਆਰਮੀ ਦੀ ਸਹਾਇਤਾ ਕਰਨ ਲਈ ਤਿਆਰ ਕੀਤਾ ਜਾਵੇਗਾ।

ਗੁਰਲਵਦੀਪ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਪਟਿਆਲਾ ਕਮ ਕੰਟਰੋਲਰ ਸਿਵਲ ਡਿਫੈਂਸ ਡਾ. ਪ੍ਰੀਤੀ ਯਾਦਵ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ, ਪੰਜਾਬ ਹੋਮ ਗਾਰਡ ਸਿਵਲ ਡਿਫੈਂਸ ਪਟਿਆਲਾ ਦੇ ਕ੍ਰਮਚਾਰੀਆਂ ਵਲੋਂ ਓਪਰੇਸ਼ਨ ਸੰਧੂਰ ਅਤੇ ਓਪਰੇਸ਼ਨ ਸ਼ੀਲਡ ਦੀ ਸਫ਼ਲਤਾ ਲਈ, ਵੱਖ-ਵੱਖ ਥਾਵਾਂ, ਹਸਪਤਾਲਾਂ ਫੈਕਟਰੀਆਂ ਸਿਖਿਆ ਸੰਸਥਾਵਾਂ ਮਹੱਲਿਆਂ ਵਿਖੇ ਮੌਕ ਡਰਿੱਲਾਂ ਕਰਵਾਕੇ ਲੋਕਾਂ ਨੂੰ ਜੰਗਾਂ, ਆਫ਼ਤਾਂ ਤੇ ਘਰੇਲੂ ਘਟਨਾਵਾਂ ਸਮੇਂ ਆਪਣੇ ਬਚਾਅ ਅਤੇ ਪੀੜਤਾਂ ਨੂੰ ਰੈਸਕਿਯੂ ਟ੍ਰਾਂਸਪੋਰਟ, ਫਸਟ ਏਡ ਸੀ ਪੀ ਆਰ ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ ਬਾਰੇ ਜਾਣਕਾਰੀ ਦੇਣ ਹਿੱਤ ਮੌਕ ਡਰਿੱਲਾਂ ਕਰਵਾਈਆਂ ਗਈਆਂ।

ਇਨ੍ਹਾਂ ਮੌਕ ਡਰਿੱਲਾਂ ਰਾਹੀਂ ਲੋਕਾਂ ਦੇ ਦਿਲ ਦਿਮਾਗ ਵਿਚੋਂ ਡਰ ਖ਼ਤਮ ਹੋਏ ਅਤੇ ਉਨ੍ਹਾਂ ਵਿੱਚ ਆਤਮ ਵਿਸ਼ਵਾਸ ਹੌਂਸਲੇ ਬੁਲੰਦ ਹੋਏ।ਇਸੇ ਸਬੰਧ ਵਿੱਚ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪਟਿਆਲਾ ਦੇ ਪ੍ਰਧਾਨ ਡਾ. ਰਾਕੇਸ਼ ਵਰਮੀ, ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਕਾਕਾ ਰਾਮ ਵਰਮਾ, ਪੰਜਾਬ ਪੁਲਿਸ ਆਵਾਜਾਈ ਸਿੱਖਿਆ ਸੈਲ ਦੇ, ਏ ਐਸ ਆਈ ਰਾਮ ਸਰਨ ਵਲੋਂ, ਜ਼ਿਲ੍ਹਾ ਕਮਾਂਡਰ ਨੂੰ ਸਨਮਾਨ ਚਿੰਨ੍ਹ ਅਤੇ ਕਰਮਚਾਰੀਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਗੋਲਡ ਮੈਡਲ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਜੇ ਪੀ ਸਿੰਘ, ਫਾਇਰ ਕੰਸਟੈਂਟ, ਸਾਬਕਾ ਏ ਡੀ ਐਫ ਓ, ਫਾਇਰ ਬ੍ਰਿਗੇਡ ਅਤੇ ਭੁਪਿੰਦਰਾ ਰੇਡੀਓ ਕੰਪਨੀ ਦੇ ਮਾਲਕ ਤੋਂ ਇਲਾਵਾ ਕੰਪਨੀ ਕਮਾਂਡਰ ਮੋਹਨਦੀਪ ਸਿੰਘ, ਕਰਮਜੀਤ ਸਿੰਘ ਭਿੰਡਰ, ਪਲਾਟੂਨ ਕਮਾਂਡਰ ਤਰਵਿੰਦਰ ਸਿੰਘ ਨੂੰ ਵੀ ਸਨਮਾਨਤ ਕੀਤਾ ਗਿਆ।

# ਪ੍ਰਧਾਨ ਮੰਤਰੀ ਨੇ ਭਾਰਤ ਨੂੰ ਦੁਨੀਆ ਦਾ ਨੰਬਰ-1 ਦੇਸ ਬਣਾਉਣ ਦੇ ਸੁਪਨੇ ਨੂੰ ਪੂਰਾ ਕੀਤਾ : ਰੇਣੂ ਥਾਪਰ




**ਮੋਗਾ (ਇਕਬਾਲ ਸਿੰਘ ਖਹਿਰਾ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2014 ਵਿੱਚ ਪ੍ਰਧਾਨ ਮੰਤਰੀ ਬਣਨ ਸਮੇਂ ਭਾਰਤ ਨੂੰ ਦੁਨੀਆ ਦਾ ਨੰਬਰ-1 ਦੇਸ ਬਣਾਉਣ ਦਾ ਸੰਕਲਪ ਲਿਆ ਸੀ। ਉਸ ਸੰਕਲਪ ਨੂੰ 11 ਸਾਲਾਂ ਵਿੱਚ ਪੂਰਾ ਕਰਕੇ ਭਾਰਤ ਨੂੰ ਦੁਨੀਆ ਦੀ ਚੌਥੀ ਅਰਥਵਿਵਸਥਾ ਬਣਾਉਣ ਵੱਲ ਵਧ ਰਿਹਾ ਹੈ। ਉਪਰੋਕਤ ਵਿਚਾਰ ਭਾਜਪਾ ਦੀ ਰਾਸਟਰੀ ਕਾਰਜਕਾਰਨੀ ਮੈਂਬਰ ਤੇ ਭਾਜਪਾ ਦੀ ਸੂਬਾ ਸਕੱਤਰ ਰੇਣੂ ਥਾਪਰ ਨੇ ਪੁਰਾਣੀ ਦਾਣਾ ਮੰਡੀ ਸਥਿਤ ਜ਼ਿਲ੍ਹਾ ਦਫਤਰ ਵਿਖੇ ਪ੍ਰਧਾਨ ਡਾ. ਸੀਮਾਂਤ ਗਰਗ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 11 ਸਾਲਾਂ ਦੇ ਸਫਰ 'ਤੇ ਆਯੋਜਤ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ, ਸੀਨੀਅਰ ਆਗੂ ਨਿਧੜਕ ਸਿੰਘ ਬਰਾੜ, ਜ਼ਿਲ੍ਹਾ ਜਨਰਲ ਸਕੱਤਰ ਮੁਖਤਿਆਰ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਵਿੱਕੀ ਸਿਤਾਰਾ, ਜ਼ਿਲ੍ਹਾ ਜਨਰਲ ਸਕੱਤਰ ਰਾਹੁਲ ਗਰਗ, ਮੰਡਲ ਪ੍ਰਧਾਨ ਭੁਪਿੰਦਰ ਹੈਪੀ, ਦਫਤਰ ਇੰਚਾਰਜ ਜਤਿੰਦਰ ਚੱਢਾ ਆਦਿ ਮੌਜੂਦ ਸਨ। ਰੇਣੂ ਥਾਪਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ 11 ਸਾਲ ਪਹਿਲਾਂ ਭਾਰਤ ਨੂੰ ਦੁਨੀਆ ਦੇ ਮਹਾਨ ਦੇਸਾਂ ਵਿੱਚੋਂ ਇੱਕ ਬਣਾਉਣ ਲਈ ਸੁਰੂ ਕੀਤੀ ਗਈ ਯਾਤਰਾ ਭਾਰਤ ਦੇ ਲੋਕਾਂ ਨਾਲ ਤੁਰ ਕੇ ਪੂਰੀ ਹੋਈ ਹੈ। ਉਨ੍ਹਾਂ ਕਿਹਾ ਕਿ ਦੇਸ ਦੀ ਤਾਕਤ ਦੀ ਜੋ ਨੀਂਹ ਪ੍ਰਧਾਨ ਮੰਤਰੀ ਨੇ 11 ਸਾਲ ਪਹਿਲਾਂ ਰੱਖੀ ਸੀ, ਉਸ ਨੀਂਹ 'ਤੇ ਅੱਜ ਭਾਰਤ ਦੀ ਆਰਥਿਕਤਾ ਦੀ ਇੱਕ ਮਜਬੂਤ ਇਮਾਰਤ ਬਣੀ ਹੈ ਤੇ ਪ੍ਰਧਾਨ ਮੰਤਰੀ ਦੀਆਂ ਨੀਤੀਆਂ ਕਾਰਨ ਅੱਜ ਭਾਰਤ ਨੇ ਦੁਨੀਆ ਵਿੱਚ ਇੱਕ ਮਹੱਤਵਪੂਰਨ ਸਥਾਨ ਬਣਾਇਆ ਹੈ।

17-June-PAGE--8.qxd 6/16/2025 11:22 PM Page 1



# ਹਰ ਸਰਕਾਰੀ ਵਿਭਾਗ 'ਚ ਰਿਸ਼ਵਤਖੋਰੀ ਖਤਮ ਕਰਨਾ ਮਾਨ ਸਰਕਾਰ ਦਾ ਸੁਪਨਾ : ਵਿਧਾਇਕ ਰਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

70 ਸਾਲਾਂ ਤੋਂ ਪੰਜਾਬ ਦੀ ਜਨਤਾ ਦੇ ਹੱਕਾਂ 'ਤੇ ਡਾਕਾ ਮਾਰ ਕੇ ਸਿਆਸੀ ਨੇਤਾਵਾਂ ਵੱਲੋਂ ਬਣਾਈਆਂ ਗਈਆਂ ਬੇਸ਼ੁਮਾਰ ਜਾਇਦਾਦਾਂ ਦੇ ਬਿਲਕੁਲ ਉਲਟ ਭਗਵੰਤ ਮਾਨ ਸਰਕਾਰ ਵੱਲੋਂ ਲੋਕਾਂ ਨੂੰ ਰਿਸ਼ਵਤਖੋਰੀ ਤੋਂ ਬਚਾਉਣ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਕਰਦੇ ਹੋਏ ਉਨ੍ਹਾਂ ਦੀਆਂ ਸਹੂਲਤਾਂ ਲਈ ਕੀਤੇ ਜਾ ਰਹੇ ਉਪਰਾਲਿਆਂ ਤੇ ਪਹਿਰਾ ਦਿੰਦੇ ਹੋਏ ਹਲਕਾ ਟਾਂਡਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਟਾਂਡਾ ਵਿਖੇ ਵੱਖ-ਵੱਖ ਸਰਕਾਰੀ ਦਫ਼ਤਰਾਂ ਵਿੱਚ ਜਨਤਾ ਨੂੰ ਕੰਮ-ਕਾਜ ਕਰਵਾਉਣ ਸਮੇਂ ਕਿਸੇ ਵੀ ਪ੍ਰਕਾਰ ਦੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ ਸਬੰਧੀ ਸਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਵਿਧਾਇਕ ਜਸਵੀਰ ਸਿੰਘ ਰਾਜਾ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਟਾਂਡਾ ਤਹਿਸੀਲ, ਸੇਵਾ ਕੇਂਦਰ, ਨਹਿਰੀ ਵਿਭਾਗ, ਵੇਸਟ ਮੈਨੇਜਮੈਂਟ, ਖੇਤੀਬਾੜੀ, ਐਕਸਾਈਜ਼ ਵਿਭਾਗ, ਹੈਲਥ ਡਿਪਾਰਟਮੈਂਟ, ਪੀ ਡਬਲਿਊ ਡੀ, ਬੀ.ਡੀ.ਪੀ.ਓ ਦਫਤਰ, ਵਾਟਰ ਸਪਲਾਈ, ਪੁਲਸ ਸਟੇਸ਼ਨ, ਟ੍ਰੈਫਿਕ ਮਹਿਕਮਾ, ਨਗਰ ਕੌਂਸਲ, ਬਿਜਲੀ ਵਿਭਾਗ, ਫੂਡ ਸਪਲਾਈ, ਸੀ.ਡੀ.ਪੀ.ਓ ਦਫਤਰ, ਮਾਰਕੀਟ ਕਮੇਟੀ, ਮੰਡੀਕਰਨ ਬੋਰਡ ਮਹਿਕਮਾ, ਜੰਗਲਾਤ, ਬਾਗਬਾਨੀ ਵਿਭਾਗ, ਐਜੂਕੇਸ਼ਨਲ ਅਤੇ ਕੋਆਪਰੇਟਿਵ ਸੋਸਾਇਟੀਆਂ ਤੋਂ ਇਲਾਵਾ ਹੋਰ ਵਿਭਾਗਾਂ ਵਿੱਚ ਕੰਮ ਕਰਵਾਉਣ ਸਮੇਂ ਜਾਂ ਰਿਸ਼ਵਤਖੋਰੀ ਸਬੰਧੀ ਤੁਹਾਨੂੰ ਕਿਸੇ ਵੀ ਪ੍ਰਕਾਰ ਦੀਆਂ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਵੇ ਤਾਂ ਮੇਰੇ ਨਾਲ ਸਿੱਧਾ ਰਾਬਤਾ ਕਾਇਮ ਕਰੋ ਤਾਂ ਜੋ ਤੁਹਾਡੀਆਂ ਸਾਰੀਆਂ ਪਰੇਸ਼ਾਨੀਆਂ ਦੂਰ ਕੀਤੀਆਂ ਜਾਣ ਅਤੇ ਭਗਵੰਤ ਮਾਨ ਸਰਕਾਰ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਜਾ ਸਕੇ। ਇਸ ਮੌਕੇ ਤੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਸੀਨੀਅਰ ਆਪ ਨੇਤਾ ਸੰਨੀ ਖੰਨਾ, ਕੌਂਸਲਰ ਹਰੀ ਕ੍ਰਿਸ਼ਨ ਸੈਣੀ, ਗੁਰਦੀਪ ਸਿੰਘ ਹੈਪੀ, ਸੀਨੀਅਰ ਆਪ ਨੇਤਾ ਲਖਵਿੰਦਰ ਸਿੰਘ ਮੁਲਤਾਨੀ, ਕੌਂਸਲਰ ਸੁਮਨ ਖੋਸਲਾ, ਕੌਂਸਲਰ ਸੁਰਿੰਦਰ ਕੁਮਾਰ ਬਿੱਲੂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਹਰ ਮੈਂਬਰ ਨੇ ਵਿਧਾਇਕ ਜਸਵੀਰ ਸਿੰਘ ਰਾਜਾ ਨੂੰ ਭਰੋਸਾ ਦਿੱਤਾ ਕਿ ਉਹ ਪੂਰੀ ਇਮਾਨਦਾਰੀ ਤੇ ਲਗਨ ਨਾਲ ਲੋਕਾਂ ਨਾਲ ਤਾਲਮੇਲ ਰੱਖਣਗੇ ਤਾਂ ਜੋ ਕਿਸੇ ਵੀ ਇਲਾਕਾ ਨਿਵਾਸੀਆਂ ਨੂੰ ਸਰਕਾਰੀ ਦਫਤਰਾਂ ਵਿਚ ਕੰਮ ਕਰਵਾਉਣ ਸਮੇਂ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।



# ਸਬ-ਇੰਸਪੈਕਟਰ ਰਾਕੇਸ਼ਵਿੰਦਰ ਸਿੰਘ ਬਣੇ ਇੰਸਪੈਕਟਰ



**ਬਲਾਚੌਰ (ਜਸਵਿੰਦਰ ਬੈਂਸ)**- ਥਾਣਾ ਬਲਾਚੌਰ ਦੇ ਮੁੱਖ ਅਫਸਰ ਸਬ ਇੰਸਪੈਕਟਰ ਰਾਕੇਸ਼ਵਿੰਦਰ ਸਿੰਘ ਨੂੰ ਉਹਨਾਂ ਦੀਆਂ ਵਧੀਆ ਸੇਵਾਵਾਂ ਨੂੰ ਦੇਖਦੇ ਹੋਏ ਪੁਲਸ ਵਿਭਾਗ ਵੱਲੋਂ ਪਦਉੱਨਤ ਕਰਕੇ ਇੰਸਪੈਕਟਰ ਬਣਾ ਦਿੱਤਾ ਗਿਆ ਹੈ। ਜਿੱਥੇ ਉਨ੍ਹਾਂ ਦੀ ਵਰਦੀ ਤੇ ਐਸ ਐਸ ਪੀ ਨਵਾਂਸ਼ਹਿਰ ਡਾਕਟਰ ਮਹਿਤਾਬ ਸਿੰਘ ਤੇ ਐਸ ਪੀ ਜਾਂਚ ਸਰਬਜੀਤ ਸਿੰਘ ਬਾਹੀਆ ਨੇ ਤਰੱਕੀ ਦੇ ਸਟਾਰ ਲਾਏ ਤੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਇੰਸਪੈਕਟਰ ਰਾਕੇਸ਼ਵਿੰਦਰ ਸਿੰਘ ਵੱਲੋਂ ਪੁਲਸ ਵਿਭਾਗ 'ਚ ਬਹੁਤ ਹੀ ਇਮਾਨਦਾਰੀ ਤੇ ਤਨਦੇਹੀ ਨਾਲ ਡਿਊਟੀ ਨਿਭਾਈ ਜਾ ਰਹੀ ਹੈ, ਜਿਸ ਨੂੰ ਦੇਖਦੇ ਹੋਏ ਵਿਭਾਗ ਵੱਲੋਂ ਉਹਨਾਂ ਨੂੰ ਤਰੱਕੀ ਦਿੱਤੀ ਗਈ ਹੈ। ਇਸ ਮੌਕੇ ਨਵੇਂ ਪਦਉੱਨਤ ਹੋਏ ਇੰਸਪੈਕਟਰ ਰਾਕੇਸ਼ਵਿੰਦਰ ਸਿੰਘ ਨੇ ਐਸ ਐਸ ਪੀ ਨਵਾਂਸ਼ਹਿਰ ਡਾ. ਮਹਿਤਾਬ ਸਿੰਘ ਅਤੇ ਐਸ ਪੀ ਸਰਬਜੀਤ ਸਿੰਘ ਅਤੇ ਸਮੂਹ ਪੁਲਸ ਵਿਭਾਗ ਦੇ ਉੱਚ ਅਧਿਕਾਰੀਆਂ ਦਾ ਧੰਨਵਾਦ ਕੀਤਾ।

# ਮਸਕਟ 'ਚ ਬੰਧਕ ਬਣਾਈ ਲੜਕੀ ਸੀਚੇਵਾਲ ਦੇ ਯਤਨ ਸਦਕਾ ਵਤਨ ਪਰਤੀ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲੂਪੁਰੀ)**

ਮਸਕਟ (ਓਮਾਨ) ਵਿੱਚ ਚੰਗੀ ਨੌਕਰੀ ਤੇ ਚੰਗੇ ਭਵਿੱਖ ਦੇ ਸੁਪਨਾ ਲੈਕੇ ਗਈ ਜ਼ਿਲ੍ਹਾ ਲੁਧਿਆਣਾ ਦੀ ਲੜਕੀ ਨੇ ਆਪਣੀ ਹੱਡਬੀਤੀ ਸੁਣਾਉਂਦਿਆਂ ਦੱਸਿਆ ਕਿ ਉਥੇ ਦੇ ਹਾਲਾਤ ਕਿਸੇ ਨਰਕ ਤੋਂ ਘੱਟ ਨਹੀਂ ਹਨ। ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਪਹੁੰਚੀ ਲੜਕੀ ਨੇ ਦੱਸਿਆ ਕਿ ਉਸਦੇ ਵਿਦੇਸ਼ ਜਾਣ ਦੇ ਸੁਫ਼ਨੇ ਨੇ ਉਸਨੂੰ ਇੱਕ ਨਰਕ ਭਰੀ ਜ਼ਿੰਦਗੀ ਵਿੱਚ ਧੱਕ ਦਿੱਤਾ ਸੀ ਜਿਸ ਤੋਂ ਉਸ ਲਈ ਨਿਕਲਣਾ ਬਹੁਤ ਮੁਸ਼ਕਿਲ ਹੋ ਗਿਆ ਸੀ। ਉਸਨੇ ਦੱਸਿਆ ਕਿ ਉਹ ਘਰ ਦੀ ਮਜ਼ਬੂਰੀ ਕਾਰਣ ਅਪ੍ਰੈਲ ਮਹੀਨੇ ਦੌਰਾਨ ਕਲੀਨਿਕ ਕੰਮ ਦੇ ਦੋ ਸਾਲ ਦੇ ਵੀਜ਼ੇ ਤੇ ਮਸਕਟ ਗਈ ਸੀ ਜਿਸ ਲਈ ਉਸਨੂੰ 30 ਤੋਂ 40 ਹਜ਼ਾਰ ਤਨਖਾਹ ਦੇਣ ਦਾ ਵਾਅਦਾ ਕੀਤਾ ਗਿਆ ਸੀ। ਪਰ ਉਥੇ ਪੁੱਜਣ 'ਤੇ ਉਸਨੂੰ ਗ਼ਲਤ ਹਾਲਾਤਾਂ 'ਚ ਬੰਦੀ ਬਣਾ ਕੇ ਰੱਖਿਆ ਗਿਆ। ਪੀੜਤ ਲੜਕੀ ਨੇ ਦੱਸਿਆ ਕਿ ਉਥੇ ਪਹੁੰਚਦਿਆਂ ਹੀ ਉਸਦਾ ਪਾਸਪੋਰਟ ਖੋਹ ਲਿਆ ਗਿਆ ਤੇ ਉਸਨੂੰ ਕਲੀਨਿਕ ਵਿੱਚ ਕੰਮ ਦੇਣ ਦੀ ਬਜਾਏ ਗ਼ੈਰਕਾਨੂੰਨੀ ਤਰੀਕੇ ਨਾਲ ਉਸਦੀ ਮਰਜ਼ੀ ਦੇ ਖਿਲਾਫ ਹੋਰ ਕੰਮਾਂ ਲਈ ਮਜਬੂਰ ਕੀਤਾ ਗਿਆ। ਉਸਨੇ ਦੱਸਿਆ ਕਿ ਵਿਰੋਧ ਕਰਨ 'ਤੇ ਉਸਨੂੰ ਵੇਚਣ ਜਾਂ ਫਿਰ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਸੀ। ਉਥੇ ਉਸ ਕੋਲੋਂ ਦਿਨ-ਰਾਤ ਲਗਾਤਾਰ ਕੰਮ ਲਿਆ ਜਾਂਦਾ, ਖਾਣ ਨੂੰ ਠੀਕ ਨਹੀਂ ਮਿਲਦਾ ਅਤੇ ਆਰਾਮ ਨਹੀਂ ਸੀ ਕਰਨ ਦਿੱਤਾ ਜਾਂਦਾ। ਜਿਸ ਲਈ ਉਸਨੂੰ ਤਨਖਾਹ ਤਾਂ ਦੂਰ ਦੀ ਗੱਲ, ਜਿਹੜੇ ਪੈਸੇ ਲੈਕੇ ਗਈ ਸੀ, ਉਹ ਵੀ ਖੋਹ ਲਏ ਗਏ।ਇਹ ਸਾਰੀ ਸਥਿਤੀ ਉਸ ਸਮੇਂ ਬਦਲੀ ਜਦੋਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਵਿਦੇਸ਼ ਮੰਤਰਾਲੇ ਨਾਲ ਸੰਪਰਕ ਕੀਤਾ ਤੇ ਉਹਨਾਂ ਦੇ ਯਤਨਾਂ ਸਦਕਾ, ਕੁੜੀ ਨੂੰ ਓਮਾਨ ਤੋਂ ਸੁਰੱਖਿਅਤ ਤਰੀਕੇ ਨਾਲ ਵਾਪਸ ਲਿਆਉਣ ਵਿੱਚ ਸਫਲਤਾ ਮਿਲੀ।ਪੀੜਤਾ ਦੇ ਨਾਲ ਪਹੁੰਚੇ ਉਸਦੇ ਪਰਵਾਰ ਨੇ ਦੱਸਿਆ ਕਿ ਲੜਕੀ ਦੇ ਫਸ ਜਾਣ ਨਾਲ ਉਨ੍ਹਾਂ ਦਾ ਪੂਰਾ ਪਰਵਾਰ ਡੂੰਘੇ ਸਦਮੇ ਵਿੱਚ ਸੀ ਤੇ ਉਹਨਾਂ ਦੀ ਕਿਧਰੇ ਕੋਈ ਮਦਦ ਨਹੀਂ ਸੀ ਹੋ ਰਹੀ। ਉਹਨਾਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਕੀਤਾ ਤੇ ਉਹਨਾਂ ਏਜੰਟ ਖ਼ਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ। ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਜਦ ਤੱਕ ਇਹਨਾਂ ਲੜਕੀਆਂ ਨੂੰ ਧੋਖੇ ਨਾਲ ਇਹਨਾਂ ਮੁਲਕਾਂ ਵਿੱਚ ਭੇਜਣ ਵਾਲੇ ਗਿਰੋਹਾਂ 'ਤੇ ਸਖ਼ਤੀ ਨਾਲ ਨੱਥ ਨਹੀਂ ਪਾਈ ਜਾਂਦੀ, ਤਦ ਤੱਕ ਇਨ੍ਹਾਂ ਹਾਲਾਤਾਂ 'ਚ ਕੋਈ ਬਦਲਾਅ ਨਹੀਂ ਆ ਸਕਦਾ।ਉਹਨਾਂ ਭਾਰਤੀ ਦੂਤਾਵਾਸ, ਵਿਦੇਸ਼ ਮੰਤਰਾਲੇ ਅਤੇ ਸਾਰਿਆਂ ਜਿੰਨ੍ਹਾਂ ਵੀ ਇਸ ਲੜਕੀ ਦੀ ਘਰ ਵਾਪਸੀ ਵਿੱਚ ਭੂਮਿਕਾ ਨਿਭਾਈ, ਉਨ੍ਹਾਂ ਦਾ ਧੰਨਵਾਦ ਕੀਤਾ ਤੇ ਨਾਲ ਹੀ, ਪੰਜਾਬ ਦੇ ਲੋਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਕਿਰਪਾ ਕਰਕੇ ਕਿਸੇ ਵੀ ਅਣਜਾਣ ਏਜੰਟ ਜਾਂ ਸੁਝਾਅ ਦੇ ਆਧਾਰ 'ਤੇ ਆਪਣੀਆਂ ਧੀਆਂ ਨੂੰ ਅਜਿਹੇ ਦੇਸ਼ਾਂ ਵੱਲ ਨਾ ਭੇਜੋ, ਜਿਥੇ ਉਹਨਾਂ ਦੀ ਜ਼ਿੰਦਗੀ ਨਰਕ ਬਣ ਜਾਂਦੀ ਹੈ।



# ਜੱਬੋਵਾਲ ਨੇੜੇ 75 ਕਿਲੋ ਚੂਰਾ ਪੋਸਤ ਸਮੇਤ ਮਾਂ-ਪੁੱਤ ਕਾਬੂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਪੁਰੀਆ)**

ਐਸ.ਆਈ. ਪ੍ਰਗਟ ਸਿੰਘ ਸਾਥੀ ਕਰਮਚਾਰੀਆਂ ਸਮੇਤ ਗਸ਼ਤ ਬਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿਚ ਸੀ.ਆਈ.ਏ ਸਟਾਫ ਤੋਂ ਮਹਾਲੋਂ ਹੁੰਦੇ ਹੋਏ ਪਿੰਡ ਜੱਬੋਵਾਲ, ਪੱਲੀ ਉੱਚੀ ਵੱਲ ਨੂੰ ਜਾ ਰਹੇ ਸੀ ਤਾਂ ਜਦੋਂ ਪੁਲਸ ਪਾਰਟੀ ਦੀ ਗੱਡੀ ਸਰਕਾਰੀ ਪਾਣੀ ਵਾਲੀ ਟੈਂਕੀ ਬਾਹੱਦ ਪਿੰਡ ਜੱਬੋਵਾਲ ਕੋਲ ਪੁੱਜੀ ਤਾਂ ਜੱਬੋਵਾਲ ਚੂਹੜਪੁਰ ਵੱਲ ਤੋਂ ਇੱਕ ਆਟੋ (ਥ੍ਰੀ ਵੀਲਰ) ਆਉਂਦਾ ਦਿਖਾਈ ਦਿੱਤਾ ਤਾਂ ਆਟੋ (ਥ੍ਰੀ ਵੀਲਰ) ਦੇ ਚਾਲਕ ਨੇ ਆਪਣੇ ਸਾਹਮਣੇ ਅਚਾਨਕ ਪੁਲਸ ਦੀ ਗੱਡੀ ਆਉਂਦੀ ਦੇਖ ਕੇ ਆਪਣੀ ਆਟੋ (ਥ੍ਰੀ ਵੀਲਰ) ਨੂੰ ਮੋੜ ਕੇ ਪਿਛਾਂਹ ਨੂੰ ਭਜਾਉਣ ਦੀ ਕੋਸ਼ਿਸ਼ ਕੀਤੀ ਤਾਂ ਆਟੋ (ਥ੍ਰੀ ਵੀਲਰ) ਅਚਾਨਕ ਬੰਦ ਹੋ ਗਿਆ, ਜਿਸ 'ਤੇ ਸ਼ੱਕ ਪੈਣ 'ਤੇ ਐਸ.ਆਈ ਨੇ ਗੱਡੀ ਰੁਕਵਾ ਕੇ ਉਕਤ ਆਟੋ (ਥ੍ਰੀ ਵੀਲਰ) ਦੇ ਚਾਲਕ ਸਮੇਤ ਪਿੱਛੇ ਬੈਠੀ ਔਰਤ ਨੂੰ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕੀਤਾ। ਆਟੋ (ਥ੍ਰੀ ਵੀਲਰ) ਦੀ ਪਿਛਲੀ ਸੀਟ ਤੇ ਬੈਠੀ ਔਰਤ ਪਾਸ ਆਟੋ (ਥ੍ਰੀ ਵੀਲਰ) ਵਿੱਚ ਤਿੰਨ ਵਜਨਦਾਰ ਥੈਲੇ ਪਲਾਸਟਿਕ ਰੰਗ ਚਿੱਟਾ ਪਏ ਸਨ। ਜਿਨਾਂ ਪਾਸੋਂ ਐਸ.ਆਈ. ਨੇ ਵਾਰੀ ਵਾਰੀ ਨਾਂਅ ਪਤਾ ਪੁੱਛਿਆ ਤਾਂ ਆਟੋ (ਥ੍ਰੀ ਵੀਲਰ) ਦੇ ਚਾਲਕ ਨੇ ਆਪਣਾ ਨਾਂਅ ਸੰਦੀਪ ਪੁੱਤਰ ਲੇਟ ਦੀਪਕ ਵਾਸੀ ਗਲੀ ਨੰਬਰ 01 ਨਲਵਾ ਕਲੋਨੀ ਸੁਭਾਸ਼ ਨਗਰ ਬਸਤੀ ਜੋਧੇਵਾਲ ਟਿੱਬਾ ਰੋਡ ਥਾਣਾ ਟਿੱਬਾ ਜ਼ਿਲ੍ਹਾ ਲੁਧਿਆਣਾ ਦੱਸਿਆ ਅਤੇ ਆਟੋ ਥ੍ਰੀ ਵੀਲਰ ਦੀ ਪਿਛਲ਼ੀ ਸੀਟ 'ਤੇ ਬੈਠੀ ਔਰਤ ਨੇ ਆਪਣਾ ਨਾਂਅ ਬਿਮਲਾ ਪਤਨੀ ਲੇਟ ਦੀਪਕ ਦੱਸਿਆ। ਜਿਹਨਾਂ ਪਾਸ ਆਟੋ ਥ੍ਰੀ ਵੀਲਰ ਦੇ ਅੰਦਰ ਪਏ ਤਿੰਨ ਥੈਲੇ ਪਲਾਸਟਿਕ ਵਜਨਦਾਰ ਰੰਗ ਚਿੱਟਾ ਥੈਲੇ ਆਟੋ ਵਿਚੋਂ ਉਤਾਰ ਕੇ ਉਹਨਾਂ ਦੀ ਤਲਾਸ਼ੀ ਅਮਲ ਵਿੱਚ ਲਿਆਂਦੀ ਤਾਂ ਹਰੇਕ ਥੈਲੇ ਵਿੱਚੋਂ ਡੋਡੇ ਚੂਰਾ ਪੋਸਤ ਬਰਾਮਦ ਹੋਏ। ਜੋ ਹਰੇਕ ਥੈਲੇ ਵਿੱਚ 25/25 ਕਿੱਲੋ ਗ੍ਰਾਮ ਡੋਡੇ ਚੂਰਾ ਪੋਸਤ ਸਮੇਤ ਕੁੱਲ 75 ਕਿਲੋ ਡੋਡੇ ਚੂਰਾ ਪੋਸਤ ਬ੍ਰਾਮਦ ਹੋਏ। ਜਿਸਤੇ ਉਕਤ ਵਿਆਕਤੀ,ਆਟੋ ਸਮੇਤ ਕਾਬੂ ਕੀਤੇ ਅਤੇ ਮੁਕੱਦਮਾ ਦਰਜ 90 ਅਧੀਨ ਧਾਰਾ 15/29 ਐਨ.ਡੀ.ਪੀ.ਐਸ ਰਜਿਸਟਰ ਕੀਤਾ ਗਿਆ।



# ਸੈਣੀ ਨੇ ਸਿੰਚਾਈ ਤੇ ਜਲ ਸਰੋਤ ਪਰਿਯੋਜਨਾਵਾਂ ਦੀ ਸਮੀਖਿਆ ਕੀਤੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਸਰਕਾਰ ਸਿੰਚਾਈ ਅਤੇ ਜਲ ਢਾਂਚੇ ਨੂੰ ਮਜਬੂਤ ਕਰਨ ਲਈ ਦ੍ਰਿੜ ਅਤੇ ਠੋਸ ਕਦਮ ਚੁੱਕ ਰਹੀ ਹੈ ਜਿਸ ਦੇ ਤਹਿਤ ਸਿੰਚਾਈ ਅਤੇ ਜਲ ਸਰੋਤ ਵਿਭਾਗ ਦੇ ਤਹਿਤ ਪੰਜ ਪ੍ਰਮੁੱਖ ਪਰਿਯੋਜਨਾਵਾਂ ਲਾਗੂ ਹੋ ਰਹੀਆਂ ਹਨ ਜਿਨ੍ਹਾਂ ਵਿੱਚੋਂ ਹਰੇਕ ਵਿੱਚ 100 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕੀਤਾ ਗਿਆ ਹੈ। ਇਨ੍ਹਾਂ ਪਰਿਯੋਜਨਾਵਾਂ ਦਾ ਟੀਚਾ ਜਲ ਸਰੰਖਣ ਨੂੰ ਵਧਾਉਣਾ ਅਤੇ ਸਿੰਚਾਈ ਕੁਸ਼ਲਤਾ ਵਿੱਚ ਸੁਧਾਰ ਕਰਨਾ ਸ਼ਾਮਲ ਹੈ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਇੱਥੇ ਸਿੰਚਾਈ ਅਤੇ ਜਲ ਸਰੋਤ ਵਿਭਾਗ ਦੀ ਵੱਖ ਵੱਖ ਪਰਿਯੋਜਨਾਵਾਂ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ।ਮੁੱਖ ਮੰਤਰੀ ਨੇ ਸਖ਼ਤ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਪਰਿਯੋਜਨਾਵਾਂ ਦੀ ਇੰਜੀਨਿਅਰਿੰਗ ਡ੍ਰਾਇੰਗ ਵਿੱਚ ਐਨੀ ਦੇਰੀ ਨਹੀਂ ਹੋਣੀ ਚਾਹੀਦੀ ਸੀ। ਡ੍ਰਾਇੰਗ ਦੇ ਅਨੁਮੋਦਨ ਵਿੱਚ ਦੇਰੀ ਦੇ ਚਲਦੇ ਪਰਿਯੋਜਨਾਵਾਂ ਦੇ ਲਾਗੂ ਵਿੱਚ ਦੇਰੀ ਹੁੰਦੀ ਹੈ। ਉਨ੍ਹਾਂ ਨੇ ਡ੍ਰਾਇੰਗ ਦੇ ਅਨੁਮੋਦਨ ਵਿੱਚ ਦੇਰੀ ਲਈ ਜਿੰਮੇਦਾਰ ਅਧਿਕਾਰੀਆਂ ਵਿਰੁਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਦੇ ਇਲਾਵਾ ਉਨ੍ਹਾਂ ਨੇ ਪਰਿਯੋਜਨਾਵਾਂ ਵਿੱਚ ਗੁਣਵੱਤਾ 'ਤੇ ਵਿਸ਼ੇਸ਼ ਧਿਆਨ ਦੇਣ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਗੁਣਵੱਤਾ ਵਿੱਚ ਕਿਸੇ ਵੀ ਪ੍ਰਕਾਰ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ। ਸੈਣੀ ਨੇ ਕਿਹਾ ਕਿ ਦਾਦੂਪੁਰ ਤੋਂ ਹਮੀਦਾ ਹੈਡ ਤੱਕ ਨਵੀਂ ਸਮਾਨਾਂਤਰ ਲਾਇਨ ਚੈਨਲ ਅਤੇ ਡਬਲੂਜੇਸੀ ਦਾ ਆਧੁਨਿਕੀਕਰਨ 274.87 ਕਰੋੜ ਰੁਪਏ ਨਾਲ ਕੀਤਾ ਜਾ ਰਿਹਾ ਹੈ। ਇਸ ਪਰਿਯੋਜਨਾ ਦਾ ਟੀਚਾ ਗੈਰ-ਮਾਨਸੂਨ ਅਵਧਿ ਦੌਰਾਨ ਹਥਿਨੀਕੁੰਡ ਬੈਰਾਜ ਤੋਂ ਹੋਣ ਵਾਲੇ ਰਿਸਾਓ ਦੇ ਨੁਕਸਾਨ ਨੂੰ ਘੱਟ ਕਰਨਾ ਹੈ। ਹੁਣ ਤੱਕ 64.5 ਫੀਸਦੀ ਕੰਮ ਪੂਰਾ ਹੋ ਚੁੱਕਾ ਹੈ। ਪਰਿਯੋਜਨਾ ਨੂੰ ਮਾਰਚ 2026 ਤੱਕ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਹੈ।

# 46 ਨਾਕਿਆਂ ਤੇ 23 ਪੁਲਸ ਗਸ਼ਤ ਟੀਮਾਂ ਨਾਲ ਕੀਤੀ ਜਾ ਰਹੀ ਸ਼ਹਿਰ ਦੀ ਸੁਰੱਖਿਆ : ਧਨਪ੍ਰੀਤ ਕੌਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਰਾਤ ਸਮੇਂ ਸ਼ਹਿਰ ਵਾਸੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜਲੰਧਰ ਕਮਿਸ਼ਨਰੇਟ ਪੁਲਸ ਵੱਲੋਂ 46 ਨਾਕਿਆਂ ਅਤੇ 23 ਸਰਗਰਮ ਪੁਲਿਸ ਪੈਟਰੋਲਿੰਗ ਟੀਮਾਂ ਰਾਹੀਂ ਬਾਜ਼ ਅੱਖ ਰੱਖੀ ਜਾ ਰਹੀ ਹੈ। ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਜਦੋਂ ਸ਼ਹਿਰ ਵਾਸੀ ਰਾਤ ਨੂੰ ਸੌਂ ਰਹੇ ਹੁੰਦੇ ਹਨ ਤਾਂ ਕਮਿਸ਼ਨਰੇਟ ਪੁਲਸ ਚੌਕਸ ਰਹਿੰਦੇ ਹੋਏ ਇਹ ਯਕੀਨੀ ਬਣਾਉਂਦੀ ਹੈ ਕਿ ਹਨੇਰੇ ਹਨੇਰੇ ਦੀ ਆੜ ਵਿੱਚ ਕੋਈ ਵੀ ਜਗ੍ਹਾ ਬਿਨਾਂ ਚੈਕਿੰਗ ਤੋਂ ਨਾ ਰਹੇ । ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਹਰੇਕ ਰਾਤ ਨੂੰ ਸ਼ਹਿਰ ਦੀਆਂ ਵੱਖ-ਵੱਖ ਥਾਵਾਂ 'ਤੇ 46 ਰੋਟੇਟਿੰਗ ਨਾਕੇ ਸਥਾਪਤ ਕੀਤੇ ਜਾਂਦੇ। ਉਨ੍ਹਾਂ ਕਿਹਾ ਕਿ ਇਹ ਨਾਕੇ ਸਖਤ ਨਿਗਰਾਨੀ ਰੱਖਣ ਅਤੇ ਗੈਰ ਕਾਨੂੰਨੀ ਗਤੀਵਿਧੀਆਂ ਨੂੰ ਰੋਕਣ, ਖਾਸ ਕਰ ਅੱਧੀ ਰਾਤ ਅਤੇ ਸਵੇਰ ਦੇ ਪਹਿਲੇ ਘੰਟਿਆਂ ਦੌਰਾਨ ਨਸ਼ਾ ਸਮੱਗਲਰਾਂ ਦੀਆਂ ਗਤੀਵਧੀਆਂ ਨੂੰ ਰੋਕਣ ਲਈ ਲਗਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਨਾਕਿਆਂ ਤੋਂ ਇਲਾਵਾ 23 ਪੈਟਰੋਲਿੰਗ ਵਾਹਨ, ਜਿਨ੍ਹਾਂ ਵਿੱਚ ਜੈਬਰਾ ਕਾਰਾਂ ਅਤੇ ਮੋਟਰਸਾਈਕਲ ਸ਼ਾਮਿਲ ਹਨ, ਕਿਸੇ ਵੀ ਹੰਗਾਮੀ ਹਲਾਤ ਨਾਲ ਨਜਿੱਠਣ ਲਈ ਲਗਾਤਾਰ ਦੌਰੇ 'ਤੇ ਰਹਿੰਦੇ ਹਨ। ਉਨ੍ਹਾਂ ਦੱਸਿਆ ਕਿ 60 ਤੋਂ ਵੱਧ ਨਾਨ ਗਜ਼ਟਿਡ ਅਫ਼ਸਰ (ਐਨ.ਜੀ.ਓਜ਼) ਦੇ ਨਾਲ ਗਜ਼ਟਿਡ ਅਫ਼ਸਰਾਂ ਅਤੇ ਐਸ.ਐਚ.ਓਜ਼ ਨੂੰ ਪੂਰੀ ਰਾਤ ਨਿਗਰਾਨੀ ਓਪਰੇਸ਼ਨ ਦੀ ਨਜ਼ਰਸਾਨੀ ਤਾਇਨਾਤ ਕੀਤਾ ਗਿਆ ਹੈ। ਜਲੰਧਰ ਕਮਿਸ਼ਨਰੇਟ ਦੀ ਸ਼ਹਿਰ ਵਾਸੀਆਂ ਦੀ ਸੁਰੱਖਿਆ ਪ੍ਰਤੀ ਵਚਨਬੱਧਤਾ ਦੁਹਰਾਉਂਦਿਆਂ ਪੁਲਿਸ ਕਮਿਸ਼ਨਰ ਨੇ ਜ਼ੋਰ ਦਿੰਦਿਆਂ ਕਿਹਾ ਕਿ ਅਮਨ-ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਰਾਤ ਸਮੇਂ ਪੁਲਿਸ ਵੱਲੋਂ ਪੂਰੀ ਮੁਸਤੈਦੀ ਨਾਲ ਨਿਭਾਈ ਜਾ ਰਹੀ ਡਿਊਟੀ ਗੈਰ ਸਮਾਜਿਕ ਤੱਤਾਂ ਵੱਲੋਂ ਕੀਤੀਆਂ ਜਾਣ ਵਾਲੀਆਂ ਕਾਰਵਾਈਆਂ 'ਤੇ ਲਗਾਮ ਲਗਾਉਂਦੀ ਹੈ, ਉਥੇ ਹੀ ਕਿਸੇ ਵੀ ਘਟਨਾ ਦੌਰਾਨ ਪਹੁੰਚਣ ਦੇ ਸਮੇਂ ਨੂੰ ਵੀ ਘੱਟ ਕਰਦੀ ਹੈ। ਉਨ੍ਹਾਂ ਕਿਹਾ ਕਿ ਜਲੰਧਰ ਕਮਿਸ਼ਨਰੇਟ ਪੁਲਿਸ 24 ਘੰਟੇ ਸ਼ਹਿਰ ਵਾਸੀਆਂ ਦੀ ਸੁਰੱਖਿਆ ਅਤੇ ਸੁਰੱਖਿਅਤ ਵਾਤਾਵਰਣ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।

# ਕਾਹਨਾਂ ਢੇਸੀਆਂ ਵਿਖੇ ਅਧਿਕਾਰਤ ਪੰਚ ਲਗਾਉਣ ਦਾ ਰੇੜਕਾ ਜਾਰੀ



**ਗੁਰਾਇਆ (ਬਿੰਦਰ ਸੁੰਮਨ)**

ਬਲਾਕ ਰੁੜਕਾ ਕਲਾਂ ਦੇ ਅਧੀਨ ਪੈਂਦੇ ਪਿੰਡ ਕਾਹਨਾ ਢੇਸੀਆ ਦੇ ਐਸ ਸੀ ਸਰਪੰਚ ਬੀਬੀ ਜਗੀਰੋ ਮਹੇ ਦੀ ਮੌਤ ਬੀਤੇ ਦਿਨ ਹੋ ਗਈ ਸੀ, ਉਨਾਂ ਦੀ ਥਾਂ ਬਲਾਕ ਵਿਕਾਸ ਦਫਤਰ ਰੁੜਕਾ ਕਲਾਂ ਵਿੱਚ ਪਿੰਡ ਦੇ ਮੌਜੂਦਾ ਪੰਚਾਂ ਨੇ ਬਹੁਮਤ ਨਾਲ ਜਨਰਲ ਪੰਚ ਨੂੰ ਸਰਪੰਚੀ ਦਾ ਅਧਿਕਾਰਤ ਪੰਚ ਲਗਾ ਦਿੱਤਾ ਜਿਸ ਤੋਂ ਬਾਅਦ ਮੌਜੂਦਾ ਐਸ.ਸੀ ਪੰਚਾਇਤ ਮੈਂਬਰਾਂ ਨੇ ਡੀ ਸੀ ਸਾਹਿਬ ਜਲੰਧਰ ਕੋਲ ਲਿਖਤੀ ਸ਼ਿਕਾਇਤ ਕੀਤੀ, ਜਿਸ ਦੇ ਤਹਿਤ ਬਲਾਕ ਰੁੜਕਾ ਕਲਾਂ ਵਿਖੇ ਪਿੰਡ ਦੇ ਸਮੂਹ ਪੰਚਾਇਤ ਮੈਂਬਰਾਂ ਨੂੰ ਐਸ.ਸੀ ਪੰਚ ਨੂੰ ਪਿੰਡ ਦਾ ਅਧਿਕਾਰਤ ਪੰਚ ਲਗਾਉਣ ਦੀ ਮੀਟਿੰਗ ਰੱਖੀ ਗਈ ਸੀ, ਪਰ ਚੋਣ ਮੁਲਤਵੀ ਕਰ ਦਿੱਤੀ ਗਈ। ਇਸ ਸਬੰਧੀ ਪੰਚਾਇਤ ਅਫਸਰ ਰੁੜਕਾ ਕਲਾਂ ਭੁਪਿੰਦਰ ਸਿੰਘ ਨੇ ਦੱਸਿਆ ਕਿ 9 ਪੰਚਾਇਤ ਮੈਬਰ ਹਾਜ਼ਰ ਹੋਏ ਪਰ ਬਹੁਮਤ ਨਾ ਹੋਣ ਕਰਕੇ ਅਧਿਕਾਰਤ ਪੰਚ ਦੀ ਚੋਣ 23 ਜੁਲਾਈ ਨੂੰ ਕੀਤੀ ਜਾਵੇਗੀ, ਉਧਰ ਬਸਪਾ ਆਗੂ ਸੁਸ਼ੀਲ ਵਿਰਦੀ ਨੇ ਕਿਹਾ ਕਿ ਜੇਕਰ 23 ਜੁਲਾਈ ਨੂੰ ਐਸ ਸੀ ਪੰਚ ਵਿੱਚੋ ਪਿੰਡ ਦਾ ਅਧਿਕਾਰਤ ਪੰਚ ਨਾ ਲਗਾਇਆ ਗਿਆ ਤਾਂ ਉਹ ਦਫਤਰ ਦੇ ਬਾਹਰ ਧਰਨਾ ਲਾਉਣਗੇ।

# ਭਗਤ ਕਬੀਰ ਦੇ ਦੋਹੇ ਅੱਜ ਵੀ ਸਮਾਜ ਤੇ ਮਾਨਵੀ ਜੀਵਨ ਲਈ ਪੂਰਨ ਰੂਪ 'ਚ ਪ੍ਰਸੰਗਿਕ : ਕਟਾਰੀਆ

**ਮੋਹਾਲੀ, (ਗੁਰਜੀਤ ਸਿੰਘ ਬਿੱਲਾ)**

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਇੱਥੇ ਭਗਤ ਕਬੀਰ ਦੇ ਪ੍ਰਕਾਸ਼ ਉਤਸਵ ਦੇ ਸੰਬੰਧ 'ਚ ਭਗਤ ਕਬੀਰ ਵੈਲਫੇਅਰ ਫਾਊਂਡੇਸ਼ਨ ਵੱਲੋਂ ਚੰਡੀਗੜ੍ਹ ਗਰੁੱਪ ਆਫ ਕਾਲਜਿਜ਼ ਲਾਂਡਰਾਂ ਕਰਵਾਏ ਸੂਬਾ ਪੱਧਰੀ ਸੈਮੀਨਾਰ ਚ ਸ਼ਿਰਕਤ ਕਰਦਿਆਂ ਕਿਹਾ ਕਿ ਭਗਤ ਕਬੀਰ ਦੋਹਾ ਰੂਪ ਬਾਣੀ ਅਤੇ ਸਿੱਖਿਆਵਾਂ ਅਜੋਕੇ ਸਮਾਜਿਕ ਹਾਲਤਾਂ ਅਤੇ ਮਾਨਵੀ ਜੀਵਨ ਲਈ ਪੂਰਣ ਰੂਪ ਵਿੱਚ ਪ੍ਰਸੰਗਿਕ ਹਨ।ਉਨ੍ਹਾਂ ਕਿਹਾ ਕਿ ਉੱਤਰ ਪ੍ਰਦੇਸ਼ ਦੇ ਵਾਰਾਣਸੀ (ਕਾਸ਼ੀ) ਵਿੱਚ ਜਨਮੇ ਇਹ ਮਹਾਨ ਸੰਤ ਭਾਵੇਂ ਕਿਤਾਬੀ ਗਿਆਨ ਤੋਂ ਵਾਂਝੇ ਸਨ, ਪਰ ਉਨ੍ਹਾਂ ਨੇ ਸੰਤ-ਮਹਾਂਪੁਰਖਾਂ ਦੀ ਸੰਗਤ ਤੋਂ ਅਨੁਭਵ ਦੇ ਆਧਾਰ 'ਤੇ ਗਿਆਨ ਪ੍ਰਾਪਤ ਕੀਤਾ।ਉਨ੍ਹਾਂ ਕਿਹਾ ਕਿ ਜਿਸ ਸਮੇਂ ਸੰਤ ਕਬੀਰ ਪ੍ਰਗਟ ਹੋਏ, ਉਹ ਸਮਾਂ ਭਾਰਤ ਵਿੱਚ ਵਿਦੇਸ਼ੀ ਹਮਲਾਵਰਾਂ ਦੁਆਰਾ ਹਮਲਿਆਂ, ਕਤਲੇਆਮ ਅਤੇ ਲੁੱਟਮਾਰ ਦਾ ਸਮਾਂ ਸੀ। ਅਜਿਹੇ ਮੁਸ਼ਕਲ ਮਾਹੌਲ ਵਿੱਚ, ਕਬੀਰ ਸਾਹਿਬ ਖੁਦ ਲੋਕਾਂ ਵਿੱਚ ਵਿਸ਼ਵਾਸ, ਪਿਆਰ ਅਤੇ ਸਦਭਾਵਨਾ ਦਾ ਸੰਦੇਸ਼ ਫੈਲਾਉਣ ਲਈ ਜਾਂਦੇ ਸਨ।ਉਨ੍ਹਾਂ ਕਿਹਾ ਕਿ ਭਗਤ ਕਬੀਰ ਹਮੇਸ਼ਾ ਇਸ ਗੱਲ 'ਤੇ ਜ਼ੋਰ ਦਿੰਦੇ ਸਨ ਕਿ ਸਮਾਜ ਦੇ ਸਭ ਤੋਂ ਕਮਜ਼ੋਰ ਵਰਗ ਪ੍ਰਤੀ ਸੰਵੇਦਨਾ ਅਤੇ ਹਮਦਰਦੀ ਰੱਖੇ ਬਿਨਾਂ, ਮਾਨਵਤਾ ਦੀ ਰੱਖਿਆ ਨਹੀਂ ਕੀਤੀ ਜਾ ਸਕਦੀ। ਬੇਸਹਾਰਾ ਲੋਕਾਂ ਦੀ ਮਦਦ ਕੀਤੇ ਬਿਨਾਂ, ਸਮਾਜ ਵਿੱਚ ਸਦਭਾਵਨਾ ਨਹੀਂ ਆ ਸਕਦੀ। ਸਾਰੇ ਮਨੁੱਖਾਂ ਲਈ ਪਿਆਰ ਹੀ ਸੱਚਾ ਮਨੁੱਖੀ ਧਰਮ ਹੈ।



ਭਗਤ ਕਬੀਰ ਵੈਲਫੇਅਰ ਫਾਊਂਡੇਸ਼ਨ ( ਰਜਿ.) ਦੀ ਤਰਫੋਂ ਸ੍ਰੀ ਹਰੀ ਸ਼ਰਨਮ ਸੇਵਾ ਸੰਸਥਾਨ ਦੇ ਸਹਿਯੋਗ ਨਾਲ, ਫਾਊਂਡੇਸ਼ਨ ਦੇ ਫਾਊਂਡਰ ਜਨਰਲ ਸਕੱਤਰ ਪਰਦੀਪ ਸਿੰਘ ਹੈਪੀ ਅਤੇ ਸੰਸਥਾਨ ਦੇ ਪ੍ਰਧਾਨ ਵਿਸ਼ਾਲ ਸ਼ਰਮਾ ਦੀ ਅਗਵਾਈ ਹੇਠ ਚੰਡੀਗੜ੍ਹ ਗਰੁੱਪ ਆਫ ਕਾਲਜਸ ਲਾਂਡਰਾਂ ਕੈਂਪਸ ਦੇ ਆਡੀਟੋਰੀਅਮ ਵਿਖੇ ਕਰਵਾਏ ਗਏ ਇਸ ਸੈਮੀਨਾਰ ਦੇ ਦੌਰਾਨ ਭਗਤ ਕਬੀਰ ਦੇ ਜੀਵਨ ਅਤੇ ਸਿੱਖਿਆਵਾਂ ਸਬੰਧੀ ਹੋਰਨਾਂ ਬੁਲਾਰਿਆਂ ਵੱਲੋਂ ਵੀ ਆਪੋ-ਆਪਣੇ ਵਿਚਾਰ ਰੱਖੇ ਗਏ। ਅੰਮ੍ਰਿਤਸਰ ਉੱਤਰੀ ਹਲਕੇ ਦੇ ਵਿਧਾਇਕ ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਕਿਹਾ ਕਿ ਭਗਤ ਕਬੀਰ ਇੱਕ ਸਮਾਜਿਕ ਵਿਗਿਆਨੀ ਦੇ ਰੂਪ ਵਿੱਚ ਜਾਣੇ ਜਾਂਦੇ ਜਾਂਦੇ ਹਨ, ਭਗਤ ਕਬੀਰ ਦੇ ਕ੍ਰਾਂਤੀਕਾਰੀ ਵਿਚਾਰਾਂ ਦੀ ਪ੍ਰਮਾਣਿਕਤਾ ਅੱਜ ਵੀ ਪੂਰੀ ਤਰ੍ਹਾਂ ਸਮੁੱਚੀ ਲੁਕਾਈ ਦੇ ਵਿੱਚ ਬਰਕਰਾਰ ਹੈ। ਇਸ ਮੌਕੇ ਸੈਂਟਰਲ ਯੂਨੀਵਰਸਿਟੀ ਧਰਮਸ਼ਾਲਾ ਦੇ ਵਾਈਸ ਚਾਂਸਲਰ ਡਾ. ਕੁਲਦੀਪ ਅਗਨੀਹੋਤਰੀ, ਚੰਡੀਗੜ੍ਹ ਗਰੁੱਪ ਆਫ ਕਾਲਜਿਜ਼ ਦੇ ਪ੍ਰਧਾਨ ਰਸ਼ਪਾਲ ਸਿੰਘ ਧਾਲੀਵਾਲ, ਬਾਲ ਮੁਕੰਦ ਸ਼ਰਮਾ ਚੇਅਰਮੈਨ ਪੰਜਾਬ ਸਟੇਟ ਫੂਡ ਕਮਿਸ਼ਨ, ਗੁਰਪ੍ਰੀਤ ਸਿੰਘ ਜੀ.ਪੀ., ਸਾਬਕਾ ਵਿਧਾਇਕ ਬੱਸੀ ਪਠਾਣਾ, ਪਰਮਜੀਤ ਕੌਰ ਲਾਂਡਰਾਂ (ਸਾਬਕਾ ਚੇਅਰਪਰਸਨ ਪੰਜਾਬ ਰਾਜ ਮਹਿਲਾ ਕਮਿਸ਼ਨ), ਸੰਜੀਵ ਵਸ਼ਿਸ਼ਟ, ਸੁਖਵਿੰਦਰ ਸਿੰਘ ਗੋਲਡੀ, ਕੁਲਜੀਤ ਸਿੰਘ ਬੇਦੀ ਡਿਪਟੀ ਮੇਅਰ ਮੋਹਾਲੀ, ਸੁਰਿੰਦਰ ਸਿੰਘ ਕਿਸ਼ਨਪੁਰਾ, ਕਵਲਜੀਤ ਸਿੰਘ ਰੂਬੀ- ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਮੋਹਾਲੀ, ਪਰਮਜੀਤ ਸਿੰਘ ਕਾਹਲੋਂ, ਪ੍ਰੇਮ ਸਿੰਘ ਢਿੱਲੋਂ, ਐਡਵੋਕੇਟ ਗੁਰਜੀਤ ਸਿੰਘ ਸ਼ੇਖਨ ਮਾਜਰਾ, ਐਡਵੋਕੇਟ ਗਗਨਪ੍ਰੀਤ ਸਿੰਘ ਬੈਂਸ, ਸਾਬਕਾ ਕੌਂਸਲਰ ਗੁਰਮੁਖ ਸਿੰਘ ਸੋਹਲ, ਫੂਲਰਾਜ ਸਿੰਘ- ਸਟੇਟ ਐਵਾਰਡੀ, ਹਰਮਨਪ੍ਰੀਤ ਸਿੰਘ- ਸਨੀ ਖੰਨਾ, ਜਸਵੰਤ ਸਿੰਘ ਭੁੱਲਰ, ਡੀ ਐਸ ਪੀ ਹਰਸਿਮਰਤ ਸਿੰਘ ਬੱਲ, ਕਵਲਜੀਤ ਕੌਰ ਸੁਹਾਣਾ ਅਤੇ ਜਸਵੀਰ ਕੌਰ ਅਤਲੀ ਵੀ ਹਾਜ਼ਰ ਸਨ।

# ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ



**ਬਲਾਚੌਰ (ਜਸਵਿੰਦਰ ਬੈਂਸ)**

ਬਲਾਚੌਰ ਨੈਸ਼ਨਲ ਹਾਈਵੇ 'ਤੇ ਮੌਜੂਦ ਪਿੰਡ ਰੱਕੜਾ ਬੇਟ ਦੇ ਪੁਲ ਤੇ ਰਾਮ ਨਿਵਾਸ ਕੁਟੀਆ ਵੱਲੋਂ ਸੰਤ ਮਾਤਾ ਮਨਜੀਤ ਕੌਰ ਦੀ ਅਗਵਾਈ ਹੇਠ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਛੋਲਿਆਂ ਦਾ ਲੰਗਰ ਲਾਇਆ ਗਿਆ। ਇਸ ਮੌਕੇ ਤੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਹੋਇਆ ਸੇਵਾਦਾਰ ਡਾਕਟਰ ਰਾਕੇਸ਼ ਕੁਮਾਰ ਕੇਸ਼ੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰਾਮ ਨਿਵਾਸ ਕੁਟੀਆ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਰੱਕੜਾ ਬੇਟ ਦੇ ਪੁੱਲ ਨਜ਼ਦੀਕ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਜਿੱਥੇ ਸੇਵਾਦਾਰਾਂ ਵੱਲੋਂ ਰਾਹਗੀਰਾਂ ਨੂੰ ਠੰਡੇ ਮਿੱਠੇ ਜਲ ਦੀ ਛਬੀਲ ਦਾ ਲੰਗਰ ਛਕਾਇਆ ਗਿਆ ਅਤੇ ਛੋਲੇ ਦਿੱਤੇ ਗਏ ਇਸ ਮੌਕੇ ਤੇ ਸੇਵਾਦਾਰਾਂ ਵੱਲੋਂ ਵੱਧ ਚੜ੍ਹ ਕੇ ਛਬੀਲ ਦੇ ਲੰਗਰ ਵਿੱਚ ਸੇਵਾ ਕੀਤੀ ਗਈ।ਇਸ ਮੌਕੇ ਤੇ ਸਮੂਹ ਸੇਵਾਦਾਰ ਮੌਜੂਦ ਰਹੇ।

# ਹਾਈਪਰਟੈਸ਼ਨ ਨੂੰ ਸਿਹਤਮੰਦ ਜੀਵਨ-ਸ਼ੈਲੀ ਅਪਨਾ ਕੇ ਰੋਕਣਾ ਸੰਭਵ : ਡਾ. ਮਾਨ



**ਬਲਾਚੌਰ (ਜਸਵਿੰਦਰ ਬੈਂਸ)**

ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਦੀ ਰਹਿਨੁਮਾਈ ਹੇਠ ਸਿਕਲੀਗਰ ਮੁਹੱਲਾ ਬਲਾਚੌਰ ਵਿਖੇ ਹਾਈਪਰਟੈਂਸ਼ਨ ਅਵੇਅਰਨੈੱਸ ਕੰਪੇਨ ਦੇ ਸੰਦਰਭ ਵਿੱਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਾ. ਕੁਲਵਿੰਦਰ ਮਾਨ ਨੇ ਹਾਈ ਬਲੱਡ ਪ੍ਰੈਸ਼ਰ ਦੀ ਗੰਭੀਰਤਾ, ਇਸਦੇ ਲੱਛਣਾਂ ਅਤੇ ਰੋਕਥਾਮ ਦੇ ਉਪਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਹਾਈਪਰਟੈਂਸ਼ਨ ਇੱਕ ਖਾਮੋਸ਼ ਕਾਤਲ ਹੈ ਜੋ ਬਿਨਾਂ ਕਿਸੇ ਲੱਛਣ ਦੇ ਵੀ ਸਰੀਰ ਨੂੰ ਨੁਕਸਾਨ ਪਹੁੰਚਾ ਸਕਦਾ ਹੈ। ਡਾ. ਮਾਨ ਨੇ ਕਿਹਾ ਕਿ ਇਸ ਬਿਮਾਰੀ ਨੂੰ ਸਿਹਤਮੰਦ ਜੀਵਨਸ਼ੈਲੀ ਅਪਨਾ ਕੇ ਰੋਕਿਆ ਜਾ ਸਕਦਾ ਹੈ। ਲੋਕਾਂ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਨਿਯਮਤ ਕਸਰਤ ਦੇ ਨਾਲ-ਨਾਲ ਘੱਟ ਨਮਕ, ਘੱਟ ਚਰਬੀ ਅਤੇ ਸੰਤੁਲਿਤ ਖੁਰਾਕ ਸ਼ਾਮਲ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਬਾਜ਼ਾਰੀ ਭੋਜਨ ਤੋਂ ਬਚਣ ਅਤੇ ਨਿਯਮਤ ਜਾਂਚ ਕਰਵਾਉਣ ਦੀ ਸਲਾਹ ਦਿੱਤੀ।ਡਾ. ਮਾਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਹਾਈ ਬਲੱਡ ਪ੍ਰੈਸ਼ਰ ਦੇ ਮਰੀਜ਼ਾਂ ਨੂੰ ਮੁਫ਼ਤ ਇਲਾਜ ਅਤੇ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹਾਈ ਬਲੱਡ ਪ੍ਰੈਸ਼ਰ ਇੱਕ ਗੰਭੀਰ ਪਰ ਅਕਸਰ ਅਣਦੇਖੀ ਕੀਤੀ ਜਾਣ ਵਾਲੀ ਬਿਮਾਰੀ ਹੈ, ਜਿਸਨੂੰ 'ਖਾਮੋਸ਼ ਕਾਤਲ' ਵੀ ਕਿਹਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸਦਾ ਸਮੇਂ ਸਿਰ ਇਲਾਜ ਨਾ ਕੀਤਾ ਜਾਵੇ ਤਾਂ ਇਹ ਦਿਲ ਦਾ ਦੌਰਾ, ਗੁਰਦੇ ਫੇਲ੍ਹ ਹੋਣ ਵਰਗੀਆਂ ਗੰਭੀਰ ਬਿਮਾਰੀਆਂ ਦਾ ਕਾਰਨ ਬਣ ਸਕਦਾ ਹੈ।ਇਸ ਮੌਕੇ ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ, ਸੀਐਚਓ ਪੂਜਾ ਰਾਣੀ, ਏਐਨਐਮ ਦਜਿੰਦਰ ਕੌਰ ਤੇ ਬਲਜੀਤ ਕੌਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਗੈਸਟ ਫੈਕਲਟੀ ਦੀ ਭਰਤੀ ਲਈ ਅਰਜ਼ੀਆਂ 25 ਤੱਕ

**ਜਲੰਧਰ, (ਸ਼ੈਲੀ ਐਲਬਰਟ)**-ਮੈਂਬਰ ਸਕੱਤਰ ਆਈ ਐਮ ਸੀ ਸਰਕਾਰੀ ਆਈ.ਟੀ.ਆਈ (ਇ) ਕਰਤਾਪਰੁ, ਕਾਲਾ ਬਾਹੀਆਂ ਜਲੰਧਰ ਨੇ ਦੱਸਿਆ ਕਿ ਇਸ ਸੈਸ਼ਨ 2025-26 ਲਈ ਆਰਜੀ ਤੌਰ 'ਤੇ ਸਰਫੇਸ ਆਰਾਨਾਮੈਂਨਟੈਸ਼ਨ ਤਕਨੀਕ (ਇੰਬ) ਲਈ 1 ਅਤੇ ਕੋਸਮਟੋਲਜੀ 1 ਅਸਾਮੀ ਲਈ ਗੈਸਟ ਫੈਕਲਟੀ ਇੰਸਟਰਕਟਰ ਦੀ ਭਰਤੀ ਕੀਤੀ ਜਾਣੀ ਹੈ। ਉਨ੍ਹਾਂ ਦੱਸਿਆ ਕਿ ਇਸ ਦਾ ਪੱਕੀ ਸਰਕਾਰੀ ਨੌਕਰੀ ਨਾਲ ਕੋਈ ਸਬੰਧ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਚੁਣੇ ਗਏ ਉਮੀਦਵਾਰ ਨੂੰ 15000 ਰੁਪਏ ਪ੍ਰਤੀ ਮਹੀਨਾ ਮਾਣ ਭੇਟਾ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਉਮੀਦਵਾਰ ਆਪਣੀ ਵਿੱਦਿਅਕ ਯੋਗਤਾਵਾਂ ਅਤੇ ਤਜਰਬੇ ਦੇ ਅਸਲ ਸਰਟੀਫਿਕੇਟ ਸਮੇਤ ਤਸਦੀਕ ਸ਼ੁਦਾ ਕਾਪੀਆਂ ਪੇਸ਼ ਕਰਨਾ ਲਾਜ਼ਮੀ ਹੋਵੇਗਾ। ਯੋਗਤਾ ਅਤੇ ਤਜਰਬੇ ਸਬੰਧੀ ਜਾਣਕਾਰੀ ਲਈ ਵੈਬ-ਸਾਇਟ https//dgt.gov.in/cts_details 'ਤੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਅਪਲਾਈ ਕਰਨ ਲਈ ਉਮੀਦਵਾਰ ਆਪਣੀ ਅਰਜ਼ੀ 25 ਜੂਨ 2025 ਤੱਕ ਡਾਕ ਰਾਹੀਂ ਜਾਂ ਸੰਸਥਾ ਦੀ ਏ-ਮੇਲ iti.kartarpur@yahoo.com ਰਾਹੀਂ/ਦਸਤੀ ਭੇਜ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸੀ.ਆਈ.ਟੀ.ਐਸ ਯੋਗਤਾ ਰੱਖਣ ਵਾਲੇ ਉਮੀਦਵਾਰ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇੰਟਰਵਿਊ ਲਈ ਮਿਤੀ 2 ਜੁਲਾਈ 2025 ਨੂੰ ਸਵੇਰੇ 11.00 ਵਜੇ ਸਰਕਾਰੀ ਆਈ.ਟੀ.ਆਈ (ਇ) ਕਰਤਾਰਪੁਰ (ਕਿਸ਼ਨਗੜ੍ਹ ਰੋਡ) ਪਿੰਡ ਕਾਲਾ ਬਾਹੀਆਂ ਜਲੰਧਰ ਵਿਖੇ ਹੋਵੇਗੀ। ਉਮੀਦਵਾਰ ਨੂੰ ਕੋਈ ਟੀ.ਏ/ਡੀ.ਏ. ਨਹੀਂ ਦਿੱਤਾ ਜਾਵੇਗਾ। ਉਪਰੋਕਤ ਵਿੱਚ ਤਬਦੀਲੀ ਦਾ ਅਧਿਕਾਰ ਕੇਵਲ ਚੇਅਰਮੈਨ ਆਈ.ਐਮ.ਸੀ ਸਰਕਾਰੀ ਆਈ.ਟੀ.ਆਈ (ਇ) ਕਰਤਾਰਪੁਰ ਕਾਲਾ ਬਾਹੀਆਂ ਕੋਲ ਹੋਵੇਗਾ। ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 98766-09912 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪਾਇਨੀਅਰ ਕੰਪਨੀ ਵੱਲੋਂ ਮੱਲ ਗੁਜਾਰ ਵਿਖੇ ਲਗਾਇਆ ਗਿਆ ਕਿਸਾਨ ਸਿਖਲਾਈ ਕੈਂਪ



**ਸੁਲਤਾਨਪੁਰ ਲੋਧੀ (ਬਲਵੀਰ ਸਾਲ੍ਹਪੁਰੀ)**

ਦੇਸ ਅੰਦਰ ਮੱਕੀ ਦੂਜੇ ਦਰਜੇ ਦੀ ਫਸਲ ਹੈ, ਜੋ ਅਨਾਜ ਅਤੇ ਚਾਰਾ ਦੋਨੋਂ ਲਈ ਵਰਤੀ ਜਾਂਦੀ ਹੈ। ਮੱਕੀ ਨੂੰ ਅਨਾਜ ਦੀ ਰਾਣੀ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਹੈ, ਕਿਉਂਕਿ ਬਾਕੀ ਫਸਲਾਂ ਦੇ ਮੁਕਾਬਲੇ ਇਸ ਦਾ ਝਾੜ ਸਭ ਤੋਂ ਵੱਧ ਹੈ। ਇਸ ਤੋਂ ਭੋਜਨ ਪਦਾਰਥ ਵੀ ਤਿਆਰ ਕੀਤੇ ਜਾਂਦੇ ਹਨ ਜਿਵੇਂ ਕਿ ਸਟਾਰਚ, ਕੌਰਨ ਫਲੇਕਸ, ਸਰਾਬ ਅਤੇ ਗਲੂਕੋਜ਼ ਆਦਿ। ਇਹ ਪੋਲਟਰੀ ਵਾਲੇ ਪਸ਼ੂਆਂ ਦੀ ਖੁਰਾਕ ਵਜੋਂ ਵੀ ਵਰਤੀ ਜਾਂਦੀ ਹੈ ਅਤੇ ਮੱਕੀ ਤੋਂ ਇਥੇਨੋਲ ਪੈਟਰੋਲੀ ਪਦਾਰਥ ਤਿਆਰ ਕਰਨ ਲਈ ਹਰ ਜ਼ਿਲ੍ਹੇ ਵਿੱਚ ਪਲਾਂਟ ਲਗਾਏ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਾਇਨੀਅਰ ਕੰਪਨੀ ਵੱਲੋਂ ਮੱਕੀ ਦੀ ਫਸਲ ਸਬੰਧੀ ਪਿੰਡ ਮੱਲ ਗੁਜਾਰ ਦੇ ਕਿਸਾਨ ਦਲਬੀਰ ਸਿੰਘ ਦੇ ਖੇਤਾਂ ਵਿੱਚ ਲਗਾਏ ਗਏ ਕਿਸਾਨ ਸਿਖਲਾਈ ਕੈਂਪ ਮੌਕੇ ਕੰਪਨੀ ਦੇ ਅਧਿਕਾਰੀ ਮੈਡਮ ਵਰਤਿਕਾ ਸ਼ਰਮਾ ਟੀਐਮ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਪਾਇਨੀਅਰ ਪੀ 1890 ਵੱਧ ਝਾੜ ਦੇਣ ਵਾਲੀ ਮੱਕੀ ਦੀ ਕਿਸਮ ਹੈ। ਇਸ ਦੀਆਂ ਛੱਲੀਆਂ ਲੰਬੀਆਂ ਅਤੇ ਇੱਕ ਸਮਾਨ ਹੁੰਦੀਆਂ ਹਨ। ਛੱਲੀਆਂ ਦੇ ਦਾਣੇ ਲੰਬੇ ਹੁੰਦੇ ਹਨ ਜੋ ਵੱਧ ਝਾੜ ਦੇਣ ਵਿੱਚ ਸਹਾਈ ਹੁੰਦੇ ਹਨ। ਉਹਨਾਂ ਕਿਹਾ ਕਿ ਇਹ ਆਮ ਕਿਸਮਾਂ ਨਾਲੋਂ ਘੱਟ ਸਮੇਂ ਵਿੱਚ ਪੱਕ ਕੇ ਤਿਆਰ ਹੋ ਜਾਂਦੀ ਹੈ। ਤੇਜ ਹਵਾਵਾਂ ਤੇ ਹਨੇਰੀ ਵਿੱਚ ਖੜੀ ਰਹਿਣ ਦੀ ਸਮਰੱਥਾ ਰੱਖਦੀ ਹੈ। ਕਿਸਾਨ ਇਸਦੀ ਕਟਾਈ ਜਲਦੀ ਕਰਕੇ ਤੁਰੰਤ ਝੋਨਾ ਲਗਾ ਸਕਦੇ ਹਨ। ਪਾਇਨੀਅਰ ਕੰਪਨੀ ਦੇ ਅਮਨਦੀਪ ਸਿੰਘ ਐਮਡੀ ਆਰ ਵੱਲੋਂ ਵੀ ਕਿਸਾਨਾਂ ਨਾਲ ਮੱਕੀ ਦੀ ਫਸਲ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਬੀਜ ਵਿਕਰੇਤਾ ਹਰਨੇਕ ਸਿੰਘ ਹਰਨੇਕ ਐਗਰੋ ਸੈਂਟਰ ਬੂਲਪੁਰ, ਗਗਨ ਸੀਡ ਸੁਲਤਾਨਪੁਰ ਲੋਧੀ ਲਖਵਿੰਦਰ ਸਿੰਘ ਨੇ ਦੱਸਿਆ ਕਿ ਪਾਇਨੀਅਰ ਕੰਪਨੀ ਦੀਆਂ ਪੀ 1899 ਅਤੇ ਪੀ 1890 ਮੱਕੀ ਦੀਆਂ ਦੋਵੇਂ ਕਿਸਮਾਂ ਵੱਧ ਝਾੜ ਦਿੰਦੀਆਂ ਹਨ ਅਤੇ 3 ਮਹੀਨੇ ਵਿੱਚ ਪੱਕ ਕੇ ਤਿਆਰ ਹੋ ਜਾਂਦੀਆਂ ਹਨ। ਸਾਡਾ ਇਹ ਇਲਾਕਾ ਵੱਡੀ ਤਾਦਾਦ ਵਿੱਚ ਮੱਕੀ ਦੀ ਬਿਜਾਈ ਕਰਦਾ ਹੈ। ਪਾਇਨੀਅਰ ਕੰਪਨੀ ਵੱਲੋਂ ਕਿਸਾਨਾਂ ਨਾਲ ਵੱਡਮੁੱਲੀ ਜਾਣਕਾਰੀ ਸਾਂਝੀ ਕਰਨ ਲਈ ਉਹਨਾਂ ਦਾ ਵੀ ਧੰਨਵਾਦ ਕਰਦੇ ਹਾਂ। ਉਹਨਾਂ ਕਿਸਾਨ ਮਿਲਣੀ ਮੌਕੇ ਹਾਜਰ ਵੱਡੀ ਗਿਣਤੀ ਵਿਚ ਸਮੂਹ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਸੋਨੂ, ਕਿਸਾਨ ਕੁਲਦੀਪ ਸਿੰਘ ਮੌਜੇਵਾਲ, ਨਿਰਮਲ ਸਿੰਘ, ਜਗਰੂਪ ਸਿੰਘ, ਮਲਕੀਤ ਸਿੰਘ, ਅਮਨਦੀਪ ਸਿੰਘ, ਨਰਿੰਦਰ ਸਿੰਘ, ਕੁਲਦੀਪ ਸਿੰਘ, ਦਲਬੀਰ ਸਿੰਘ ਸਾਹ ਆਦਿ ਵੀ ਹਾਜਰ ਸਨ।

# ਕੁੱਲ ਹਿੰਦ ਕਿਸਾਨ ਸਭਾ ਦੇ ਅਜਲਾਸ 'ਚ ਪ੍ਰਧਾਨ ਰਾਮ ਪਾਲ ਸਿੰਘ ਤੇ ਸਕੱਤਰ ਮਹਿੰਦਰ ਸਿੰਘ ਸੰਗਤਪੁਰ ਚੁਣੇ

**ਨੰਗਲ (ਹਰਭਜਨ ਢਿੱਲੋਂ)**

ਕੁਲ ਹਿੰਦ ਕਿਸਾਨ ਸਭਾ ਤਹਿਸੀਲ ਕਮੇਟੀ ਨੰਗਲ ਦਾ ਇਜਲਾਸ ਨਜ਼ਦੀਕੀ ਕਸਬਾ ਪਿੰਡ ਭਲਾਣ ਵਿਖੇ ਸੂਬੇਦਾਰ ਕੁਲਵੰਤ ਸਿੰਘ ਦੇ ਗ੍ਰਹਿ ਵਿਖੇ ਹੋਇਆ। ਜਿਸ ਵਿੱਚ ਸਰਬ ਸੰਮਤੀ ਨਾਲ ਪ੍ਰਧਾਨ ਗਿਆਨੀ ਰਾਮਪਾਲ ਸਿੰਘ ਭਲਾਣ ਅਤੇ ਸਕੱਤਰ ਮਹਿੰਦਰ ਸਿੰਘ ਸੰਗਤਪੁਰ ਨੂੰ ਚੁਣ ਲਿਆ ਗਿਆ।ਇਸ ਮੌਕੇ 'ਤੇ ਕੁਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਕਾਮਰੇਡ ਗੁਰਨੇਕ ਸਿੰਘ ਭੱਜਲ ਨੇ ਉਦਘਾਟਨੀ ਭਾਸ਼ਣ ਦਿੰਦਿਆਂ ਇਹ ਸਪੱਸ਼ਟ ਕੀਤਾ ਕਿ ਕੁਲ ਹਿੰਦ ਕਿਸਾਨ ਸਭਾ ਦੀ ਨੀਂਹ 1936 ਵਿੱਚ ਮਹਾਨ ਦੇਸ਼ ਭਗਤਾਂ ਦੁਆਰਾ ਰੱਖੀ ਗਈ। ਇਸ ਕਿਸਾਨ ਸਭਾ ਨੇ ਦੇਸ਼ ਦੀ ਆਜ਼ਾਦੀ ਦੀ ਲੜਾਈ ਵਿੱਚ ਅਤੇ ਦੇਸ਼ ਆਜ਼ਾਦ ਹੋਣ ਤੋਂ ਬਾਅਦ ਅਨੇਕਾਂ ਕਿਸਾਨੀ ਮੰਗਾਂ ਲਈ ਲਹੂ ਵੀਟਵਾਂ ਸੰਘਰਸ਼ ਲੜਿਆ। ਉਹਨਾਂ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਕੇਂਦਰ ਦੀਆਂ ਸਰਕਾਰਾਂ ਨੇ ਕਿਸਾਨਾਂ ਲਈ ਕੋਈ ਵੀ ਨੀਤੀ ਜ ਨਹੀਂ ਬਣਾਈ। ਜਿਸ ਦੇ ਕਾਰਨ ਅੱਜ ਦੇਸ਼ ਦਾ ਕਿਸਾਨ ਖੁਦਕਸ਼ੀਆਂ ਦੇ ਰਾਹ ਪੈ ਗਿਆ ਹੈ। ਕਿਸਾਨਾਂ ਦੇ ਧੀ ਪੁੱਤ ਬਾਹਰਲੇ ਮੁਲਕਾਂ ਨੂੰ ਤਰਜੀਹ ਦੇ ਰਹੇ ਹਨ। ਉਹਨਾਂ ਨੇ ਕਿਹਾ ਕਿ ਕਿਸਾਨੀ ਅੱਜ ਇੱਕ ਹੋਰ ਸੰਕਟ ਵਿੱਚ ਫਸੀ ਹੋਈ ਹੈ। ਜਿੱਥੇ ਕੇਂਦਰ ਦੀ ਮੋਦੀ ਸਰਕਾਰ ਨਵੀਂ ਮੰਡੀ ਕਰਨ ਨੀਤੀ ਲਿਆ ਕੇ ਕਿਸਾਨਾਂ ਨੂੰ ਬਰਬਾਦ ਕਰ ਰਹੀ ਹੈ ਦੂਜੇ ਪਾਸੇ ਪੰਜਾਬ ਸਰਕਾਰ ਲੈਂਡ ਪੋਲਿੰਗ ਨੀਤੀ ਦੇ ਲਾਗੂ ਕਰਕੇ ਕਿਸਾਨ ਮਾਰੂ ਫੈਸਲੇ ਕਰ ਰਹੀ ਹੈ। ਉਹਨਾਂ ਨੇ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਉਹ ਇੱਕ ਮੁੱਠ ਹੋ ਕੇ ਆਪਣੇ ਹੱਕਾਂ ਦੀ ਲੜਾਈ ਲੜਨ। ਇਸ ਇਜਲਾਸ ਦੀ ਪ੍ਰਧਾਨਗੀ ਸੂਬੇਦਾਰ ਕੁਲਵੰਤ ਸਿੰਘ, ਦਲਜੀਤ ਸਿੰਘ ਐਲਗਰਾ, ਜਸਪਾਲ ਸਿੰਘ ਬੇਲਾ ਨੇ ਕੀਤੀ। ਸਟੇਜ ਦੀ ਕਾਰਵਾਈ ਜਸਵਿੰਦਰ ਸਿੰਘ ਭੰਗਲ ਨੇ ਚਲਾਈ।ਇਸ ਮੌਕੇ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜਿਲ ?ਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਸਕੱਤਰ ਕਰਨੈਲ ਸਿੰਘ ਬਜ਼ਰੂੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੁਲ ਹਿੰਦ ਕਿਸਾਨ ਸਭਾ ਗੈਰ ਕਾਨੂੰਨੀ ਮਾਈਨਿੰਗ ਦੇ ਖਿਲਾਫ ਲਗਾਤਾਰ ਲੜਾਈ ਲੜ ਰਹੀ ਹੈ ਤੇ ਲੜੇਗੀ।ਇਹ ਗੈਰ ਕਾਨੂੰਨੀ ਮਾਈਨਿੰਗ ਇਲਾਕੇ ਦੇ ਲੋਕਾਂ ਲਈ ਕਾਲਾ ਨਾਗ ਸਾਬਤ ਹੋ ਰਹੀ ਹੈ। ਇਸ ਮਾਈਨਿੰਗ ਦੇ ਕਾਰਨ ਖੇਤ ਨਹੀਂ ਬਚਣੇ।ਜਿਸ ਦੇ ਕਾਰਨ ਪੁੱਤਾ ਵਾਂਗ ਪਾਲੀਆਂ ਜਮੀਨਾਂ ਸਵਾਂ ਨਦੀ ਤੇ ਸਤਲੁਜ ਦਰਿਆ ਦੀ ਭੇਂਟਾ ਚੜ ਰਹੀਆਂ ਹਨ। ਉਹਨਾਂ ਨਾਲ ਇਲਾਕੇ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਡੀਸਿਲਟਿੰਗ ਦੇ ਨਾਂ ਤੇ ਮਾਈਨਿੰਗ ਨੂੰ ਰੋਕਣ ਲਈ ਸੰਘਰਸ਼ਾਂ ਦੇ ਰਾਹ ਅਪਣਾਣੇ ਪੈਣੇ ਹਨ।ਉਹਨਾਂ ਨੇ ਕਿਹਾ ਕਿ ਸਰਕਾਰ ਦੀ ਮਿਲੀ ਭੁਗਤ ਨਾਲ ਇਲਾਕੇ ਵਿੱਚ ਗੈਰ ਕਾਨੂੰਨੀ ਮਾਈਨਿੰਗ ਦਿਨ ਰਾਤ ਸ਼ਰੇਆਮ ਕੀਤੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਕਿਸਾਨੀ ਬਿਨਾਂ ਸਬਸਿਡੀ ਤੋਂ ਨਹੀਂ ਕੀਤੀ ਜਾ ਸਕਦੀ।ਇਸ ਮੌਕੇ ਤੇ ਇਲਾਕਾ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਦੇਵ ਸਿੰਘ ਐਲਗਰਾ ਨੇ ਭਰਾਤਰੀ ਸੰਦੇਸ਼ ਦਿੰਦਿਆਂ ਕਿਹਾ ਕਿ ਉਹ ਹਮੇਸ਼ਾ ਕਿਸਾਨੀ ਮੰਗਾਂ ਲਈ ਸੰਘਰਸ਼ ਦਾ ਸਾਥ ਦਿੰਦੇ ਹਨ। ਇਲਾਕੇ ਦੇ ਸਵਾਂ ਨਦੀ ਤੇ ਐਲਗਰਾ ਵਿੱਚ ਬਣਿਆ ਪੁਲ ਪਿਛਲੇ ਕਰੀਬ ਦੋ ਸਾਲ ਤੋਂ ਬੰਦ ਪਿਆ ਹੈ। ਇਸ ਦੀ ਮੁਰੰਮਤ ਲਈ 22 ਤਰੀਕ ਨੂੰ 9 ਵਜੇ ਪੁੱਲ ਤੇ ਇਲਾਕੇ ਦੇ ਲੋਕਾਂ ਦਾ ਵੱਡਾ ਇਕੱਠ ਕੀਤਾ ਜਾ ਰਿਹਾ ਹੈ। ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਤੇ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਅਗਲੀ ਤਹਿਸੀਲ ਕਮੇਟੀ ਦਾ ਪੈਨਲ ਪੇਸ਼ ਕੀਤਾ।ਜਿਸ ਵਿੱਚ ਪ੍ਰਧਾਨ ਰਾਮਪਾਲ ਸਿੰਘ ਭਲਾਣ, ਸਕੱਤਰ ਮਹਿੰਦਰ ਸਿੰਘ ਸੰਗਤਪੁਰ, ਮੀਤ ਪ੍ਰਧਾਨ ਦਲਜੀਤ ਸਿੰਘ ਐਲਗਰਾ ,ਮੀਤ ਪ੍ਰਧਾਨ ਜਸਪਾਲ ਸਿੰਘ ਬੇਲਾ, ਮੀਤ ਪ੍ਰਧਾਨ ਸੁਖਵਿੰਦਰ ਸਿੰਘ ਗੋਹਲਣੀ ,ਵਿੱਤ ਸਕੱਤਰ ਹਰਜਾਪ ਸਿੰਘ ਹਾਜੀਪੁਰ,ਤਰਸੇਮ ਸੁਖਸਾਲ,ਰਘਵੀਰ ਸਿੰਘ ਦਰਸੀ ਦੜੋਲੀ, ਮਾਸਟਰ ਯਸਪਾਲ ਸਿੰਘ ਕੁਲਗਰਾ,ਹਰਦੇਵ ਸਿੰਘ ਐਲਗਰਾ, ਮਨਜੀਤ ਸਿੰਘ ਪਟਵਾਰੀ ਹਰਸਾ ਬੇਲਾ, ਜਸਪਾਲ ਸ਼ਰਮਾ ਸੈਂਸੋਵਾਲ, ਸੂਬੇਦਾਰ ਕੁਲਵੰਤ ਸਿੰਘ, ਜਥੇਦਾਰ ਹਿੰਮਤ ਸਿੰਘ ਮਜਾਰਾ, ਜੈਮਲ ਸਿੰਘ ਦੜੋਲੀ, ਬਿਕਰ ਸਿੰਘ, ਹਰਜੀਤ ਸਿੰਘ ਵਿਰਕ ਨੂੰ ਤਹਿਸੀਲ ਕਮੇਟੀ ਮੈਂਬਰ ਲਿਆ ਗਿਆ। ਇਸ ਮੌਕੇ ਤੇ ਜ਼ਿਲ੍ਹਾ ਕਿਸਾਨ ਆਗੂ ਭਜਨ ਸਿੰਘ ਸੰਦੋਆ, ਮਹਿੰਦਰ ਸਿੰਘ ਦੜੋਲੀ, ਬਰਜਿੰਦਰ ਸਿੰਘ ਡੋਡ , ਬਲਵੀਰ ਸਿੰਘ ਸੰਗਤਪੁਰ, ਜਸਕਰਨ ਸਿੰਘ ਦਬਕੇਹੜਾ,ਸੁੱਚਾ ਸਿੰਘ ਸਾਬਕਾ ਸਰਪੰਚ ਵੀ ਹਾਜ਼ਰ ਸਨ।ਇਜਲਾਸ ਸ਼ੁਰੂ ਹੋਣ ਤੋਂ ਪਹਿਲਾਂ ਅਹਿਮਦਾਬਾਦ ਵਿਖੇ ਜਹਾਜ ਹਾਦਸੇ ਵਿੱਚ ਮਾਰੇ ਗਏ ਯਾਤਰੀਆਂ ਅਤੇ ਹੋਰ ਕਿਸਾਨ ਲਹਿਰ ਤੇ ਵਿਛੜ ਚੁੱਕੇ ਆਗੂਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਅੰਤ ਵਿਚ ਸੂਬੇਦਾਰ ਕੁਲਵੰਤ ਸਿੰਘ ਨੇ ਆਏ ਹੋਏ ਡੈਲੀਗੇਟਾਂ ਧੰਨਵਾਦ ਕੀਤਾ



# ਵੋਟਿੰਗ ਤੋਂ ਪਹਿਲਾਂ ਦੇ ਵਾਧੂ ਚੌਕਸੀ ਯਕੀਨੀ ਬਣਾਉਣ ਦੇ ਨਿਰਦੇਸ਼

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵੱਲੋਂ ਪੰਜਾਬ ਵਿਧਾਨ ਸਭਾ ਦੀ 64-ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਦੇ ਪ੍ਰਬੰਧਾਂ ਦੀ ਸਮੀਖਿਆ ਲਈ ਸੋਮਵਾਰ ਨੂੰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ- ਕਮ-ਜ਼ਿਲ੍ਹਾ ਚੋਣ ਅਧਿਕਾਰੀ ਹਿਮਾਂਸ਼ੂ ਜੈਨ, ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਅਤੇ ਰਿਟਰਨਿੰਗ ਅਫ਼ਸਰ ਰੁਪਿੰਦਰ ਪਾਲ ਸਿੰਘ ਨਾਲ ਵੀਡਿਓ ਕਾਨਫਰੰਸਿੰਗ ਰਾਹੀਂ ਮੀਟਿੰਗ ਕੀਤੀ ਗਈ। ਜ਼ਿਮਨੀ ਚੋਣ ਪ੍ਰਕਿਰਿਆ ਦੇ ਅੰਤਿਮ ਪੜਾਅ ਉੱਤੇ ਮੁੱਖ ਚੋਣ ਅਧਿਕਾਰੀ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਵਧੇਰੇ ਚੌਕਸੀ ਵਰਤਣ ਦੇ ਨਿਰਦੇਸ਼ ਜਾਰੀ ਕੀਤੇ ਹਨ।ਮੀਟਿੰਗ ਦੌਰਾਨ ਸਿਬਿਨ ਸੀ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਵੋਟਾਂ ਤੋਂ ਪਹਿਲਾਂ ਦੇ 72, 48 ਅਤੇ 24 ਘੰਟਿਆਂ ਤੋਂ ਲੈ ਕੇ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਚੌਕਸੀ ਹੋਰ ਵਧਾਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਹਲਕੇ ਤੋਂ ਬਾਹਰਲੇ ਵੋਟਰਾਂ ਅਤੇ ਲੀਡਰਾਂ ਨੂੰ 17 ਜੂਨ ਸ਼ਾਮ 6 ਵਜੇ ਚੋਣ ਪ੍ਰਚਾਰ ਦੀ ਸਮਾਪਤੀ ਤੋਂ ਬਾਅਦ ਹਲਕਾ ਛੱਡਣ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸੀਸੀਟੀਵੀ ਰਾਹੀਂ 24 ਘੰਟੇ ਨਿਗਰਾਨੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤਾਂ ਜੋ ਸ਼ਰਾਬ, ਨਕਦੀ, ਡਰੱਗ ਅਤੇ ਹੋਰ ਸਮਾਨ ਦੀ ਗੈਰ-ਕਾਨੂੰਨੀ ਤਸਕਰੀ ਜਾਂ ਵੰਡ ਨੂੰ ਰੋਕਿਆ ਜਾ ਸਕੇ।ਉਨ੍ਹਾਂ ਅੱਗੇ ਕਿਹਾ ਕਿ ਵੋਟਰਾਂ ਨੂੰ ਭਰਮਾਉਣ ਲਈ ਜੇਕਰ ਨਕਦੀ ਜਾਂ ਹੋਰ ਕਿਸੇ ਵੀ ਤਰ੍ਹਾਂ ਦਾ ਸਮਾਨ ਵੰਡੇ ਜਾਣ ਦੀ ਸ਼ਿਕਾਇਤ ਮਿਲਦੀ ਹੈ ਤਾਂ ਇਸ ਉੱਤੇ ਤੁਰੰਤ ਸਖ਼ਤ ਕਾਰਵਾਈ ਕੀਤੀ ਜਾਵੇ।ਮੁੱਖ ਚੋਣ ਅਧਿਕਾਰੀ ਨੇ ਗਰਮੀ ਦੇ ਮੱਦੇਨਜ਼ਰ ਵੋਟਰਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਪੋਲਿੰਗ ਬੂਥਾਂ 'ਤੇ ਪੀਣ ਵਾਲੇ ਪਾਣੀ, ਛਬੀਲ, ਵੇਟਿੰਗ ਏਰੀਆ, ਪਖਾਨਿਆਂ ਅਤੇ ਸ਼ੈੱਡ ਸਮੇਤ ਵੋਟਰਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਕੋਵਿਡ 19 ਸਬੰਧੀ ਜਾਰੀ ਕੀਤੀ ਗਈ ਐਡਵਾਇਜ਼ਰੀ ਦੀ ਪਾਲਣਾ ਲਈ ਵੀ ਲੋਕਾਂ ਨੂੰ ਪ੍ਰੇਰਿਤ ਕੀਤਾ ਜਾਵੇ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਅਤੇ ਪੁਲਸ ਕਮਿਸ਼ਨਰ ਨੇ ਮੁੱਖ ਚੋਣ ਅਧਿਕਾਰੀ ਨੂੰ ਦੱਸਿਆ ਕਿ ਜ਼ਿਮਨੀ ਚੋਣ ਲਈ ਹਰ ਪ੍ਰਕਾਰ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਹੈ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੋਣਾਂ ਨੂੰ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿਹੜੇ ਵੀ ਨਿਰਦੇਸ਼ ਅੱਜ ਵਾਲੀ ਮੀਟਿੰਗ ਵਿੱਚ ਦਿੱਤੇ ਗਏ ਹਨ, ਉਨ੍ਹਾਂ ਨੂੰ ਸਮੇਂ ਸਿਰ ਪੂਰਾ ਕਰ ਲਿਆ ਜਾਵੇਗਾ।ਮੀਟਿੰਗ ਦੌਰਾਨ ਐਡੀਸ਼ਨਲ ਸੀਈਓ ਹਰੀਸ਼ ਨਈਅਰ, ਜੁਆਇੰਟ ਸੀਈਓ ਸਕੱਤਰ ਸਿੰਘ ਬੱਲ, ਚੋਣ ਅਧਿਕਾਰੀ ਅੰਜੂ ਬਾਲਾ ਤੋਂ ਇਲਾਵਾ ਸੀਈਓ ਦਫ਼ਤਰ ਦੇ ਹੋਰ ਅਧਿਕਾਰੀ ਹਾਜ਼ਰ ਸਨ।ਉਨ੍ਹਾਂ ਦੱਸਿਆ ਕਿ ਜ਼ਿਮਨੀ ਚੋਣ ਲਈ 66 ਥਾਵਾਂ ਉੱਤੇ ਕੁੱਲ 194 ਪੋਲਿੰਗ ਬੂਥ ਬਣਾਏ ਗਏ ਹਨ, ਜਿਨ੍ਹਾਂ ਵਿੱਚ 10 ਮਾਡਲ ਪੋਲਿੰਗ ਬੂਥ, ਇੱਕ ਔਰਤਾਂ ਵੱਲੋਂ ਸੰਚਾਲਿਤ ਕੀਤਾ ਜਾਣ ਵਾਲਾ ਪੋਲਿੰਗ ਬੂਥ, ਇੱਕ ਵਾਤਾਵਰਣ ਅਨੁਕੂਲ 'ਹਰਾ' ਪੋਲਿੰਗ ਬੂਥ ਅਤੇ ਇੱਕ ਪੀ.ਡਬਲਯੂ.ਡੀ ਸਟਾਫ ਵੱਲੋਂ ਸੰਚਾਲਿਤ ਕੀਤਾ ਜਾਣ ਵਾਲਾ ਪੋਲਿੰਗ ਬੂਥ ਸ਼ਾਮਲ ਹੈ। ਇਸ ਤੋਂ ਇਲਾਵਾ 13 ਪੋਲਿੰਗ ਬੂਥਾਂ ਨੂੰ ਸੰਵੇਦਨਸ਼ੀਲ ਪੋਲਿੰਗ ਬੂਥ ਐਲਾਨਿਆ ਗਿਆ ਹੈ, ਜਿੱਥੇ ਅਰਧ ਸੈਨਿਕ ਬਲਾਂ ਦੀ ਤਾਇਨਾਤੀ ਕੀਤੀ ਜਾਵੇਗੀ।

17-June-PAGE-9.qxd 6/16/2025 11:22 PM Page 1



# ਚੌਂਕੀ ਇੰਚਾਰਜ ਕਿਸ਼ਨਗੜ੍ਹ ਦੀ ਢਿੱਲੀ ਕਾਰਗੁਜ਼ਾਰੀ ਦੇ ਚਲਦਿਆਂ ਹਾਈਵੇ 'ਤੇ ਲਗਾਇਆ ਧਰਨਾ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਬੀਤੇ ਦਿਨੀ ਪਿੰਡ ਸੰਘਵਾਲ ਦੇ ਇੱਕ ਨੌਜਵਾਨ ਦੀ ਭੇਦ ਭਰੇ ਹਾਲਾਤਾਂ ਵਿੱਚ ਮੌਤ ਹੋ ਗਈ ਸੀ ਅਤੇ ਉਸ ਦੀ ਲਾਸ਼ ਪਿੰਡ ਛੋਟੀ ਦੁਗਰੀ ਨਜ਼ਦੀਕ ਮੱਕੀ ਦੇ ਖੇਤ 'ਚੋਂ 9 ਜੂਨ ਸ਼ਾਮ ਨੂੰ ਖਰਾਬ ਹੋਈ ਹਾਲਤ 'ਚ ਮਿਲੀ ਸੀ। ਪਰਵਾਰਕ ਮੈਂਬਰਾਂ ਵੱਲੋਂ ਲਾਸ਼ ਖਰਾਬ ਹੋਣ ਕਾਰਨ ਬਿਨਾਂ ਪੋਸਟਮਾਰਟਮ ਕਰਵਾਏ ਪਿੰਡ ਦੇ ਕੁਝ ਮੋਹਤਵਾਰ ਵਿਅਕਤੀਆਂ ਤੇ ਸਕੇ ਸਬੰਧੀਆਂ ਨਾਲ ਸਲਾਹ ਮਸ਼ਵਰੇ ਤੋਂ ਬਾਅਦ ਨੌਜਵਾਨ ਰਵੀ ਕੁਮਾਰ ਪੁੱਤਰ ਤੀਰਥ ਰਾਮ ਦੀ ਲਾਸ਼ ਦਾ ਦੇਰ ਸ਼ਾਮ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਦੂਸਰੇ ਦਿਨ ਪਰਵਾਰਕ ਮੈਂਬਰਾਂ ਨੂੰ ਇਹ ਗੱਲ ਵੱਢ ਵੱਢ ਕੇ ਖਾਈ ਜਾ ਰਹੀ ਸੀ ਕਿ ਆਖਰ ਉਹਨਾਂ ਦੇ ਪੁੱਤ ਦੀ ਮੌਤ ਕਿਸ ਤਰ੍ਹਾਂ ਹੋਈ ਹੈ ਕਿਉਂਕਿ ਮ੍ਰਿਤਕ ਨੌਜਵਾਨ ਦੇ ਸਰੀਰ ਤੇ ਸੱਟਾਂ ਲੱਗੀਆਂ ਹੋਈਆਂ ਸਨ ਤੇ ਉਸ ਦਾ ਮੋਬਾਇਲ ਵੀ ਨਹੀਂ ਮਿਲਿਆ। ਇਸ ਸਬੰਧੀ ਮ੍ਰਿਤਕ ਨੌਜਵਾਨ ਰਵੀ ਕੁਮਾਰ ਦੇ ਪਰਵਾਰਿਕ ਮੈਂਬਰਾਂ ਨੇ ਦੱਸਿਆ ਕਿ ਉਹਨਾਂ ਆਪਣੇ ਪੱਧਰ ਤੇ ਪਿੰਡ 'ਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਤਾਂ ਕੈਮਰਿਆਂ ਵਿੱਚ ਇਹ ਦੇਖਣ ਨੂੰ ਮਿਲਿਆ ਕਿ ਇੱਕ ਦਿਨ ਪਹਿਲਾਂ ਉਹਨਾਂ ਦੇ ਹੀ ਪਿੰਡ ਦੇ ਇੱਕ ਨੌਜਵਾਨ ਦੇ ਮੋਟਰਸਾਈਕਲ ਦੇ ਪਿੱਛੇ ਬੈਠ ਕੇ ਉਹਨਾਂ ਦਾ ਲੜਕਾ ਕਿਧਰੇ ਜਾ ਰਿਹਾ ਸੀ। ਇਸ ਸਬੰਧੀ ਉਨਾਂ ਇਕੱਠੇ ਹੋ ਕੇ ਪੁਲਸ ਚੌਂਕੀ ਕਿਸ਼ਨਗੜ੍ਹ ਵਿਖੇ ਉਕਤ ਨੌਜਵਾਨ ਤੋਂ ਪੁੱਛਗਿੱਛ ਕਰਨ ਸਬੰਧੀ ਸ਼ਿਕਾਇਤ ਦਿੱਤੀ। ਇਸ ਸਬੰਧੀ ਪੁਲਸ ਚੌਂਕੀ ਕਿਸ਼ਨਗੜ੍ਹ ਦੇ ਇੰਚਾਰਜ ਏਐਸਆਈ ਬਲਵੀਰ ਸਿੰਘ ਬੁੱਟਰ ਵੱਲੋਂ ਉਕਤ ਨੌਜਵਾਨ ਨੂੰ ਪੁੱਛਗਿੱਛ ਕਰਨ ਲਈ ਰਾਊਂਡ ਅਪ ਕੀਤਾ। ਲੇਕਿਨ ਚਾਰ ਦਿਨ ਬੀਤਣ ਤੋਂ ਬਾਅਦ ਕਿਸ਼ਨਗੜ੍ਹ ਪੁਲਸ ਚੌਂਕੀ ਇੰਚਾਰਜ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਪਰਵਾਰਕ ਮੈਂਬਰਾਂ ਨੇ ਪੂਰੇ ਪਿੰਡ ਨਿਵਾਸੀਆਂ ਨਾਲ ਇਕੱਠੇ ਹੋ ਕੇ ਜਲੰਧਰ - ਪਠਾਨਕੋਟ ਕੌਮੀ ਸ਼ਾਹ ਮਾਰਗ 'ਤੇ ਸਥਿਤ ਅੱਡਾ ਕਿਸ਼ਨਗੜ੍ਹ ਚੌਂਕ 'ਚ ਹਾਈਵੇ 'ਤੇ ਧਰਨਾ ਲਗਾ ਦਿੱਤਾ ਤੇ ਚੌਂਕੀ ਇੰਚਾਰਜ ਕਿਸ਼ਨਗੜ੍ਹ ਦੇ ਖਿਲਾਫ ਜੰਮਕੇ ਨਾਅਰੇਬਾਜੀ ਕੀਤੀ ਤੇ ਪ੍ਰਦਰਸ਼ਨਕਾਰੀਆਂ ਵੱਲੋਂ ਚੌਂਕੀ ਇੰਚਾਰਜ ਨੂੰ ਤੁਰੰਤ ਬਦਲਣ ਦੀ ਮੰਗ ਕੀਤੀ। ਧਰਨੇ ਦੀ ਸੂਚਨਾ ਮਿਲਦੇ ਹੀ ਥਾਣਾ ਕਰਤਾਰਪੁਰ ਦੇ ਐਸਐਚਓ ਰਮਨਦੀਪ ਸਿੰਘ ਪੁਲਸ ਪਾਰਟੀ ਸਮੇਤ ਪਹੁੰਚੇ ਤੇ ਪਰਵਾਰਕ ਮੈਂਬਰਾਂ ਅਤੇ ਪਿੰਡ ਨਿਵਾਸੀਆਂ ਨੂੰ ਇਨਸਾਫ ਦੇਣ ਦਾ ਭਰੋਸਾ ਦੇ ਕੇ ਧਰਨੇ ਨੂੰ ਸਮਾਪਤ ਕਰਵਾਇਆ ਤੇ ਪੁਲਸ ਚੌਂਕੀ ਕਿਸ਼ਨਗੜ੍ਹ ਵਿਖੇ ਬਿਠਾ ਕੇ ਉਹਨਾਂ ਦੀ ਪੂਰੀ ਗੱਲਬਾਤ ਸੁਣੀ ਤੇ ਪਰਵਾਰਿਕ ਮੈਂਬਰਾਂ ਵੱਲੋਂ ਜਿਨ੍ਹਾਂ ਨੌਜਵਾਨਾਂ ਤੇ ਸ਼ੱਕ ਜਾਹਰ ਕੀਤੀ ਸੀ ਪੁਲਸ ਵੱਲੋਂ ਪਿੰਡ ਸੰਘਵਾਲ ਦੇ ਹੀ ਦੋ ਸਕੇ ਭਰਾਵਾਂ ਨੂੰ ਚੌਂਕੀ ਲਿਆ ਕੇ ਪੁੱਛਗਿੱਛ ਕੀਤੀ ਜਾ ਰਹੀ ਸੀ। ਇਸ ਸਬੰਧੀ ਜਦੋਂ ਥਾਣਾ ਕਰਤਾਰਪੁਰ ਦੇ ਐਸਐਚਓ ਰਮਨਦੀਪ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਪੀੜਤ ਪਰਵਾਰ ਵੱਲੋਂ ਜਿਨ੍ਹਾਂ ਨੌਜਵਾਨਾਂ ਤੇ ਸ਼ੱਕ ਜਾਹਿਰ ਕੀਤੀ ਸੀ ਉਹਨਾਂ ਨੂੰ ਚੌਂਕੀ ਬੁਲਾ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਪਰਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।



# ਤੇਜ ਪ੍ਰਕਾਸ਼ ਖਾਸਾ ਅਖਿਲ ਭਾਰਤੀ ਭ੍ਰਿਸ਼ਟਾਚਾਰ ਰੋਕੂ ਸੰਘਰਸ਼ ਕਮੇਟੀ ਦੇ ਰਾਸ਼ਟਰੀ ਉਪ ਪ੍ਰਧਾਨ ਬਣੇ

**ਬਲਾਚੌਰ (ਜਸਵਿੰਦਰ ਬੈਂਸ)**

ਜਾਣਕਾਰੀ ਦਿੰਦੇ ਹੋਏ ਅਖਿਲ ਭਾਰਤੀ ਭ੍ਰਿਸ਼ਟਾਚਾਰ ਰੋਕੂ ਸੰਘਰਸ਼ ਕਮੇਟੀ ਦੇ ਰਾਸ਼ਟਰੀ ਪ੍ਰਧਾਨ ਪ੍ਰਦੀਪ ਪਾਟਿਲ ਖੰਡਾਪੁਰਕਰ ਬਾਬਾ ਨੇ ਕਿਹਾ ਕਿ ਤੇਜ ਪ੍ਰਕਾਸ਼ ਖਾਸਾ ਪਿਛਲੇ 9 ਸਾਲਾਂ ਤੋਂ ਸੰਗਠਨ ਨਾਲ ਜੁੜੇ ਹੋਏ ਹਨ, ਉਹ ਪਹਿਲਾਂ ਉੱਤਰੀ ਜ਼ੋਨ ਅਤੇ ਪੰਜਾਬ ਦੇ ਪ੍ਰਧਾਨ ਵਜੋਂ ਕੰਮ ਕਰ ਰਹੇ ਸਨ ਅਤੇ ਜਦੋਂ ਤੋਂ ਤੇਜ ਪ੍ਰਕਾਸ਼ ਖਾਸਾ ਨੂੰ ਪੰਜਾਬ ਪ੍ਰਧਾਨ ਬਣਾਇਆ ਗਿਆ ਸੀ , ਉਹ ਭ੍ਰਿਸ਼ਟਾਚਾਰ ਵਿਰੁੱਧ ਆਵਾਜ਼ ਬੁਲੰਦ ਕਰ ਰਹੇ ਹਨ। ਤੇਜ ਪ੍ਰਕਾਸ਼ ਖਾਸਾ ਨੂੰ ਮਾਫੀਆ ਵੱਲੋਂ ਕਈ ਵਾਰ ਧਮਕੀਆਂ ਵੀ ਮਿਲੀਆਂ ਹਨ ਪਰ ਉਹ ਬਿਨਾਂ ਕਿਸੇ ਡਰ ਦੇ ਆਪਣਾ ਕੰਮ ਕਰਦੇ ਰਹੇ ਹਨ। ਜਿਸ ਤਹਿਤ ਉਨ੍ਹਾਂ ਵੱਲੋਂ ਕੀਤੇ ਗਏ ਕੰਮਾਂ ਅਤੇ ਪੰਜਾਬ ਵਿੱਚ ਸੰਗਠਨ ਨੂੰ ਅੱਗੇ ਵਧਾਉਣ ਲਈ ਤੇਜ ਪ੍ਰਕਾਸ਼ ਖਾਸਾ ਨੂੰ ਅਖਿਲ ਭਾਰਤੀ ਭ੍ਰਿਸ਼ਟਾਚਾਰ ਰੋਕੂ ਸੰਘਰਸ਼ ਕਮੇਟੀ ਦਾ ਰਾਸ਼ਟਰੀ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਅਤੇ ਤੇਜ ਪ੍ਰਕਾਸ਼ ਖਾਸਾ ਵੱਲੋਂ ਬਹਾਦਰ ਚੰਦ ਅਰੋੜਾ ਨੂੰ ਪੰਜਾਬ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਤੇਜ ਪ੍ਰਕਾਸ਼ ਖਾਸਾ ਨੇ ਕਿਹਾ ਕਿ ਉਹ ਸੰਗਠਨ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਦੇਸ਼ ਭਰ ਵਿੱਚ ਸੰਗਠਨ ਨੂੰ ਹੋਰ ਵੀ ਉਚਾਈਆਂ 'ਤੇ ਲੈ ਕੇ ਜਾਣਗੇ। ਸੰਗਠਨ ਵੱਲੋਂ ਉਨ੍ਹਾਂ ਨੂੰ ਜੋ ਵੀ ਜ਼ਿੰਮੇਵਾਰੀ ਸੌਂਪੀ ਜਾਵੇਗੀ, ਉਹ ਉਸ ਨੂੰ ਪੂਰਾ ਕਰਨਗੇ। ਇਸ ਦੌਰਾਨ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਹਾਦਰ ਚੰਦ ਅਰੋੜਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਮਨਮੋਹਨ ਸਿੰਘ ਗੁਲਾਟੀ, ਡਾ. ਸੁਪਿੰਦਰ ਸਿੰਘ ਢਿੱਲੋਂ, ਦਲਜੀਤ ਸਿੰਘ, ਮੋਹਨ ਲਾਲ, ਚਰਨਜੀਤ ਸਿੰਘ ਵਿਰਕ, ਐਡਵੋਕੇਟ ਲਖਬੀਰ ਕੁਮਾਰ, ਐਡਵੋਕੇਟ ਰਾਜਨ ਸੂਦ, ਜਤਿੰਦਰਪਾਲ ਸਿੰਘ ਕਲੇਰ, ਦਰਸ਼ਨ ਦਰਦੀ, ਮੋਹਿਤ ਕੁਮਾਰ, ਅੰਕੁਸ਼ ਰਾਣਾ, ਸਾਬਕਾ ਪੰਜਾਬ ਪ੍ਰਧਾਨ ਵਿਜੇ ਰਾਣਾ, ਤਰੁਣ ਵਰਮਾ, ਠੇਕੇਦਾਰ ਗੁਰਚਰਨ ਸਿੰਘ, ਦੀਦਾਰ ਸਿੰਘ ਬਹਿਲ, ਅਰੁਣ ਮੁਰਗਈ, ਬਾਲਕ੍ਰਿਸ਼ਨ ਆਨੰਦ, ਸਾਬਕਾ ਕੌਂਸਲਰ ਲਾਲ ਬਹਾਦਰ ਗਾਂਧੀ, ਐਸਐਮਓ ਡਾ. ਕੁਲਵਿੰਦਰ ਮਾਨ ਆਦਿ ਨੇ ਉਨ੍ਹਾਂ ਨੂੰ ਵਧਾਈ ਦਿੱਤੀ।



# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਪਿਤਾ ਦਿਵਸ ਮਨਾਇਆ



**ਕਪੂਰਥਲਾ, (ਹਨੀ)**

ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵੱਲੋਂ ਪਿਤਾ ਦਿਵਸ ਸਬੰਧੀ ਪ੍ਰੋਗਰਾਮ ਕਰਵਾਇਆ ਗਿਆ । ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ । ਕੇ ਜੀ ਵਿੰਗ ਦੇ ਵਿਦਿਆਰਥੀਆਂ ਨੇ ਪਿਤਾ ਦਿਵਸ ਸਬੰਧੀ ਕਾਰਡ ਬਣਾਏ, ਪ੍ਰਾਇਮਰੀ ਅਤੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਆਪਣੇ ਪਿਤਾ ਨਾਲ ਸਮਾਂ ਬਿਤਾਉਂਦੇ ਹੋਏ ਵੱਖ ਵੱਖ ਗਤੀਵਿਧੀਆਂ ਵਿਚ ਹਿੱਸਾ ਲਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਨੇ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਪਿਤਾ ਦਿਵਸ ਦੀ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਸੁਨੇਹਾ ਦਿੱਤਾ ਕਿ ਸਾਨੂੰ ਆਪਣੇ ਅਧਿਆਪਕਾਂ ਅਤੇ ਮਾਤਾ-ਪਿਤਾ ਦਾ ਹਮੇਸ਼ਾ ਹੀ ਸਤਿਕਾਰ ਕਰਨਾ ਚਾਹੀਦਾ ਹੈ।

# ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਯੋਗ ਮੈਰਾਥਨ ਬਣੀ ਸੰਕਲਪ ਯਾਤਰਾ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਨੂੰ ਯੋਗ ਮੁਕਤ, ਨਸ਼ਾ ਮੁਕਤ ਬਣਾਉਣ ਲਈ ਗੀਤਾ ਸਥਲੀ ਕੁਰੂਕਸ਼ੇਤਰ ਦੀ ਪਵਿੱਤਰ ਧਰਤੀ 'ਤੇ ਯੋਗ ਮੈਰਾਥਨ ਇੱਕ ਸੰਕਲਪ ਯਾਤਰਾ ਬਣੀ ਹੈ। ਇਸ ਸੰਕਲਪ ਯਾਤਰਾ ਵਿੱਚ ਹਜ਼ਾਰਾਂ ਨੌਜੁਆਨਾਂ, ਬੁਜ਼ੁਰਗਾਂ ਅਤੇ ਮਹਿਲਾਵਾਂ ਨੇ ਜੋਸ਼ ਅਤੇ ਖਰੋਸ਼ ਨਾਲ ਦੌੜ ਲਗਾ ਕੇ ਇੱਕ ਨਵਾਂ ਆਯਾਮ ਸਥਾਪਿਤ ਕੀਤਾ ਹੈ। ਇਸ ਸਰਕਾਰ ਨੇ ਵੀ ਸੰਕਲਪ ਲੈਅ ਕੇ ਰਾਸ਼ਟਰ ਦੀ ਸੰਪਤੀ ਯੂਵਾ ਵਰਗ ਨੂੰ ਨਸੇ ਤੋਂ ਬਚਾਉਣ ਲਈ ਯੋਗ ਮੁਕਤ, ਨਸ਼ਾ ਮੁਕਤ ਹਰਿਆਣਾ ਬਣਾਉਣ ਲਈ ਕਦਮ ਚੁੱਕਿਆ ਹੈ। ਪਹਿਲੂ ਰਿਹਾ ਹੈ ਕਿ ਕੁਰੂਕਸ਼ੇਤਰ ਵਿੱਚ 21 ਜੂਨ ਨੂੰ ਹੋਣ ਵਾਲੇ ਕੌਮਾਂਤਰੀ ਯੋਗ ਦਿਵਸ ਪ੍ਰੋਗਰਾਮ ਤੋਂ ਪਹਿਲਾਂ ਚਲਾਏ ਗਏ ਅਭਿਆਨ ਵਿੱਚ ਹੁਣ ਤੱਕ ਸੂਬੇ ਦੇ 19.27 ਲੱਖ ਤੋਂ ਵੱਧ ਲੋਕੀ ਜੁੜ ਚੁੱਕੇ ਹਨ, ਜੋ ਸਾਡੇ ਲਈ ਮਾਣ ਦੀ ਗੱਲ ਹੈ।ਸੈਣੀ ਬ੍ਰਹਿਮਸਰੋਵਰ ਦੇ ਦੱਖਣੀ ਗੇਟ 'ਤੇ ਹਰਿਆਣਾ ਖੇਡ ਵਿਭਾਗ, ਆਯੁਸ਼ ਵਿਭਾਗ, ਹਰਿਆਣਾ ਯੋਗ ਕਮੀਸ਼ਨ ਦੀ ਸਰਪ੍ਰਸਤੀ ਹੇਠ ਪ੍ਰਬੰਧਿਤ ਰਾਜ ਪੱਧਰੀ ਯੋਗ ਮੈਰਾਥਨ ਨੂੰ ਸੰਬੋਧਿਤ ਕਰ ਰਹੇ ਸਨ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਸਾਬਕਾ ਰਾਜਮੰਤਰੀ ਸੁਭਾਸ਼ ਸੁਧਾ ਅਤੇ ਡਾਇਰੈਕਟਰ ਜਨਰਲ ਸ੍ਰੀ ਸੰਜੀਵ ਵਰਮਾ ਨੇ ਰਾਜ ਪੱਧਰੀ ਯੋਗ ਮੈਰਾਥਨ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਸੈਣੀ ਨੇ ਕਿਹਾ ਕਿ 21 ਜੂਨ ਨੂੰ ਪਵਿੱਤਰ ਸਥਲ ਬ੍ਰਹਿਮਸਰੋਵਰ ਦੇ ਕਿਨਾਰੇ 'ਤੇ ਯੋਗ ਗੁਰੂ ਸਵਾਮੀ ਰਾਮਦੇਵ ਨਾਲ ਯੋਗ ਕਰਨ ਦਾ ਮੌਕਾ ਮਿਲੇਗਾ ਜਿਸ ਲਈ ਆਨਲਾਇਨ ਰਜਿਸਟ੍ਰੇਸ਼ਨ ਵੀ ਕਰਵਾਏ ਜਾ ਰਹੇ ਹਨ। ਡਾਇਰੈਕਟਰ ਜਨਰਲ ਸੰਜੀਵ ਵਰਮਾ ਨੇ ਮਹਿਮਾਨਾਂ ਦਾ ਸੁਆਗਤ ਕਰਦੇ ਹੋਏ ਰਾਜ ਪੱਧਰੀ ਯੋਗ ਮੈਰਾਥਨ ਦੇ ਨਾਲ ਨਾਲ ਖੇਡ ਵਿਭਾਗ ਦੀ ਸਾਰੀ ਉਪਲਬਧੀਆਂ ਅਤੇ ਸਰਕਾਰ ਵੱਲੋਂ ਖਿਡਾਰੀਆਂ ਲਈ ਤਿਆਰ ਕੀਤੀ ਜਾ ਰਹੀ ਯੋਜਨਾਵਾਂ 'ਤੇ ਰੌਸ਼ਨੀ ਪਾਈ।ਇਸ ਮੌਕੇ 'ਤੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਚੇਅਰਮੈਨ ਧਰਮਵੀਰ ਮਿਰਜਾਪੁਰ, ਹਰਿਆਣਾ ਯੋਗ ਕਮੀਸ਼ਨ ਦੇ ਚੇਅਰਮੈਨ ਡਾ. ਜੈਦੀਪ ਆਰਿਆ, ਜ਼ਿਲ੍ਹਾ ਪਾਰਸ਼ਦ ਚੇਅਰਮੈਨ ਕੰਵਲਜੀਤ ਕੌਰ, ਨਗਰ ਪਾਰਸ਼ਦ ਮਾਫ਼ੀ ਢਾਂਡਾ, ਕੇਡੀਬੀ ਦੇ ਮਾਨਦ ਸਕੱਤਰ ਉਪੇਂਦਰ ਸਿੰਘ ਸਮੇਤ ਹੋਰ ਮਾਣਯੋਗ ਵੀ ਮੌਜੂਦ ਰਹੇ।

# ਲੁਧਿਆਣਾ ਵਿਖੇ ਸਰਕਾਰ ਵਿਰੁੱਧ ਕੀਤੀ ਰੈਲੀ ਨੂੰ ਸਫਲ ਬਣਾਉਣ ਲਈ ਧੰਨਵਾਦ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**

ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ ਲੁਧਿਆਣਾ ਪੱਛਮੀ ਵਿਧਾਨ ਸਭਾ ਸੀਟ ਦੀ ਜਿਮਨੀ ਚੋਣ ਵਿੱਚ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਅਤੇ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਲਟਕਦੀਆਂ ਮੰਗਾਂ ਦੀ ਪੂਰਤੀ ਲਈ ਆਵਾਜ਼ ਬੁਲੰਦ ਕਰਨ ਲਈ ਸ਼ਨੀਵਾਰ ਨੂੰ ਲੁਧਿਆਣਾ ਦੇ ਆਰਤੀ ਸਿਨੇਮਾ ਘਰ ਦੇ ਸਾਹਮਣੇ 10-00 ਵਜੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਸਮੁੱਚੇ ਪੰਜਾਬ ਵਿੱਚੋਂ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਕਨਫੈਡਰੇਸ਼ਨ ਦੇ ਵਧੀਕ ਜਨਰਲ ਸਕੱਤਰ ਬਲਵੀਰ ਸਿੰਘ ਸੈਣੀ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸਮੁੱਚੇ ਪੰਜਾਬ ਵਿੱਚੋਂ ਮੁਲਾਜ਼ਮ ਅਤੇ ਪੈਨਸ਼ਨਰਾਂ ਨੇ ਸਵੇਰੇ ਇਕੱਠੇ ਹੋ ਕੇ ਪੰਜਾਬ ਸਰਕਾਰ ਦੀਆਂ ਹੈਂਕੜ ਭਰੀਆਂ ਨੀਤੀਆਂ ਵਿਰੁੱਧ ਆਰਤੀ ਸਿਨਮੇ ਸਾਹਮਣੇ ਪੁੱਲ ਦੇ ਥੱਲੇ ਰੋਹ ਪੂਰਨ ਵਿਸ਼ਾਲ ਰੈਲੀ ਕੀਤੀ ਅਤੇ ਦੁਪਹਿਰੇ ਭਖਦੀ ਧੁੱਪ ਵਿੱਚ ਰੋਸ ਮਾਰਚ ਕੱਢਿਆ ਅਤੇ ਇਸ ਰੋਸ ਮਾਰਚ ਵਿੱਚ ਵਡੀ ਗਿਣਤੀ ਵਿੱਚ ਵੱਖ ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਰੋਹ ਭਰਪੂਰ ਨਾਰੇ ਲਾ ਕੇ ਲੁਧਿਆਣਾ ਵਾਸੀਆਂ ਨੂੰ ਮਾਨ ਸਰਕਾਰ ਦੀਆਂ ਮੁਲਾਜ਼ਮ/ਪੈਨਸ਼ਨਰ ਅਤੇ ਲੋਕ ਮਾਰੂ ਨੀਤੀਆਂ ਤੋਂ ਜਾਣੂ ਕਰਵਾਇਆ ਅਤੇ ਇਨਾਂ ਲੋਕ ਮਾਰੂ ਨੀਤੀਆਂ ਕਾਰਨ ਜਿਮਨੀ ਚੋਣ ਦੌਰਾਨ ਪੰਜਾਬ ਸਰਕਾਰ ਦੇ ਉਮੀਦਵਾਰ ਨੂੰ ਹਰਾਉਣ ਦੀ ਅਪੀਲ ਕੀਤੀ।ਕਨਫੈਡਰੇਸ਼ਨ ਦੇ ਪ੍ਰਧਾਨ ਕਰਮ ਸਿੰਘ ਧਨੋਆ, ਜਨਰਲ ਸਕੱਤਰ ਕੁਲਵਰਨ ਸਿੰਘ ਅਤੇ ਵਿੱਤ ਸਕੱਤਰ ਮਦਨ ਲਾਲ ਮੰਨਣ ਵੱਲੋਂ ਕਨਫੈਡਰੇਸ਼ਨ ਦੀਆਂ ਸਮੁੱਚੀਆਂ ਇਕਾਈਆਂ ਵਲੋਂ ਸ਼ਮੂਲੀਅਤ ਕਰਕੇ ਵਿਰੋਧ ਦਰਜ ਕਰਾਉਣ ਅਤੇ ਮੁਲਾਜ਼ਮ ਜਥੇਬੰਦੀਆਂ ਵਲੋਂ ਇਕਮੁੱਠਤਾ, ਸਾਂਝੀਵਾਲਤਾ ਅਤੇ ਰਲਮਿਲ ਕੇ ਸਫਲ ਐਕਸ਼ਨ ਕਰਨ ਲਈ ਧੰਨਵਾਦ ਕੀਤਾ। ਆਗੂਆਂ ਨੇ ਅੱਗੇ ਤੋਂ ਵੀ ਸਾਂਝੇ ਤੇ ਤਿੱਖੇ ਸੰਘਰਸ਼ ਕਰਨ ਲਈ ਚੜ੍ਹਦੀ ਕਲਾ ਬਣਾਈ ਰੱਖਣ ਦੀ ਅਪੀਲ ਕੀਤੀ।



# ਬਾਬਾ ਜਵਾਹਰ ਸਿੰਘ ਝੰਡਾ ਸਰਹਾਲ ਕਾਜ਼ੀਆਂ ਵਿਖੇ ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**

ਧੰਨ -ਧੰਨ ਬਾਬਾ ਜਵਾਹਰ ਸਿੰਘ ਝੰਡਾ ਜੀ ਸਰਹਾਲ ਕਾਜ਼ੀਆਂ ਵਿਖੇ ਸਲਾਨਾ ਮੇਲਾ ਪ੍ਰਬੰਧਕ ਕਮੇਟੀ,ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਰਾਗੀ ਸਿੰਘਾਂ ਵਲੋਂ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਵਾਇਸ ਚੇਅਰਮੈਨ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਕਾਰਪੋਰੇਸ਼ਨ ਪੰਜਾਬ, ਮੁਖਤਿਆਰ ਰਾਏ ਐਸ ਪੀ, ਬਲਵੀਰ ਸਿੰਘ ਕਰਨਾਣਾ ਚੇਅਰਮੈਨ ਮਾਰਕੀਟ ਕਮੇਟੀ ਬੰਗਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਕੁਲਜੀਤ ਸਿੰਘ ਸਰਹਾਲ ਵਲੋਂ ਸੰਗਤਾਂ ਨੂੰ ਮੇਲੇ ਦੀਆਂ ਵਧਾਈਆਂ ਦਿੱਤੀਆਂ। ਵੱਖਰੇ ਤੌਰ 'ਤੇ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਦੋਗਾਣਾ ਜੋੜੀ ਸੁੱਚਾ ਰੰਗੀਲਾ- ਮਨਦੀਪ ਮੈਂਡੀ ਵਲੋਂ ਧਾਰਮਿਕ ਅਤੇ ਸੱਭਿਆਚਾਰ ਗੀਤਾਂ ਨਾਲ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਮਹਿਮਾਨਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਜਸਵਿੰਦਰ ਸਿੰਘ, ਉੱਪ ਪ੍ਰਧਾਨ ਰਣਜੀਤ ਸਿੰਘ ਪੰਚ, ਕੈਸ਼ੀਅਰ ਗੁਰਮੇਲ ਸਿੰਘ, ਪ੍ਰਦੀਪ ਸਿੰਘ ਬੀਸਲਾ ,ਪ੍ਰਭਜੋਤ ਸਿੰਘ,ਭੁਪਿੰਦਰ ਸਿੰਘ,ਅਮਰੀਕ ਸਿੰਘ, ਸਰਪੰਚ ਬਲਵੀਰ ਕੌਰ, ਬਿਸੰਬਰ ਲਾਲ ਸਾਬਕਾ ਸਰਪੰਚ, ਬਲਵਿੰਦਰ ਹੀਰ, ਗੁਰਮੀਤ ਰੱਤੂ, ਕੇਵਲ ਰਾਮ ਆਦਿ ਹਾਜ਼ਰ ਸਨ।

# ਸੰਘੇ ਜਗੀਰ 'ਚ ਬਾਬਾ ਚੁੱਪ ਸ਼ਾਹ ਦਾ ਸਾਲਾਨਾ ਜੋੜ ਮੇਲਾ 19-20 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਨੂਰਮਹਿਲ ਤੋਂ ਥੋੜ੍ਹੀ ਦੂਰ ਪਿੰਡ ਸੰਘੇ ਜਗੀਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਰਬਾਰ ਬਾਬਾ ਚੁੱਪ ਸ਼ਾਹ ਜੀ ਦਾ ਸਲਾਨਾ ਜੋੜ ਮੇਲਾ 19, 20 ਜੂਨ ਨੂੰ ਪਿੰਡ ਵਾਸੀਆਂ, ਗ੍ਰਾਮ ਪੰਚਾਇਤ ਐਨ.ਆਰ.ਆਈ. ਵੀਰਾਂ ਤੇ ਇਲਾਕੇ ਦੀ ਸਮੂੰਹ ਸੰਗਤ ਅਤੇ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਬੜੀ ਸ਼ਰਧਾ ਭਾਵਨਾ ਸਤਿਕਾਰ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਰਾਜੂ ਭੰਡਾਲ, ਪ੍ਰਧਾਨ ਕੇਵਲ ਸਿੰਘ ਰੰਧਾਵਾ ਨੇ ਦੱਸਿਆ ਕਿ 19 ਜੂਨ ਦਿਨ ਵੀਰਵਾਰ ਨੂੰ ਝੰਡੇ ਅਤੇ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ, ਉਪਰੰਤ ਕਵਾਲ ਦੇ ਪ੍ਰੋਗਰਾਮ ਵਿੱਚ ਪ੍ਰਵੇਜ਼ ਖ਼ਾਨ ਸਵੇਰੇ ਅਤੇ ਸਲਾਮਤ ਅਲੀ ਸ਼ਾਮ 4 ਵਜੇ ਆਪਣੀ ਹਾਜ਼ਰੀ ਲਗਵਾਉਣਗੇ।20 ਜੂਨ ਦਿਨ ਸ਼ੁੱਕਰਵਾਰ 12 ਵਜੇ ਦੁਪਹਿਰ ਸਟੇਜ ਦੀ ਸ਼ੁਰੂਆਤ ਕੀਤੀ ਜਾਵੇਗੀ ਜਿਸ ਵਿਚ ਪੰਜਾਬੀ ਗਾਇਕ ਮਾਸਾ ਅਲੀ, ਪੰਜਾਬੀ ਗਾਇਕ ਸੁੱਖਵਿੰਦਰ ਪੰਛੀ, ਜ਼ਮਨਾਂ ਰਸੀਲਾ, ਹਰਮੇਸ਼ ਰਸੀਲਾ, ਅਤੇ ਜੋਤੀ ਸੱਭਰਵਾਲ ਹਾਜ਼ਰੀ ਲਗਵਾਉਣਗੇਂ। ਸਟੇਜ ਦੀ ਭੂਮਿਕਾ ਮੱਖਣ ਸ਼ੇਰਪੁਰੀ, ਅਤੇ ਇੰਦਾਂ ਘਈ ਵਲੋਂ ਕੀਤੀ ਜਾਵੇਗੀ।ਦਰਬਾਰ ਬਾਬਾ ਚੁੱਪ ਸ਼ਾਹ ਜੀ ਦੇ ਮੁੱਖ ਸੇਵਾਦਾਰ ਗੁਰਸ਼ਰਨ ਰਾਏ ਨੇ ਪਿੰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਮੇਲੇ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ।ਇਸ ਮੌਕੇ 'ਤੇ ਵੱਖ ਵੱਖ ਧਾਰਮਿਕ ਡੇਰਿਆਂ ਤੋਂ ਮਹਾਂਪੁਰਖ ਹਾਜ਼ਰੀ ਭਰਨਗੇ।ਮੇਲੇ ਦੌਰਾਨ 2 ਦਿਨ ਗੁਰੂ ਜੀ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਲਾਕੇ ਦੀ ਸੰਗਤ ਨੂੰ ਹੋ ਰਹੇ ਸਲਾਨਾ ਜੋੜ ਮੇਲੇ ਵਿੱਚ ਹਾਜ਼ਰੀਆਂ ਭਰ ਕੇ ਦਰਬਾਰ ਬਾਬਾ ਚੁੱਪ ਸ਼ਾਹ ਜੀ ਦੇ ਸਾਲਾਨਾ ਜੋੜ ਮੇਲੇ ਦੀਆਂ ਰੌਣਕਾਂ ਨੂੰ ਵਧਾਉਣ ਦੀ ਅਪੀਲ ਕੀਤੀ।

# ਗੁਰਦੁਆਰਾ ਸ਼ਹੀਦ ਬਾਬਾ ਮਤੀ ਵਿਖੇ ਸੰਗਰਾਂਦ ਦਾ ਦਿਹਾੜਾ ਮਨਾਇਆ



**ਆਦਮਪੁਰ, (ਪਰਮਜੀਤ ਸਿੰਘ)**

ਹਲਕਾ ਆਦਮਪੁਰ ਦੇ ਇਤਿਹਾਸਿਕ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ ਵਿਖੇ ਸੰਗਰਾਂਦ ਦਾ ਪਵਿੱਤਰ ਦਿਹਾੜਾ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਅਗਵਾਈ ਹੇਠ ਸਵੇਰੇ 8 ਵਜੇ ਤੋਂ ਦੁਪਹਿਰ ਡੇਢ ਵਜੇ ਤੱਕ ਇਲਾਕਾ ਦੀਆਂ ਸੰਗਤਾਂ ਵਲੋਂ ਮਨਾਇਆ ਗਿਆ। ਸਮਾਗਮ ਦੌਰਾਨ ਰਾਗੀ ਢਾਡੀ ਤੇ ਕਥਾ ਵਾਚਕਾਂ ਵਲੋਂ ਗੁਰਬਾਣੀ ਦੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਮਾਤਾ ਖੀਵੀ ਜੀ ਲੰਗਰ ਹਾਲ ਵਿੱਚ ਸ਼੍ਰੀਮਾਨ 108 ਸੰਤ ਬਾਬਾ ਮਲਕੀਤ ਸਿੰਘ ਡੇਰਾ ਸੰਤਪੁਰਾ ਜੱਬੜ ਵਾਲਿਆਂ ਦੀ ਇੱਕ ਵੱਡੀ ਤਸਵੀਰ ਸੁਸ਼ੋਭਿਤ ਕੀਤੀ। ਜਾਣਕਾਰੀ ਦਿੰਦੇ ਪ੍ਰਧਾਨ ਮਨੋਹਰ ਸਿੰਘ ਨੇ ਦੱਸਿਆ ਹੈ ਕਿ ਸੰਤ ਬਾਬਾ ਮਲਕੀਤ ਸਿੰਘ ਨੂੰ ਇਲਾਕੇ ਵਿੱਚ ਸਿੱਖਿਆ ਦਾ ਚਾਨਣ ਮਿਨਾਰੇ ਵਜੋਂ ਯਾਦ ਕੀਤਾ ਜਾਂਦਾ ਹੈ ਕਿਉਂਕਿ ਇਨ੍ਹਾਂ ਸੰਤਾਂ ਦੀ ਮਿਹਨਤ ਸਦਕਾ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਸਥਾਪਿਤ ਕੀਤੀ ਗਈ ਸੀ ।ਇਸ ਮੌਕੇ ਜਰਨੈਲ ਸਿੰਘ, ਕਰਮ ਸਿੰਘ, ਸਰਪੰਚ ਸਿੰਘ, ਸੁਰਿੰਦਰ ਸਿੰਘ, ਹਰਦਿਆਲ ਸਿੰਘ, ਰਸ਼ਪਾਲ ਸਿੰਘ, ਸੁਖਵਿੰਦਰ ਸਿੰਘ ਸਰਪੰਚ, ਮਾਸਟਰ ਸੁਰਜੀਤ ਸਿੰਘ ਆਦਿ ਸੰਗਤਾਂ ਦਲਜੀਤ ਸਿੰਘ ਭੱਟੀ, ਸਤਨਾਮ ਸਿੰਘ ਵੱਡੀ ਗਿਣਤੀ 'ਚ ਹਾਜ਼ਰ ਹੋਈਆਂ।

# ਡਾਕਟਰ ਹਰਪਾਲ ਸਿੰਘ ਨੇ ਨਵੇਂ ਸਿਵਲ ਸਰਜਨ ਵਜੋਂ ਅਹੁਦਾ ਸੰਭਾਲਿਆ

**ਫਗਵਾੜਾ ( ਜਸਵਿੰਦਰ ਢੱਡਾ )** ਡਾਕਟਰ ਹਰਪਾਲ ਸਿੰਘ ਨੇ ਕਪੂਰਥਲਾ ਦੇ ਨਵੇਂ ਸਿਵਲ ਸਰਜਨ ਵਜੋਂ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਉਨ੍ਹਾਂ ਨਾਲ ਡੀਐਚਓ ਡਾਕਟਰ ਰਾਜੀਵ ਪਰਾਸ਼ਰ, ਡੀ ਡੀ ਐਚ ਓ ਕਪਿਲ ਡੋਗਰਾ, ਸਹਾਇਕ ਸਿਵਲ ਸਰਜਨ ਡਾਕਟਰ ਅੰਨੂ ਸ਼ਰਮਾ, ਡੀ ਐਫ ਪੀ ਓ ਡਾਕਟਰ ਰਵਜੀਤ ਸਿੰਘ, ਡੀ ਆਈ ਓ ਡਾ. ਰਣਦੀਪ ਸਿੰਘ, ਐਸ ਐਮ ਓ ਡਾ. ਇੰਦੂ ਬਾਲਾ, ਡਾ. ਰਾਜੀਵ ਭਗਤ,ਡਾ. ਭਰਮਿੰਦਰ ਬੈਂਸ, ਡਾ. ਨਵਪ੍ਰੀਤ ਕੌਰ,ਸੁਪਰਡੈਂਟ ਰਾਮ ਅਵਤਾਰ, ਸੁਪਰਡੈਂਟ ਹਰੀਦੱਤ ਸ਼ਰਮਾ, ਸੀਨੀਅਰ ਸਹਾਇਕ ਪਵਨਦੀਪ ਸਿੰਘ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ, ਬੀ ਸੀ ਸੀ ਜੋਤੀ ਅਨੰਦ, ਰਵਿੰਦਰ ਸਿੰਘ ਆਦਿ ਹਾਜ਼ਰ ਸਨ।



# ਬਾਹੋਵਾਲ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਮੁਹਿੰਮ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਵੱਲੋਂ ਭਾਰਤ ਸਰਕਾਰ ਦੁਆਰਾ ਵਿੱਢੀ ਮੁਹਿੰਮ ਤਹਿਤ 29 ਮਈ ਤੋਂ 12 ਜੂਨ 2025 ਤੱਕ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ ਵੱਖ ਪਿੰਡਾਂ ਵਿੱਚ 'ਵਿਕਸਿਤ ਕ੍ਰਿਸ਼ੀ ਸੰਕਲਪ' ਮੁਹਿੰਮ ਚਲਾਈ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਪੀ.ਏ.ਯੂ.ਕ੍ਰਿਸ਼ੀ ਵਿਗਿਆਨ ਕੇਂਦਰ ਨੇਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਹੁਸ਼ਿਆਰਪੁਰ ਤੇ ਫਾਰਮ ਸਲਾਹਕਾਰ ਸੇਵਾ ਕੇਂਦਰ ਅਤੇ ਫਲ ਖੋਜ ਕੇਂਦਰ, ਗੰਗੀਆਂ, ਹੁਸਿਆਰਪੁਰ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ 117 ਪਿੰਡਾਂ ਵਿਖੇ ਕੈਂਪ ਆਯੋਜਿਤ ਕੀਤੇ।ਉਨ੍ਹਾਂ ਦੱਸਿਆ ਕਿ ਇਸ ਮੰਤਵ ਲਈ ਮਾਹਿਰਾਂ ਦੀਆਂ 3 ਟੀਮਾਂ ਬਣਾਈਆਂ ਗਈਆਂ ਸੀ ਜੋਕਿ ਰੋਜਾਨਾ ਵੱਖ-ਵੱਖ ਪਿੰਡਾਂ ਵਿੱਚ 9 ਕੈਂਪ ਆਯੋਜਿਤ ਕਰਦੀਆਂ ਸਨ। ਇਸ ਮੁਹਿੰਮ ਦੇ ਆਖਰੀ ਦਿਨ ਬਲਾਕ ਮਾਹਿਲਪੁਰ ਦੇ ਪਿੰਡ-ਨਡਾਲੋਂ, ਮੈਲੀ ਤੇ ਹੱਲੂਵਾਲ, ਬਲਾਕ ਹੁਸ਼ਿਆਰਪੁਰ-2 ਦੇ ਪਿੰਡ ਸਲੇਰਨ, ਬਲਾਕ ਹੁਸ਼ਿਆਰਪੁਰ-1 ਦੇ ਪਿੰਡ ਕਡਿਆਣਾ, ਧਾਲੀਵਾਲ ਤੇ ਸਤੌਰ ਅਤੇ ਬਲਾਕ ਭੂੰਗਾ ਦੇ ਪਿੰਡ ਫਤਿਹਪੁਰ ਤੇ ਬਰਿਆਣਾ ਵਿਖੇ ਮਾਹਿਰਾਂ ਵੱਲੋਂ ਤਕਨੀਕੀ ਜਾਣਕਾਰੀ ਸਾਂਝੀ ਕੀਤੀ ਗਈ।ਇਨ੍ਹਾਂ ਕੈਂਪਾਂ ਵਿੱਚ ਮਾਹਿਰਾਂ ਵੱਲੋਂ ਸਾਉਣੀ ਦੀਆਂ ਫਸਲਾਂ-ਝੋਨਾ. ਮੱਕੀ, ਕਮਾਦ, ਮੂੰਗਫਲੀ. ਸੋਇਆਬੀਨ, ਤਿੱਲ, ਮੂੰਗੀ, ਮਾਂਹ, ਫਲ ਤੇ ਸਬਜੀਆਂ ਅਤੇ ਉਨ੍ਹਾਂ ਸਬੰਧੀ ਨਵੀਨਤਮ ਉਤਪਾਦਨ ਤੇ ਪੌਦ ਸੁਰੱਖਿਆ ਤਕਨੀਕਾਂ ਤੇ ਜਿਣਸਾਂ ਦੇ ਮੂਲ ਵਾਧੇ ਲਈ ਪ੍ਰੋਸੈਸਿੰਗ ਅਪਨਾਉਣ ਬਾਬਤ, ਕੁਦਰਤੀ ਤੇ ਜੈਵਿਕ ਖੇਤੀ, ਪਰਾਲੀ ਪ੍ਰਬੰਧਨ, ਕਦਰਤੀ ਸਰੋਤਾਂ ਖਾਸਕਰ ਪਾਣੀ ਦੀ ਸਾਂਭ-ਸੰਭਾਲ ਬਾਰੇ ਅਤੇ ਮਿੱਟੀ ਪਰਖ ਤੇ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਣੂੰ ਕਰਵਾਇਆ ਗਿਆ। ਇਸ ਦੇ ਨਾਲ ਹੀ ਖੇਤੀ ਸਹਾਇਕ ਧੰਦਿਆਂ: ਪਸ਼ੂ ਪਾਲਣ, ਮੁਰਗੀ ਪਾਲਣ, ਬੱਕਰੀ ਪਾਲਣ, ਮਧੂਮੱਖੀ ਪਾਲਣ ਅਤੇ ਖੁੰਬ ਉਤਪਾਦਨ ਸਬੰਧੀ ਜਾਣਕਾਰੀ ਵੀ ਦਿੱਤੀ ਗਈ। ਵੱਖ-ਵੱਖ ਸਰਕਾਰੀ ਸਕੀਮਾਂ ਤੇ ਯੋਜਨਾਵਾਂ ਬਾਰੇ ਵੀ ਇਸ ਮੁਹਿੰਮ ਤਹਿਤ ਜਾਗਰੂਕਤਾ ਕੀਤੀ ਗਈ ਮੌਕੇ ਤੇ ਕਿਸਾਨਾਂ ਦੇ ਸੁਝਾਅ ਲਏ ਗਏ ਤੇ ਅਤੇ ਉਹਨਾਂ ਦੇ ਖੇਤੀ ਸਬੰਧੀ ਖਦਸ਼ਿਆਂ ਬਾਰੇ ਵਿਚਾਰ ਚਰਚਾ ਵੀ ਕੀਤੀ ਗਈ। ਕਿਸਾਨਾਂ ਨੂੰ ਲੋੜੀਂਦਾ ਖੇਤੀ ਸਾਹਿੱਤ ਵੀ ਉਪਲਬਧ ਕਰਵਾਇਆ ਗਿਆ।

# ਸਾਇੰਸ ਸਿਟੀ ਵਿਖੇ ਕੁਦਰਤੀ ਫ਼ੋਟੋਗ੍ਰਾਫ਼ੀ ਦਿਵਸ 'ਤੇ ਕੁਦਰਤੀ ਨਜ਼ਾਰਿਆਂ ਦੀ ਪ੍ਰਦਰਸ਼ਨੀ



**ਕਪੂਰਥਲਾ (ਹਨੀ)**

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਲੋਂ ਕੁਦਰਤੀ ਫ਼ੋਟੋਗ੍ਰਾਫ਼ੀ ਦਿਵਸ 'ਤੇ ਇਕ ਪ੍ਰੇਰਨਾਦਾਇਕ ਫ਼ੋਟੋ ਪ੍ਰਦਰਸ਼ਨੀ ਲਗਾਈ ਗਈ । ਇਸ ਪ੍ਰਦਰਸ਼ਨੀ ਦਾ ਉਦੇਸ਼ ਜਿੱਥੇ ਕੁਦਰਤ ਦੀ ਮਹਹੱਤਾ ਪ੍ਰਤੀ ਆਮ ਲੋਕਾਂ ਵਿਚ ਜਾਗਰੂਕਤਾ ਪੈਦਾ ਕਰਨੀ ਸੀ, ਉੱਥੇ ਹੀ ਸਾਡੀ ਮਨਾਸਿਕ ਤੇ ਸਰੀਰਕ ਤੰਦਰੁਸਤੀ ਉਪਰ ਕੁਦਰਤ ਦੇ ਸਾਕਰਾਤਿਮਕ ਪ੍ਰਭਾਵਾਂ ਨੂੰ ਉਜਾਗਰ ਕਰਨਾ ਸੀ। ਇਸ ਪ੍ਰਦਰਸ਼ਨੀ ਵਿਚ ਕੁਦਰਤੀ ਦੀ ਅਣਮੁੱਲੀ ਦੇਣ ਪੰਛੀਆਂ ਤੇ ਹੋਰ ਕੁਦਰਤੀ ਨਜ਼ਾਰਿਆਂ ਦਾ ਬਾਖੂਬੀ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪ੍ਰਦਰਸ਼ਿਤ ਸਾਰੀਆਂ ਫ਼ੋਟੋਆਂ ਜੰਮੂ ਯੂਨੀਵਰਸਿਟੀ ਦੇ ਮਸ਼ਹੂਰ ਈਕੋ ਫ਼ੋਟੋਗ੍ਰਾਫ਼ਰ ਡਾ. ਪਰਮਲ ਕੁਮਾਰ ਵੱਲੋਂ ਖਿੱਚੀਆਂ ਗਈਆਂ ਸਨ। ਇਸ ਮੌਕੇ ਸਾਇੰਸ ਸਿਟੀ ਦੀ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਫ਼ੋਟੋਗ੍ਰਾਫ਼ੀ ਦਿਵਸ ਦੀ ਮਹਹੱਤਾ 'ਤੇ ਜ਼ੋਰ ਦਿੰਦਿਆ ਕਿਹਾ ਕਿ ਇਹ ਦਿਵਸ ਹਰ ਸਾਲ 15 ਜੂਨ ਨੂੰ ਕੁਦਰਤੀ ਨਜ਼ਾਰਿਆਂ ਪ੍ਰਤੀ ਲੋਕਾਂ ਨੂੰ ਉਤਸ਼ਾਹਿਤ ਕਰਨ ਦੇ ਆਸ਼ੇ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨਾਂ ਕੁਦਰਤ ਵੱਲੋਂ ਬਖਸ਼ੀਆਂ ਅਨਮੋਲ ਦਾਤਾ ਤੇ ਨਜ਼ਾਰਿਆਂ ਨੂੰ ਮਾਨਣ ਦਾ ਹੈ। ਉਨ੍ਹਾਂ ਕਿਹਾ ਕਿ ਫ਼ੋਟੋਗ੍ਰਾਫ਼ੀ ਇਕ ਅਜਿਹੀ ਸ਼ਾਨਦਾਰ ਕਲਾ ਹੈ ਜੋ ਸਾਨੂੰ ਕੁਦਰਤੀ ਦੁਨੀਆਂ ਦੀ ਨਾਜ਼ੁਕਤਾ ਤੇ ਕੋਮਲਤਾ ਨੂੰ ਦਰਸਾਉਣ ਅਤੇ ਸਾਂਝਾ ਕਰਨ ਦੇ ਯੋਗ ਬਣਦਉਂਦੀ ਹੈ। ਉਨ੍ਹਾਂ ਦੱਸਿਆ ਕਿ ਫ਼ੋਟੋਗ੍ਰਾਫ਼ੀ ਦਾ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਿਚ ਅਹਿਮ ਰੋਲ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਕੁਦਰਤ ਦੀ ਸਾਂਭ-ਸੰਭਾਲ ਅਤੇ ਮਨੁੱਖੀ ਕਾਰਵਾਈਆਂ ਦੇ ਵਾਤਾਵਰਣ ਉਪਰ ਪੈ ਰਹੇ ਪ੍ਰਭਾਵਾਂ ਦੇ ਅਧਿਐਨ ਅਤੇ ਪੜਚੋਲ ਲਈ ਕੁਦਰਤੀ ਫ਼ੋਟੋਗ੍ਰਾਫ਼ੀ ਦੀ ਬਹੁਤ ਅਹਿਮ ਭੂਮਿਕਾ ਹੈ ।ਉਨ੍ਹਾਂ ਜ਼ੋਰ ਦਿੰਦਿਆ ਕਿਹਾ ਕਿ ਹੁਣ ਮੁਨੱਖ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਕੁਦਰਤੀ ਖੇਤਰਾਂ 'ਤੇ ਕਬਜ਼ੇ ਕਰਕੇ ਤਬਾਹ ਕਰੀ ਜਾ ਰਿਹਾ ਹੈ ਅਤੇ ਇਹ ਅਜਿਹਾ ਸਮਾਂ ਹੈ ਜਦੋਂ ਮਨੁੱਖ ਦੀਆਂ ਕਾਰਵਾਈਆਂ ਕੁਦਰਤ 'ਤੇ ਲਾਗਾਤਾਰ ਮਾੜੇ ਪ੍ਰਭਾਵ ਪਾ ਰਹੀਆਂ ਹਨ, ਫ਼ੋਟੋਗ੍ਰਾਫ਼ੀ ਇਸ ਵਰਤਾਰੇ ਦਾ ਰਿਕਾਰਡ ਰੱਖਣ ਵਿਚ ਮਦਦਗਾਰ ਹੈ ਕਿ ਅਸੀਂ ਕਿੱਥੇ ਖੜੇ ਹਾਂ ਅਤੇ ਕਿੰਨਾਂ ਕੁਝ ਗੁਆ ਚੁੱਕੇ ਹਾਂ। ਉਨ੍ਹਾਂ ਕਿਹਾ ਕਿ ਫ਼ੋਟੋਗ੍ਰਾਫ਼ੀ ਦੇ ਜ਼ਰੀਏ ਅਸੀਂ ਮੁੜ ਤੋਂ ਕੁਦਰਤ ਨਾਲ ਜੁੜ ਕੇ ਵਾਤਾਵਰਣ ਦੀ ਬਹਾਲੀ ਅਤੇ ਜੈਵ-ਵਿਭਿੰਨਤਾਂ ਦੀ ਰੱਖਿਆ ਲਈ ਯਤਨ ਕਰ ਸਕਦੇ ਹਾਂ। ਇਸ ਪ੍ਰਦਰਸ਼ਨੀ ਰਾਹਂ ਸਾਇੰਸ ਸਿਟੀ ਵੱਲੋਂ ਸੈਲਾਨੀਆਂ ਨੂੰ ਆਪਣੇ ਆਲੇ-ਦੁਆਲੇ ਦੇ ਕੁਦਰਤੀ ਨਜ਼ਾਰਿਆਂ ਨੂੰ ਸੁਰੱਖਿਅਤ ਰੱਖਣ ਪ੍ਰੇਰਿਤ ਕੀਤਾ।

# ਸੀਨੀਅਰ ਕਾਂਗਰਸ ਆਗੂ ਰਘਬੀਰ ਸਿੰਘ ਬਿੱਲਾ ਸਵਰਗਵਾਸ

**ਬੰਗਾ (ਅਵਤਾਰ ਕਲੇਰ)**

ਸਰਪੰਚ ਬੀਬੀ ਰਸ਼ਪਾਲ ਕੌਰ ਪਿੰਡ ਤਲਵੰਡੀ ਜੱਟਾਂ ਨੂੰ ਉਦੋਂ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਪਤੀ ਸੀਨੀਅਰ ਕਾਂਗਰਸ ਆਗੂ ਰਘਬੀਰ ਸਿੰਘ ਬਿੱਲਾ (63) ਪ੍ਰਧਾਨ ਕਾਂਗਰਸ ਬੰਗਾ ਅਚਾਨਕ ਸਦੀਵੀਂ ਵਿਛੋੜਾ ਦੇ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਬੱਚਿਆਂ ਦੇ ਵਿਦੇਸ਼ ਤੋਂ ਆਉਣ ਉਪਰੰਤ 18 ਜੂਨ ਨੂੰ ਕੀਤਾ ਜਾਵੇਗਾ। ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ,ਕਮਲਜੀਤ ਬੰਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸਤਵੀਰ ਸਿੰਘ ਪੱਲੀ ਝਿੱਕੀ, ਜਸਵੀਰ ਸਿੰਘ ਨੂਰਪੁਰ, ਰਜਿੰਦਰ ਸ਼ਰਮਾ, ਡਾ. ਹਰਪ੍ਰੀਤ ਕੈਂਥ, ਅਮਰਜੀਤ ਕਲਸੀ, ਜਗਤਾਰ ਸਿੰਘ ਚਾਹਲ, ਧਰਮ ਪਾਲ ਪੰਚ, ਹਰਦੀਪ ਕੁਮਾਰ ਪੰਚ, ਮਨਦੀਪ ਸਿੰਘ ਸਿੱਧੂ, ਲਖਵਿੰਦਰ ਸਿੰਘ ਲੱਖਾ, ਹਰਭਜਨ ਸਿੰਘ ਭਰੋਲੀ, ਅਵਤਾਰ ਸਿੰਘ ਚੱਕ ਗੁਰੂ, ਕੁਲਵਰਨ ਸਿੰਘ ਬਲਾਕ ਪ੍ਰਧਾਨ, ਦਰਵਜੀਤ ਸਿੰਘ ਪੂਨੀਆਂ, ਤੀਰਥ ਸਿੰਘ ਮੇਹਲੀਆਣਾ, ਜੋਗਾ ਸਿੰਘ ਕੰਗਰੋੜ, ਜੋਗਰਾਜ ਜੋਗੀ ਨਿਮਾਣਾ, ਦਲਜੀਤ ਸਿੰਘ ਘੁੰਮਣ, ਬਲਦੇਵ ਸਿੰਘ ਮਕਸੂਦਪੁਰ, ਪ੍ਰੋ. ਪ੍ਰਗਣ ਸਿੰਘ ਅਟਵਾਲ, ਯੋਗੇਸ਼ ਕੁਮਾਰ ਬਿੱਟੂ, ਪਰਮਿੰਦਰ ਕੁਮਾਰ ਛਾਬੜਾ, ਅਰਵਿੰਦਰ ਸਿੰਘ ਬੋਇਲ, ਬਲਵੀਰ ਸਰਪੰਚ ਬਲਾਕੀਪੁਰ, ਲਾਲੀ ਗਦਾਣੀ, ਸ਼ੀਰਾ ਸੰਧਵਾਂ, ਸੇਵਾ ਸਿੰਘ ਸਾਬਕਾ ਸਰਪੰਚ, ਗੁਰਦੀਪ ਸਿੰਘ ਵਿਰਦੀ,ਹਰਭਜਨ ਰਾਮ,ਬਲਵੀਰ ਅਨੋਖਰਵਾਲ ਆਦਿ ਨੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।



# ਰਵਿਦਾਸੀਆ ਧਰਮ ਪ੍ਰਚਾਰ ਸਥਾਨ ਕਾਹਨਪੁਰ ਵਿਖੇ ਧਾਰਮਿਕ ਸਮਾਗਮ



**ਅਲਾਵਲਪੁਰ, (ਮਦਨ ਬੰਗੜ)**

ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਵਿਖੇ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦਾ ਪਾਵਨ ਜੋਤੀ ਜੋਤ ਪੁਰਬ, ਹਾੜ ਮਹੀਨੇ ਦੀ ਸੰਗਰਾਂਦ ਅਤੇ ਸੰਤ ਸਰਵਣ ਦਾਸ ਜੀ ਮਹਾਰਾਜ ਦਾ 53ਵਾਂ ਬਰਸੀ ਸਮਾਗਮ ਸੰਤ ਸੁਰਿੰਦਰ ਦਾਸ ਬਾਵਾ ਜੀ ਦੀ ਸਰਪ੍ਰਸਤੀ ਹੇਠ ਬੜੀ ਸ਼ਰਧਾ ਨਾਲ ਮਨਾਇਆ ਗਿਆ। ਅੰਮ੍ਰਿਤ ਵੇਲੇ ਤੋਂ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਜੀ ਦੇ ਪਾਵਨ ਜਾਪ ,ਆਰਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸੰਤ ਸੁਰਿੰਦਰ ਦਾਸ ਬਾਵਾ ਜੀ ਨੇ ਜਗਤ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ ਜੀਵਨ ਸੰਘਰਸ਼ ਕ੍ਰਾਂਤੀਕਾਰੀ, ਸਮਾਜਵਾਦੀ ਕਲਿਆਣਕਾਰੀ ਅਤੇ ਸਾਹਿਤਕ ਵਿਚਾਰਧਾਰਾ ਤੇ ਚਾਨਣਾ ਪਾਇਆ। ਇਸ ਮੌਕੇ ਉਹਨਾਂ ਆਖਿਆ ਕਿ ਸਤਿਗੁਰ ਰਵਿਦਾਸ ਮਹਾਰਾਜ ਜੀ ਦੀ ਅੰਮ੍ਰਿਤਬਾਣੀ ਵਿਸ਼ਵ ਭਰ ਲਈ ਚਾਨਣ ਮੁਨਰਾ ਹੈ ,ਉਹਨਾਂ ਵਿਸ਼ਵ ਭਰ ਵਿੱਚ ਰਵਿਦਾਸੀਆ ਧਰਮ ਦੇ ਪ੍ਰਚਾਰ ਪ੍ਰਸਾਰ ਤੇ ਚਾਨਣਾ ਪਾਉਂਦਿਆਂ ਸਤਿਗੁਰੂ ਸੁਆਮੀ ਸਰਵਣ ਦਾਸ ਜੀ ਮਹਾਰਾਜ ਜੀ ਦੇ ਪਾਵਨ ਜੀਵਨ ਉੱਪਰ ਚਾਨਣਾ ਪਾਉਂਦਿਆਂ ਆਖਿਆ ਕਿ ਸੰਤ ਸਰਵਣ ਦਾਸ ਜੀ ਮਹਾਰਾਜ ਨੇ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਦੀ ਖੋਜ ਅਤੇ ਉਸਾਰੀ ਕਰਵਾ ਕੇ ਰਵਿਦਾਸੀਆ ਕੌਮ ਨੂੰ ਵਿਸ਼ਵ ਪੱਧਰ ਤੇ ਮਹਾਨ ਤੀਰਥ ਅਸਥਾਨ ਪ੍ਰਦਾਨ ਕੀਤਾ। ਉਹਨਾਂ ਬੱਚਿਆਂ ਨੂੰ ਵੱਧ ਤੋਂ ਵੱਧ ਵਿਦਿਆ ਪੜ੍ਹਾਉਣ ਆਪਣੇ ਰਹਿਬਰਾਂ ਦੀ ਵਿਚਾਰਧਾਰਾ ਨਾਲ ਜੁੜਨ, ਮਾਨਵਤਾ ਨਾਲ ਪਿਆਰ ਕਰਨ, ਸੰਤਾਂ ਦੀ ਸੰਗਤ ਅਤੇ ਹਰਿ ਦੇ ਸਿਮਰਨ ਕਰਨ ਦਾ ਪਾਵਨ ਉਪਦੇਸ਼ ਦਿੱਤਾ। ਇਸ ਮੌਕੇ ਸੰਤ ਹਰਵਿੰਦਰ ਦਾਸ ,ਸੰਤ ਤਰਸੇਮ ਸਿੰਘ ਆਦਮਪੁਰ, ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਨਪੁਰ, ਬੰਗੜ ਬ੍ਰਦਰ, ਜੀਵਨ ਸੋਹਲ, ਮਾਸਟਰ ਕਮਲ ਬਰਿਆਣਵੀ ਵਲੋਂ ਹਾਜ਼ਰੀ ਲਗਵਾਈ ਗਈ। ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਵੱਲੋਂ ਨਿਭਾਈ ਗਈ । ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਪੈਂਤੀ ਸਾਲ ਨਾਟਕ ਦੇ ਖੇਤਰ 'ਚ ਲਗਾਤਾਰਤਾ ਬਣਾਈ ਰੱਖਣੀ ਖਾਲਾ ਜੀ ਦਾ ਵਾੜਾ ਨਹੀਂ : ਐਡਵੋਕੇਟ ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਸਾਢੇ ਤਿੰਨ ਦਹਾਕਿਆਂ ਤੋਂ ਪੰਜਾਬੀ ਰੰਗਮੰਚ ਦੇ ਖੇਤਰ ਵਿਚ ਕਾਰਜ਼ਸੀਲ ਸਰਘੀ ਕਲਾ ਕੇਂਦਰ, ਮੁਹਾਲੀ ਦਾ 35ਵਾਂ ਸਥਾਪਨਾ ਦਿਵਸ ਮੌਕੇ ਉੱਤਮ ਸਵੀਟਸ ਸੈਕਟਰ 68 ਵਿਖੇ ਸਰਘੀ ਪਰਵਾਰ ਦੇ ਨਾਟਕਰਮੀ ਅਤੀਤ ਸਫ਼ਰ ਨੂੰ ਚੇਤੇ ਕਰਨ ਅਤੇ ਅਗਲੇਰੇ ਸਫ਼ਰ ਦੀ ਤਿਆਰੀ ਲਈ ਜੁੜ ਬੈਠੇ। ਨਾਟਕਕਾਰ ਅਤੇ ਨਾਟ-ਨਿਰੇਦਸ਼ਕ ਅਤੇ ਸਰਘੀ ਕਲਾ ਕੇਂਦਰ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਆਪਣੇ ਸਵਾਗਤੀ ਸ਼ਬਦਾਂ ਵਿਚ ਕਿਹਾ, ਸਰਘੀ ਕਲਾ ਕੇਂਦਰ ਹੁਣ ਤੱਕ ਲੋਕ-ਮਸਲਿਆਂ ਤੇ ਸਮਾਜਿਕ ਸਰੋਕਾਰਾਂ ਦਾ ਜ਼ਿਕਰ ਤੇ ਫ਼ਿਕਰ ਕਰਦੇ ਦੋ ਦਰਜਨ ਦੇ ਕਰੀਬ ਨਾਟਕਾਂ ਦਾ ਦੇਸ-ਵਿਦੇਸ਼ ਵਿਚ ਅਨੇਕਾਂ ਮੰਚਣ ਕਰ ਚੁੱਕਾ ਹੈ।ਕੇਂਦਰ ਨਾਲ ਹੁਣ ਤੱਕ 300 ਸੌ ਦੇ ਕਰੀਬ ਰੰਗਕਰਮੀ ਸਮੇਂ ਸਮੇਂ ਮੰਚ ਉੱਤੇ ਅਤੇ ਮੰਚ ਪਿੱਛੇ ਆਪਣਾ ਮੱਹਤਵਪੂਰਣ ਯੋਗਦਾਨ ਪਾ ਚੁੱਕੇ ਹਨ। ਸਰਘੀ ਕਲਾ ਕੇਂਦਰ ਦੇ ਸਰਪ੍ਰਸਤ ਸੀਨੀਅਰ ਐਡਵੋਕੇਟ ਰਾਜਿੰਦਰ ਸਿੰਘ ਚੀਮਾ ਨੇ ਕਿਹਾ, ਪੈਂਤੀ ਸਾਲ ਨਾਟਕ ਦੇ ਖੇਤਰ ਵਿਚ ਲਗਾਤਾਰਤਾ ਬਣਾਈ ਰੱਖਣੀ ਖਾਲਾ ਜੀ ਦਾ ਵਾੜਾ ਨਹੀਂ, ਉਨ੍ਹਾਂ ਪੰਜਾਬੀ ਭਾਸ਼ਾ ਵਿਚ ਆ ਰਹੇ ਨਿਘਾਰ ਬਾਰੇ ਵੀ ਚਿੰਤਾ ਪ੍ਰਗਟ ਕੀਤੀ। ਸੈਵਥ ਰੀਵਰ ਦੇ ਕਰਤਾ-ਧਰਤਾ ਕੈਲਗਿਰੀ ਵਿਚ ਰੰਗਮੰਚ ਦੇ ਖੇਤਰ ਦੀ ਜਾਣੀ-ਪਹਿਚਾਣੀ ਸਖਸ਼ੀਅਤ ਹਰਕੰਵਲ ਨੇ ਕਿਹਾ, ਰੰਗਮੰਚ ਅਤੇ ਸਭਿਆਰਕ ਪ੍ਰਦੂਸ਼ਨ ਸਮੇਤ ਹੋਰ ਸਮਾਜਿਕ ਮਸਲੇ ਸੰਜੀਵਨ ਬੜੀ ਬੇਬਾਕੀ ਨਾਲ ਲਗਾਤਾਰ ਉਠਾ ਰਿਹਾ ਹੈ। ਰੰਗਮੰਚ ਅਤੇ ਫਿਲਮਾਂ ਦੀ ਸਥਾਪਤ ਅਭੀਨੇਤਰੀ ਅਨੀਤਾ ਸਬਦੀਸ਼ ਨੇ ਕਿਹਾ, ਸਰਘੀ ਕਲਾ ਕੇਂਦਰ ਨਾਲ ਨਾਟਕ ਕਰਨ ਤੋਂ ਪਹਿਲਾਂ ਮੇਰੇ ਕੋਲੋ ਰੂਪ ਅੰਕਲ ਨੇ ਆਪਣੇ ਸਕੂਲ ਵਿਚ ਸਕਿਟ ਕਰਵਾਈ ਸੀ। ਰਮਨਦੀਪ ਢਿੱਲੋਂ ਨੇ ਕਿਹਾ, ਸਰਘੀ ਕਲਾ ਕੇਂਦਰ ਦੇ ਰੰਗਮੰਚੀ ਸਫ਼ਰ ਦੀ ਪੈਂਤੀ ਸਾਲ ਦੀ ਲਗਾਤਾਰਤਾ ਦਾ ਸਿਹਰਾ ਸੰਜੀਵਨ ਦੇ ਬੰਨਦਿਆਂ ਕਿਹਾ, ਭਾਅ ਜੀ ਦੇ ਸੰਜੀਵਨ ਭਾਅ ਜੀ ਨਰਮ ਸੁਭਾਅ ਅਤੇ ਦੂਰਅੰਦੇਸ਼ੀ ਕਰਕੇ ਹੀ ਸੰਭਵ ਹੋ ਸਕਿਆ ਹੈ। ਨਰਿੰਦਰ ਨਸਰੀਨ ਨੇ ਕਿਹਾ, ਸਰਘੀ ਕਲਾ ਕੇਂਦਰ ਤੋਂ ਮੈਂ ਅਦਾਕਾਰੀ ਦੀਆਂ ਬਰੀਕੀਆਂ ਸਿਖੀਆਂ। ਦਵਿੰਦਰ ਕੌਰ ਢਿੱਲੋਂ ਨੇ ਕਿਹਾ, ਸਰਘੀ ਪ੍ਰੀਵਾਰ ਦੇ ਕਲਾਕਾਰਾਂ ਵਿਚ ਆਪਸੀ ਮਿਲਵਰਤਣ ਅਤੇ ਰਿਸ਼ਤਿਆਂ ਦਾ ਨਿੱਘ ਹੈ। ਇੰਗਲੈਂਗ ਤੋਂ ਸਰਘੀ ਪ੍ਰੀਵਾਰ ਨਾਲ ਲੰਮਾਂ ਸਮਾਂ ਨਾਟਕ ਕਰ ਚੁੱਕੇ ਰੰਗਕਰਮੀ ਸੰਦੀਪ ਦੀਵਾਨ ਅਤੇ ਮਨਜਿੰਦਰ ਪੂਰੇਵਾਲ ਸਰਘੀ ਕਲਾ ਕੇਂਦਰ ਦੇ ਬੇਹਤਰ ਭਵਿਖ ਲਈ ਆਪਣੀ ਸ਼ੁੱਭਕਾਮਨਾਵਾਂ ਭੇਜੀਆਂ।ਸਰਘੀ ਕਲਾ ਕੇਂਦਰ ਦੇ ਸੀਨੀਅਰ ਮੀਤ ਪ੍ਰਧਾਨ ਅਸ਼ੋਕ ਬਜਹੇੜੀ, ਸਲਾਹਕਾਰ ਕ੍ਰਿਸ਼ਣ ਲਾਲ ਸੈਣੀ ਅਤੇ ਕੁਲਦੀਪ ਸੈਣੀ, ਗੁੰਜਣਦੀਪ ਕੌਰ, ਸਬਦੀਸ਼, ਹਰਿੰਦਰ ਹਰ, ਇਪਰਾ, ਪੰਜਾਬ ਦੀ ਪ੍ਰਧਾਨ ਡਾ. ਅਮਨ ਭੋਗਲ, ਅਵਤਾਰ ਕਲਸੀਆਂ, ਸੰਜੀਵ ਅਗਨੀਹੋਤਰੀ, ਗੋਪਾਲ ਸਿੰਘ ਨੇ ਸਰਘੀ ਕਲਾ ਕੇਂਦਰ ਦੇ ਰੰਗਮੰਚੀ ਸਫ਼ਰ ਨੂੰ ਚੇਤੇ ਕੀਤਾ। ਆਪਣੇ ਧੰਨਵਾਦੀ ਸ਼ਬਦਾਂ ਵਿਚ ਸਰਘੀ ਕਲਾ ਕੇਂਦਰ ਦੇ ਪ੍ਰਚਾਰ ਸਕੱਤਰ ਰੰਜੀਵਨ ਸਿੰਘ ਨੇ ਕਿਹਾ ਸਰਘੀ ਕਲਾ ਕੇਂਦਰ ਨਾਲ ਪਰਵਾਰਾਂ ਦੇ ਪਰਵਾਰ ਜੁੜੇ ਹੋਏ ਹਨ। ਮੰਚ ਸੰਚਾਲਨ ਸਰਘੀ ਕਲਾ ਕੇਂਦਰ ਦੇ ਜਨਰਲ ਸਕੱਤਰ ਕੁੱਕੂ ਦੀਵਾਨ ਨੇ ਸੰਖੇਪ ਪਰ ਪਰ ਪ੍ਰਭਾਵਸ਼ਾਲੀ ਅੰਦਾਜ਼ ਵਿਚ ਕੀਤੀ।ਸਰਘੀ ਕਲਾ ਕੇਂਦਰ ਦੀ ਸਥਾਪਨਾ ਦਿਵਸ ਮੌਕੇ ਸਾਹਿਤ ਰਸੀਏ ਬਲਵਿੰਦਰ ਸਿੰਘ (ਉੱਤਮ) ਕੁਲਵਿੰਦਰ ਬਾਵਾ, ਚਰਨਜੀਤ ਕੌਰ, ਸਰਬਜੀਤ ਸਿੰਘ, ਸਾਹਿਲ ਨੇਗੀ, ਨਰਿੰਦਰ ਦੌੜਾਕ, ਹਰਜੀਤ ਸਿੰਘ, ਰਿਆਜ਼ ਭੋਗਲ, ਪੂਨਮ ਆਦਿ ਨੇ ਵੀ ਸ਼ਮੂਲੀਅਤ ਕੀਤੀ।



## ਅੱਧਾ ਕਿਲੋ ਅਫ਼ੀਮ ਬਰਾਮਦ, 4 ਖ਼ਿਲਾਫ਼ ਮਾਮਲਾ ਦਰਜ



**ਨਾਭਾ (ਵਰਿੰਦਰ ਵਰਮਾ)**-ਨਵ ਨਿਯੁਕਤ ਕੋਤਵਾਲੀ ਮੁਖੀ ਸਰਬਜੀਤ ਸਿੰਘ ਚੀਮਾ ਵੱਲੋਂ ਨਾਭਾ ਅੰਦਰ ਇਸ ਮੁਹਿੰਮ ਨੂੰ ਮੁੱਖ ਰੱਖਦਿਆਂ ਹੱਦੋਂ ਵੱਧ ਸਖ਼ਤੀ ਕਰ ਦਿੱਤੀ ਗਈ ਹੈ।ਇਸ ਮੁਹਿੰਮ ਦੇ ਚੱਲਦਿਆਂ ਪੁਲਸ ਨੂੰ ਉਸ ਵੇਲੇ ਵੱਡੀ ਕਾਮਯਾਬੀ ਮਿਲੀ, ਜਦੋਂ ਅੱਧਾ ਕਿਲੋ ਅਫ਼ੀਮ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਇਸ ਮੌਕੇ ਥਾਣਾ ਕੋਤਵਾਲੀ ਐਸਐਚਓ ਸਰਬਜੀਤ ਸਿੰਘ ਚੀਮਾ ਨੇ ਦੱਸਿਆ ਕਿ ਯਾਦਵਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ ਸ਼ਹਿਰ ਇਸਮਾਈਲ ਜ਼ਿਲਾ ਬਰੇਲੀ ਯੂਪੀ, ਰਵੀ ਪੁੱਤਰ ਸਤਪਾਲ, ਰਾਜੀਵ ਸ਼ਰਮਾ ਪੁੱਤਰ ਰਾਮ ਪ੍ਰਕਾਸ਼ ਗਹੀਨ ਜ਼ਿਲ੍ਹਾ ਬਰੇਲੀ ਯੂਪੀ, ਅਸ਼ੋਕ ਕੁਮਾਰ ਪੁੱਤਰ ਰਾਜਵੀਰ ਸਿੰਘ ਰਘਵੀਰਪੁਰ ਡਿਸਟਰਿਕਟ ਬਰੇਲੀ ਯੂਪੀ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਮਾਮਲਾ ਦਰਜ ਕੀਤਾ ਗਿਆ ਹੈ।ਇਨ੍ਹਾਂ ਵੱਲੋਂ ਵਰਤੀ ਜਾ ਰਹੀ ਚਿੱਟੇ ਰੰਗ ਦੀ ਬਰੀਜਾ ਗੱਡੀ ਵੀ ਗ੍ਰਿਫ਼ਤ ਵਿੱਚ ਲੈ ਲਈ ਗਈ ਹੈ।ਉਨ੍ਹਾਂ ਸ਼ਰਾਰਤੀ ਅਨਸਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

## ਚੇਅਰਮੈਨ ਗੜ੍ਹੀ ਵੱਲੋਂ ਭਗਤ ਕਬੀਰ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ



**ਲੁਧਿਆਣਾ (ਰੈਕਟਰ ਕਥੂਰੀਆ)**-ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਭਗਤ ਕਬੀਰ ਜੀ ਦੇ 627ਵੇਂ ਪ੍ਰਕਾਸ਼ ਦਿਵਸ ਨੂੰ ਸਮਰਪਤ ਸਮਾਗਮ ਮੌਕੇ ਸ੍ਰੀ ਗੁਰੂ ਰਵਿਦਾਸ ਮੰਦਰ, ਜੋਧੇਵਾਲ ਬਸਤੀ ਵਿਖੇ ਹਾਜ਼ਰੀ ਲਵਾਈ।ਸਮਾਗਮ ਦੇ ਮੁੱਖ ਮਹਿਮਾਨ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਇਕੱਠ ਨੂੰ ਸੰਬੋਧਨ ਕਰਦਿਆਂ ਭਗਤ ਕਬੀਰ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ।ਉਨ੍ਹਾਂ ਦੱਸਿਆ ਕਿ ਧੰਨ-ਧੰਨ ਸਤਿਗੁਰੂ ਕਬੀਰ ਮਹਾਰਾਜ ਇੱਕ ਮਹਾਨ ਸਮਾਜ ਸੁਧਾਰਕ ਸਨ ਤੇ ਉਨ੍ਹਾਂ ਸਮੁੱਚੀ ਮਾਨਵਤਾ ਨੂੰ ਸੱਚ, ਪਿਆਰ, ਅਹਿੰਸਾ, ਸਦਾਚਾਰ ਤੇ ਭਾਈਚਾਰੇ ਦਾ ਸੰਦੇਸ਼ ਦਿੱਤਾ, ਜਿਸਦਾ ਮੌਜੂਦਾ ਪਦਾਰਥਵਾਦੀ ਯੁੱਗ ਵਿੱਚ ਵਿਸ਼ੇਸ਼ ਮਹੱਤਵ ਹੈ।ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਜੁੜੀਆਂ ਸੰਗਤਾਂ ਤੋਂ ਇਲਾਵਾ ਡਾ. ਜਸਪ੍ਰੀਤ ਸਿੰਘ ਬੀਜਾ, ਰਮਨਜੀਤ ਸਿੰਘ ਲਾਲੀ, ਸ੍ਰੀ ਗੁਰੂ ਰਵਿਦਾਸ ਮੰਦਿਰ ਪ੍ਰਬੰਧਕ ਸਭਾ, ਬਸਤੀ ਜੋਧੇਵਾਲ ਦੇ ਪ੍ਰਧਾਨ ਜਿੰਦਰਪਾਲ ਦੜੋਚ, ਨਰਿੰਦਰ ਰਾਏ ਬਿੱਟੂ, ਡਾ. ਰਾਮਜੀਤ ਸੂਦ, ਰਮੇਸ਼ ਰਸੀਲਾ, ਸੁੱਖਾ ਰਾਮ ਲਾਖਾ, ਜਸਬੀਰ ਲੱਧੜ, ਲੇਖ ਰਾਜ ਸੂਦ ਵੀ ਮੌਜੂਦ ਸਨ।ਚੇਅਰਮੈਨ ਗੜ੍ਹੀ ਵੱਲੋਂ ਸਾਂਝੀ ਭਾਈਵਾਲਤਾ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਗੁਰੂ ਰਵਿਦਾਸ ਜੀ ਅਤੇ ਭਗਤ ਕਬੀਰ ਜੀ ਦਾ ਜਨਮ ਉੱਤਰ ਪ੍ਰਦੇਸ਼ ਦੇ ਇੱਕੋ ਸ਼ਹਿਰ ਬਨਾਰਸ ਵਿੱਚ ਹੋਇਆ ਹੈ ਅਤੇ ਉੱਥੋਂ ਰੋਜ਼ੀ-ਰੋਟੀ ਕਮਾਉਣ ਲਈ ਆਏ ਲੋਕਾਂ ਨੂੰ ਨਾਲ ਜੋੜਨਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਭਗਤ ਕਬੀਰ ਜੀ ਦਾ ਸਰਬ ਸਾਂਝੀਵਾਲਤਾ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਅਣਥੱਕ ਯਤਨ ਕਰਨੇ ਚਾਹੀਦੇ ਹਨ।ਉਨ੍ਹਾਂ ਸਪੱਸ਼ਟ ਕੀਤਾ ਕਿ ਗੁਰੂ ਰਵਿਦਾਸ ਜੀ ਦੀ ਅਪਾਰ ਕ੍ਰਿਪਾ ਨਾਲ ਪੰਜਾਬ ਸਰਕਾਰ ਵੱਲੋਂ ਮੈਨੂੰ ਜਿਹੜੀ ਜਿੰਮੇਵਾਰੀ ਸੌਂਪੀ ਹੈ ਮੈਂ ਉਸਨੂੰ ਸਖ਼ਤ ਮਿਹਨਤ, ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਅ ਰਿਹਾ ਹਾਂ।

## ਮਾਤਾ ਗੁਜਰੀ ਜੀ ਭਲਾਈ ਕੇਂਦਰ ਨੇ ਲਾਇਆ ਮੈਡੀਕਲ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਮਾਤਾ ਗੁਜਰੀ ਜੀ ਭਲਾਈ ਕੇਂਦਰ ਵਲੋਂ ਨੱਕ, ਕੰਨ, ਗਲ਼ੇ ਤੇ ਚਮੜੀ ਦੇ ਰੋਗਾਂ ਦਾ ਇੱਕ ਵਿਸ਼ਾਲ ਮੈਡੀਕਲ ਕੈਂਪ ਪੰਚਾਇਤੀ ਧਰਮਸ਼ਾਲਾ ਬੁਢਲਾਡਾ ਵਿਖੇ ਲਾਇਆ ਗਿਆ।ਕੈਂਪ ਇੰਚਾਰਜ ਡਾਕਟਰ ਸੁਰਿੰਦਰ ਤਨੇਜਾ, ਡਾਕਟਰ ਮਹੇਸ਼ ਰਸਵੰਤਾ ਤੇ ਹੇਮਰਾਜ ਸ਼ਰਮਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਨੱਕ, ਕੰਨ, ਗਲ਼ੇ ਦੇ ਮਾਹਰ ਡਾਕਟਰ ਨੀਤਿਨ ਕੁਮਾਰ ਤੇ ਚਮੜੀ ਦੇ ਮਾਹਿਰ ਡਾਕਟਰ ਅਰੌਲੀਆ ਗੋਇਲ ਨੇ ਮਰੀਜ਼ਾਂ ਦਾ ਫ੍ਰੀ ਚੈੱਕਅਪ ਕੀਤਾ ਤੇ ਮਰੀਜ਼ਾਂ ਨੂੰ ਫ੍ਰੀ ਦਵਾਈ ਦਿੱਤੀ ਗਈ। ਉਨ੍ਹਾਂ ਦੱਸਿਆ ਕਿ 200 ਤੋਂ ਵੱਧ ਮਰੀਜ਼ਾਂ ਨੇ ਪਹੁੰਚ ਕੇ ਕੈਂਪ ਦਾ ਲਾਭ ਉਠਾਇਆ।ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਕੁਲਦੀਪ ਸਿੰਘ ਅਨੇਜਾ ਨੇ ਦੱਸਿਆ ਕਿ ਇਹ ਕੈਂਪ ਸੰਸਥਾ ਆਗੂ ਸੁਖਦਰਸ਼ਨ ਸਿੰਘ ਕੁਲਾਨਾ ਜੀ ਦੀ ਸਵ: ਮਾਤਾ ਨਛੱਤਰ ਕੌਰ ਪਤਨੀ ਨੰਬਰਦਾਰ ਗੁਰਦੇਵ ਸਿੰਘ ਕੁਲਾਣਾ ਨੂੰ ਸਮਰਪਤ ਹੈ, ਜਿਨ੍ਹਾਂ ਦੀ ਅੰਤਮ ਅਰਦਾਸ 19 ਜੂਨ ਨੂੰ ਪਿੰਡ ਕੁਲਾਣਾ ਵਿਖੇ ਹੈ।ਕੈਂਪ ਲਈ ਕਈ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਰਿਹਾ, ਜਿਸ ਵਿੱਚ ਕੈਮਿਸਟ ਐਸੋਸੀਏਸ਼ਨ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ, ਜੀ.ਆਈ.ਐਮ.ਟੀ ਕਾਲਜ, ਆਸਰਾ ਫਾਉਂਡੇਸ਼ਨ, ਜ਼ਿਲ੍ਹਾ ਰੂਰਲ ਕਲੱਬ ਐਸੋਸੀਏਸ਼ਨ, ਪੰਜਾਬੀ ਸਭਾ, ਸੰਜੀਵਨੀ ਵੈਲਫੇਅਰ ਆਦਿ ਸ਼ਾਮਲ ਹਨ।ਇਸ ਮੌਕੇ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਾਈ ਗਈ। ਅਗਰਵਾਲ ਸਭਾ ਪ੍ਰਧਾਨ ਚਰੰਜੀ ਲਾਲ਼ ਜੈਨ, ਸ਼ੈਲਰ ਐਸੋਸ਼ੀਏਸ਼ਨ ਪ੍ਰਧਾਨ ਸ਼ਾਮ ਲਾਲ ਧਲੇਵਾਂ, ਗਿਮਟ ਕਾਲਜ ਚੇਅਰਮੈਨ ਨਵੀਨ ਸਿੰਗਲਾ, ਜੈ ਦੁਰਗਾ ਭਜਨ ਮੰਡਲ ਦੇ ਸੁਭਾਸ਼ ਹੈਂਡਲੂਮ,ਐਮ ਸੀ ਟਿੰਕੂ ਪੰਜਾਬ, ਸਮਾਜ ਸੇਵੀ ਰਮੇਸ਼ ਗੋਇਲ ਨੇ ਸੰਬੋਧਨ ਕਰਦੇ ਹੋਏ ਗਰੀਬਾਂ ਲਈ ਲਾਏ ਜਾ ਰਹੇ ਅਜਿਹੇ ਕੈਂਪਾਂ ਦੀ ਸ਼ਲਾਘਾ ਕੀਤੀ, ਜਿਥੇ ਲੋੜਵੰਦ ਆ ਕੇ ਫ੍ਰੀ ਇਲਾਜ ਕਰਵਾ ਸਕਦੇ ਹਨ।

## ਲੋਕਾਂ ਨੂੰ ਕੀਤਾ ਗਿਆ ਖ਼ੂਨਦਾਨ ਪ੍ਰਤੀ ਜਾਗਰੂਕ



**ਨਾਭਾ (ਵਰਿੰਦਰ ਵਰਮਾ)**-ਸਿਵਲ ਹਸਪਤਾਲ ਦੇ ਕ੍ਰਮਚਾਰੀ ਵਿਕਾਸ ਮਿੱਤਲ ਵੱਲੋਂ ਅੰਤਰਰਾਸ਼ਟਰੀ ਬਲੱਡ ਡੇਅ ਮੌਕੇ ਲੋਕਾਂ ਨੂੰ ਖ਼ੂਨਦਾਨ ਕਰਨ ਪ੍ਰਤੀ ਪ੍ਰੇਰਤ ਕਰਨ ਉਪਰੰਤ ਕੀਤਾ।ਉਨ੍ਹਾਂ ਕਿਹਾ ਕਿ ਇਸ ਦਾ ਸਭ ਤੋਂ ਵੱਡਾ ਕਾਰਨ ਇਹ ਹੈ ਕਿ ਅੱਜ ਤੱਕ ਕਿੰਨੀਆਂ ਹੀ ਵਿਗਿਆਨਕ ਖੋਜਾਂ ਹੋਈਆਂ ਹਨ, ਪਰ ਹਾਲੇ ਤੱਕ ਖ਼ੂਨ ਨੂੰ ਕਿਸੇ ਵੀ ਲੈਬ ਵਿੱਚ ਤਿਆਰ ਨਹੀਂ ਕੀਤਾ ਜਾ ਸਕਿਆ।ਇਸੇ ਕਰਕੇ ਖ਼ੂਨਦਾਨ ਕਰਨ ਨੂੰ ਇੱਕ ਉੱਤਮ ਦਾਨ ਵਜੋਂ ਮੰਨਿਆ ਜਾਂਦਾ ਹੈ।ਇਸ ਮੌਕੇ ਮਲੇਰਕੋਟਲਾ ਦੇ ਸਿਵਲ ਸਰਜਨ ਡਾਕਟਰ ਸੰਜੇ ਗੋਇਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਲੋਕਾਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਹਰੇਕ ਸਾਲ 14 ਜੂਨ ਨੂੰ ਵਿਸ਼ਵ ਖ਼ੂਨਦਾਨੀ ਦਿਵਸ ਵਜੋਂ ਪੂਰੇ ਸੰਸਾਰ ਵਿੱਚ ਮਨਾਇਆ ਜਾਂਦਾ ਹੈ, ਜੀਹਦਾ ਮਕਸਦ ਆਮ ਲੋਕਾਂ ਵਿੱਚ ਪ੍ਰਚੱਲਿਤ ਖ਼ੂਨਦਾਨ ਪ੍ਰਤੀ ਗਲਤ ਧਾਰਨਾਵਾਂ ਤੋਂ ਜਾਗਰੂਕ ਕਰਨਾ ਤੇ ਹਰ ਸਮੇਂ ਖ਼ੂਨਦਾਨ ਕਰਨ ਲਈ ਤਿਆਰ ਰਹਿਣਾ ਲਈ ਪ੍ਰੇਰਿਤ ਕਰਨਾ ਹੈ, ਸੋ ਅੱਜ ਵਿਸ਼ਵ ਖ਼ੂਨਦਾਨੀ ਦਿਵਸ ਦੇ ਮੌਕੇ 'ਤੇ ਸਾਰੇ ਹੀ ਤੰਦਰੁਸਤ ਇਨਸਾਨਾਂ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਜ਼ਿੰਦਗੀ ਵਿੱਚ ਜਦੋਂ ਵੀ ਮੌਕਾ ਮਿਲੇ, ਬਿਨਾਂ ਕਿਸੇ ਝਿਜਕ, ਡਰ, ਵਹਿਮ ਤੋਂ ਖ਼ੂਨਦਾਨ ਕਰ ਦੇਣਾ ਚਾਹੀਦਾ ਹੈ।

## ਇੰਸਪੈਕਟਰ ਰਤਨ ਲਾਲ ਡੀ.ਜੀ.ਪੀ. ਕੰਮੈਂਡੇਸ਼ਨ ਡਿਸਕ ਨਾਲ ਸਨਮਾਨਤ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਹਾਦਰੀ ਅਤੇ ਇਮਾਨਦਾਰੀ ਨਾਲ ਡਿਊਟੀ ਨਿਭਾਉਣ ਵਾਲੇ ਜੀ.ਆਰ.ਪੀ. ਥਾਣਾ ਸਰਹਿੰਦ ਦੇ ਐਸ.ਐਚ.ਓ. ਇੰਸਪੈਕਟਰ ਰਤਨ ਲਾਲ, ਸਹਾਇਕ ਥਾਣੇਦਾਰ ਜਗਦੀਸ਼ ਸਿੰਘ ਤੇ ਦੋ ਹੋਰ ਪੁਲਸ ਕ੍ਰਮਚਾਰੀਆਂ ਨੂੰ ਏ.ਡੀ.ਜੀ.ਪੀ. ਰੇਲਵੇ ਸ਼ਸ਼ੀ ਪ੍ਰਭਾ ਦਿਵੇਦੀ ਵੱਲੋਂ ਡੀ.ਜੀ.ਪੀ. ਕੰਮੈਂਡੇਸ਼ਨ ਡਿਸਕ ਨਾਲ ਸਨਮਾਨਤ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਮਾਰਚ ਮਹੀਨੇ ਜੀ.ਆਰ.ਪੀ. ਥਾਣਾ ਸਰਹਿੰਦ ਦੇ ਮੁਖੀ ਇੰਸਪੈਕਟਰ ਰਤਨ ਲਾਲ ਤੇ ਸਹਾਇਕ ਥਾਣੇਦਾਰ ਜਗਦੀਸ਼ ਸਿੰਘ ਹੋਲਾ ਮੁਹੱਲਾ ਸਬੰਧੀ ਲੱਗੀ ਡਿਊਟੀ ਦੇ ਸਬੰਧ 'ਚ ਰੇਲਵੇ ਸਟੇਸ਼ਨ ਆਨੰਦਪੁਰ ਸਾਹਿਬ ਨਜ਼ਦੀਕ ਗਸ਼ਤ ਕਰ ਰਹੇ ਸਨ ਤਾਂ 15/20 ਦੇ ਕਰੀਬ ਵਿਅਕਤੀ, ਜਿਨ੍ਹਾਂ ਦੇ ਨਿਹੰਗ ਸਿੰਘਾਂ ਵਾਲੇ ਬਾਣੇ ਪਹਿਨੇ ਹੋਏ ਸਨ ਇੱਕ ਨੌਜਵਾਨ ਦੀ ਬੁਰੀ ਤਰ੍ਹਾਂ ਕੁੱਟਮਾਰ ਕਰਦੇ ਉਸ ਨੂੰ ਲੋਧੀਪੁਰ ਫਾਟਕ ਵੱਲ ਲਿਜਾਂਦੇ ਦਿਖਾਈ ਦਿੱਤੇ, ਜਿਸ 'ਤੇ ਇੰਸਪੈਕਟਰ ਰਤਨ ਲਾਲ ਦੀ ਅਗਵਾਈ ਵਾਲੀ ਪੁਲਸ ਪਾਰਟੀ ਨੇ ਤੁਰੰਤ ਹਰਕਤ 'ਚ ਆਉਂਦਿਆਂ ਉਕਤ ਵਿਅਕਤੀਆਂ ਨੂੰ ਘੇਰ ਲਿਆ ਤੇ ਸਮਝਾਇਆ ਕਿ ਉਹ ਕਾਨੂੰਨ ਨੂੰ ਆਪਣੇ ਹੱਥ ਵਿੱਚ ਨਾ ਲੈਣ ਤੇ ਉਕਤ ਨੌਜਵਾਨ ਨੂੰ ਪੁਲਿਸ ਦੇ ਹਵਾਲੇ ਕਰ ਦੇਣ, ਪਰ ਉਕਤ ਵਿਅਕਤੀਆਂ ਨੇ ਕਿਹਾ ਕਿ ਇਸ ਨੌਜਵਾਨ ਨੇ ਸਾਡਾ ਮੋਬਾਈਲ ਫੋਨ ਚੋਰੀ ਕੀਤਾ ਹੈ, ਅਸੀਂ ਤਾਂ ਇਸਦਾ ਸੋਧਾ ਲਾਵਾਂਗੇ।ਸਥਿਤੀ ਵਿਗੜਦੀ ਦੇਖ ਇੰਸਪੈਕਟਰ ਰਤਨ ਲਾਲ ਨੇ ਉਕਤ ਨੌਜਵਾਨ ਨੂੰ ਉਨਾਂ ਕੋਲੋਂ ਛੁਡਵਾ ਕੇ ਇੱਕ ਦੁਕਾਨ 'ਚ ਵਾੜ ਦਿੱਤਾ ਜਿਸ 'ਤੇ ਗੁੱਸੇ 'ਚ ਆਏ ਉਕਤ ਵਿਅਕਤੀਆਂ ਨੇ ਪੁਲਸ ਪਾਰਟੀ 'ਤੇ ਹਮਲਾ ਕਰਦੇ ਹੋਏ ਇੰਸਪੈਕਟਰ ਰਤਨ ਲਾਲ ਅਤੇ ਸਹਾਇਕ ਥਾਣੇਦਾਰ ਜਗਦੀਸ਼ ਸਿੰਘ ਨੂੰ ਜ਼ਖਮੀ ਕਰ ਦਿੱਤਾ, ਪਰ ਜ਼ਖਮੀ ਹੋਣ ਦੇ ਬਾਵਜੂਦ ਉਕਤ ਪੁਲਸ ਅਧਿਕਾਰੀਆਂ ਨੇ ਭੀੜ ਅੱਗੇ ਗੋਡੇ ਨਹੀਂ ਟੇਕੇ ਤੇ ਉਕਤ ਨੌਜਵਾਨ ਨੂੰ ਹਮਲਾਵਰਾਂ ਤੋਂ ਬਚਾਉਣ 'ਚ ਕਾਮਯਾਬ ਰਹੇ।

# ਮੈਡੀਕਲ ਅਫ਼ਸਰਾਂ ਨੂੰ ਗਰਭਵਤੀ ਔਰਤਾਂ ਦੀ ਦੇਖਭਾਲ ਸੰਬੰਧੀ ਦਿੱਤੀ ਸਿਖਲਾਈ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**



ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵੱਲੋਂ ਜੱਚਾ ਬੱਚਾ ਮੌਤ ਦਰ ਨੂੰ ਘਟਾਉਣ ਦੇ ਮੰਤਵ ਤਹਿਤ ਸੂਬੇ ਭਰ ਵਿੱਚ ਵੱਖ-ਵੱਖ ਸਿਹਤ ਸਰਗਰਮੀਆਂ, ਮੀਟਿੰਗਾਂ ਤੇ ਵਿਸ਼ੇਸ਼ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਲੜੀ ਤਹਿਤ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ ਦੀ ਯੋਗ ਅਗਵਾਈ ਹੇਠ ਜ਼ਿਲ੍ਹੇ ਦੇ ਆਮ ਆਦਮੀ ਕਲੀਨਿਕਾਂ ਵਿਖੇ ਸੇਵਾਵਾਂ ਦੇ ਰਹੇ ਸਮੂਹ ਮੈਡੀਕਲ ਅਫਸਰਾਂ ਨੂੰ ਵਿਭਾਗ ਵੱਲੋਂ ਗਰਭਵਤੀ ਔਰਤਾਂ ਦੀ ਦੇਖਭਾਲ ਅਤੇ ਪਰਵਾਰ ਨਿਯੋਜਨ ਸਬੰਧੀ ਵਿਸ਼ੇਸ਼ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਧੀਕ ਡਿਪਟੀ ਕਮਿਸ਼ਨਰ ਕਮ ਰਿਜਨਲ ਟਰਾਂਸਪੋਰਟ ਅਧਿਕਾਰੀ ਸ੍ਰੀਮਤੀ ਹਰਜੋਤ ਕੌਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਜ਼ਰੀਏ ਦੂਰ ਦੁਰਾਡੇ ਪਿੰਡਾਂ ਅਤੇ ਕਸਬਿਆਂ ਦੇ ਲੋਕਾਂ ਨੂੰ ਵਿਹਤਰ ਸੇਵਾਵਾਂ ਦਾ ਲਾਭ ਮਿਲੇਗਾ।ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਸਮੂਹ ਮੈਡੀਕਲ ਅਫਸਰਾਂ ਨੂੰ ਵਿਭਾਗ ਵੱਲੋਂ ਆਮ ਆਦਮੀ ਕਲੀਨਿਕਾਂ ਵਿਖੇ ਜੱਚਾ-ਬੱਚਾ ਸਿਹਤ ਸੇਵਾਵਾਂ ਸ਼ੁਰੂ ਕਰਨ ਤੇ ਫੀਲਡ ਸਟਾਫ਼ ਜਿਵੇਂ ਕਿ ਆਂਗਣਵਾੜੀ, ਆਸ਼ਾ ਵਰਕਰ, ਏ.ਐਨ.ਐਮ. ਅਤੇ ਸੀ.ਐਚ.ਓ. ਨਾਲ ਤਾਲਮੇਲ ਕਰਨ ਸਬੰਧੀ ਜਾਣ ਪਛਾਣ ਕਰਾਈ ਅਤੇ ਦੱਸਿਆ ਕਿ ਵਿਭਾਗ ਦਾ ਮੰਤਵ ਹੈ ਕਿ ਗਰਭਵਤੀ ਔਰਤਾਂ ਦੀ ਰਜਿਸਟਰੇਸ਼ਨ, ਸਿਹਤ ਜਾਂਚ, ਸੰਪੂਰਨ ਟੀਕਾਕਰਨ, ਸੰਤੁਲਤ ਖੁਰਾਕ ਤੋਂ ਲੈ ਕੇ ਸੁਰੱਖਿਅਤ ਜਣੇਪਾ ਕਰਾਉਣ ਤੱਕ ਸ਼ਾਨਦਾਰ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ।ਇਸ ਸਿਖਲਾਈ ਪ੍ਰੋਗਰਾਮ ਦੇ ਟਰੇਨਰ ਮੈਡੀਕਲ ਅਫਸਰ ਡਾ. ਰੁਪਿੰਦਰ ਕੌਰ ਸਿੱਧੂ ਨੇ ਪ੍ਰੋਜੈਕਟਰ ਰਾਹੀਂ ਵੱਖ ਵੱਖ ਵਿਸ਼ਿਆਂ ਸਬੰਧੀ ਸਲਾਈਡਾਂ ਅਤੇ ਚਿੱਤਰਾਂ ਦੀ ਮਦਦ ਨਾਲ ਇਸ ਵਿਭਾਗੀ ਸਿਖਲਾਈ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਅਤੇ ਸਮੂਹ ਮੈਡੀਕਲ ਅਫਸਰਾਂ ਨੂੰ ਵਧੀਆ ਜੱਚਾ-ਬੱਚਾ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰੇਰਿਤ ਕੀਤਾ।

ਅੰਤ ਵਿੱਚ ਕਾਰਜਕਾਰੀ ਜ਼ਿਲ੍ਹਾ ਟੀਕਾਕਰਨ ਅਫਸਰ ਕਮ ਨੋਡਲ ਅਫਸਰ ਆਮ ਆਦਮੀ ਕਲੀਨਿਕ ਡਾ. ਸਰਵਦੀਪ ਸਿੰਘ ਰੋਮਾਣਾ ਨੇ ਜ਼ਿਲ੍ਹੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ, ਪੀ.ਐਚ.ਸੀ.ਐਚ.ਸੀ, ਡਿਸਪੈਂਸਰੀਆਂ, ਹੈਲਥ ਵੈੱਲਨੈਸ ਸੈਂਟਰਾਂ ਤੇ ਤੈਨਾਤ ਸਟਾਫ ਤੇ ਮੁਹੱਈਆ ਸਿਹਤ ਸੇਵਾਵਾਂ ਬਾਰੇ ਜਾਣਕਾਰੀ ਦਿੰਦਿਆਂ ਦੂਜੇ ਵਿਭਾਗਾਂ, ਪੰਚਾਇਤਾਂ, ਆਂਗਣਵਾੜੀ ਤੇ ਸਕੂਲਾਂ ਨਾਲ ਤਾਲਮੇਲ ਰੱਖਣ ਲਈ ਕਿਹਾ।

## ਪਤੀ-ਪਤਨੀ ਦੀ ਕੁੱਟਮਾਰ ਦੇ ਦੋਸ਼ 'ਚ 6 ਨਾਮਜ਼ਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਅਲੀ ਕੇ ਵਿਖੇ ਇਕ ਵਿਅਕਤੀ ਤੇ ਉਸ ਦੀ ਘਰਵਾਲੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ 2 ਬਾਏ ਨੇਮ ਵਿਅਕਤੀਆਂ ਅਤੇ 3-4 ਅਣਪਛਾਤੇ ਵਿਅਕਤੀਆਂ ਖ਼ਿਲਾਫ਼ 118 (1), 115 (2), 3 (5) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੁਰਿੰਦਰ ਕੌਰ ਪਤਨੀ ਪ੍ਰੇਮ ਵਾਸੀ ਅਲੀ ਕੇ ਨੇ ਦੱਸਿਆ ਕਿ 10 ਜੂਨ ਨੂੰ ਉਹ ਆਪਣੇ ਪਤੀ ਸਮੇਤ ਆਪਣੇ ਖੇਤ ਪਿੰਡ ਅਲੀ ਕੇ ਵਿਖੇ ਝੋਨਾ ਲਾਉਣ ਲਈ ਖੇਤ ਦੀ ਸਫਾਈ ਕਰਨ ਗਏ ਸੀ, ਉਥੇ ਦੋਸ਼ੀਅਨ ਤਾਰਾ ਸਿੰਘ ਪੁੱਤਰ ਮੰਗਲ ਸਿੰਘ, ਚੰਨਾ ਸਿੰਘ ਉਰਫ ਚੰਨੀ ਪੁੱਤਰ ਮੰਗਲ ਸਿੰਘ ਵਾਸੀਅਨ ਅਲੀ ਕੇ ਤੇ 3-4 ਅਣਪਛਾਤੇ ਵਿਅਕਤੀ ਪਹਿਲਾਂ ਤੋਂ ਹੀ ਮੌਜੂਦ ਸੀ, ਜਿਨ੍ਹਾਂ ਨੇ ਉਸ ਦੀ ਅਤੇ ਉਸ ਦੇ ਘਰਵਾਲੇ ਦੀ ਕੁੱਟਮਾਰ ਕੀਤੀ।

ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਜਗਤਾਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਮਾਮਲਾ ਦਰਜ ਕਰ ਲਿਆ ਹੈ, ਜਿਸ ਵਿਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਦੋਸ਼ੀਅਨ ਨੇ ਉਸ ਦੀ ਇੱਜ਼ਤ ਨੂੰ ਵੀ ਹੱਥ ਪਾਇਆ, ਪਰ ਇਸ ਗੱਲ ਦੀ ਮੁੱਖ ਅਫਸਰ ਮੌਕੇ 'ਤੇ ਜਾ ਕੇ ਤਸਦੀਕ ਕਰਨਗੇ, ਫਿਰ ਜੈਸੀ ਸੂਰਤ ਹੋਵੇਗੀ ਵੈਸੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਕੇਜਰੀਵਾਲ ਨੇ ਭਗਵੰਤ ਮਾਨ ਨੂੰ ਰਬੜ ਦੀ ਮੋਹਰ ਬਣਾ ਛੱਡਿਆ : ਮਜੀਠੀਆ



**ਲੁਧਿਆਣਾ (ਰੈਕਟਰ ਕਥੂਰੀਆ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਲੁਧਿਆਣਾ ਪੱਛਮੀ ਤੋਂ ਪਾਰਟੀ ਉਮੀਦਵਾਰ ਸੰਜੀਵ ਅਰੋੜਾ ਦੇ ਜਿੱਤਣ 'ਤੇ ਉਨ੍ਹਾਂ ਨੂੰ ਮੰਤਰੀ ਬਣਾਏ ਜਾਣ ਦਾ ਐਲਾਨ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਰਬੜ ਦੀ ਮੋਹਰ ਬਣਾ ਕੇ ਰੱਖ ਦਿੱਤਾ ਹੈ।ਅਕਾਲੀ ਆਗੂ ਸਰਦਾਰ ਸ਼ਿਵੰਦਰ ਸਿੰਘ ਮਲੂਕਾ ਨਾਲ ਮਿਲ ਕੇ ਉਹ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਹ ਇਸ ਗੱਲ ਦਾ ਸੰਕੇਤ ਹੈ ਕਿ ਅਕਾਲੀ ਆਗੂ ਪੰਜਾਬ ਦੀ ਖਾਤਰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦੇ ਪੰਜਾਬੀਆਂ ਦੇ ਸੱਦੇ ਨੂੰ ਹੁੰਗਾਰਾ ਭਰ ਰਹੇ ਹਨ।ਇਸ ਮੌਕੇ ਸੀਨੀਅਰ ਆਗੂ ਸ਼ਰਨਜੀਤ ਸਿੰਘ ਢਿੱਲੋਂ ਵੀ ਹਾਜ਼ਰ ਸਨ।ਮਜੀਠੀਆ ਨੇ ਕਿਹਾ ਕਿ ਕੇਜਰੀਵਾਲ ਦਾ ਐਲਾਨ ਸਪੱਸ਼ਟ ਸੰਕੇਤ ਹੈ ਕਿ ਭਗਵੰਤ ਮਾਨ ਹੁਣ ਸਿਰਫ ਨਾਂਅ ਦਾ ਸਰਕਾਰ ਦਾ ਮੁਖੀ ਰਹਿ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਨਿਰਾਸ਼ਾ ਵੀ ਸੰਕੇਤ ਹੈ।ਉਨ੍ਹਾਂ ਕਿਹਾ ਕਿ ਇਹ ਐਲਾਨ ਇਸ ਕਰਕੇ ਕੀਤਾ ਗਿਆ ਕਿਉਂਕਿ ਆਪ ਨੇ ਮਹਿਸੂਸ ਕਰ ਲਿਆ ਹੈ ਕਿ ਸੰਜੀਵ ਅਰੋੜਾ ਚੋਣ ਹਾਰ ਰਹੇ ਹਨ ਤੇ ਇਸ ਕਾਰਨ ਕੇਜਰੀਵਾਲ ਦੇ ਰਾਜ ਸਭਾ ਵਿਚ ਜਾਣ ਦੀ ਸੰਭਾਵਨਾ ਘਟ ਗਈ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿਚ ਵਿੱਤੀ ਐਮਰਜੈਂਸੀ ਦੇ ਹਾਲਾਤ ਹਨ ਤੇ ਸਰਕਾਰ ਵੱਖ-ਵੱਖ ਵਿਭਾਗਾਂ ਤੋਂ ਫੰਡ ਵਾਪਸ ਮੰਗਵਾ ਕੇ ਕਰਜ਼ਿਆਂ 'ਤੇ ਡਿਫਾਲਟਰ ਹੋਣ ਤੋਂ ਬਚ ਰਹੀ ਹੈ।ਇਸ ਕਾਰਨ ਸਾਰੇ ਵਿਕਾਸ ਕਾਰਜ ਠੱਪ ਹੋ ਗਏ ਹਨ।

## ਭੁਪਿੰਦਰਜੀਤ ਸਿੰਘ ਨੇ ਥਾਣਾ ਮੁਖੀ ਸਿਟੀ 1 ਦਾ ਚਾਰਜ ਸੰਭਾਲਿਆ



**ਮਾਨਸਾ (ਆਤਮਾ ਸਿੰਘ ਪਮਾਰ)**-ਭੁਪਿੰਦਰਜੀਤ ਸਿੰਘ ਨੇ ਬਤੌਰ ਥਾਣਾ ਮੁਖੀ ਸਿਟੀ-1 ਚਾਰਜ ਸੰਭਾਲ ਲਿਆ ਹੈ।ਉਨ੍ਹਾਂ ਕਿਹਾ ਕਿ ਮੀਡੀਆ ਰਾਹੀਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾਂ, ਨਸ਼ੇ ਕਰਨ ਵਾਲਿਆਂ ਨੂੰ ਅਗਾਹ ਕੀਤਾ ਜਾਂਦਾ ਹੈ ਕਿ ਕੋਈ ਵੀ ਅਜਿਹੀ ਗਤੀਵਿਧੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਜਿਸ ਨਾਲ ਆਮ ਲੋਕਾਂ ਨੂੰ ਪ੍ਰੇਸ਼ਾਨੀ ਜਾਂ ਕੋਈ ਲਾਅ ਐਂਡ ਆਰਡਰ ਦੇ ਖ਼ਿਲਾਫ਼ ਹੋਵੇ ਤੇ ਸ਼ਹਿਰ ਦਾ ਮਾਹੌਲ ਖਰਾਬ ਕਰਨ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਨਸ਼ਾ ਵੇਚਣ ਵਾਲੇ ਤੇ ਨਸ਼ਾ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸ਼ਹਿਰੀਆਂ ਨੂੰ ਪੁਲਸ ਵੱਲੋਂ ਹਰ ਤਰ੍ਹਾਂ ਦੀ ਸੁਰੱਖਿਆ, ਵਧੀਆ ਮਾਹੌਲ ਦੇਣਾ ਪੁਲਸ ਦੀ ਪਹਿਲ ਹੋਵੇਗੀ।ਨਸ਼ਾ ਕਿਸੇ ਵੀ ਤਰ੍ਹਾਂ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਨਸ਼ਾ ਤਸਕਰਾ ਨਾਲ ਸਖਤੀ ਨਾਲ ਨਜਿੱਠਿਆ ਜਾਵੇਗਾ।ਧਾਲੀਵਾਲ ਨੇ ਕਿਹਾ ਕਿ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਆਮ ਲੋਕਾਂ ਨੂੰ ਨਸ਼ੇ ਤੇ ਹੋਰਨਾਂ ਸਮਾਜਿਕ ਬੁਰਾਈਆਂ ਨੂੰ ਠੱਲ੍ਹਣ ਲਈ ਪੁਲਸ ਦਾ ਸਹਿਯੋਗ ਕਰਨ ਦੀ ਅਪੀਲ ਵੀ ਕੀਤੀ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨਸ਼ਾ ਤਸਕਰ ਆਦਿ ਬਾਰੇ ਕੋਈ ਜਾਣਕਾਰੀ ਜਾਂ ਸੂਚਨਾ ਮਿਲਦੀ ਹੈ ਤਾਂ ਉਹ ਤੁਰੰਤ ਪੁਲਸ ਨੂੰ ਸੂਚਿਤ ਕਰਨ।ਉਨ੍ਹਾਂ ਕਿਹਾ ਕਿ ਜਲਦੀ ਹੀ ਪੁਲਸ ਵੱਲੋਂ ਸ਼ਹਿਰੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ, ਮੁਸ਼ਕਲਾਂ ਵੀ ਸੁਣੀਆਂ ਜਾਣਗੀਆਂ ਤੇ ਪੁਲਸ ਅਤੇ ਆਮ ਲੋਕਾਂ 'ਚ ਨੇੜਤਾ ਹੋਰ ਵਧਾਈ ਜਾਵੇਗੀ।

# ਡਰਾਇੰਗ/ਪੇਂਟਿੰਗ ਤੇ ਮਹਿੰਦੀ ਪ੍ਰਤੀਯੋਗਤਾ ਆਯੋਜਤ

**ਸਮਰਾਲਾ (ਸੁਰਜੀਤ ਸਿੰਘ)**

ਸੋਨਾਲੀ ਜੀਤ ਰਾਵਲ ਚੈਰੀਟੇਬਲ ਟਰੱਸਟ, ਜਿਹੜਾ 12 ਸਾਲਾਂ ਤੋਂ ਵੱਧ ਸਮੇਂ ਤੋਂ ਸਮਾਜ ਦੇ ਵੱਖ ਵੱਖ ਖੇਤਰਾਂ ਵਿਚ ਨਿਸ਼ਕਾਮ ਤੇ ਨਿਸਵਾਰਥ ਸੇਵਾ ਕਰ ਰਿਹਾ ਹੈ, ਵੱਲੋਂ ਸਕੂਲੀ ਬੱਚਿਆਂ ਦਾ 7 ਰੋਜ਼ਾ ਡਰਾਇੰਗ/ਪੇਂਟਿੰਗ ਦਾ ਟ੍ਰੇਨਿੰਗ ਪ੍ਰੋਗਰਾਮ ਆਯੋਜਤ ਕੀਤਾ ਗਿਆ, ਜਿਸ ਵਿੱਚ ਚੌਥੀ ਤੋਂ ਅੱਠਵੀਂ ਕਲਾਸ ਦੇ 34 ਬੱਚਿਆਂ ਨੇ, ਨੌਵੀਂ ਤੋਂ ਬਾਰ੍ਹਵੀਂ ਕਲਾਸ ਦੇ 9 ਬੱਚਿਆਂ ਨੇ ਭਾਗ ਲਿਆ।



ਟ੍ਰੇਨਿੰਗ ਸਮਾਪਤੀ 'ਤੇ ਬੱਚਿਆਂ ਦਾ ਟੈੱਸਟ ਵੀ ਲਿਆ ਗਿਆ। ਇਸ ਦੇ ਨਾਲ ਹੀ 12 ਲੜਕੀਆਂ ਨੇ ਮਹਿੰਦੀ ਪ੍ਰਤੀਯੋਗਤਾ ਵਿਚ ਵੀ ਹਿੱਸਾ ਲਿਆ।ਡਰਾਇੰਗ/ਪੇਂਟਿੰਗ ਟ੍ਰੇਨਿੰਗ ਤੋਂ ਬਾਅਦ ਟੈਸਟ ਵਿਚ ਚੌਥੀ ਤੋਂ ਅੱਠਵੀਂ ਕਲਾਸ ਦੀ ਸਾਨੀਆ ਨੇ ਪਹਿਲਾ ਪੁਰਸਕਾਰ ਜਿੱਤਿਆ, ਸਮੀਕਸ਼ਾ ਮੌਰੀਆ ਤੇ ਤਮੰਨਾ ਨੇ ਦੂਜਾ ਪੁਰਸਕਾਰ ਪ੍ਰਾਪਤ ਕੀਤਾ।ਵਿਰਾਟ ਯਾਦਵ ਤੇ ਖੁਸ਼ਦੀਪ ਕੌਰ ਨੇ ਤੀਜਾ ਪੁਰਸਕਾਰ ਜਿੱਤਿਆ।ਨੌਵੀਂ ਤੋਂ ਬਾਰ੍ਹਵੀਂ ਕਲਾਸ ਵਿਚ ਹਸਮੀਤ ਕੌਰ ਨੇ ਪਹਿਲਾ ਪੁਰਸਕਾਰ, ਕੀਰਤਜੋਤ ਨੇ ਦੂਜਾ ਪੁਰਸਕਾਰ ਅਤੇ ਪ੍ਰਭਦੀਪ ਸਿੰਘ ਨੇ ਤੀਜਾ ਪੁਰਸਕਾਰ ਪ੍ਰਾਪਤ ਕੀਤਾ।ਸਮਾਰਟ ਨੇ ਕਨਸੋਲੇਸ਼ਨ ਪੁਰਸਕਾਰ ਜਿੱਤਿਆ।ਮਹਿੰਦੀ ਪ੍ਰਤੀਯੋਗਤਾ ਵਿਚ ਸਾਨੀਆ ਨੇ ਪਹਿਲਾ, ਕੀਰਤਜੋਤ ਤੇ ਹਰਸ਼ਮੀਤ ਕੌਰ ਨੇ ਦੂਜਾ, ਬਾਣੀ ਤੇ ਭੂਮਿਕਾ ਗੋਇਲ ਨੇ ਤੀਜਾ ਅਤੇ ਸਮੀਕਸ਼ਾ ਨੇ ਕੰਨਸੋਲੇਸ਼ਨ ਪੁਰਸਕਾਰ ਜਿੱਤਿਆ। ਪੁਰਸਕਾਰ ਵੰਡਣ ਤੋਂ ਪਹਿਲਾਂ ਕਮਲ ਕਲੋਨੀ ਵਿੱਚ ਸਾਰੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨਾਲ ਇੱਕ ਰੈਲੀ ਵੀ ਕੱਢੀ ਗਈ, ਜਿਸ ਵਿੱਚ ਕੰਨਿਆ ਭਰੂਣ ਹੱਤਿਆ ਮਹਾਂ ਪਾਪ ਹੈ, ਨਸ਼ਾ ਛੱਡੋ ਤੇ ਸਮਾਜ ਨਾਲ ਨਾਤਾ ਜੋੜੋ, ਨਸ਼ਾ ਮੁਕਤ ਅਭਿਆਨ, ਦੇਸ਼ ਦੇ ਲਈ ਵਰਦਾਨ, ਬੇਟਾ ਬੇਟੀ ਇੱਕ ਸਮਾਨ, ਬੇਟੀ ਨੂੰ ਦਿਉ ਪੂਰਾ ਸਨਮਾਨ ਤੇ ਕਰੋ ਯੋਗ ਰਹੋ ਨਿਰੋਗ ਆਦਿ ਮਾਟੋ ਨੂੰ ਲੈ ਕੇ ਰੈਲੀ ਕੱਢੀ ਗਈ।ਇਸ ਤੋਂ ਬਾਅਦ ਸਕੂਲੀ ਬੱਚਿਆਂ ਨੂੰ ਡਰਾਇੰਗ/ਪੇਂਟਿੰਗ ਤੇ ਮਹਿੰਦੀ ਪ੍ਰਤੀਯੋਗਤਾ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਪੁਰਸਕਾਰ ਤੇ ਪ੍ਰਮਾਣ ਪੱਤਰ ਵੀ ਵੰਡੇ ਗਏ। ਇਹ ਪੁਰਸਕਾਰ ਤੇ ਪ੍ਰਮਾਣ ਪੱਤਰ ਨਗਰ ਪਾਲਿਕਾ ਸਮਰਾਲਾ ਦੇ ਸਾਬਕਾ ਪ੍ਰਧਾਨ ਲਾਲਾ ਮੰਗਤ ਰਾਏ, ਸਿਹਾਲਾ ਸਰਪੰਚ ਨੀਰਜ, ਟਰੱਸਟੀ ਹਰੀ ਕ੍ਰਿਸ਼ਨ ਗੰਭੀਰ, ਟਰੱਸਟੀ ਬਿਮਲਾ ਰਾਣੀ, ਅੰਬਰੇਸ਼ ਅਤੇ ਮਾ. ਜਨਕ ਰਾਜ ਵਲੋਂ ਵੰਡੇ ਗਏ।

## ਗੁਰਦੁਆਰਾ ਕਰਹਾਲੀ ਸਾਹਿਬ ਨੂੰ ਜ਼ਮੀਨ ਦਾਨ ਕਰਨ ਵਾਲਿਆਂ ਦੇ ਵਾਰਸਾਂ ਨੂੰ ਸ਼੍ਰੋਮਣੀ ਕਮੇਟੀ ਨੇ ਦਿੱਤੀਆਂ ਨੌਕਰੀਆਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਕਰਹਾਲੀ ਸਾਹਿਬ ਵਿਖੇ ਸੰਗਰਾਂਦ ਅਤੇ ਐਤਵਾਰ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਅੰਮ੍ਰਿਤ ਵੇਲਾ ਤੋਂ ਸੰਗਤ ਦੀ ਆਮਦ ਸ਼ੁਰੂ ਹੋ ਗਈ।ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕਰਨ ਉਪਰੰਤ ਸ਼ਰਧਾਲੂਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਾਜ਼ਰੀ ਭਰੀ।ਸੰਗਤ ਨੇ ਸੁੱਖ ਸ਼ਾਂਤੀ ਤੇ ਪਰਵਾਰਕ ਖੁਸ਼ੀਆਂ ਲਈ ਅਰਦਾਸਾਂ ਕਰਾਈਆਂ।ਬਾਈ ਬਲਜੀਤ ਸਿੰਘ ਕਥਾਵਾਚਕ ਵੱਲੋਂ ਇਤਿਹਾਸ ਸਬੰਧੀ ਚਾਨਣਾ ਪਾਇਆ ਗਿਆ।ਵੱਖ-ਵੱਖ ਕਵੀਸ਼ਰੀ ਤੇ ਢਾਡੀਆਂ ਨੇ ਗੁਰੂ ਜਸ ਸੁਣਿਆ।ਗੁਰੂ ਘਰ ਦੇ ਹੈੱਡ ਗ੍ਰੰਥੀ ਗਿਆਨੀ ਸਤਪਾਲ ਸਿੰਘ ਨੇ ਸਰਬੱਤ ਦੇ ਭਲੇ ਤੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੀ ਉਚੇਚੇ ਤੌਰ 'ਤੇ ਪਹੁੰਚੇ।ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਕਰਹਾਲੀ ਸਾਹਿਬ ਦੇ ਪੁਰਾਤਨ ਸਮੇਂ ਤੋਂ ਚੱਲ ਰਹੀ ਜ਼ਮੀਨ ਦੇ ਵਿਵਾਦ ਨੂੰ ਖਤਮ ਕਰਨ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਜਿਸ ਦੇ ਫਲਸਰੂਪ ਸ਼੍ਰੋਮਣੀ ਕਮੇਟੀ ਵੱਲੋਂ ਪਰਵਾਰ ਦੇ ਬਿਕਰਮ ਸਿੰਘ ਸਪੁੱਤਰ ਮਹਿੰਦਰ ਸਿੰਘ ਤੇ ਬੀਬੀ ਪਰਵਿੰਦਰ ਕੌਰ ਪਿੰਡ ਬਲਵੇੜਾ ਨੂੰ ਨੌਕਰੀ ਦਿੱਤੀ ਗਈ ਹਨ।ਜ਼ਮੀਨ ਦਾਨ ਕਰਨ ਵਾਲੇ ਪਰਵਾਰ ਦੀ ਸ਼੍ਰੋਮਣੀ ਕਮੇਟੀ ਵੱਲੋਂ ਨਵੀਂ ਭਰਤੀ ਹੋਈ ਬੀਬੀ ਪਰਵਿੰਦਰ ਕੌਰ ਨੂੰ ਪ੍ਰੋ. ਬਡੂੰਗਰ ਵਲੋਂ ਸਿਰੋਪਾਓ ਪਾ ਕੇ ਸ਼ੁਭਕਾਮਨਾਵਾਂ ਦਿੱਤੀਆਂ।

# ਸਾਬਕਾ ਮੁੱਖ ਮੰਤਰੀ ਵਿਜੈ ਰੁਪਾਨੀ ਤੇ ਹੋਰਨਾਂ ਦੇ ਦਿਹਾਂਤ 'ਤੇ ਦੁੱਖ ਪ੍ਰਗਟ

**ਕੋਟਕਪੂਰਾ (ਰਛਪਾਲ ਭੁੱਲਰ)**



ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਤੇ ਭਾਰਤੀ ਜਨਤਾ ਪਾਰਟੀ ਦੇ ਇੰਚਾਰਜ ਸ਼੍ਰੀ ਵਿਜੈ ਰੁਪਾਨੀ ਦੇ ਅਹਿਮਦਾਬਾਦ ਜਹਾਜ਼ ਹਾਦਸੇ ਵਿੱਚ ਅਚਾਨਕ ਹੋਏ ਦਿਹਾਂਤ ਉਪਰ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਦੇ ਦਿਸ਼ਾ ਨਿਰਦੇਸ਼ਾਂ ਹੇਠ ਫ਼ਰੀਦਕੋਟ ਜ਼ਿਲ੍ਹੇ ਦੇ ਯੁਵਾ ਮੋਰਚਾ ਤੇ ਮਹਿਲਾ ਮੋਰਚਾ ਨੇ ਸ਼ੋਕ ਸਭਾ ਦਾ ਆਯੋਜਨ ਕੋਟਕਪੂਰਾ ਵਿਖੇ ਕੀਤਾ।ਸ਼ੋਕ ਸਭਾ ਵਿੱਚ ਆਏ ਹੋਏ ਅਹੁਦੇਦਾਰਾਂ ਤੇ ਵਰਕਰਾਂ ਵਲੋਂ ਸ਼੍ਰੀ ਵਿਜੈ ਰੁਪਾਨੀ ਅਤੇ ਜਹਾਜ ਵਿਚ ਮੌਜੂਦ ਸਮੂਹ ਯਾਤਰੀਆਂ ਦੀ ਆਤਮਾ ਦੀ ਸ਼ਾਂਤੀ ਲਈ ਮੋਨ ਵਰਤ ਧਾਰਨ ਕਰਨ ਉਪਰੰਤ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ਅਤੇ ਸ਼੍ਰੀ ਵਿਜੈ ਰੁਪਾਨੀ ਜੀ ਦੁਆਰਾ ਗੁਜਰਾਤ ਸੂਬੇ ਤੇ ਭਾਰਤੀ ਜਨਤਾ ਪਾਰਟੀ ਲਈ ਕੀਤੇ ਗਏ ਕੰਮਾਂ ਬਾਰੇ ਵਿਸਥਾਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਯੁਵਾ ਮੋਰਚਾ ਜ਼ਿਲ੍ਹਾ ਪ੍ਰਧਾਨ ਮਰਵੀਰ ਸਿੰਘ ਰੰਗਾ ਤੇ ਮਹਿਲਾ ਮੋਰਚਾ ਜ਼ਿਲ੍ਹਾ ਦੀ ਪ੍ਰਧਾਨ ਅੰਜੂ ਸ਼ਰਮਾ ਤੇ ਉਹਨਾਂ ਦੇ ਨਾਲ ਗਗਨ, ਸਾਬਕਾ ਵਾਈਸ ਪ੍ਰਧਾਨ ਮੁਕੇਸ਼ ਗਰਗ, ਹਿੰਮਤ ਕੁਮਾਰ, ਗੁਲਾਟੀ ਸਮੇਤ ਹੋਰ ਬੀਜੇਪੀ ਦੇ ਹੋਰ ਸੀਨੀਅਰ ਅਹੁਦੇਦਾਰ ਹਾਜ਼ਰ ਹੋਏ।

## ਸਥਾਪਨਾ ਦਿਵਸ ਤੇ ਲਾਇਬ੍ਰੇਰੀ ਦਾ ਉਦਘਾਟਨ 22 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਵੱਲੋਂ 22 ਜੂਨ ਨੂੰ ਸਵੇਰੇ 10:00 ਵਜੇ ਲੇਖਕ ਭਵਨ ਸੰਗਰੂਰ ਵਿਖੇ ਸਭਾ ਦਾ ਗਿਆਰਵਾਂ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਹੈ, ਜਿਸ ਦੀ ਪ੍ਰਧਾਨਗੀ ਡਾ. ਨਰਵਿੰਦਰ ਸਿੰਘ ਕੌਸ਼ਲ ਸਾਬਕਾ ਡੀਨ ਕੁਰੂਕਸ਼ੇਤਰ ਯੂਨੀਵਰਸਿਟੀ ਕੁਰੂਕਸ਼ੇਤਰ ਕਰਨਗੇ।ਉੱਘੇ ਕਹਾਣੀਕਾਰ ਸੁਖਮਿੰਦਰ ਸੇਖੋਂ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।ਸਮਾਗਮ ਵਿੱਚ 'ਪੰਜਾਬੀ ਸਾਹਿਤ ਲਈ ਸਾਹਿਤ ਸਭਾਵਾਂ ਦਾ ਯੋਗਦਾਨ' ਵਿਸ਼ੇ 'ਤੇ ਸੈਮੀਨਾਰ ਕਰਾਇਆ ਜਾਵੇਗਾ, ਜਿਸ ਦੇ ਮੁੱਖ ਬੁਲਾਰੇ ਮਿੱਤਰ ਸੈਨ ਮੀਤ ਸੰਚਾਲਕ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਪੰਜਾਬ ਹੋਣਗੇ।

ਵਿਚਾਰ ਚਰਚਾ ਦਾ ਆਰੰਭ ਸਭਾ ਦੇ ਸਰਪ੍ਰਸਤ ਡਾ. ਮੀਤ ਖੱਟੜਾ ਕਰਨਗੇ, ਜਿਸ ਵਿੱਚ ਹਾਜ਼ਰ ਵਿਦਵਾਨ ਹਿੱਸਾ ਲੈਣਗੇ।ਸਭਾ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਮਿੱਤਰ ਸੈਨ ਮੀਤ ਵੱਲੋਂ ਦੋ ਅਲਮਾਰੀਆਂ ਭੇਟ ਕਰਕੇ ਲੇਖਕ ਭਵਨ ਦੀ ਲਾਇਬ੍ਰੇਰੀ ਦਾ ਉਦਘਾਟਨ ਵੀ ਕੀਤਾ ਜਾਵੇਗਾ, ਜਿਨ੍ਹਾਂ ਵਿੱਚੋਂ ਇੱਕ ਅਲਮਾਰੀ ਮਿੱਤਰ ਸੈਨ ਮੀਤ ਵੱਲੋਂ ਅਤੇ ਦੂਜੀ ਅਲਮਾਰੀ ਨਿਰਮਲ ਸਿੰਘ ਕੰਧਾਲਵੀ ਸੰਚਾਲਕ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਯੂ.ਕੇ. ਵੱਲੋਂ ਭੇਟ ਕੀਤੀ ਗਈ ਹੈ।ਸਮਾਗਮ ਵਿੱਚ ਲੋਕ ਪੱਖੀ ਗੀਤਕਾਰ ਤੇ ਗਾਇਕ ਧਰਮੀ ਤੁੰਗਾਂ ਨੂੰ ਲੋਕ ਗਾਇਕ ਲਾਲ ਚੰਦ ਯਮਲਾ ਜੱਟ ਐਵਾਰਡ ਨਾਲ ਸਨਮਾਨਤ ਕੀਤਾ ਜਾਵੇਗਾ।

## 60 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਕਾਬੂ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮੱਲਾਂਵਾਲਾ ਦੀ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ 60 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਖਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਸਹਾਇਕ ਥਾਣੇਦਾਰ ਗੁਰਕੰਵਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਇਲਾਕੇ ਵਿਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਸਰਬਜੀਤ ਸਿੰਘ ਉਰਫ ਪਟਵਾਰੀ ਪੁੱਤਰ ਗਿਆਨ ਸਿੰਘ ਵਾਸੀ ਪੀਰ ਮੁਹੰਮਦ ਨਸ਼ੀਲੀਆਂ ਗੋਲੀਆਂ ਵੇਚਣ ਦਾ ਆਦੀ ਹੈ ਤੇ ਅੱਜ ਵੀ ਆਸ-ਪਾਸ ਦੇ ਪਿੰਡਾਂ ਵਿੱਚ ਨਸ਼ੀਲੀਆਂ ਗੋਲੀਆਂ ਵੇਚ ਰਿਹਾ ਹੈ।

ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿੱਚੋਂ 60 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# 37 ਗ੍ਰਾਮ ਹੈਰੋਇਨ ਸਮੇਤ 6 ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਵੱਖ ਵੱਖ ਥਾਂਵਾਂ ਤੋਂ ਗਸ਼ਤ ਅਤੇ ਚੈਕਿੰਗ ਦੌਰਾਨ 37 ਗ੍ਰਾਮ ਹੈਰੋਇਨ ਸਮੇਤ 6 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਸ਼ੱਕ ਦੀ ਬਿਨਾਅ 'ਤੇ ਇਕ ਵਿਅਕਤੀ ਮੋਹਨ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਬਸਤੀ ਸ਼ੇਖਾਂ ਵਾਲੀ ਫਿਰੋਜ਼ਪੁਰ ਸ਼ਹਿਰ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿਚੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਕੈਂਟ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਇਲਾਕੇ ਵਿਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਸ਼ੱਕ ਦੀ ਬਿਨਾਅ 'ਤੇ ਰਜਵੀਰ ਸਿੰਘ ਪੁੱਤਰ ਉਡੀਕਾ ਵਾਸੀ ਮਕਾਨ ਨੰਬਰ 42 ਇੰਦਰਾ ਕਲੋਨੀ ਫ਼ਿਰੋਜ਼ਪੁਰ ਕੈਂਟ ਨੂੰ ਕਾਬੂ ਕਰਕੇ ਉਸ ਕੋਲੋਂ 7 ਗ੍ਰਾਮ ਹੈਰੋਇਨ ਬਰਾਮਦ ਕੀਤੀ।

ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਐੱਸਆਈ ਤਰਸੇਮ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਦੁਲਚੀ ਕੇ ਸਰਕਾਰੀ ਸਕੂਲ ਪਾਸ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਅਮਨਦੀਪ ਉਰਫ ਅਮਨਾ ਪੁੱਤਰ ਮੰਗਲ ਸਿੰਘ ਵਾਸੀ ਪੱਲਾ ਮੇਘਾ ਜੋ ਹੈਰੋਇਨ ਵੇਚਣ ਅਤੇ ਤਸਕਰੀ ਕਰਨ ਦਾ ਆਦੀ ਹੈ, ਅੱਜ ਵੀ ਦੁਲਚੀ ਕੇ ਬੰਨ੍ਹ 'ਤੇ ਹੈਰੋਇਨ ਲੈ ਕੇ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕੀਤੀ ਗਈ ਤਾਂ ਉਕਤ ਦੋਸ਼ੀ ਨੂੰ ਕਾਬੂ ਕਰਕੇ ਉਸ ਕੋਲੋਂ 7 ਗ੍ਰਾਮ ਹੈਰੋਇਨ ਬਰਾਮਦ ਕੀਤੀ।

ਥਾਣਾ ਆਰਿਫ ਕੇ ਪੁਲਸ ਦੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਸ਼ੱਕ ਦੀ ਬਿਨਾਅ 'ਤੇ ਇਕ ਵਿਅਕਤੀ ਰਵਿੰਦਰ ਪੁੱਤਰ ਜੱਸਾ ਵਾਸੀ ਕਮਾਲਾ ਬੋਦਲਾ ਨੂੰ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਮਮਦੋਟ ਪੁਲਿਸ ਦੇ ਸਹਾਇਕ ਥਾਣੇਦਾਰ ਜੋਰਾ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਦੌਰਾਨੇ ਗਸ਼ਤ ਦੋਸ਼ੀ ਗੁਰਪਿੰਦਰ ਸਿੰਘ ਉਰਫ਼ ਪਿੰਦਾ ਪੁੱਤਰ ਕਰਨੈਲ ਸਿੰਘ ਵਾਸੀ ਨੇੜੇ ਦੇਵੀ ਦਵਾਰ ਮੰਦਰ ਮਮਦੋਟ ਨੂੰ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ।

ਥਾਣਾ ਕੁੱਲਗੜ੍ਹੀ ਪੁਲਸ ਦੇ ਐੱਸਆਈ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਪਿੰਡ ਮੱਲਵਾਲ ਕਦੀਮ ਉਵਰ ਬ੍ਰਿਜ ਹੇਠਾ ਪੁੱਜੀ ਤਾਂ ਇਕ ਮੋਨਾ ਨੌਜਵਾਨ ਆਸ਼ੀਸ਼ ਉਰਫ ਆਸ਼ੂ ਪੁੱਤਰ ਕਾਲਾ ਪਿੰਡ ਸ਼ੇਰਖਾਂ ਪੁਲ ਹੇਠਾਂ ਖੜਾ ਵਿਖਾਈ ਦਿੱਤਾ, ਜਿਸ ਨੇ ਆਪਣੀ ਜੇਬ ਵਿੱਚੋਂ ਪਾਰਦਰਸ਼ੀ ਮੋਮੀ ਲਿਫਾਫਾ ਜ਼ਮੀਨ 'ਤੇ ਸੁੱਟ ਦਿੱਤਾ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕਾਬੂ ਕਰਕੇ ਸੁੱਟੇ ਹੋਏ ਲਿਫ਼ਾਫ਼ੇ ਦੀ ਚੈਕਿੰਗ ਕੀਤੀ ਗਈ ਤਾਂ ਉਸ ਵਿਚੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# ਪਿਤਾ ਦਿਵਸ ਮੌਕੇ ਮੈਡੀਕਲ ਚੈੱਕਅਪ ਕੈਂਪ ਲਾਇਆ



**ਲਹਿਰਾਗਾਗਾ (ਪਵਨ ਸ਼ਰਮਾ)**-ਜੀ.ਪੀ ਐੱਫ ਧਰਮਸ਼ਾਲਾ ਵਿੱਚ ਪਿਤਾ ਦਿਵਸ ਮੌਕੇ ਉਨ੍ਹਾਂ ਦੇ ਪੁੱਤਰਾਂ ਵੱਲੋਂ ਮੈਗਾ ਮੈਡੀਕਲ ਚੈੱਕਅਪ ਕੈਂਪ ਲਾ ਕੇ ਪਿਤਾ ਨੂੰ ਸਿਜਦਾ ਕੀਤਾ ਗਿਆ।ਵਰਨਣਯੋਗ ਹੈ ਕਿ ਪੋਸਟ ਗ੍ਰੈਜੂਏਟ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਸ਼੍ਰੀ ਲਕਸ਼ਮੀ ਕਾਂਤ ਖੋਖਰ ਤੇ ਜਨਰਲ ਸੈਕਟਰੀ ਸ਼੍ਰੀ ਪ੍ਰਵੀਨ ਖੋਖਰ ਵੱਲੋਂ ਆਪਣੇ ਮਰਹੂਮ ਪਿਤਾ ਡਾ. ਦੇਵ ਰਾਜ ਕੌਸ਼ਲ (ਖੋਖਰ), ਮਾਤਾ ਸਵਿੱਤਰੀ ਦੇਵੀ ਤੇ ਵੱਡੇ ਭਰਾ ਮਰਹੂਮ ਡਾ. ਦਰਸ਼ਨ ਕੁਮਾਰ ਖੋਖਰ ਦੀ ਨਿੱਘੀ ਯਾਦ ਨੂੰ ਸਮਰਪਤ ਸ਼੍ਰੀ ਵਿਸ਼ਾਲ ਦੁਰਗਾ ਸੰਕੀਰਤਨ ਮੰਡਲ (ਰਜਿ) ਦੇ ਸਹਿਯੋਗ ਨਾਲ ਵਿਸ਼ਾਲ ਮੈਗਾ ਮੈਡੀਕਲ ਚੈਕਅੱਪ ਕੈਂਪ ਲਵਾਇਆ ਗਿਆ।

ਕੈਂਪ ਦੌਰਾਨ ਡਾ. ਪ੍ਰਗਟ ਸਿੰਘ ਐਮ.ਡੀ ਮੈਡੀਸਨ (ਸ਼ੂਗਰ, ਥਾਇਰਾਇਡ, ਬੀ.ਪੀ, ਹਾਰਟ, ਲੀਵਰ ਤੇ ਛਾਤੀ ਰੋਗਾਂ ਦੇ ਮਾਹਰ), ਡਾ. ਗਗਨਦੀਪ ਸਿੰਘ (ਹੱਡੀਆਂ ਦੇ ਰੋਗਾਂ ਦੇ ਮਾਹਰ) ਤੇ ਡਾ. ਪਾਹੁਲਪ੍ਰੀਤ ਕੌਰ (ਚਮੜੀ ਰੋਗਾ ਦੇ ਮਾਹਰ) ਵੱਲੋਂ ਤਕਰੀਬਨ 150 ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਗਈ।ਇਸ ਮੌਕੇ ਤਿੰਨ ਮਹੀਨੇ ਵਾਲਾ ਸ਼ੂਗਰ ਟੈਸਟ ਤੇ ਯੂਰਿਕ ਐਸਿਡ ਟੈਸਟ ਵੀ ਮੁਫ਼ਤ ਕੀਤੇ ਗਏ।ਕੈਂਪ ਵਿੱਚ ਆਪਣਾ ਚੈੱਕਅਪ ਕਰਾਉਣ ਵਾਲੇ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੇ ਸੰਸਥਾ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।

ਡੀ.ਏ.ਵੀ. ਸਕੂਲ ਦੇ ਪ੍ਰਬੰਧਕ ਪ੍ਰਵੀਨ ਖੋਖਰ, ਲੱਕੀ ਖੋਖਰ, ਐਡਵੋਕੇਟ ਅਨਿਰੁੱਧ ਕੌਸ਼ਲ ਤੋਂ ਇਲਾਵਾ ਮੈਡਮ ਅਰਪਨਾ ਰਾਣੀ, ਡਾ. ਭਾਰਤੀ ਨੇ ਕਿਹਾ ਕਿ ਪਿਤਾ ਦਿਵਸ ਮੌਕੇ ਮਰਹੂਮ ਪਿਤਾ (ਡਾ. ਦੇਵ ਰਾਜ), ਮਰਹੂਮ ਮਾਤਾ (ਸਤਿਕਾਰਤ ਸਵਿੱਤਰੀ ਦੇਵੀ) ਦੇ ਨਾਲ ਨਾਲ ਵੱਡੇ ਭਰਾ ਡਾ. ਦਰਸ਼ਨ ਦੀ ਯਾਦ ਵਿੱਚ ਕੈਂਪ ਲਵਾ ਕੇ ਜਿੱਥੇ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕਰਕੇ ਸ਼ਰਧਾਂਜਲੀ ਦੇਣਾ ਸੀ, ਉਥੇ ਇਲਾਕੇ ਦੇ ਵੱਖ-ਵੱਖ ਬਿਮਾਰੀਆਂ ਦਾ ਸ਼ਿਕਾਰ ਹੋਏ ਰੋਗੀਆਂ ਦਾ ਚੈੱਕਅਪ ਕਰਾ ਦੇ ਉਨ੍ਹਾਂ ਦੀ ਸੇਵਾ ਕਰਨ ਦਾ ਮਨੋਰਥ ਵੀ ਸੀ।

ਇਸ ਸਮੇਂ ਸੰਸਥਾ ਦੇ ਸੰਸਥਾਪਕ ਸ੍ਰੀ ਜਸ ਪੇਂਟਰ, ਪ੍ਰਧਾਨ ਸੁਰਿੰਦਰ ਗਰਗ, ਕੈਸ਼ੀਅਰ ਗੌਰਵ ਵਿੱਕੀ, ਸੈਕਟਰੀ ਰਾਕੇਸ਼ ਬੰਸਲ ਤੋਂ ਇਲਾਵਾ ਸੁਰੇਸ਼ ਠੇਕੇਦਾਰ, ਤਰਸੇਮ ਚੰਦ ਖੱਦਰ ਭੰਡਾਰ ਵਾਲੇ, ਰਮੇਸ਼ ਕੁਮਾਰ ਕੱਪੜੇ ਵਾਲੇ, ਰਾਜ ਗੋਇਲ ਬੈਂਕ ਵਾਲੇ, ਗੋਪਾਲ ਸਿੰਗਲਾ, ਓਮ ਪ੍ਰਕਾਸ਼ ਮੌੜਾਂ ਵਾਲੇ, ਸੁਭਾਸ਼ ਜਿੰਦਲ ਗਾਗੇ ਵਾਲੇ ਨੇ ਪਿਤਾ ਦਿਵਸ ਮੌਕੇ ਪੁੱਤਰਾਂ ਵੱਲੋਂ ਪਿਤਾ ਦੇ ਨਾਲ ਨਾਲ ਹੋਰਨਾਂ ਪਰਵਾਰਕ ਮੈਂਬਰਾਂ ਦੀ ਯਾਦ ਵਿੱਚ ਲਵਾਏ ਇਸ ਕੈਂਪ ਦੇ ਉਦਮ ਦੀ ਭਰਵੀਂ ਪ੍ਰਸ਼ੰਸਾ ਕਰਦੇ ਹੋਏ ਪਰਵਾਰ ਵੱਲੋਂ ਦੋ ਕੈਂਪ ਲਵਾਉਣ ਦੇ ਫੈਸਲਾ ਦਾ ਧੰਨਵਾਦ ਵੀ ਕੀਤਾ।

## 'ਮਹਿੰਦੀ' ਟਰੈਕ ਨਾਲ ਪਾਵੀ ਸੈਦੋਕੇ ਚਰਚਾ 'ਚ

**ਬਠਿੰਡਾ (ਰਾਜੀਵ ਗੋਇਲ)**



ਦਿਨੋ ਦਿਨ ਗਾਇਕੀ ਦੇ ਵਧ ਰਹੇ ਰੁਝਾਨ ਨੇ ਗਰੀਬ ਘਰਾਂ ਦੇ ਬੱਚਿਆਂ ਵਿੱਚ ਵੀ ਗਾਇਕੀ ਦੀ ਵੱਖਰੀ ਰੁਚੀ ਪੈਦਾ ਕਰ ਦਿੱਤੀ ਹੈ ਤੇ ਸਕੂਲਾਂ ਦੀਆਂ ਸਟੇਜਾਂ ਤੋਂ ਬਾਅਦ ਜਵਾਨੀ 'ਚ ਪੈਰ ਧਰਦਿਆਂ ਨੌਜਵਾਨ ਸੋਸ਼ਲ ਮੀਡੀਆ ਦੇ ਪਲੇਟਫਾਰਮਾਂ ਜ਼ਰੀਏ ਆਪਣੀ ਕਿਸਮਤ ਨੂੰ ਅਜਮਾਉਣ ਵਿੱਚ ਲੱਗੇ ਹੋਏ ਹਨ ਤੇ ਇਸੇ ਹੀ ਲੜੀ ਤਹਿਤ 'ਮਹਿੰਦੀ' ਟਰੈਕ ਨਾਲ ਚਰਚਾ 'ਚ ਆਏ ਨੌਜਵਾਨ 'ਪਾਵੀ ਸੈਦੋਕੇ' ਵੱਲੋਂ ਆਪਣੀ ਕਿਸਮਤ ਅਜ਼ਮਾਈ ਜਾ ਰਹੀ ਹੈ। ਉਕਤ ਨੌਜਵਾਨ ਦਾ ਪਿਤਾ ਪਰਮਜੀਤ ਸਿੰਘ ਪੰਜਾਬ ਪੁਲਸ ਦਾ ਮੁਲਾਜ਼ਮ ਹੈ। ਉਕਤ ਨੌਜਵਾਨ ਪਹਿਲਾਂ ਇੱਕ ਕਿਤਾਬ ਵੀ ਲਿਖ ਚੁੱਕਾ ਹੈ।

## ਨਸ਼ੇ ਦੀਆਂ ਗੋਲੀਆਂ ਸਮੇਤ ਤਿੰਨ ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਥਾਣਾ ਫ਼ਤਹਿਗੜ੍ਹ ਸਾਹਿਬ ਅਤੇ ਨਬੀਪੁਰ ਚੌਂਕੀ ਦੀ ਪੁਲਸ ਵੱਲੋਂ ਤਿੰਨ ਵਿਅਕਤੀਆਂ ਨੂੰ ਨਸ਼ੇ ਦੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਨਬੀਪੁਰ ਚੌਕੀ ਦੀ ਇੱਕ ਪੁਲਸ ਪਾਰਟੀ ਵੱਲੋਂ ਨਬੀਪੁਰ ਸਰਵਿਸ ਰੋਡ ਤੋਂ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਗੱਗੀ ਤੇ ਨਿਤਿਨ ਵਾਸੀ ਸਰਹਿੰਦ ਦੀ ਤਲਾਸ਼ੀ ਕੀਤੀ ਗਈ ਤਾਂ ਦੋਵਾਂ ਦੇ ਕਬਜ਼ੇ 'ਚੋਂ ਕੁੱਲ 120 ਗੋਲੀਆਂ ਐਲਪ੍ਰਾਸੇਫ ਬਰਾਮਦ ਹੋਈਆਂ, ਜਿਸ 'ਤੇ ਦੋਵਾਂ ਨੂੰ ਥਾਣਾ ਸਰਹਿੰਦ ਵਿਖੇ ਅ/ਧ 22(ਬੀ) ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਗ੍ਰਿਫ਼ਤਾਰ ਕਰ ਲਿਆ ਗਿਆ।ਇੱਕ ਵੱਖਰੇ ਮਾਮਲੇ 'ਚ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਇੱਕ ਪਲਿਸ ਪਾਰਟੀ ਵੱਲੋਂ ਫ਼ਿਰੋਜ਼ਪੁਰ-ਤਲਾਣੀਆਂ ਰੋਡ 'ਤੇ ਸਥਿਤ ਇੱਕ ਅਮਰੂਦਾਂ ਦੇ ਬਾਗ ਨੇੜਿਓਂ ਕਾਬੂ ਕੀਤੇ ਗਏ ਮੇਜਰ ਸਿੰਘ ਦੀ ਤਲਾਸ਼ੀ ਲਈ ਗਈ ਤਾਂ ਉਸਦੇ ਕਬਜ਼ੇ 'ਚੋਂ 119 ਗੋਲੀਆਂ ਐਲਪ੍ਰਾਜ਼ੋਲਮ ਬਰਾਮਦ ਹੋਈਆਂ, ਜਿਸ 'ਤੇ ਉਸ ਨੂੰ ਅ/ਧ 22 (ਬੀ) ਐਨ.ਡੀ.ਪੀ.ਐਸ. ਤਹਿਤ ਗ੍ਰਿਫ਼ਤਾਰ ਕਰ ਲਿਆ ਗਿਆ।

## ਠੰਢੇ ਮਿੱਠੇ ਪਾਣੀ ਦੀ ਛਬੀਲ ਲਾਈ




**ਕੋਟਕਪੂਰਾ (ਰਛਪਾਲ ਭੁੱਲਰ)**-ਪਿੰਡ ਦੁਵਾਰੇਆਣਾ ਵਿੱਚ ਪਿੰਡ ਦੇ ਨੌਜਵਾਨਾਂ ਤੇ ਬੱਚਿਆਂ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਮੁੱਖ ਰੱਖਦੇ ਹੋਏ ਠੰਡੇ ਮਿੱਠੇ ਪਾਣੀ ਦੀ ਛਬੀਲ ਲਾਈ ਗਈ।ਇਸ ਸਮੇਂ ਨੌਜਵਾਨ ਸੁਖਮਨਦੀਪ ਸਿੰਘ ਨੇ ਦੱਸਿਆ ਕਿ ਪਿੰਡ ਦੀ ਮੁੱਖ ਫਿਰਨੀ ਸੜਕ 'ਤੇ ਠੰਡੇ ਮਿੱਠੇ ਪਾਣੀ ਦੀ ਛਬੀਲ ਲਾਈ ਗਈ ਤੇ ਰਾਹਗੀਰਾਂ ਨੇ ਸ਼ਰਬਤ ਛਕ ਕੇ ਗਰਮੀ ਤੋਂ ਰਾਹਤ ਪ੍ਰਾਪਤ ਕੀਤੀ। ਪਿੰਡ ਵਾਸੀ ਅੰਕਿਤ ਸਿੰਗਲਾ ਨੇ ਕਿਹਾ ਕਿ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਅਰਜੁਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਇਹ ਛਬੀਲ ਪਿਛਲੇ ਵੀਹ ਸਾਲਾਂ ਤੋਂ ਲਗਾਤਾਰ ਲਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਸਮੇ ਛੋਟੇ ਬੱਚਿਆਂ ਤੇ ਨੌਜਵਾਨਾਂ ਨੇ ਛਬੀਲ 'ਤੇ ਲੋਕਾਂ ਨੂੰ ਪਾਣੀ ਪਿਲਾ ਕੇ ਉਨ੍ਹਾਂ ਦੀ ਸੇਵਾ ਕੀਤੀ।



ਹੁਸਨਪ੍ਰੀਤ ਸਿੰਘ ਪੁੱਤਰ ਅਵਤਾਰ ਸਿੰਘ, ਮਾਤਾ ਗੁਰਤੇਜ ਕੌਰ ਪਿੰਡ ਪੰਡੋਰੀ ਦਾ ਅਗਨੀਵੀਰ ਭਰਤੀ ਹੋਣ 'ਤੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਸ਼ੇਰਪੁਰ ਵੱਲੋਂ ਸਨਮਾਨ ਕੀਤਾ ਗਿਆ। ਇਸ ਸਮੇਂ ਪ੍ਰਧਾਨ ਮਿਸਤਰੀ ਨਾਹਰ ਸਿੰਘ, ਹਰਵਿੰਦਰ ਸਿੰਘ ਸਰਾਂ ਸਹਾਇਕ ਸਕੱਤਰ, ਖ਼ਜ਼ਾਨਚੀ ਬਲਜਿੰਦਰ ਸਿੰਘ ਫ਼ੌਜੀ, ਹਰਦੀਪ ਸਿੰਘ, ਸੂਬੇਦਾਰ ਜਰਨੈਲ ਸਿੰਘ ਬਾਜਵਾ, ਬਹਾਦਰ ਸਿੰਘ ਤੇ ਗੁਰਤੇਜ ਸਿੰਘ ਆਦਿ ਹਾਜ਼ਰ ਸਨ। (ਫੋਟੋ ਤੇ ਵੇਰਵਾ : ਰਵੀ ਟਿੱਬਾ, ਸ਼ੇਰਪੁਰ)

17-June--page-11-Majha-2025-C-25.qxd 6/16/2025 11:01 PM Page 1



## ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਪਾਕਿ ਨਹੀਂ ਜਾਵੇਗਾ ਜਥਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ 29 ਜੂਨ 2025 ਨੂੰ ਮਨਾਈ ਜਾ ਰਹੀ ਬਰਸੀ ਮੌਕੇ ਪਾਕਿਸਤਾਨ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਨਹੀਂ ਭੇਜਿਆ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਸਿੱਖ ਸ਼ਰਧਾਲੂਆਂ ਨੇ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਜਾਣ ਲਈ ਆਪਣੇ ਪਾਸਪੋਰਟ ਸ਼੍ਰੋਮਣੀ ਕਮੇਟੀ ਦਫ਼ਤਰ ਦੇ ਯਾਤਰਾ ਵਿਭਾਗ ਵਿਖੇ ਜਮ੍ਹਾਂ ਕਰਵਾਏ ਸਨ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਉਣ ਪਾਕਿਸਤਾਨ ਵਿਖੇ ਸਿੱਖ ਸ਼ਰਧਾਲੂਆਂ ਦਾ ਜਥਾ ਭੇਜਿਆ ਜਾਂਦਾ ਹੈ, ਪ੍ਰੰਤੂ ਦੋਹਾਂ ਦੇਸ਼ਾਂ ਵਿਚ ਬਣੇ ਤਣਾਅ ਭਰੇ ਮਾਹੌਲ ਅਤੇ ਭਾਰਤ ਸਰਕਾਰ ਵੱਲੋਂ ਯਾਤਰਾ ਸਬੰਧੀ ਲਾਈਆਂ ਪਾਬੰਦੀਆਂ ਤੇ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਸ਼੍ਰੋਮਣੀ ਕਮੇਟੀ ਨੇ ਇਸ ਵਾਰ ਇਹ ਜਥਾ ਨਾ ਭੇਜਣ ਦਾ ਫੈਸਲਾ ਲਿਆ ਹੈ।ਉਨ੍ਹਾਂ ਕਿਹਾ ਕਿ ਸ਼ਰਧਾਲੂ ਵਧੇਰੇ ਜਾਣਕਾਰੀ ਲਈ ਸ਼੍ਰੋਮਣੀ ਕਮੇਟੀ ਦੇ ਯਾਤਰਾ ਵਿਭਾਗ ਵਿਖੇ ਸੰਪਰਕ ਕਰ ਸਕਦੇ ਹਨ।

## ਭਗਵਾਨਪੁਰ ਦੇ ਮੌਜੂਦਾ ਸਰਪੰਚ ਵੱਲੋਂ ਮੁੱਖ ਮੰਤਰੀ ਨੂੰ ਨਸ਼ਾ ਬੰਦ ਕਰਵਾਉਣ ਦੀ ਗੁਹਾਰ

*** ਪੰਜਾਹ ਤੋਂ ਸੌ ਰੁਪਏ ਦਾ ਨਸ਼ਾ ਸਰਿੰਜਾਂ 'ਚ ਘੋਲ ਕੇ ਹੋ ਰਿਹੈ ਸਪਲਾਈ**

ਖੇਮਕਰਨ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਹਲਕਾ ਖੇਮਕਰਨ ਦੇ ਪਿੰਡ ਭਗਵਾਨਪੁਰ ਤੋਂ ਆਮ ਆਦਮੀ ਪਾਰਟੀ ਦੇ ਸਰਪੰਚ ਗੁਰਲਾਲ ਸਿੰਘ ਵੱਲੋਂ ਆਪਣੇ ਫੇਸਬੁੱਕ ਅਕਾਊਂਟ 'ਤੇ ਲਾਈਵ ਹੋ ਕੇ ਉਨ੍ਹਾਂ ਦੇ ਪਿੰਡ 'ਚ ਸ਼ਰੇਆਮ ਵਿਕ ਰਹੇ ਨਸ਼ਿਆਂ ਨੂੰ ਬੰਦ ਕਰਵਾਉਣ ਲਈ ਮੁੱਖ ਮੰਤਰੀ ਪੰਜਾਬ ਨੂੰ ਲਗਾਈ ਗਈ ਗੁਹਾਰ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਵੀਡੀਓ ਵਿੱਚ ਸਰਪੰਚ ਗੁਰਲਾਲ ਸਿੰਘ ਕਹਿੰਦੇ ਨਜ਼ਰ ਆ ਰਹੇ ਹਨ ਕਿ ਛੋਟਾ ਭਗਵਾਨਪੁਰ ਤੇ ਵੱਡਾ ਭਗਵਾਨਪੁਰ 'ਚ ਨਸ਼ਿਆਂ ਦੇ ਵਪਾਰੀ ਏਜੰਸੀਆਂ ਵਾਂਗ ਬਿਨਾਂ ਕਿਸੇ ਡਰ-ਭੈਅ ਦੇ ਨਸ਼ਾ ਵੇਚ ਰਹੇ ਹਨ ਤੇ ਅਜਿਹੇ ਭੈੜੇ ਅਨਸਰਾਂ ਨੂੰ ਕਾਬੂ ਕਰਨ ਵਾਲਾ ਪੁਲਸ ਪ੍ਰਸ਼ਾਸਨ ਗੂੜ੍ਹੀ ਨੀਂਦ ਸੁੱਤਾ ਹੋਇਆ ਹੈ। ਸਰਪੰਚ ਅਨੁਸਾਰ ਜਦੋਂ ਉਹ ਪਿੰਡ 'ਚ ਕੁਝ ਦਿਨ ਪਹਿਲਾਂ ਨਸ਼ਿਆਂ ਸਬੰਧੀ ਮਾਹੌਲ ਦਾ ਜਾਇਜ਼ਾ ਲੈਣ ਗਿਆ ਤਾਂ ਉਥੇ ਵੀ ਸਰਿੰਜਾਂ ਦਾ ਢੇਰ ਲੱਗਿਆ ਪਿਆ ਸੀ। ਪਿੰਡ ਦੇ ਹਾਲਾਤ ਇਸ ਕਦਰ ਖ਼ਰਾਬ ਹੋ ਚੁੱਕੇ ਹਨ ਕਿ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਪੰਜਾਹ ਤੋਂ ਸੌ ਰੁਪਏ ਵਿੱਚ ਸਰਿੰਜਾਂ 'ਚ ਨਸ਼ਾ ਘੋਲ ਕੇ ਸਪਲਾਈ ਕੀਤਾ ਜਾ ਰਿਹਾ ਹੈ। ਸਰਪੰਚ ਗੁਰਲਾਲ ਸਿੰਘ ਅਨੁਸਾਰ ਪਹਿਲਾਂ ਤਾਂ ਕੁਝ ਕੇਸਾਂ ਵਿੱਚ ਨਾਮਜ਼ਦ ਤੇ ਜ਼ਮਾਨਤ 'ਤੇ ਬਾਹਰ ਆਏ ਵਿਅਕਤੀ ਨਸ਼ਿਆਂ ਦਾ ਕਾਰੋਬਾਰ ਚਲਾ ਰਹੇ ਹਨ। ਗੁਰਲਾਲ ਸਿੰਘ ਦਾ ਕਹਿਣਾ ਸੀ ਕਿ ਉਨ੍ਹਾਂ ਦੇ ਪਿੰਡ ਦੇ ਹਾਲਾਤ ਬਹੁਤ ਜ਼ਿਆਦਾ ਖ਼ਰਾਬ ਹੋ ਚੁੱਕੇ ਹਨ। ਨਸ਼ਿਆਂ ਦੇ ਇਹ ਛੋਟੇ-ਛੋਟੇ ਵਪਾਰੀ ਪੁਲਸ ਤੋਂ ਬਿਨਾਂ ਡਰ ਖਾਣ ਵਿੱਚ ਨਸ਼ੇ ਸਪਲਾਈ ਕਰ ਰਹੇ ਹਨ।



ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਜ਼ਿਲ੍ਹੇ ਦੇ ਐੱਸਐੱਸਪੀ ਨੂੰ ਅਪੀਲ ਕੀਤੀ ਕਿ ਇਨ੍ਹਾਂ ਨਸ਼ਿਆਂ ਦੇ ਵਪਾਰੀਆਂ ਖ਼ਿਲਾਫ਼ ਬਣਦੀ ਕਾਰਵਾਈ ਕਰਨ ਤੋਂ ਇਲਾਵਾ ਪਿੰਡ ਵਿੱਚ ਪੈਟਰੋਲਿੰਗ ਦਾ ਪ੍ਰਬੰਧ ਕੀਤਾ ਜਾਵੇ। ਸਰਪੰਚ ਦਾ ਕਹਿਣਾ ਸੀ ਕਿ ਜੇਕਰ ਪ੍ਰਸ਼ਾਸਨ ਉਨ੍ਹਾਂ ਦੇ ਪਿੰਡ ਵਿੱਚ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਕਾਬੂ ਕਰਨ ਵਿੱਚ ਕਾਮਯਾਬ ਹੋ ਜਾਂਦਾ ਹੈ ਤਾਂ ਨੇੜਲੇ ਲਗਭਗ ਦਸ ਪਿੰਡਾਂ ਦੇ ਨੌਜਵਾਨਾਂ ਦਾ ਭਲਾ ਹੋ ਜਾਵੇਗਾ।ਸਰਪੰਚ ਨੇ ਹਲਕਾ ਵਿਧਾਇਕ ਨੂੰ ਵੀ ਅਪੀਲ ਕੀਤੀ ਕਿ ਇਨ੍ਹਾਂ ਭੈੜੇ ਅਨਸਰਾਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਵਾਈ ਜਾਵੇ।

## ਪਤੀ ਤੇ ਪੁੱਤਰ ਵੱਲੋਂ ਘਰੋਂ ਕੱਢੀ ਮਾਤਾ ਗੁਰਮੀਤ ਕੌਰ ਵੱਲੋਂ ਇਨਸਾਫ ਦੀ ਮੰਗ



ਸਰਾਏ ਅਮਾਨਤ ਖਾਂ (ਮੁਖਤਾ ਮਨੇਜ)-ਪਿੰਡ ਮੂਸੇ ਕਲਾਂ ਤੋਂ ਇੱਕ ਬਜ਼ੁਰਗ ਮਾਤਾ ਨੂੰ ਉਸ ਦੇ ਪਤੀ ਤੇ ਪੁੱਤਰ ਨੇ ਘਰ ਤੋਂ ਧੱਕੇ ਮਾਰ ਕੇ ਬਾਹਰ ਕੱਢ ਦਿੱਤਾ। ਇਸ ਸੰਬੰਧੀ ਬਯਾਨ ਵਿਖੇ ਆਪਣੀ ਦਰਦ ਕਹਾਣੀ 'ਚ ਮਾਤਾ ਨੇ ਦੱਸਿਆ ਕਿ ਮੈਂ ਗੁਰਮੀਤ ਕੌਰ ਪਤਨੀ ਜਗੀਰ ਸਿੰਘ ਵਾਸੀ ਪਿੰਡ ਮੂਸੇ ਕਲਾਂ ਤਹਿ ਜ਼ਿਲ੍ਹਾ ਤਰਨ ਤਾਰਨ ਦੀ ਰਹਿਣ ਵਾਲੀ ਹਾਂ। ਉਕਤ ਜਗੀਰ ਸਿੰਘ ਮੈਨੂੰ ਬਹੁਤ ਜ਼ਿਆਦਾ ਤੰਗ ਪ੍ਰੇਸ਼ਾਨ ਕਰ ਰਹੇ ਹਨ ਤੇ ਮੈਨੂੰ ਧੱਕੇ ਦੇ ਕੇ ਘਰੋਂ ਬਾਹਰ ਕੱਢ ਦਿੱਤਾ। ਉਹ ਹੁਣ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹੈ। ਪਹਿਲਾਂ ਪੰਚਾਇਤ ਅਤੇ ਮੋਹਤਬਰ ਵਿਅਕਤੀਆਂ ਦੀ ਹਾਜ਼ਰੀ ਵਿਚ ਮੈਨੂੰ 4 ਕਨਾਲ ਜ਼ਮੀਨ ਅਤੇ ਇੱਕ ਕੋਠਾ ਰਹਿਣ ਲਈ ਦਿੱਤਾ ਸੀ ਪਰ ਹੁਣ ਮੇਰਾ ਪਤੀ ਅਤੇ ਲੜਕਾ ਨਾ ਤਾਂ ਮੈਨੂੰ ਜ਼ਮੀਨ ਦੇ ਰਹੇ ਹਨ ਅਤੇ ਨਾ ਹੀ ਘਰ ਵਿਚ ਰਹਿਣ ਲਈ ਜਗ੍ਹਾ ਦੇ ਰਹੇ ਹਨ।

ਮੈਨੂੰ ਇਨ੍ਹਾਂ ਨੇ ਕਰੀਬ ਦੋ ਮਹੀਨਿਆਂ ਤੋਂ ਘਰੋਂ ਕੱਢਿਆ ਹੋਇਆ ਹੈ ਤੇ ਮੈਂ ਕਿਸੇ ਰਿਸ਼ਤੇਦਾਰ ਦੇ ਘਰ ਵਿਚ ਰਹਿ ਕੇ ਗੁਜ਼ਾਰਾ ਕਰ ਰਹੀ ਹਾਂ। ਪੰਚਾਇਤ ਵਿਚ ਹੋਏ ਫੈਸਲੇ ਦੌਰਾਨ ਜਿਹੜੇ ਗਵਾਹ ਹਨ, ਉਹ ਵੀ ਮੇਰੇ ਨਾਲ ਸਹਿਮਤ ਹਨ ਅਤੇ ਗਵਾਹੀ ਦੇਣ ਲਈ ਵੀ ਤਿਆਰ ਹਨ। ਮੇਰੀ ਲੜਕੀ ਨੂੰ ਆਪਣੇ ਸਹੁਰੇ ਘਰੋਂ ਬੁਲਾ ਕੇ ਮੇਰੀ ਅਤੇ ਮੇਰੀ ਬੇਟੀ ਦੀ ਕੁੱਟਮਾਰ ਵੀ ਕੀਤੀ ਹੈ।ਮੇਰੀ ਪੰਚਾਇਤ ਅਤੇ ਪ੍ਰਸ਼ਾਸਨ ਤੋਂ ਮੰਗ ਹੈ ਕਿ ਕ੍ਰਿਪਾ ਕਰਕੇ ਇਸ ਸਬੰਧ ਵਿਚ ਉਕਤ ਵਿਅਕਤੀਆਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਇਨਸਾਫ ਦਿਵਾਇਆ ਜਾਵੇ।

## ਦੋ ਮੋਟਰਸਾਈਕਲਾਂ ਦੀ ਆਪਸੀ ਟੱਕਰ 'ਚ ਇੱਕ ਦੀ ਮੌਤ, ਇੱਕ ਜ਼ਖ਼ਮੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੁਲਸ ਥਾਣਾ ਕਾਦੀਆਂ ਤੋਂ ਥੋੜ੍ਹੀ ਹੀ ਦੂਰੀ ਤੇ ਰੇਲਵੇ ਰੋਡ ਦੇ ਉੱਪਰ ਇੱਕ ਬੁੱਲਟ ਮੋਟਰਸਾਈਕਲ ਚਾਲਕ ਦੇ ਵੱਲੋਂ ਬੜੀ ਤੇਜ਼ ਰਫ਼ਤਾਰ ਦੇ ਨਾਲ ਸੜਕ ਤੋਂ ਦੂਜੇ ਪਾਸੇ ਜਾ ਕੇ ਮੋਟਰਸਾਈਕਲ ਸਵਾਰਾਂ ਦੇ ਵਿੱਚ ਟੱਕਰ ਮਾਰੀ ਇਸ ਹਾਦਸੇ ਦੇ ਵਿੱਚ ਮੋਟਰਸਾਈਕਲ ਚਾਲਕ ਇੱਕ ਨੌਜਵਾਨ ਦੀ ਮੌਤ ਹੋ ਗਈ।ਦੂਸਰਾ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ।ਇਸ ਸਬੰਧੀ ਪੁਲਿਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਤਰਲੋਕ ਕੁਮਾਰ ਪੁੱਤਰ ਬਿਸ਼ਨ ਦਾਸ ਵਾਸੀ ਮੁਹੱਲਾ ਕ੍ਰਿਸ਼ਨਾ ਨਗਰ ਕਾਦੀਆਂ ਨੇ ਦੱਸਿਆ ਕਿ ਕਿ ਮੇਰਾ ਲੜਕਾ ਦਿਵਰਜੀਤ ਭਗਤ (24) ਜੋ ਅਜੇ ਪੁੱਤਰ ਯੂਸਫ਼ ਵਾਸੀ ਮੁਹੱਲਾ ਪ੍ਰਤਾਪ ਨਗਰ ਕਾਦੀਆਂ ਦੇ ਨਾਲ ਇਕੱਠੇ ਰੰਗ ਰੋਗਨ ਦਾ ਕੰਮ ਕਰਦਾ ਹੈ ਅਤੇ ਮੇਰਾ ਲੜਕਾ ਮੋਟਰਸਾਈਕਲ ਨੰਬਰ ਪੀਬੀ 18 ਐਸ 2808 ਤੇ ਸਵਾਰ ਹੋ ਕੇ ਆਪਣੇ ਦੋਸਤ ਅਜੇ ਦੇ ਨਾਲ ਰੰਗ ਰੋਗਨ ਦੇ ਕੰਮ ਕਾਰ ਲਈ ਰੇਲਵੇ ਸਟੇਸ਼ਨ ਕਾਦੀਆਂ ਤੋਂ ਕਾਦੀਆਂ ਸ਼ਹਿਰ ਵੱਲ ਨੂੰ ਜਾ ਰਹੇ ਸਨ।ਜਦੋਂ ਉਸ ਦਾ ਲੜਕਾ ਮੋਟਰਸਾਈਕਲ ਤੇ ਜਾ ਰਿਹਾ ਸੀ ਤਾਂ ਇੱਕ ਬੁੱਲਟ ਮੋਟਰਸਾਈਕਲ ਜਿਸ ਉਪਰ ਦੋ ਨੌਜਵਾਨ ਸਵਾਰ ਸਨ।ਜਿਨ੍ਹਾਂ ਨੇ ਪੂਰੀ ਤੇਜ਼ ਰਫ਼ਤਾਰ ਦੇ ਨਾਲ ਲਾਪਰਵਾਹੀ ਦੇ ਨਾਲ ਗਲਤ ਸਾਈਡ ਤੇ ਆ ਕੇ ਆਪਣਾ ਬੁੱਲਟ ਮੋਟਰਸਾਈਕਲ ਉਹਨਾਂ ਦੇ ਲੜਕੇ ਦੇ ਮੋਟਰਸਾਈਕਲ ਵਿੱਚ ਮਾਰਿਆ ਅਤੇ ਬੁੱਲਟ ਮੋਟਰਸਾਈਕਲ ਸਵਾਰ ਆਪਣਾ ਬੁੱਲਟ ਮੋਟਰਸਾਈਕਲ ਲੈ ਕੇ ਮੌਕੇ ਤੋਂ ਭੱਜ ਗਏ ਜਿਸ ਨਾਲ ਉਸਦੇ ਲੜਕੇ ਦਿਵਰਜੀਤ ਭਗਤ ਅਤੇ ਉਸਦਾ ਦੋਸਤ ਅਜੇ ਸੜਕ ਤੇ ਡਿੱਗ ਪਏ ਅਤੇ ਉਨ੍ਹਾਂ ਦੇ ਲੜਕੇ ਦਿਵਰਜੀਤ ਭਗਤ ਦੇ ਸਿਰ ਵਿੱਚ ਕਾਫੀ ਸੱਟਾਂ ਲੱਗੀਆਂ ਜਿਸ ਤੋਂ ਬਾਅਦ ਉਨ੍ਹਾਂ ਨੇ ਤੁਰੰਤ ਉਨ੍ਹਾਂ ਨੂੰ ਬਟਾਲਾ ਦੇ ਸਿਵਲ ਹਸਪਤਾਲ ਵਿੱਚ ਇਲਾਜ ਲਈ ਪਹੁੰਚਾਇਆ ਜਿੱਥੇ ਡਾਕਟਰਾਂ ਨੇ ਉਨ੍ਹਾਂ ਦੇ ਲੜਕੇ ਨੂੰ ਮ੍ਰਿਤਕ ਕਰਾਰ ਦਿੱਤਾ ਅਤੇ ਦੂਸਰੇ ਲੜਕੇ ਨੂੰ ਅੰਮ੍ਰਿਤਸਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਡਾਕਟਰਾਂ ਦੇ ਵੱਲੋਂ ਰੈਫਰ ਕੀਤਾ ਗਿਆ।ਉਧਰ ਦੂਜੇ ਪਾਸੇ ਪੁਲਸ ਥਾਣਾ ਕਾਦੀਆਂ ਦੇ ਏਐਸਆਈ ਸੁਰਜੀਤ ਸਿੰਘ ਦੇ ਵੱਲੋਂ ਮ੍ਰਿਤਕ ਨੌਜਵਾਨ ਦੇ ਪਿਤਾ ਦੇ ਬਿਆਨਾਂ ਦੇ ਆਧਾਰ ਤੇ ਅਣਪਛਾਤੇ ਬੁੱਲਟ ਮੋਟਰਸਾਈਕਲ ਸਵਾਰ ਦੇ ਖਿਲਾਫ ਥਾਣਾ ਕਾਦੀਆਂ ਦੇ ਅੰਦਰ ਮੁਕੱਦਮਾ ਨੰਬਰ 83 ਜੁਰਮ 281,106 125 ਏ 125 ਬੀ 324 (4)ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ।

## ਕਾਲਾਬਜ਼ਾਰੀ ਨੂੰ ਰੋਕਣ ਲਈ ਥੋਕ ਤੇ ਪ੍ਰਚੂਨ ਖਾਦ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਤੇ ਗੋਦਾਮਾਂ ਦੀ ਚੈਕਿੰਗ ਜਾਰੀ: ਡਾ. ਅਮਰੀਕ ਸਿੰਘ

ਗੁਰਦਾਸਪੁਰ (ਜਨਕ ਮਹਾਜਨ)-ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੇ ਹੁਕਮਾਂ ਤੇ ਕਿਸਾਨਾਂ ਨੂੰ ਮਿਆਰੀ ਖੇਤੀ ਸਮੱਗਰੀ ਖਾਸ ਕਰਕੇ ਹਾੜ੍ਹੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿੱਚ ਸ਼ੁਰੂ ਕੀਤੀ ਵਿਸ਼ੇਸ਼ ਮੁਹਿੰਮ ਤਹਿਤ ਬਲਾਕ ਗੁਰਦਾਸਪੁਰ ਦੇ ਥੋਕ ਅਤੇ ਪ੍ਰਚੂਨ ਖਾਦ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਅਤੇ ਗੋਦਾਮਾਂ ਦੀ ਚੈਕਿੰਗ ਕੀਤੀ ਗਈ ਤਾਂ ਜੋ ਯੂਰੀਆ ਖਾਦ ਦੀ ਕਾਲਾਬਜ਼ਾਰੀ ਜਾਂ ਜਮਾਂਖੋਰੀ ਨੂੰ ਰੋਕਿਆ ਜਾ ਸਕੇ। ਇਸ ਮੌਕੇ ਡਾ. ਮਨਪ੍ਰੀਤ ਸਿੰਘ ਖੇਤੀਬਾੜੀ ਅਫ਼ਸਰ, ਡਾ. ਅੰਮ੍ਰਿਤਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ ਹਾਜ਼ਰ ਸਨ।ਗੱਲਬਾਤ ਕਰਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲਾ ਗੁਰਦਾਸਪੁਰ ਵਿਚ ਕਿਸਾਨਾਂ ਨੂੰ ਸਰਕਾਰ ਵਲੋਂ ਨਿਰਧਾਰਿਤ ਮੁੱਲ ਤੇ ਜਨ ਖੇਤੀ ਸਮੱਗਰੀ ਖਾਸ ਕਰਕੇ ਖਾਦਾ ਉਪਲਬਧ ਕਰਵਾਉਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਖਾਦ ਵਿਕ੍ਰੇਤਾਵਾਂ ਦੇ ਕਾਰੋਬਾਰ ਨਾਲ ਸਬੰਧਤ ਦੁਕਾਨਾਂ ਅਤੇ ਗੁਦਾਮਾਂ ਦੀ ਚੈਕਿੰਗ ਤੋਂ ਇਲਾਵਾ ਕਾਗਜ਼ਾਤ ਦੀ ਵੀ ਚੈਕਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਝੋਨੇ ਦੇ ਸੀਜ਼ਨ ਨੂੰ ਦੇਖਦਿਆਂ ਖਾਦਾਂ ਦੇ ਅਗਾਂਹ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋਂ ਕਿਸੇ ਕਿਸਾਨ ਨੂੰ ਖਾਦ ਦੀ ਖਰੀਦ ਸਮੇਂ ਕੋਈ ਮੁਸ਼ਕਲ ਪੇਸ਼ ਨਾ ਆਵੇ।ਉਨ੍ਹਾਂ ਖਾਦ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ ਪੌਸ਼ ਮਸ਼ੀਨਾਂ ਵਿੱਚ ਮੌਜੂਦ ਵਿਕਰੀ ਕੀਤੀ ਖਾਦ ਦਾ ਸਟਾਕ ਨਿਲ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਪੌਸ਼ ਮਸ਼ੀਨਾਂ ਅਤੇ ਦੁਕਾਨ ਤੇ ਅਣਵਿਕੀ ਖਾਦ ਦਾ ਸਟਾਕ ਇਕਸਾਰ ਹੋਵੇ ਤਾਂ ਜੋ ਜ਼ਰੂਰਤ ਅਨੁਸਾਰ ਭਾਰਤ ਸਰਕਾਰ ਤੋਂ ਡੀ ਏ ਪੀ ਖਾਦ ਮਿਲ ਸਕੇ।ਉਨਾਂ ਸਮੂਹ ਡੀਲਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਲਾਇਸੰਸ ਅਤੇ ਹੋਰ ਜ਼ਰੂਰੀ ਦਸਤਾਵੇਜ਼ ਪੂਰੇ ਕਰਕੇ ਰੱਖਣ ਅਤੇ ਇਸ ਵਿੱਚ ਕਿਸੇ ਵੀ ਤਰ੍ਹਾ ਦੀ ਕੁਤਾਹੀ ਨਾ ਵਰਤੀ ਜਾਵੇ ਅਤੇ ਸਟਾਕ ਬੋਰਡ ਉੱਪਰ ਰੋਜ਼ਾਨਾ ਖਾਦ ਦਾ ਸਟਾਕ ਅਤੇ ਰੇਟ ਲਿਖਿਆ ਜਾਵੇ।ਉਨ੍ਹਾਂ ਕਿਹਾ ਕਿ ਡੀਲਰਾਂ ਵੱਲੋਂ ਕਿਸਾਨਾਂ ਨੂੰ ਜੋ ਵੀ ਖੇਤੀ ਸਮੱਗਰੀ ਦੀ ਵਿਕਰੀ ਕੀਤੀ ਜਾਂਦੀ ਹੈ, ਉਸ ਦਾ ਪੱਕਾ ਬਿੱਲ ਕੱਟ ਕੇ ਦਿੱਤਾ ਜਾਵੇ ਅਤੇ ਕੇਵਲ ਲੋੜੀਂਦੀ ਸਮੱਗਰੀ ਹੀ ਕਿਸਾਨਾਂ ਨੂੰ ਵਿਕਰੀ ਕੀਤੀ ਜਾਵੇ ਅਤੇ ਕੋਈ ਹੋਰ ਬੇਲੋੜੀਆਂ ਵਸਤਾਂ ਕਿਸਾਨਾਂ ਨੂੰ ਨਾ ਦਿੱਤੀਆਂ ਜਾਣ।ਉਨ੍ਹਾਂ ਕਿਹਾ ਕਿ ਚੈਕਿੰਗ ਦੌਰਾਨ ਜੇਕਰ ਕੋਈ ਦੁਕਾਨਦਾਰ ਬਗੈਰ ਬਿੱਲ ਤੋਂ ਖਾਦ, ਦਵਾਈ ਜਾਂ ਬੀਜ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਖਾਦ ਕੰਟਰੋਲ ਆਰਡਰ 1985 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਖਾਦ,ਕੀਟਨਾਸ਼ਕ ਰਸਾਇਣ ਜਾਂ ਬੀਜ ਖ੍ਰੀਦਣ ਸਮੇਂ ਦੁਕਾਨਦਾਰ ਤੋਂ ਬਿੱਲ ਜ਼ਰੂਰ ਲੈਣ ਅਤੇ ਜੇਕਰ ਕੋਈ ਡੀਲਰ ਬਿੱਲ ਦੇਣ ਤੋਂ ਇਨਕਾਰੀ ਹੁੰਦਾ ਹੈ ਤਾਂ ਉਸ ਦੀ ਲਿਖਤੀ ਤੌਰ 'ਤੇ ਸ਼ਿਕਾਇਤ ਸੰਬੰਧਤ ਖੇਤੀਬਾੜੀ ਅਧਿਕਾਰੀ ਜਾਂ ਮੁੱਖ ਖੇਤੀਬਾੜੀ ਅਫਸਰ ਨੂੰ ਕਰਨ।

## ਜੀ ਟੀ ਬੀ ਆਈ ਸਕੂਲ 'ਚ ਅਧਿਆਪਕਾਂ ਦੀ ਇੱਕ ਰੋਜ਼ਾ ਟ੍ਰੇਨਿੰਗ ਕਰਵਾਈ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰੂ ਤੇਗ ਬਹਾਦੁਰ ਇੰਟਰਨੈਸ਼ਨਲ (ਜੀਟੀਬੀਆਈ) ਸਕੂਲ ਕਲਿਆਣਪੁਰ (ਧਾਰੀਵਾਲ) ਵਿਖੇ ਅਧਿਆਪਕਾਂ ਲਈ ਇੱਕ ਰੋਜ਼ਾ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਸਬੰਧੀ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ ਐਡਵੋਕੇਟ ਅਤੇ ਪ੍ਰਿੰਸੀਪਲ ਬਰਿੰਦਰ ਜੋਤ ਕੌਰ ਨੇ ਸਾਂਝੇ ਤੌਰ ਦੱਸਿਆ ਕਿ ਅਧਿਆਪਕਾਂ ਦੀ ਇਸ ਟਰੇਨਿੰਗ ਦਾ ਮੰਤਵ ਬੱਚਿਆਂ ਨੂੰ ਅਧੁਨਿਕ ਤਕਨੀਕਾਂ ਨਾਲ ਪੜ੍ਹਾਉਣਾ, ਬੱਚਿਆਂ ਦੀ ਪੜ੍ਹਾਈ ਨੂੰ ਰੌਚਿਕ ਅਤੇ ਪ੍ਰਭਾਵਸ਼ਾਲੀ ਬਣਾਉਣਾ ਸੀ।



ਇਸ ਟ੍ਰੇਨਿੰਗ ਦੌਰਾਨ ਨਵੀਂ ਦਿੱਲੀ ਤੋਂ ਪਹੁੰਚੇ ਸਿੱਖਿਆ ਮਾਹਿਰ ਸ਼੍ਰੀਮਤੀ ਦੀਪਿਕਾ ਕਪੂਰ ਅਤੇ ਉਨ੍ਹਾਂ ਦੀ ਟੀਮ ਦੁਆਰਾ ਅਧਿਆਪਕਾਂ ਨੂੰ ਬਹੁਤ ਹੀ ਵਧੀਆ ਤਰੀਕੇ ਨਾਲ ਵਿਦਿਆਰਥੀਆਂ ਦੇ ਨਿੱਜੀ ਅਤੇ ਪਰੋਫੈਸ਼ਨਲ ਵਿਕਾਸ ਬਾਰੇ ਜਾਣੂ ਕਰਵਾਇਆ ਗਿਆ। ਅਧਿਆਪਕਾਂ ਨੂੰ ਸਰਕਾਰ ਦੀਆਂ ਨਵੀਆਂ ਸਿੱਖਿਅਕ ਨੀਤੀਆਂ ਤੋਂ ਜਾਣੂ ਕਰਵਾਇਆ ਗਿਆ ਤਾਂ ਜੋ ਉਹ ਆਪਣੇ ਵਿਸ਼ੇ ਨੂੰ ਹੋਰ ਵਧੀਆ ਤੇ ਰੌਚਕ ਤਰੀਕੇ ਨਾਲ ਪੜ੍ਹਾ ਸਕਣ। ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ ਐਡਵੋਕੇਟ ਅਤੇ ਪ੍ਰਿੰਸੀਪਲ ਬਰਿੰਦਰ ਜੋਤ ਕੌਰ ਨੇ ਸਾਂਝੇ ਤੌਰ ਦੱਸਿਆ ਕਿ ਸਕੂਲ ਵੱਲੋਂ ਅਧਿਆਪਕਾਂ ਨੂੰ ਸਮੇਂ-ਸਮੇਂ ਤੇ ਸਿੱਖਿਅਕ ਨੀਤੀਆਂ ਵਿੱਚ ਬਦਲਾਅ ਬਾਰੇ ਜਾਣਕਾਰੀ ਦੇਣ ਲਈ ਅਜਿਹੀਆਂ ਟ੍ਰੇਨਿੰਗਾਂ ਦਾ ਆਯੋਜਨ ਕੀਤਾ ਜਾਂਦਾ ਹੈ ਤਾਂ ਜੋ ਅਧਿਆਪਕ ਆਪਣੇ ਆਪ ਨੂੰ ਸਮੇਂ ਦਾ ਹਾਣੀ ਬਣਾ ਸਕਣ ਤੇ ਵਿਦਿਆਰਥੀਆਂ ਨੂੰ ਵਧੀਆ ਗਿਆਨ ਦੀ ਪ੍ਰਾਪਤੀ ਹੋਵੇ। ਇਸ ਮੌਕੇ ਸਕੂਲ ਦੀ ਮੈਨੇਜਮੈਂਟ ਵੱਲੋਂ ਆਈ ਟੀਮ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਸਾਬਕਾ ਫੌਜੀਆਂ ਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ 4 ਕਰੋੜ 40 ਲੱਖ ਰੁਪਏ ਦੀ ਰਾਸ਼ੀ ਤਕਸੀਮ: ਕਮਾਂਡਰ ਵਿਰਕ

**ਗੁਰਦਾਸਪੁਰ, (ਦਿਨੇਸ਼ ਕੁਮਾਰ/ਜਨਕ ਮਹਾਜਨ)**-ਕਮਾਂਡਰ ਬਲਜਿੰਦਰ ਵਿਰਕ (ਰਿਟਾ.) ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੇਵਾਰਤ ਸੈਨਿਕਾਂ ਅਤੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਤਹਿਤ ਉਨ੍ਹਾਂ ਦੇ ਦਫਤਰ ਵੱਲੋਂ ਲੰਘੇ ਵਿੱਤੀ ਵਰ੍ਹੇ ਦੌਰਾਨ 30 ਅਪ੍ਰੈਲ ਤੱਕ ਪੰਜਾਬ ਸਰਕਾਰ ਦੀ ਤਰਫੋਂ 04 ਕਰੋੜ 40 ਲੱਖ ਰੁਪਏ ਦੀ ਰਾਸ਼ੀ ਸਿੱਧੇ ਤੌਰ ਤੇ ਲਾਭ ਪਾਤਰੀਆਂ ਦੇ ਖਾਤਿਆਂ ਵਿੱਚ ਤਕਸੀਮ ਕਰਕੇ ਮਾਣ ਪ੍ਰਾਪਤ ਕੀਤਾ ਹੈ।ਪੰਜਾਬ ਸਰਕਾਰ ਵੱਲੋਂ ਇਸ ਦਫਤਰ ਰਾਹੀਂ ਵਿੱਤੀ ਲਾਭ ਪ੍ਰਾਪਤ ਕਰ ਰਹੇ ਸਮੂਹ ਲਾਭਪਾਤਰੀਆਂ ਨੂੰ ਅਧਿਕਾਰੀਆਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਉਨ੍ਹ ਵੱਲੋਂ ਦਫਤਰ ਨੂੰ ਦਿੱਤੇ ਆਪਣੇ ਬੈਂਕ ਖਾਤੇ ਚੈੱਕ ਕਰ ਲਏ ਜਾਣ।ਜੇਕਰ ਕਿਸੇ ਕਾਰਨ ਕਿਸੇ ਲਾਭਪਾਤਰੀ ਦੇ ਪੈਸੇ ਉਨ੍ਹਾ ਦੇ ਖਾਤੇ ਵਿੱਚ ਨਾ ਆਏ ਹੋਣ ਤਾਂ ਉਹ ਦਫਤਰ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਗੁਰਦਾਸਾਪੁਰ ਨਾਲ ਤੁਰੰਤ ਸੰਪਰਕ ਕਰਨ ਤਾਂ ਜੋ ਲੋੜੀਂਦੀ ਕਾਰਵਾਈ ਸਮੇਂ ਸਿਰ ਕੀਤੀ ਜਾ ਸਕੇ।ਇਸ ਮੌਕੇ ਅਧਿਕਾਰੀ ਨੇ ਦੱਸਿਆ ਕਿ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਨਿਯਮਾਂ ਅਨੁਸਾਰ ਬਣਦੇ ਲਾਭ ਦੁਆਉਣ ਵਿੱਚ ਇਸ ਦਫਤਰ ਵੱਲੋਂ ਭਰਪੂਰ ਕੋਸ਼ਿਸ਼ ਕੀਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਇਸ ਦਫਤਰ ਵਿਖੇ ਕੰਮ ਕਰਵਾਉਣ ਲਈ ਆਉਣ ਵਾਲੇ ਹਰੇਕ ਸਾਬਕਾ ਸੈਨਿਕ ਅਤੇ ਵਿਧਵਾ ਦੀਆਂ ਮੁਸ਼ਕਿਲਾਂ, ਦਿੱਕਤਾਂ ਅਤੇ ਕੰਮਾਂ ਦਾ ਨਿਪਟਾਰਾ ਤੁਰੰਤ ਕੀਤਾ ਜਾਂਦਾ ਹੈ।ਅਜੋਕੇ ਯੁਗ ਵਿੱਚ ਕੰਪਿਊਟਰ ਸਿੱਖਿਆ ਤੋਂ ਬਗੈਰ ਆਦਮੀ ਅਨਪੜ੍ਹ ਹੈ ਅਤੇ ਦਰਜਾ ਇੱਕ ਤੋਂ ਤਿੰਨ ਤੱਕ ਦੀ ਸਰਕਾਰੀ ਨੌਕਰੀ ਪਾਉਣ ਲਈ 90 ਦਿਨ ਦੇ ਬੇਸਿਕ ਕੰਪਿਊਟਰ ਕੋਰਸ ਦੇ ਸਰਟੀਫਿਕੇਟ ਦੀ ਮੰਗ ਕੀਤੀ ਜਾਂਦੀ ਹੈ।ਇਸ ਮੰਤਵ ਨੂੰ ਪੂਰਾ ਕਰਨ ਲਈ ਦਫਤਰ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਗੁਰਦਾਸਪੁਰ ਵਿਖੇ ਸੈਨਿਕ ਵੋਕੇਸ਼ਨਲ ਟ੍ਰੇਨਿੰਗ ਇੰਨਸਟੀਚਿਊਟ ਵਿੱਚ ਬੇਸਿਕ ਕੰਪਿਊਟਰ ਕੋਰਸ ਕਰਵਾਇਆ ਜਾ ਰਿਹਾ ਹੈ, ਜੋ ਕਿ ਸਰਕਾਰ ਪਾਸੋਂ ਮਾਨਤਾ ਪ੍ਰਾਪਤ ਹੈ।ਇਸ ਤੋਂ ਇਲਾਵਾ ਇਸ ਦਫਤਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਬੱਚਿਆਂ ਨੂੰ ਫੌਜ਼ ਵਿੱਚ ਭਰਤੀ ਹੋਣ ਲਈ ਉੱਚ ਦਰਜ਼ੇ ਦੀ ਟ੍ਰੇਨਿੰਗ ਵੀ ਦਿੱਤੀ ਜਾ ਰਹੀ ਹੈ ਤਾਂ ਜੋ ਜ਼ਿਲ੍ਹਾ ਗੁਰਦਾਸਪੁਰ ਦੇ ਵੱਧ ਤੋਂ ਵੱਧ ਨੌਜਵਾਨ ਸੈਨਾ, ਅਰਧ ਸੈਨਿਕ ਬਲਾਂ ਅਤੇ ਪੁਲਸ ਵਿੱਚ ਭਰਤੀ ਹੋ ਕੇ ਆਪਣੀ ਰੋਜ਼ੀ ਰੋਟੀ ਕਮਾਉਣ ਦੇ ਨਾਲ ਨਾਲ ਦੇਸ਼ ਸੇਵਾ ਦਾ ਮੌਕਾ ਪ੍ਰਾਪਤ ਕਰਨ।ਇਸ ਟੇਨਿੰਗ ਵਿੱਚ ਨੌਜ਼ਵਾਨਾਂ ਪਾਸੋਂ ਸਖਤ ਮਿਹਨਤ ਕਰਵਾ ਕੇ ਦਫਤਰ ਨੂੰ ਉਚ ਟਾਰਗੇਟ ਹਾਸਲ ਕਰਨਾ ਹੈ।ਉਨ੍ਹਾਂ ਜ਼ਿਲ੍ਹੇ ਦੇ ਸਮੂਹ ਸਾਬਕਾ ਸੈਨਿਕਾਂ ਅਤੇ ਵਿਧਵਾਵਾਂ ਨੂੰ ਇਸ ਦਫਤਰ ਦੀਆਂ ਭਰਪੂਰ ਸੇਵਾਵਾਂ ਪ੍ਰਾਪਤ ਕਰਨ ਲਈ ਅਪੀਲ ਕੀਤੀ।

## ਨੌਵੇਂ ਪਾਤਸ਼ਾਹ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚਾਰ ਰੋਜ਼ਾ ਧਾਰਮਿਕ ਸਮਾਗਮ

ਮਜੀਠਾ (ਸੋਇਮ ਆਨੰਦ)-ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚਾਰ ਰੋਜ਼ਾ ਧਾਰਮਿਕ ਸਮਾਗਮ ਅਤੇ ਪੰਦਰਾਂ ਰੋਜ਼ਾ ਗੁਰਮਤਿ ਕੈਂਪ ਗੁਰਦੁਆਰਾ ਲਹਿੰਦੀ ਪੱਤੀ ਪਿੰਡ ਹਰੀਆਂ ਨੇੜੇ ਮਜੀਠਾ ਵਿਖੇ ਸਮੂਹ ਨਗਰ ਦੀ ਸੰਗਤ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਧਾਰਮਿਕ ਸਮਾਗਮ ਦੇ ਪਹਿਲੇ ਦਿਨ 11 ਜੂਨ ਨੂੰ ਕਥਾਵਾਚਕ ਗਿਆਨੀ ਮਨਦੀਪ ਸਿੰਘ ਅਬਦਾਲ ਵੱਲੋਂ ਸੰਗਤਾਂ ਨੂੰ ਗੁਰਇਤਿਹਾਸ ਨਾਲ ਜੋੜਨ ਦਾ ਯਤਨ ਕੀਤਾ ਗਿਆ।ਉਪਰੰਤ ਢਾਡੀ ਭਾਈ ਗੁਰਪ੍ਰੀਤ ਸਿੰਘ ਭੰਗੂ ਦੇ ਜਥੇ ਵੱਲੋਂ ਸ਼ਹੀਦੀ ਬੀਰ ਰਸ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸੇ ਤਰ੍ਹਾਂ ਹੀ 12 ਤੇ 13 ਜੂਨ ਨੂੰ ਸ਼ਾਮ ਪੰਜ ਵਜੇ ਤੋਂ ਅੱਠ ਵਜੇ ਤੱਕ ਭਾਰੀ ਦਿਵਾਨ ਸਜਾਏ ਜਾਣਗੇ।14 ਜੂਨ ਦਿਨ ਸ਼ਨੀਵਾਰ ਨੂੰ ਭਾਰੀ ਦਿਵਾਨ ਸਜਾਏ ਗਏ। ਉਪਰੰਤ ਅੰਮ੍ਰਿਤ ਸੰਚਾਰ ਕਰਵਾਇਆ ਗਿਆ।

ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਦੇ ਪੰਜ ਪਿਆਰਿਆਂ ਵੱਲੋਂ ਖੰਡੇ ਬਾਟੇ ਦੀ ਪਾਹੁਲ ਤਿਆਰ ਕੀਤੀ ਗਈ ਜਿਸ ਵਿੱਚ ਕਰੀਬ 70 ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ।ਇਸ ਮੌਕੇ ਪ੍ਰਬੰਧਕਾਂ ਵੱਲੋਂ ਪੰਜ ਪਿਆਰਿਆਂ ਤੇ ਆਏ ਜਥਿਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਚਾਰਕ ਮਨਦੀਪ ਸਿੰਘ ਅਬਦਾਲ, ਹੈੱਡ ਗ੍ਰੰਥੀ ਗਿਆਨੀ ਜਸਬੀਰ



ਸਿੰਘ ਕੱਥੂਨੰਗਲ ਬਾਬਾ ਬੁੱਢਾ ਸਾਹਿਬ ਜੀ, ਭਾਈ ਰਣਜੀਤ ਸਿੰਘ ਪੰਨੂ, ਭਾਈ ਜਸਵਿੰਦਰ ਸਿੰਘ ਫੱਤੂਭੀਲਾ, ਪ੍ਰਚਾਰਕ ਭਾਈ ਦਿਲਬਾਗ ਸਿੰਘ ਭੰਗਾਲੀ, ਭਾਈ ਲਵਦੀਪ ਸਿੰਘ, ਸੀਨੀਅਰ ਅਕਾਲੀ ਆਗੂ ਮੱਖਣ ਸਿੰਘ, ਕਪੂਰ ਸਿੰਘ, ਰਵੀਕਰਨ ਸਿੰਘ ਰਿੰਕੂ, ਦਿਲਬਾਗ ਸਿੰਘ, ਬਾਬਾ ਹਰਜਿੰਦਰ ਸਿੰਘ, ਨਿਰਮਲ ਸਿੰਘ, ਰਸ਼ਪਾਲ ਸਿੰਘ, ਚਮਕੌਰ ਸਿੰਘ, ਗੁਰਵੇਲ ਸਿੰਘ ਦੋਧੀ, ਗੁਰਦੇਵ ਸਿੰਘ, ਮਨਜੀਤ ਸਿੰਘ, ਰਣਧੀਰ ਸਿੰਘ ਕਲੇਰ, ਕੁਲਦੀਪ ਸਿੰਘ, ਸੁੱਚਾ ਸਿੰਘ, ਅਨੂਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਅੱਟਲ ਇਨੋਵੇਸ਼ਨ ਮਿਸ਼ਨ-2025 'ਚ ਹਿੰਦੂ ਕੰਨਿਆ ਮਹਾਂਵਿਦਿਆਲਾ ਦੀਆਂ ਵਿਦਿਆਰਥਣਾਂ ਵੱਲੋਂ ਸ਼ਿਰਕਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਐੱਨ. ਡੀ ਆਨੰਦ, ਸੈਕਟਰੀ ਰਮੇਸ਼ ਕੋਹਲੀ ਅਤੇ ਕਾਲਜ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਸਾਂਝੇ ਤੌਰ ਤੇ ਦੱਸਿਆ ਕਿ ਸਾਡੇ ਕਾਲਜ ਦੀਆਂ ਵਿਦਿਆਰਥਣਾਂ ਨੇ ਸਰਵਹਿੱਤਕਾਰੀ ਵਿੱਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਹਾਜੀਪੁਰ ਵਿੱਚ ਡਾ. ਬੀ. ਆਰ. ਅੰਬੇਡਕਰ ਦੀ ਜਨਮ ਸ਼ਤਾਬਦੀ ਨੂੰ ਸਮਰਪਿਤ 'ਅੱਟਲ ਇਨੋਵੇਸ਼ਨ ਮਿਸ਼ਨ-2025 ਵਿੱਚ ਸ਼ਿਰਕਤ ਕੀਤੀ। ਇਸ ਸਬੰਧੀ ਉਨ੍ਹਾਂ ਨੇ ਸਾਰੀਆਂ ਜਮਾਤਾਂ ਦੇ ਵਿਦਿਆਰਥੀਆਂ ਕੋਲੋਂ ਅਲੱਗ-ਅਲੱਗ ਪ੍ਰੋਜੈਕਟ ਤਿਆਰ ਕਰਵਾਏ ਜਿਨ੍ਹਾਂ ਵਿੱਚ ਵਾਟਰ ਪੰਪ, ਹੈਲਥ ਕੇਅਰ ਮੋਨੀਟਰ, ਇਲੈਕਟ੍ਰਿਕ ਸੈਂਸਰ ਡਸਟਬਿਨ, ਇਲੈਕਟ੍ਰਿਕ ਕਾਰ, ਅੱਟਲ ਟਿੰਕਰਿੰਗ ਲੈਬ-2025, ਥਰੀ ਡੀ ਪ੍ਰਿੰਟਰ, ਥਰੀ ਡੀ ਪੈੱਨ, ਬਲਿਊਟੁਥ ਅਤੇ ਸਮਾਰਟ ਇਰੀਗੇਸ਼ਨ ਸਿਸਟਮ ਨਾਲ ਸੰਬੰਧਿਤ ਇਲੈਕਟ੍ਰੋਨਿਕ ਮਾਡਲ ਸਨ। ਕਾਲਜ ਪ੍ਰਿੰਸੀਪਲ ਡਾ. ਰਜਵਿੰਦਰ ਕੌਰ



ਨਾਗਰਾ ਨੇ ਦੱਸਿਆ ਕਿ ਉਨ੍ਹਾਂ ਵਿਦਿਆਰਥੀਆਂ ਦੀ ਕਲਾਕਾਰੀ ਤੇ ਪ੍ਰਤਿਭਾ ਨੂੰ ਹੱਲਾਸ਼ੇਰੀ ਦੇਣ ਲਈ ਸਾਡੀਆਂ ਵਿਦਿਆਰਥਣਾਂ ਨੇ ਇੱਕ -ਇੱਕ ਪ੍ਰੋਜੈਕਟ ਨੂੰ ਬਹੁਤ ਹੀ ਨੀਝ ਨਾਲ ਦੇਖ ਕੇ, ਉਨ੍ਹਾਂ ਦੀ ਪ੍ਰਸੰਸਾ ਕੀਤੀ। ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਕਿਹਾ ਇਸ ਸਕੂਲ ਵਿੱਚ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਵਿਸ਼ੇ ਤੋਂ ਬਾਹਰੀ ਗਤੀਵਿਧੀਆਂ ਕਰਵਾ ਕੇ ਉਨ੍ਹਾਂ ਦੀ ਅੰਦਰੂਨੀ ਪ੍ਰਤਿਭਾ ਨੂੰ ਨਿਖਾਰਨਾ ਬਹੁਤ ਹੀ ਪ੍ਰਸੰਸਾਮਈ ਕਾਰਜ ਹੈ। ਉਹਨਾਂ ਕਿਹਾ ਕਿ ਭਵਿੱਖ ਵਿੱਚ ਇਹ ਸੰਸਥਾ ਦਿਨ ਦੁੱਗਣੀ ਅਤੇ ਰਾਤ ਚੌਗੁਣੀ ਤਰੱਕੀ ਕਰੇਗੀ ਕਿਉਂਕਿ ਇੱਥੋਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਲਗਨ ਤੇ ਮਿਹਨਤ ਦੀ ਝਲਕ ਦਿਖਾਈ ਦਿੰਦੀ ਹੈ। ਇਸ ਦੇ ਨਾਲ ਹੀ ਕਾਲਜ ਪ੍ਰਧਾਨ ਐੱਨ. ਡੀ. ਆਨੰਦ ਤੇ ਰਾਜਨ ਗੋਇਲ ਨੇ ਵੱਖ-ਵੱਖ ਪ੍ਰੋਜੈਕਟ ਬਣਾਉਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਹੋਰ ਅੱਗੇ ਵਧਣ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਾਡੀਆਂ ਵਿਦਿਆਰਥੀਣਾਂ ਲਈ ਇਹ ਫੇਰੀ ਲਾਭਦਾਇਕ ਰਹੀ ਕਿਉਂਕਿ ਸਾਡੀਆਂ ਵਿਦਿਆਰਥਣਾਂ ਨੇ ਵੀ ਬਹੁਤ ਕੁੱਝ ਸਿੱਖਿਆ। ਇਸ ਮੌਕੇ ਹਾਜੀਪੁਰ ਸਕੂਲ ਦੀ ਪ੍ਰਬੰਧਕ ਕਮੇਟੀ ਸਮੁੱਚਾ ਸਟਾਫ ਅਤੇ ਸਾਡੇ ਕਾਲਜ ਦੇ ਪ੍ਰੋ. ਵੋਗੀਸ, ਮਿਸ ਮਾਧੁਰੀ ਅਤੇ ਮਿਸਟਰ ਰਾਹੁਲ ਹਾਜ਼ਰ ਸਨ।

## ਡਿੰਗਰਾ ਪਰਿਵਾਰ ਨੇ ਮਨਾਇਆ ਅੰਤਰਰਾਸ਼ਟਰੀ ਪਿਤਾ ਦਿਵਸ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਵਿਖੇ ਡਿੰਗਰਾ ਪਰਿਵਾਰ ਨੇ ਅੰਤਰਰਾਸ਼ਟਰੀ ਪਿਤਾ ਦਿਵਸ ਮਨਾਇਆ।

ਇਸ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਆ ਕੇ ਬਜ਼ੁਰਗਾਂ ਨਾਲ ਦੁੱਖ-ਸੁੱਖ ਸਾਂਝੇ ਕੀਤੇ।ਸਾਰੇ ਹੀ ਬਜ਼ੁਰਗ ਬਹੁਤ ਖੁਸ਼ ਨਜ਼ਰ ਆ ਰਹੇ ਸਨ। ਆਸ਼ਰਮ ਪ੍ਰਬੰਧਕਾਂ ਨਾਲ ਮਿਲ ਕੇ ਕੇਕ ਕੱਟਿਆ। ਡਿੰਗਰਾ ਪਰਿਵਾਰ ਦੇ ਮੈਂਬਰਾਂ ਨੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਕਿ ਅਸੀਂ ਪ੍ਰਾਰਥਨਾ ਕਰਦੇ ਹਾਂ ਕਿ ਪਰਮਾਤਮਾ ਤੁਹਾਡੀ ਇਹ ਸੇਵਾ ਇਸੇ ਤਰ੍ਹਾਂ ਬਰਕਰਾਰ ਰੱਖੇ। ਇਸ ਮੌਕੇ ਅਮਿਤ ਡਿੰਗਰਾ, ਵਿਨੋਦ ਡਿੰਗਰਾ, ਨੀਲਮ ਡਿੰਗਰਾ, ਰਾਸ਼ੀ ਵਰਮਾ, ਗੌਤਮ ਵਰਮਾ, ਸਾਕਸ਼ੀ ਮਹਾਜਨ, ਸ਼ਿਵਾਂਸ ਮਹਾਜਨ, ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਆਸ਼ਰਮ ਸੁਪਰਡੈਂਟ ਅੰਜਲੀ ਸ਼ਰਮਾ, ਸਟਾਫ ਕਮਲੇਸ਼, ਰਾਜਰਾਣੀ, ਸੁਦੇਸ਼ ਰਾਣੀ, ਵਿਜੇ ਕੁਮਾਰੀ, ਰਮੇਸ਼ ਚੰਦਰ ਅਤੇ ਵਿਪਨ ਕੁਮਾਰ ਆਦਿ ਮੌਜੂਦ ਸਨ।



## ਦੋ ਦਿਨਾ ਓਪਨ ਚੈੱਸ ਟੂਰਨਾਮੈਂਟ ਕਰਵਾਇਆ



ਗੁਰਦਾਸਪੁਰ (ਜਨਕ ਮਹਾਜਨ)-ਸ਼ਤਰੰਜ ਦਾ ਓਪਨ ਚੈੱਸ ਟੂਰਨਾਮੈਂਟ ਹੋਟਲ ਗੋਲਡਨ ਪਾਮ ਗੁਰਦਾਸਪੁਰ ਵਿਖੇ 14 ਅਤੇ 15 ਜੂਨ 2025 ਨੂੰ ਚੈੱਸ ਐਸੋਸੀਏਸ਼ਨ ਗੁਰਦਾਸਪੁਰ ਦੁਆਰਾ ਕਰਵਾਇਆ ਗਿਆ।ਇਸ ਟੂਰਨਾਮੈਂਟ ਵਿੱਚ 16 ਖਿਡਾਰਿਆਂ ਨੇ ਹਿੱਸਾ ਲਿਆ। ਇਹ ਟੂਰਨਾਮੈਂਟ 10 ਸਾਲ ਦੀ ਉਮਰ ਤੋਂ ਲੈ ਕੇ 90 ਸਾਲ ਤੱਕ ਦੀ ਉਮਰ ਵਾਲਿਆਂ ਲਈ ਕਰਵਾਇਆ ਗਿਆ।ਦੋ ਦਿਨ ਚੱਲੇ ਇਸ ਟੂਰਨਾਮੈਂਟ ਦਾ ਉਦਘਾਟਨ ਚੇਅਰਮੈਨ ਪੰਜਾਬ ਹੈਲਥ ਕਾਰਪੋਰੇਸ਼ਨ ਰਮਨ ਬਹਿਲ ਦੇ ਪੁਤੱਰ ਧਰੁਵ ਬਹਿਲ ਅਤੇ ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੈਅਰਮੈਨ ਭਾਰਤ ਭੂਸ਼ਣ ਸ਼ਰਮਾ ਦੁਆਰਾ ਕੀਤਾ ਗਿਆ।ਡਾ. ਅਸ਼ੋਕ ਹਸਤੀਰ ਇਸ ਟੂਰਨਾਮੈਂਟ ਦੇ ਜੇਤੂ ਰਹੇ ਅਤੇ ਚੈੱਸ ਟ੍ਰਾਫੀ ਉਨ੍ਹਾਂ ਦੇ ਨਾਮ ਰਹੀ।ਦੂਸਰੇ ਸਥਾਨ 'ਤੇ ਰਾਕੇਸ਼ ਕੋਹਲੀ, ਤੀਸਰੇ ਸਥਾਨ 'ਤੇ ਸੰਜੀਵ ਕੁਮਾਰ, ਚੌਥੇ ਸਥਾਨ 'ਤੇ ਦਿਵਿਆ ਮਹਾਜਨ ਅਤੇ ਪੰਜਵੇਂ ਸਥਾਨ 'ਤੇ ਸ਼ਿਵਾਂਸ਼ ਰਹੇ।ਟੂਰਨਾਮੈਂਟ ਦੇ ਅੰਤ ਵਿੱਚ ਖਿਡਾਰੀਆਂ ਦਾ ਹੌਸਲਾ ਵਧਾਉਣ ਲਈ ਇਨਾਮ ਵੰਡੇ ਗਏ।

## ਮੈਡੀਕਲ ਅਫਸਰਾਂ ਦੀ ਭਰਤੀ ਸੰਬੰਧੀ ਬਿਨਾਂ ਰੈਂਕ ਦੇ ਵੈੱਬਸਾਈਟ 'ਤੇ ਪਾਇਆ ਨਤੀਜਾ ਸ਼ੱਕ ਦੇ ਘੇਰੇ 'ਚ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਡਾਇਰੈਕਟੋਰੇਟ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਚੰਡੀਗੜ੍ਹ ਵੱਲੋਂ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਫਰੀਦਕੋਟ ਦੇ ਵਾਈਸ ਚਾਂਸਲਰ ਨੂੰ ਸਿਹਤ ਵਿਭਾਗ ਵਿੱਚ ਮੈਡੀਕਲ ਅਫਸਰਾਂ ਦੀਆਂ 1000 ਅਸਾਮੀਆਂ ਨੂੰ ਭਰਨ ਸਬੰਧੀ ਲਿਖਿਆ ਗਿਆ ਸੀ। ਜਿਸ 'ਤੇ ਇਹਨ੍ਹਾਂ ਅਸਾਮੀਆਂ ਨੂੰ ਭਰਨ ਲਈ ਯੂਨੀਵਰਸਿਟੀ ਵੱਲੋਂ 3 ਜੂਨ 2025 ਨੂੰ ਪ੍ਰੀਖਿਆਰਥੀਆਂ ਦੀ ਪੰਜਾਬ ਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ ਲਿਖਤੀ ਪ੍ਰੀਖਿਆ ਲਈ ਗਈ ਸੀ।

ਇਸ ਦੇ ਬਾਅਦ ਯੂਨੀਵਰਸਿਟੀ ਵੱਲੋਂ 12 ਜੂਨ 2025 ਨੂੰ ਪ੍ਰੀਖਿਆਰਥੀਆਂ ਦਾ ਨਤੀਜਾ ਵੈੱਬਸਾਈਟ 'ਤੇ ਪਾ ਦਿੱਤਾ ਗਿਆ ਅਤੇ ਉਸੇ ਦਿਨ ਵੇਰਵਿਆਂ ਸਹਿਤ ਅਖਬਾਰ ਵਿੱਚ ਖਬਰ ਵੀ ਦੇ ਦਿੱਤਾ ਗਿਆ। ਪਰੰਤੂ ਜਦੋਂ ਉਮੀਦਵਾਰਾਂ/ਪ੍ਰੀਖਿਆਰਥੀਆਂ ਨੇ ਆਪਣਾ ਨਤੀਜਾ ਵੈੱਬਸਾਈਟ ਤੇ ਦੇਖਿਆ ਤਾਂ ਉਹ ਹੈਰਾਨ ਰਹਿ ਗਏ ਕਿ ਯੂਨੀਵਰਸਿਟੀ ਵਲੋਂ ਇਸ ਨਤੀਜੇ ਵਿੱਚ ਨਾ ਤਾਂ ਉਮੀਦਵਾਰ ਦਾ ਜਨਰਲ ਰੈਂਕ ਦਰਸਾਇਆ ਅਤੇ ਨਾ ਕੈਟਾਗਰੀ ਰੈਂਕ ਦਰਸਾਇਆ ਗਿਆ। ਇਥੋਂ ਤੱਕ ਕਿ ਯੂਨੀਵਰਸਿਟੀ ਨੇ ਅਖਬਾਰ ਵਿੱਚ ਦਿੱਤੇ ਅੰਕੜਿਆਂ ਵਿੱਚ ਕੁੱਲ 3754 ਉਮੀਦਵਾਰ ਪ੍ਰੀਖਿਆ ਵਿੱਚ ਕਾਮਯਾਬ ਰਹੇ ਦੱਸੇ ਹਨ। ਪਰ ਇਨ੍ਹਾਂ 3754 ਪਾਸ ਉਮੀਦਵਾਰਾਂ ਦੇ ਨਤੀਜੇ ਵਿੱਚ ਪਾਸ ਦਾ ਰਿਮਾਰਕਸ ਨਹੀਂ ਦਿੱਤਾ ਗਿਆ। ਇਸ ਜਾਣਕਾਰੀ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਪ੍ਰਧਾਨ ਸਤੀਸ਼ ਰਾਣਾ ਅਤੇ ਜਨਰਲ ਸਕੱਤਰ ਤੀਰਥ ਬਾਸੀ ਨੇ ਦਿੰਦਿਆਂ ਦੱਸਿਆ ਕਿ ਯੂਨੀਵਰਸਿਟੀ ਵਲੋਂ ਗੈਰਪਾਰਦਰਸਤਾ ਨਾਲ ਆਪਣੀ ਵੈੱਬਸਾਈਟ 'ਤੇ ਪਾਏ ਇਸ ਨਤੀਜੇ ਤੋਂ ਮੈਡੀਕਲ ਅਫਸਰ ਲਈ ਪ੍ਰੀਖਿਆ ਦੇਣ ਵਾਲੇ ਉਮੀਦਵਾਰਾਂ ਵਿੱਚ ਭਾਰੀ ਨਿਰਾਸ਼ਾ ਪਾਈ ਜਾ ਰਹੀ ਹੈ।

ਉਨ੍ਹਾ ਦੱਸਿਆ ਕਿ ਇਸੇ ਯੂਨੀਵਰਸਿਟੀ ਵੱਲੋਂ ਪਿੱਛਲੇ ਸਾਲ 400 ਮੈਡੀਕਲ ਅਫਸਰਾਂ ਦੀ ਭਰਤੀ ਦਾ ਨਤੀਜਾ ਆਪਣੀ ਵੈੱਬਸਾਈਟ 'ਤੇ ਰੈਂਕ ਸਮੇਤ ਵੱਖ ਵੱਖ ਕੈਟਾਗਰੀਆਂ ਨੂੰ ਦਰਸਾ ਕੇ 61 ਪੰਨਿਆਂ ਦੀ ਲਿਸਟ ਪਾ ਕੇ ਪਾਰਦਰਸਤਾ ਦਾ ਸਬੂਤ ਦਿੱਤਾ ਸੀ। ਪਰ ਹੁਣ 1000 ਮੈਡੀਕਲ ਅਫਸਰਾਂ ਦੀ ਭਰਤੀ ਦਾ ਨਤੀਜਾ ਵਿਅਕਤੀਗਤ ਤੌਰ 'ਤੇ ਬਿਨਾ ਕਿਸੇ ਰੈਂਕ ਤੋਂ ਪਾਇਆ ਗਿਆ ਹੈ ਜੋ ਭਰਤੀ ਦੀ ਪਾਰਦਰਸਤਾ 'ਤੇ ਪ੍ਰਸ਼ਨ ਚਿੰਨ ਲਾ ਰਿਹਾ ਹੈ। ਖਬਰ ਲਿਖਣ ਤੱਕ ਨਤੀਜਾ ਵੈੱਬਸਾਈਟ 'ਤੇ ਬਿਨਾ ਕਿਸੇ ਰੈਂਕ ਤੋਂ ਉਪਲਬਧ ਹੈ।

ਉਮੀਦਵਾਰ ਰੈਂਕ ਪਤਾ ਨਾ ਹੋਣ ਕਾਰਨ ਪਰੇਸ਼ਾਨੀ ਵਿੱਚ ਹਨ, ਜਿਸ ਕਰਕੇ 1000 ਮੈਡੀਕਲ ਅਫਸਰਾਂ ਦੀ ਭਰਤੀ ਪ੍ਰਕਿਰਿਆ ਦੀ ਪਾਰਦਰਸ਼ਤਾ ਸ਼ੱਕ ਦੇ ਘੇਰੇ ਵਿੱਚ ਹੈ। ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਪ੍ਰਧਾਨ ਸਤੀਸ਼ ਰਾਣਾ ਅਤੇ ਜਨਰਲ ਸਕੱਤਰ ਤੀਰਥ ਬਾਸੀ ਨੇ ਸਿਹਤ ਮੰਤਰੀ ਤੋਂ ਮੰਗ ਕੀਤੀ ਕਿ ਨਤੀਜਾ ਵਿਦਿਆਰਥੀਆਂ ਦੇ ਰੈਂਕ ਸਮੇਤ ਜਨਤਕ ਕੀਤਾ ਜਾਵੇ ਅਤੇ ਵਿਦਿਆਰਥੀਆਂ ਵਿੱਚ ਪੈਦਾ ਹੋ ਰਹੇ ਸ਼ੰਕਿਆਂ ਨੂੰ ਤੁਰੰਤ ਦੂਰ ਕੀਤਾ ਜਾਵੇ।

## ਸੁਦੇਸ਼ ਕੁਮਾਰੀ ਮੰਗੋਤਰਾ ਨਮਿਤ ਅੰਤਿਮ ਅਰਦਾਸ 19 ਨੂੰ

ਵੇਰਕਾ (ਰਾਣਾ)-ਹੈੱਡਟੀਚਰ ਦਵਿੰਦਰ ਕੁਮਾਰ ਮੰਗੋਤਰਾ ਦੇ ਪੂਜਨੀਕ ਮਾਤਾ ਸੁਦੇਸ਼ ਕੁਮਾਰੀ ਮੰਗੋਤਰਾ ਜੋ ਬੀਤੇ ਦਿਨੀਂ ਸੰਖੇਪ ਜਿਹੀ ਬਿਮਾਰੀ ਕਾਰਨ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਲਈ ਮੰਗੋਤਰਾ ਪਰਿਵਾਰ ਵੱਲੋਂ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 19 ਜੂਨ ਦਿਨ ਵੀਰਵਾਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਢੱਪਈ ਵਿਖੇ ਪਾਏ ਜਾਣਗੇ।



ਇਸ ਉਪਰੰਤ ਉਨ੍ਹਾਂ ਨਮਿਤ ਅੰਤਿਮ ਅਰਦਾਸ ਬਾਅਦ ਦੁਪਹਿਰ 1:00 ਵਜੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਬੀ-ਬਲਾਕ, ਅੰਮ੍ਰਿਤਸਰ ਵਿਖੇ ਹੋਵੇਗੀ।ਇਸ ਮੌਕੇ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਵੀ ਕੀਤਾ ਜਾਵੇਗਾ।


**ਉਤਰ ਰੇਲਵੇ**

**ਦਰਖਾਸਤ ਸੂਚਨਾ**

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜ਼ਪੁਰ ਦੇ ਮਾਧਿਅਮ ਨਾਲ ਫਿਰੋਜ਼ਪੁਰ ਮੰਡਲ ਤੇ ਹਾਲਟ ਸਟੇਸ਼ਨਾਂ ਤੇ ਟਿਕਟ ਵੰਡ ਕਰਨ ਲਈ ਹਾਲਟ ਠੇਕੇਦਾਰ ਦੀ ਨਿਯੁਕਤੀ ਲਈ ਦਰਖਾਸਤ ਪੱਤਰ ਦੀ ਮੰਗ ਕੀਤੀ ਗਈ ਹੈ:-

| | |
|---|---|
| ਕੰਮ ਦਾ ਨਾਮ | ਫਿਰੋਜ਼ਪੁਰ ਮੰਡਲ (1) ਬੋਲੀਨਾ ਦੋਆਬਾ (2) ਮਾਲੂਪੋਤਾ (3) ਗੜ੍ਹਸ਼ੰਕਰ (4) ਘੱਲੂ (5) ਸੈਲਾਖੁਰਦ (6) ਸ਼ਾਮ ਚੌਰਾਸੀ (7) ਖੜਕੜ ਕਲਾਂ ਝੰਡਾ ਜੀ (8) ਜੈਜੋਂ ਦੋਆਬਾ (9) ਗਰਨਾ ਸਾਹਿਬ (10) ਜਮਸ਼ੇਰ ਖਾਸ (11) ਚੜ੍ਹੇਵਾਨ ਹਾਲਟ ਸਟੇਸ਼ਨ ਆਉਂਦੇ 5 ਸਾਲ ਦੇ ਲਈ ਠੇਕੇ ਦਾ ਅਲਾਟਮੈਂਟ |
| ਨਿਵਿਦਾ ਜਮ੍ਹਾ ਕਰਨ ਦੀ ਅੰਤਮ ਮਿਤੀ ਤੇ ਨਿਵਿਦਾ ਖੁਲਣ ਦਾ ਸਮਾਂ | ਮਿਤੀ 17.07.2025 ਨੂੰ 15:00 ਵਜੇ ਤਕ (ਕਿਸੇ ਕਾਰਨ ਦਫਤਰ ਬੰਦ ਹੋਣ ਦੀ ਸਥਿਤੀ ਵਿਚ ਦਰਖਾਸਤ ਪੱਤਰ ਅਗਲੇ ਕੰਮ ਵਾਲੇ ਦਿਨ ਖੋਹਲੇ ਜਾਣਗੇ। |
| ਦਫਤਰ ਦਾ ਪਤਾ ਅਤੇ ਤਾਰੀਕ ਜਿਥੋਂ ਤੋਂ ਦਰਖਾਸਤ ਪੱਤਰ ਪ੍ਰਾਪਤ ਕੀਤੇ ਜਾ ਸਕਦੇ ਹਨ। | ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜ਼ਪੁਰ ਮਿਤੀ 16.06.2025 ਤੋਂ 17.07.20254 ਤਕ ਕਿਸੇ ਵੀ ਕੰਮ ਵਾਲੇ ਦਿਨ ਅਤੇ ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in ਤੋਂ ਡਾਉਨਲੋਡ ਕੀਤੇ ਜਾ ਸਕਦੇ ਹਨ। |

ਇਸ ਅਲਾਟਮੈਂਟ ਨਾਲ ਸਬੰਧਿਤ ਦਸਤਾਵੇਜ ਜਿਵੇਂ ਪੱਤਰ, ਅਨੁਦੇਸ਼ ਕਰਾਰਨਾਮਾ ਅਤੇ ਨਿਯਮ ਤੇ ਸ਼ਰਤਾਂ ਨੂੰ ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in ਤੋਂ ਡਾਊਨਲੋਡ ਕਰ ਸਕਦੇ ਹਨ। 1782/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵਿਰਾਮ ਦੇਣ ਦਾ ਤਾਂ ਸੁਆਲ ਹੀ ਪੈਦਾ ਨਹੀਂ ਹੁੰਦਾ: ਧਾਲੀਵਾਲ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਸ: ਕੁਲਦੀਪ ਸਿੰਘ ਧਾਲੀਵਾਲ ਨੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਕੌਮੀ ਰਾਜਨੀਤੀ ਦੇ ਮਹਾਂਨਾਇਕ ਅਰਵਿੰਦ ਕੇਜਰੀਵਾਲ ਦੀ ਅਗਵਾਈ 'ਚ ਪੰਜਾਬ ਭਰ 'ਚ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤੇ ਵਿਰੋਧੀ ਰਾਜਸੀ ਪਾਰਟੀਆਂ ਵੱਲੋਂ ਉਠਾਏ ਜਾ ਰਹੇ ਨਾਕਾਰਤਮਿਕ ਸੁਆਲਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਨਸ਼ਿਆਂ ਦੀ ਜੜ ਪੁੱਟਣ ਲਈ ਮੁਹਿੰਮ ਨੂੰ ਵਿਰਾਮ ਦੇਣ ਦਾ ਸੁਆਲ ਹੀ ਪੈਦਾ ਨਹੀਂ ਹੁੰਦਾ ਅਤੇ 1 ਮਾਰਚ ਤੋਂ ਵਿੱਢੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਪਿਛਲੇ 108 ਦਿਨਾਂ 'ਚ ਸਾਢੇ 17 ਹਜ਼ਾਰ ਤੋਂ ਵਧੇਰੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ 10 ਕਰੋੜ ਰੁਪਏ ਤੋਂ ਵੱਧ ਡਰੱਗ ਮਨੀ ਜ਼ਬਤ ਕਰਨ ਸਮੇਤ 120 ਦੇ ਕਰੀਬ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਤੇ ਬੁਲਡੋਜ਼ਰ ਚਲਾ ਕੇ ਨਸ਼ਟ ਕੀਤਾ ਗਿਆ, ਅਰਬਾਂ ਰੁਪਏ ਦੀ ਹੈਰੋਇਨ, ਅਫੀਮ ਤੇ ਹੋਰ ਨਸ਼ੇ ਵੀ ਬਰਾਮਦ ਕੀਤੇ ਗਏ ਹਨ, ਜਦੋਂਕਿ ਅੱਜ ਵੀ ਰੋਜ਼ਾਨਾ ਪੰਜਾਬ ਪੁਲਸ ਦੇ 100 ਦੇ ਕਰੀਬ ਗਜ਼ਟਿਡ ਅਫਸਰਾਂ, 1500 ਦੇ ਕਰੀਬ ਪੁਲਸ ਮੁਲਾਜ਼ਮਾਂ ਦੀਆਂ ਟੀਮਾਂ 500 ਦੇ ਕਰੀਬ ਥਾਵਾਂ ਤੇ ਅਚਨਚੇਤੀ ਛਾਪਾਮਾਰੀ ਕਰਕੇ ਨਸ਼ਾ ਤਸਕਰਾਂ ਨੂੰ ਰੰਗੇ ਹੱਥੀਂ ਗ੍ਰਿਫਤਾਰ ਅਤੇ ਨਸ਼ਾ ਛੱਡਣ ਵਾਲਿਆਂ ਨੂੰ ਨਸ਼ਾ ਛੁਡਾਊ ਕੇਂਦਰਾਂ 'ਚ ਮੁਫਤ ਇਲਾਜ ਲਈ ਭਰਤੀ ਕਰਵਾ ਰਹੀਆਂ ਹਨ।ਕੈਬਨਿਟ ਮੰਤਰੀ ਨੇ ਇਹ ਵੀ ਕਿਹਾ ਕਿ ਨਸ਼ਾ ਮੁਕਤੀ ਯਾਤਰਾਵਾਂ ਨੂੰ ਸੂਬੇ ਭਰ 'ਚ ਪਿੰਡ ਤੇ ਸ਼ਹਿਰੀ ਖੇਤਰ ਦੇ ਵਾਰਡਾਂ ਨੂੰ ਇਕਾਈ ਮੰਨ ਕੇ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਪਿੰਡ ਤੇ ਸ਼ਹਿਰੀ ਵਾਰਡ ਵਾਸੀਆਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਕਦਮ ਪੁੱਟੇ ਜਾਣਗੇ ਅਤੇ ਇਸ ਮੁਹਿੰਮ ਤਹਿਤ ਪੇਂਡੂ ਤੇ ਸ਼ਹਿਰੀ ਵਸਨੀਕਾਂ ਕੋਲੋਂ ਗੁਪਤ ਰੂਪ 'ਚ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਤੇ ਉਨ੍ਹਾਂ ਤੇ ਪੁਲਸ ਰਾਹੀਂ ਕਾਬੂ ਪਾਉਣ ਦੇ ਢੰਗ ਤਰੀਕਿਆਂ ਬਾਰੇ ਹਾਸਲ ਕੀਤੀਆਂ ਜਾਣਕਾਰੀਆਂ ਨੂੰ ਅਮਲੀ ਰੂਪ 'ਚ ਲਾਗੂ ਕਰਨ ਲਈ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਬਕਾਇਦਾ ਅਧਿਐਨ ਕੀਤਾ ਜਾ ਰਿਹਾ ਹੈ।ਉਨ੍ਹਾਂ ਨੇ ਪੁਰਾਣੀਆਂ ਕਾਂਗਰਸ ਤੇ ਅਕਾਲੀ ਭਾਜਪਾ ਗਠਜੋੜ ਸਰਕਾਰਾਂ ਨੂੰ ਰਾਜਸੀ ਤੌਰ ਤੇ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਇਨ੍ਹਾਂ ਪਿਛਲੀਆਂ ਸਰਕਾਰਾਂ ਦੀਆਂ ਨਸ਼ਿਆਂ ਤੇ ਭ੍ਰਿਸ਼ਟਾਚਾਰ ਨੂੰ ਕਥਿਤ ਤੌਰ ਤੇ ਉਤਸ਼ਾਹਿਤ ਕਰਨ ਦੀ ਨੀਤੀਆਂ ਤੋਂ ਬੁਰੀ ਤਰ੍ਹਾਂ ਸਤਾਏ ਹੋਏ ਪੰਜਾਬ ਦੇ ਸੂਝਵਾਨ ਵੋਟਰ ਚੋਣਾਂ 'ਚ ਬਿਸਤਰਾ ਗੋਲ ਕਰਦੇ ਰਹੇ ਹਨ, ਪਰ ਇਨ੍ਹਾਂ ਰਵਾਇਤੀ ਸਾਬਕਾ ਸਰਕਾਰਾਂ ਉਤਰ ਕਾਟੋ ਮੈਂ ਚੜ੍ਹਾਂ ਦੀ ਆਪਸੀ ਖਿਚੜੀ ਪਕਾ ਕੇ ਨਸ਼ਿਆਂ ਨੂੰ ਖਤਮ ਕਰਨ ਲਈ ਕੋਈ ਉਚਿਤ ਕਾਰਵਾਈ ਇਸ ਕਰਕੇ ਨਹੀਂ ਸੀ ਕਰਦੀਆਂ ਕਿ ਇਸ ਵੇਰ ਵੋਟਰਾਂ ਵੱਲੋਂ ਕਾਂਗਰਸ ਨੂੰ ਨਕਾਰੇ ਜਾਣ ਪਿੱਛੋਂ ਅਗਲੀਆਂ ਚੋਣਾਂ 'ਚ ਵੋਟਰਾਂ ਵੱਲੋਂ ਅਕਾਲੀ ਭਾਜਪਾ ਗਠਜੋੜ ਦੇ ਹੱਕ 'ਚ ਫਤਵਾ ਦੇਣਾ ਮਜਬੂਰੀ ਹੋਵੇਗਾ।



## ਵੰਦੇ ਭਾਰਤ ਐਕਸਪ੍ਰੈੱਸ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਲਈ ਵੱਡਾ ਤੋਹਫ਼ਾ : ਖਾਲਸਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਅਪੀਲ 'ਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350ਵਾਂ ਸ਼ਹੀਦੀ ਸ਼ਤਾਬਦੀ ਸਮਾਗਮ ਸਰਕਾਰੀ ਪੱਧਰ 'ਤੇ ਮਨਾਉਣ ਦੇ ਹਾਲ ਹੀ 'ਚ ਕੀਤੇ ਗਏ ਐਲਾਨ ਨਾਲ ਜਿੱਥੇ ਮਹਾਰਾਸ਼ਟਰ ਦਾ ਸਿੱਖ ਭਾਈਚਾਰਾ ਉਤਸ਼ਾਹ ਦੀ ਸਥਿਤੀ ਵਿੱਚ ਹੈ, ਉਥੇ ਹੀ ਕੇਂਦਰੀ ਰੇਲਵੇ ਮੰਤਰਾਲੇ ਨੇ ਮੁੰਬਈ ਤੋਂ ਹਜ਼ੂਰ ਸਾਹਿਬ, ਨਾਂਦੇੜ ਤੱਕ ਵੰਦੇ ਭਾਰਤ ਐਕਸਪ੍ਰੈਸ ਚਲਾਉਣ ਦੀ ਇਜਾਜ਼ਤ ਦੇ ਕੇ ਗੁਰੂ ਨਾਨਕ ਲੇਵਾ ਸੰਗਤ ਅਤੇ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਨੂੰ ਇੱਕ ਹੋਰ ਵੱਡਾ ਤੋਹਫ਼ਾ ਦਿੱਤਾ ਹੈ।

ਵੰਦੇ ਭਾਰਤ ਰੇਲਗੱਡੀ ਨੰਬਰ 20705 ਨਾਂਦੇੜ ਤੋਂ ਸਵੇਰੇ 5 ਵਜੇ ਰਵਾਨਾ ਹੋਵੇਗੀ ਅਤੇ ਦੁਪਹਿਰ 2.25 ਵਜੇ ਮੁੰਬਈ ਪਹੁੰਚੇਗੀ, ਜਦੋਂ ਕਿ ਰੇਲਗੱਡੀ ਨੰਬਰ 20706 ਮੁੰਬਈ ਤੋਂ ਦੁਪਹਿਰ 1.10 ਵਜੇ ਰਵਾਨਾ ਹੋਵੇਗੀ ਅਤੇ ਰਾਤ 10.50 ਵਜੇ ਨਾਂਦੇੜ ਪਹੁੰਚੇਗੀ।ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਅਤੇ ਪੂਰੇ ਭਾਰਤ ਦੇ ਸਿੱਖ ਭਾਈਚਾਰੇ ਲਈ ਬਹੁਤ ਮਾਣ ਅਤੇ ਖ਼ੁਸ਼ੀ ਦਾ ਪਲ ਹੈ।ਨਾਂਦੇੜ, ਜੋ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਜੋਤੀ ਜੋਤ ਸਥਾਨ ਹੈ, ਸਿੱਖਾਂ ਲਈ ਬਹੁਤ ਹੀ ਅਧਿਆਤਮਿਕ, ਸੱਭਿਆਚਾਰਕ ਅਤੇ ਇਤਿਹਾਸਕ ਮਹੱਤਵ ਰੱਖਦਾ ਹੈ ਅਤੇ ਸਿੱਖ ਧਰਮ ਦੇ ਪੰਜ ਤਖ਼ਤਾਂ ਵਿੱਚੋਂ ਇੱਕ ਹੈ।ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਅਤੇ ਖ਼ਾਸ ਕਰਕੇ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਦੀਆਂ ਚਿੰਤਾਵਾਂ, ਲੋੜਾਂ ਅਤੇ ਅਕਾਂਖਿਆਵਾਂ ਦੀ ਪੂਰਤੀ ਲਈ ਦਲੇਰਾਨਾ ਅਤੇ ਦੂਰ-ਦਰਸ਼ੀ ਕਦਮ ਚੁੱਕਣ ਲਈ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਲਈ ਇੱਕ ਨਵਾਂ ਅਧਿਆਇ ਸ਼ੁਰੂ ਹੋਇਆ ਹੈ। ਸਾਡੇ ਵਿਸ਼ਵਾਸ, ਇਤਿਹਾਸ ਅਤੇ ਯੋਗਦਾਨ ਨੂੰ ਉਚ ਪੱਧਰ 'ਤੇ ਮਾਨਤਾ ਦਿੱਤੀ ਜਾ ਰਹੀ ਹੈ।ਫੜਨਵੀਸ ਸਰਕਾਰ ਦੀ ਇਹ ਵਚਨਬੱਧਤਾ ਰਾਜ ਭਰ ਵਿੱਚ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਉੱਚਾ ਚੁੱਕੇਗੀ।ਉਨ੍ਹਾਂ ਕਿਹਾ ਕਿ ਇਸ ਹਾਈ-ਸਪੀਡ, ਸੈਮੀ-ਬੁਲੇਟ ਟ੍ਰੇਨ ਵੰਦੇ ਭਾਰਤ ਐਕਸਪ੍ਰੈਸ ਸੇਵਾ ਦੀ ਸ਼ੁਰੂਆਤ ਸ਼ਰਧਾਲੂਆਂ, ਸੈਲਾਨੀਆਂ ਅਤੇ ਸਥਾਨਕ ਨਿਵਾਸੀਆਂ ਲਈ ਆਰਾਮ ਅਤੇ ਸੰਪਰਕ ਵਧਾਉਣ ਲਈ ਇੱਕ ਜੀਵਨ ਰੇਖਾ ਹੋਵੇਗੀ।


**ਉੱਤਰ ਰੇਲਵੇ**

ਟੈਂਡਰ ਨੋਟਿਸ ਨੰ: 05/2025-26 ਮਿਤੀ :- 16.06.2025

ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸਾਮਗਰੀ ਪ੍ਰਬੰਧਕ/ਉੱਤਰ ਰੇਲਵੇ/ਭੰਡਾਰ ਡਿਪੋ/ਯਾਂਤ੍ਰਿਕ ਕਾਰਖਾਨਾ/ਅੰਮ੍ਰਿਤਸਰ ਦੁਵਾਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ-ਟੈਂਡਰ ਮੰਗ ਕੀਤੀ ਜਾਂਦੀ ਹੈ:-

| ਲ. ਨੰ: | ਟੈਂਡਰ ਨੰਬਰ | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 1 | 62255140 | Set of Carline & Angles for BVCM wagons as per Annexure-I | 480 Sets | 14.07.2025 |

ਟੈਂਡਰ ਸ਼ਰਤਾਂ- ireps ਦੀ ਵੈੱਬਸਾਈਟ www.ireps.gov.in ਉਤੇ ਉਪਲਬਧ ਹੈ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ। ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ। 1788/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

[ਰੂਲ-8 (1)] (ਅਚੱਲ ਜਾਇਦਾਦ ਵਾਸਤੇ)

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈਆਂ ਮਿਤੀਆਂ 'ਤੇ ਹਰੇਕ ਖਾਤੇ ਵਿਰੁੱਧ ਡਿਮਾਂਡ ਨੋਟਿਸ ਜਾਰੀ ਕੀਤਾ ਗਿਆ ਸੀ ਅਤੇ ਇਸ ਤੋਂ ਬਾਅਦ ਉਨ੍ਹਾਂ ਨੂੰ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਰਕਮ ਵਾਪਸ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਕਮ ਵਾਪਸ ਕਰਨ 'ਚ ਅਸਫਲ ਰਿਹਾ ਹੈ, ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਦੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖ਼ਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ ਦੀ ਰਕਮ ਅਤੇ ਉਸ ਉਪਰ ਵਿਆਜ ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ |
|---|---|---|---|---|
| 1. ਸ੍ਰੀ ਦਮਨਜੀਤ ਸਿੰਘ ਪੁੱਤਰ ਸ੍ਰੀ ਬਰਿੰਦਰਜੀਤ ਸਿੰਘ, ਪਿੰਡ ਨੂਰਪੁਰ ਫਰਾਂਸਵਾਲਾ, ਦੂਧਣ ਸਾਧਾਂ, ਨੇੜੇ ਗੁਰਦੁਆਰਾ ਸਾਹਿਬ, ਪਟਿਆਲਾ, ਪੰਜਾਬ-147111 2. ਸ੍ਰੀਮਤੀ ਕੁਲਜੀਤ ਕੌਰ ਪਤਨੀ ਸ੍ਰੀ ਬਰਿੰਦਰਜੀਤ ਸਿੰਘ ਪਿੰਡ ਨੂਰਪੁਰ ਫਰਾਂਸਵਾਲਾ, ਦੂਧਣ ਸਾਧਾਂ, ਨੇੜੇ ਗੁਰਦੁਆਰਾ ਸਾਹਿਬ, ਪਟਿਆਲਾ, ਪੰਜਾਬ-147111 | ਰਜਿਸਟਰਡ ਤਬਾਦਲਾ ਬੈਨਾਮਾ ਨੰ. 647 ਸਬ-ਰਜਿਸਟਰਾਰ ਪਟਿਆਲਾ ਕੋਲ 23.11.2021 ਨੂੰ ਸ੍ਰੀਮਤੀ ਕੁਲਜੀਤ ਕੌਰ ਦੇ ਨਾਂਅ 'ਤੇ ਰਜਿਸਟਰਡ ਮਕਾਨ ਰਕਬਾ 0ਬੀ-14ਬੀ-6ਬੀ, ਜੋ ਕਿ, 372 ਬੀ-8ਬੀ ਦਾ 143/74480 ਹਿੱਸਾ ਹੈ, ਖੱਤਾ ਨੰ. 74/135 ਤੋਂ 151 ਖਸਰਾ ਨੰ. 357 (6-5), 352 (6-5), 358/1 (3-3), 307 (6-5), 308 (6-5), 309 (6-5), 310 (6-5), 319 (6-5), 320 (6-5), 322 (6-5), 324 (5-17), 325 (6-2), 326 (6-5), 327 (6-5), 328 (6-5), 329(6-5), 330 (6-5), 331 (7-18), 333 (1-16), 337 (6-5), 338 (6-5), 176 (0-4), 332 (8-9), 335 (6-5), 336 (6-5); 325/1m (0-5), 358/2 (0-10), 414/321 (3-3), 415/321 (3-2), 353 (6-5), 355 (2-6), 356 (5-18), 349 (3-18), 350 (3-18), 385/346 (1-16), 388/361 (0-18), 318 (6-5), 317 (6-5), 311 (6-15), 195 (3-18), 196 (1-17), 300m (2-15), 302 (4-0), 383/295 (1-12), 301 (6-5), 344m (4-14), 342/1 (2-17), 343 (6-5), 344m (1-19),345 (3-15),299 (2-16),300m (3-10),303 (4-0), 304 (4-0), 305 (4-0), 306 (4-0), 251 (3-3), 252 (3-3), 253 (3-3), 260/1 (2-9),260/2 (0-14),340 (6-5),341 (6-5),339 (6-5),342/2 (3-8), 387/347 (1-0),348 (6-5),351 (6-5),384/346 (2-2),386/347 (5-5), 290 (6-18),291 (5-8), 292 (5-6), 296 (6-5), 297(6-5), 298 (3-5), 382/295 (4-13), 294 (6-5), 312 (3-10), 313 (3-10), 293 (6-5), 151 ਪਿੰਡ ਨੂਰਪੁਰ ਫਰਾਂਸਵਾਲਾ, ਤਹਿਸੀਲ ਦੂਧਨ ਸਾਧਾਂ, ਜ਼ਿਲ੍ਹਾ ਪਟਿਆਲਾ, ਜਮ੍ਹਾਂਬੰਦੀ ਸਾਲ 2017-2018 ਹੱਦਾਂ : ਪੂਰਬ : ਮਨਿੰਦਰਜੀਤ ਸਿੰਘ ਦਾ ਮਕਾਨ, ਹੁਣ ਦਮਨਜੀਤ ਸਿੰਘ (118'-0") ਉੱਤਰ : ਯੁਵਜੀਤ ਸਿੰਘ ਦਾ ਮਕਾਨ (45'-4"), ਪੱਛਮ : ਅੰਗਰੇਜ਼ ਸਿੰਘ ਦਾ ਮਕਾਨ (158'-0"), ਦੱਖਣ : ਸੜਕ (63'-0") | 21 ਫਰਵਰੀ 2024 | 13 ਜੂਨ 2025 | ਰੁਪਏ 18,20,932/- (ਅਠਾਰਾਂ ਲੱਖ ਵੀਹ ਹਜ਼ਾਰ ਨੌ ਸੌ ਬੱਤੀ ਰੁਪਏ ਕੇਵਲ) |

ਉਪਰੋਕਤ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਰਕਮ ਵਾਪਸ ਮੋੜਨ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ, ਨਹੀਂ ਤਾਂ ਸਕਿਉਰਡ ਜਾਇਦਾਦਾਂ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 30 ਦਿਨ ਗੁਜ਼ਰ ਜਾਣ 'ਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਅਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀਆਂ ਜਾਣਗੀਆਂ।

ਮਿਤੀ : 13-06-2025
ਸਥਾਨ : ਪੰਜਾਬ

ਸਹੀ/- ਅਧਿਕ੍ਰਿਤ ਅਫ਼ਸਰ
ਐਕਸਿਸ ਬੈਂਕ ਲਿਮਟਿਡ

17-June-PAGE-12.qxd 6/16/2025 11:21 PM Page 1



# ਬਠਿੰਡਾ ਦੇ ਅਮਨਪਸੰਦ ਸ਼ਹਿਰੀਆਂ ਨੂੰ ਡੱਕਣ ਦੀ ਪੁਲਸੀਆ ਕਾਰਵਾਈ ਦਾ ਵਿਰੋਧ ਕਰੋ : ਰੰਧਾਵਾ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਨੇ ਲੁਧਿਆਣਾ ਵਿਖੇ ਸ਼ਾਂਤਮਈ ਪ੍ਰਦਰਸ਼ਨ ਕਰਨ ਜਾ ਰਹੇ ਬਠਿੰਡਾ ਦੇ ਇਨਸਾਫ ਪਸੰਦ ਲੋਕਾਂ ਨੂੰ ਜਬਰੀ ਰੋਕਣ ਦੀ ਪੁਲਸ ਦੀ ਧੱਕੜਸ਼ਾਹ ਕਾਰਵਾਈ ਦੀ ਕਰੜੀ ਨਿਖੇਧੀ ਕੀਤੀ ਹੈ।ਅੱਜ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਕਾਮਰੇਡ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ ਅਤੇ ਪਾਰਟੀ ਦੀ ਕੇਂਦਰੀ ਕਮੇਟੀ ਦੇ ਮੈਂਬਰ ਕਾਮਰੇਡ ਮਹੀਪਾਲ ਨੇ ਕਿਹਾ ਹੈ ਕਿ ਪੰਜਾਬ ਦੇ ਬਹਾਦਰ ਲੋਕ, ਹੱਕਾਂ ਦੀ ਰਾਖੀ ਲਈ ਉੱਠਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦੇ ਸੂਬੇ ਦੀ ਭਗਵੰਤ ਮਾਨ ਸਰਕਾਰ ਦੇ ਕੋਝੇ ਯਤਨਾਂ ਨੂੰ ਸਫਲ ਨਹੀਂ ਹੋਣ ਦੇਣਗੇ। ਉਨ੍ਹਾਂ ਦੋਸ਼ ਲਾਇਆ ਹੈ ਕਿ ਆਪ ਸਰਕਾਰ ਮੋਦੀ-ਸ਼ਾਹ ਦੀ ਤਾਨਾਸ਼ਾਹ ਕਾਰਜਸ਼ੈਲੀ ਦੀ ਭੱਦੀ ਨਕਲ ਕਰਦਿਆਂ ਇੱਥੇ ਵੀ ਪੁਲਸ ਰਾਜ ਸਥਾਪਤ ਕਰਨਾ ਚਾਹੁੰਦੀ ਹੈ।ਜ਼ਿਕਰਯੋਗ ਹੈ ਕਿ ਗੋਨਿਆਨਾ ਮੰਡੀ ਦੇ ਨੌਜਵਾਨ ਅਧਿਆਪਕ ਨੂੰ ਸੀਆਈਏ ਟੂ ਵਿਖੇ ਤਸੀਹੇ ਦੇ ਕੇ ਕਤਲ ਕਰਨ ਵਾਲੇ ਪੁਲਸੀਆਂ ਖਿਲਾਫ ਕਾਰਵਾਈ ਕਰਵਾਉਣ ਲਈ ਗਠਿਤ ਕੀਤੀ ਗਈ 'ਨਰਿੰਦਰਦੀਪ ਕਤਲ ਕਾਂਡ ਵਿਰੋਧੀ ਐਕਸ਼ਨ ਕਮੇਟੀ' ਵਲੋਂ ਅੱਜ ਲੁਧਿਆਣਾ ਵਿਖੇ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ। ਇਉਂ ਹੀ ਬਠਿੰਡਾ ਸ਼ਹਿਰ ਦੇ ਅਤਿ ਢੁਕਵੀਂ ਥਾਂ 'ਤੇ ਬਣੇ ਬੱਸ ਸਟੈਂਡ ਨੂੰ ਰੀਅਲ ਐਸਟੇਟ ਕਾਰੋਬਾਰੀਆਂ ਨੂੰ ਲਾਹਾ ਪੁਚਾਉਣ ਲਈ ਸ਼ਹਿਰੋਂ ਬਾਹਰ 6-7 ਮੀਲ ਦੂਰ ਉਜਾੜ ਥਾਂ 'ਤੇ ਲਿਜਾਣ ਵਿਰੁੱਧ ਬਣੀ 'ਬਸ ਅੱਡਾ ਬਚਾਓ ਸੰਘਰਸ਼ ਕਮੇਟੀ' ਨੇ ਵੀ ਹੀ ਲੁਧਿਆਣਾ ਜਾ ਕੇ ਸੂਬੇ ਦੇ ਲੋਕਾਂ ਸਾਹਵੇਂ ਆਪਣਾ ਪੱਖ ਰੱਖਣ ਦਾ ਫੈਸਲਾ ਲਿਆ ਸੀ।ਪ੍ਰੰਤੂ ਅੱਜ ਸਾਝਰੇ ਹੀ ਪੁਲਸ ਦੀਆਂ ਧਾੜਾਂ ਨੇ ਇਨ੍ਹਾਂ ਅਮਨ ਪਸੰਦ ਸ਼ਹਿਰੀਆਂ ਨੂੰ ਘੇਰ ਲਿਆ ਅਤੇ ਇਨ੍ਹਾਂ ਦੀ ਲੁਧਿਆਣਾ ਵੱਲ ਨੂੰ ਰਵਾਨਾ ਹੋਣ ਦੀ ਕੋਸ਼ਿਸ਼ ਨਾਕਾਮ ਕਰ ਦਿੱਤੀ। ਇਹੋ ਨਹੀਂ ਪੁਲਸ ਨੇ ਦਿਹਾਤੀ ਮਜ਼ਦੂਰ ਸਭਾ ਦਾ ਸੂਬਾਈ ਮੀਤ ਸਕੱਤਰ ਪ੍ਰਕਾਸ਼ ਸਿੰਘ ਨੰਦਗੜ੍ਹ ਸਮੇਤ ਦਰਜਨਾਂ ਸ਼ਹਿਰੀਆਂ ਨੂੰ ਹਿਰਾਸਤ 'ਚ ਵੀ ਲੈ ਲਿਆ ਹੈ। ਰੰਧਾਵਾ ਅਤੇ ਜਾਮਾਰਾਏ ਨੇ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਕੀਤੀ ਗਈ ਪੁਲਸ ਦੀ ਇਸ ਜਾਬਰ ਕਾਰਵਾਈ ਨੂੰ ਲੋਕਾਂ ਦੇ ਜਮਹੂਰੀ ਤੇ ਸੰਵਿਧਾਨਕ ਹੱਕਾਂ ਦਾ ਕਤਲ ਕਿਹਾ ਹੈ।ਉਨ੍ਹਾਂ ਪਾਰਟੀ ਕਮੇਟੀਆਂ ਤੇ ਇਨਸਾਫ ਪਸੰਦ ਧਿਰਾਂ ਨੂੰ ਕੇਜਰੀਵਾਲ-ਮਾਨ ਦੇ ਇਸ ਤਾਨਾਸ਼ਾਹ ਰਵੱਈਏ ਖਿਲਾਫ ਸਖਤ ਮੁਜਹਮਤ ਉਸਾਰਨ ਦਾ ਸੱਦਾ ਦਿੱਤਾ ਹੈ।

# ਬਿਜਲੀ ਤੇ ਪਾਣੀ ਦੀ ਕਿੱਲਤ 'ਚ ਲੋਕਾਂ ਨੇ ਲਾਏ ਸਰਕਾਰ ਖਿਲਾਫ ਨਾਅਰੇ

**ਮੋਹਾਲੀ, (ਗੁਰਜੀਤ ਬਿੱਲਾ)**

ਮੋਹਾਲੀ ਦੇ ਲੋਕ ਇਸ ਸਮੇਂ ਗੰਭੀਰ ਸਥਿਤੀ ਦਾ ਸਾਹਮਣਾ ਕਰ ਰਹੇ ਹਨ, ਜਿੱਥੇ ਲੰਬੇ ਤੇ ਅਣਐਲਾਨੇ ਬਿਜਲੀ ਕੱਟਾਂ ਨੇ ਲੋਕਾਂ ਦੀ ਜ਼ਿੰਦਗੀ ਮੁਸ਼ਕਿਲ ਬਣਾ ਦਿੱਤੀ ਹੈ। ਗਰਮੀ ਦੀ ਤਪਿਸ਼ ਵਿੱਚ ਨਾ ਸਿਰਫ਼ ਬਿਜਲੀ ਦੀ ਗੁੰਝਲਦਾਰ ਸਪਲਾਈ ਨੇ ਲੋਕਾਂ ਨੂੰ ਪਰੇਸ਼ਾਨ ਕੀਤਾ ਹੈ, ਸਗੋਂ ਪਾਣੀ ਦੀ ਸਪਲਾਈ ਵੀ ਠੱਪ ਹੋਣ ਕਾਰਨ ਲੋਕ ਬੁਨਿਆਦੀ ਲੋੜਾਂ ਤੋਂ ਵੀ ਵਾਂਝੇ ਹੋ ਗਏ ਹਨ।ਇਸ ਦੇ ਵਿਰੋਧ 'ਚ ਅੱਜ ਪਿੰਡ ਸੋਹਾਣਾ ਦੇ ਨਗਰ ਨਿਵਾਸੀਆਂ ਵੱਲੋਂ ਏਅਰਪੋਰਟ ਰੋਡ 'ਤੇ ਜ਼ੋਰਦਾਰ ਧਰਨਾ ਦਿੱਤਾ ਗਿਆ। ਲੋਕਾਂ ਨੇ ਰੋਸ ਪਰਗਟ ਕਰਦੇ ਹੋਏ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਖ਼ਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਕੀਤੀ। ਉਨ੍ਹਾਂ ਦੀ ਮੰਗ ਸੀ ਕਿ ਬਿਜਲੀ ਅਤੇ ਪਾਣੀ ਵਰਗੀਆਂ ਮੂਲ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ।ਇਸ ਧਰਨੇ ਦੌਰਾਨ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਵੀ ਪਹੁੰਚੇ। ਉਨ੍ਹਾਂ ਨੇ ਆਪਣੀ ਗੱਲ ਰੱਖਦੇ ਹੋਏ ਕਿਹਾ ਕਿ ਮੁਫਤ ਬਿਜਲੀ ਦੇ ਵਾਅਦੇ ਤਾਂ ਹੁਣ ਹਰ ਪਾਸੇ ਥਾਂ ਥਾਂ ਤੇ ਲੱਗੇ ਹੋਏ ਆਦਮੀ ਪਾਰਟੀ ਦੇ ਚੋਣੀ ਪੋਸਟਰਾਂ ਦੇ ਝੂਠ ਵਰਗੇ ਲੱਗਦੇ ਹਨ। ਜਦੋਂ ਲੋਕਾਂ ਤੱਕ ਬਿਜਲੀ ਹੀ ਨਹੀਂ ਪਹੁੰਚਦੀ ਤਾਂ ਮੁਫਤ ਬਿਜਲੀ ਕਿਸ ਚੀਜ਼ ਦੀ? ਇਹ ਸਰਕਾਰ ਹਰ ਮੋਰਚੇ ਤੇ ਨਾਕਾਮ ਹੋ ਚੁੱਕੀ ਹੈ - ਨਾ ਬਿਜਲੀ ਹੈ, ਨਾ ਪਾਣੀ। ਲੋਕ ਬੇਬਸੀ ਅਤੇ ਗੁੱਸੇ ਵਿਚ ਹਨ। ਇਹ ਹਕੂਮਤ ਹੁਣ ਆਪਣੇ ਆਪ ਸੱਤਾ ਤੋਂ ਹਟ ਜਾਵੇ ਤਾਂ ਹੀ ਬਿਹਤਰ ਹੈ, ਨਹੀਂ ਤਾਂ ਪੰਜਾਬ ਦਾ ਜਨਤਾ ਇਸਦਾ ਬੋਰੀਆ ਬਿਸਤਰਾ ਗੋਲ ਕਰਨ ਦਾ ਫੈਸਲਾ ਕਰ ਚੁੱਕੀ ਹੈ। ਉਹਨਾਂ ਕਿਹਾ ਕਿ ਇਹ ਸੂਬਾ ਝੂਠੇ ਦਾਅਵਿਆਂ ਨਾਲ ਨਹੀਂ, ਨਿਭਾਉਣ ਵਾਲੀ ਹਕੂਮਤ ਨਾਲ ਚੱਲ ਸਕਦਾ ਹੈ।ਘ ਸੋਹਾਣਾ ਨੇ ਇਹ ਵੀ ਕਿਹਾ ਕਿ ਜੇਕਰ ਇਹ ਹਾਲਾਤ ਜਾਰੀ ਰਹੇ ਤਾਂ ਲੋਕ ਸੰਘਰਸ਼ ਨੂੰ ਹੋਰ ਤਿੱਖਾ ਕਰਨਗੇ ਅਤੇ ਮੁੱਖ ਸੜਕਾਂ ਉੱਤੇ ਵੱਡੇ ਜਾਮ ਲਗਾਏ ਜਾਣਗੇ। ਉਹਨਾਂ ਕਿਹਾ ਕਿ ਲੋਕਾਂ ਦੇ ਰੋਸ ਤੋਂ ਇਹ ਸਾਫ਼ ਹੋ ਜਾਂਦਾ ਹੈ ਕਿ ਹੁਣ ਸਿਰਫ਼ ਦਾਅਵੇ ਅਤੇ ਇਸ਼ਤਿਹਾਰਾਂ ਨਾਲ ਨਹੀਂ, ਹਕੀਕਤ ਵਿਚ ਕੰਮ ਕਰਕੇ ਹੀ ਲੋਕਾਂ ਨੂੰ ਰਾਜੀ ਕੀਤਾ ਜਾ ਸਕਦਾ ਹੈ। ਉਹਨਾਂ ਕਿਹਾ ਕਿ ਨਾ ਤਾਂ ਬਿਜਲੀ ਵਿਭਾਗ ਕੋਲ ਬੁਨਿਆਦੀ ਢਾਂਚਾ ਹੈ ਅਤੇ ਨਾ ਹੀ ਪੂਰੇ ਕਰਮਚਾਰੀ ਜਿਸ ਕਾਰਨ ਬਿਜਲੀ ਦੇ ਅਨਲਾਨੇ ਕੱਟ ਲੱਗ ਰਹੇ ਹਨ। ਉਹਨਾਂ ਕਿਹਾ ਕਿ ਬਿਜਲੀ ਦਾ ਬੁਨਿਆਦੀ ਢਾਂਚਾ ਮਜਬੂਤ ਕੀਤਾ ਜਾਵੇ ਅਤੇ ਕਰਮਚਾਰੀਆਂ ਦੀ ਫੌਰੀ ਤੌਰ 'ਤੇ ਭਰਤੀ ਕੀਤੀ ਜਾਵੇ।ਇਹ ਵੀ ਮੰਗ ਕੀਤੀ ਕਿ ਸੈਕਟਰ 77 ਵਿੱਚ ਇਹ ਬਣਾਏ ਗਏ ਪਾਣੀ ਦੇ ਬੂਸਟਰ ਨਾਲ ਫੌਰੀ ਤੌਰ ਤੇ ਸੋਹਾਣਾ ਪਿੰਡ ਨੂੰ ਜੋੜਿਆ ਜਾਵੇ ਕਿਉਂਕਿ ਨਹਿਰੀ ਪਾਣੀ ਦਾ ਬੂਸਟਰ ਹੈ ਅਤੇ ਬਾਕੀ ਖੇਤਰ ਇਸ ਬੂਸਟਰ ਨਾਲ ਜੋੜਿਆ ਜਾ ਚੁੱਕਿਆ ਹੈ ਜਦੋਂ ਕਿ ਸੋਹਾਣਾ ਨੂੰ ਇਸ ਨਾਲ ਜੋੜਿਆ ਜਾਣਾ ਹਲੇ ਬਾਕੀ ਹੈ। ਉਹਨਾਂ ਕਿਹਾ ਕਿ ਇਸ ਵਿੱਚ ਦੇਰੀ ਲਈ ਮੋਹਾਲੀ ਪ੍ਰਸ਼ਾਸਨ ਅਤੇ ਖਾਸ ਤੌਰ ਤੇ ਮੋਹਾਲੀ ਦੇ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ ਜਿੰਮੇਵਾਰ ਹਨ।ਪਿੰਡ ਸੋਹਾਣਾ ਦੇ ਵਾਸੀਆਂ ਨੇ ਇਨਸਾਫ਼ ਦੀ ਮੰਗ ਕਰਦੇ ਹੋਏ ਚੇਤਾਵਨੀ ਦਿੱਤੀ ਕਿ ਜੇਕਰ ਫੌਰੀ ਤੌਰ ਤੇ ਹਾਲਾਤ 'ਚ ਸੁਧਾਰ ਨਾ ਆਇਆ ਤਾਂ ਧਰਨਿਆਂ ਦਾ ਦਾਇਰਾ ਵਧਾਇਆ ਜਾਵੇਗਾ। ਉਹਨਾਂ ਕਿਹਾ ਕਿ ਉਹ ਹਰ ਤਰ੍ਹਾਂ ਨਾਲ ਪਿੰਡ ਵਾਸੀਆਂ ਦੇ ਸੰਘਰਸ਼ ਵਿੱਚ ਸ਼ਾਮਿਲ ਹਨ। ਇਸ ਮੌਕੇ ਹਰਵਿੰਦਰ ਸਿੰਘ ਨੰਬਰਦਾਰ , ਸੁੱਚਾ ਸਿੰਘ ਕਲੌੜ ਕੌਂਸਲਰ , ਹਰਜਿੰਦਰ ਕੌਰ ਕੌਂਸਲਰ , ਗੁਰਦੀਪ ਸਿੰਘ ਸਾਬਕਾ ਸਰਪੰਚ , ਚਰਨਜੀਤ ਕੌਰ , ਬਲਬੀਰ ਕੌਰ, ਹਰਪ੍ਰੀਤ ਸਿੰਘ, ਮਨਜੀਤ ਸਿੰਘ ਪੱਪੀ ਅਤੇ ਹੋਰ ਪਤਵੰਤੇ ਹਾਜ਼ਰ ਸਨ।



# ਵਕੀਲਾਂ ਦੇ ਕਰੀਬ 10 ਚੈਂਬਰਾਂ 'ਚ ਲੱਗੇ ਏ ਸੀ 'ਚੋਂ ਸਾਮਾਨ ਚੋਰੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਸੁਲਤਾਨਪੁਰ ਲੋਧੀ ਇਲਾਕੇ 'ਚ ਸਰਗਰਮ ਹੋਏ ਚੋਰ ਗਿਰੋਹ ਆਏ ਦਿਨ ਵਾਰਦਾਤਾਂ ਨੂੰ ਅੰਜਾਮ ਦੇ ਕੇ ਆਤੰਕ ਮਚਾ ਰਹੇ ਹਨ। ਜਿਸ ਦੇ ਚਲਦਿਆਂ ਲੋਕਾਂ ਅੰਦਰ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਪੁਲਸ ਦੇ ਹੱਥ ਇਹਨਾਂ ਚੋਰਾਂ ਦੇ ਤੱਕ ਪਹੁੰਚਣ ਵਿੱਚ ਨਾ ਕਾਮਯਾਬ ਸਾਬਤ ਹੋ ਰਹੇ ਹਨ।ਚੋਰ ਪਹਿਲਾਂ ਲੋਕਾਂ ਦੇ ਘਰਾਂ ਨੂੰ ਨਿਸ਼ਾਨਾ ਬਣਾਉਂਦੇ ਸਨ।ਪਰ ਹੁਣ ਇਹਨਾਂ ਬੇਖੌਫ ਚੋਰਾਂ ਨੇ ਛੁੱਟੀਆਂ ਮਨਾਉਣ ਗਏ ਵਕੀਲਾਂ ਨੂੰ ਵੀ ਨਹੀਂ ਬਖਸ਼ਿਆ।ਜ਼ਿਕਰਯੋਗ ਹੈ ਕਿ 15 ਜੂਨ ਤੋਂ ਨਿਆਂਇਕ ਕੰਪਲੈਕਸ ਵਿਖੇ ਗਰਮੀਆਂ ਦੀਆਂ ਛੁੱਟੀਆਂ ਸ਼ੁਰੂ ਹੋਈਆਂ ਸਨ।ਅਜੇ ਵਕੀਲ ਸਾਹਿਬਾਨ ਛੁੱਟੀਆਂ ਮਨਾਉਣ ਲਈ ਕਿਧਰੇ ਰਵਾਨਾ ਹੋਣ ਦੀਆਂ ਵਿਉਂਤਾਂ ਹੀ ਬਣਾ ਰਹੇ ਸਨ ਕਿ ਪਹਿਲੇ ਦਿਨ ਹੀ ਇਸ ਗੱਲ ਦਾ ਫਾਇਦਾ ਚੁੱਕਦਿਆਂ ਹੋਇਆਂ ਬੇਖੌਫ ਚੋਰਾਂ ਵੱਲੋਂ ਨਿਆਂਇਕ ਕੰਪਲੈਕਸ ਨੂੰ ਨਿਸ਼ਾਨਾ ਬਣਾਉਂਦਿਆਂ ਇੱਥੇ ਵੱਖ-ਵੱਖ ਵਕੀਲਾਂ ਦੇ ਚੈਂਬਰਾਂ ਵਿੱਚ ਲੱਗੇ ਏਅਰ ਕੰਡੀਸ਼ਨਰਾਂ ਦਾ ਸਮਾਨ ਚੋਰੀ ਕਰ ਲਿਆ ਗਿਆ।ਬਾਰ ਐਸੋਸੀਏਸ਼ਨ ਦੇ ਪ੍ਰਧਾਨ ਜਰਨੈਲ ਸਿੰਘ ਸੰਧਾ ਦੇ ਅਨੁਸਾਰ ਇਹਨਾਂ ਚੋਰਾਂ ਵੱਲੋਂ ਕਰੀਬ 10 ਏ ਸੀਆਂ ਦੀਆਂ ਕਾਪਰ ਪਾਈਪਾਂ ਅਤੇ ਹੋਰ ਕੀਮਤੀ ਸਮਾਨ ਚੋਰੀ ਕੀਤਾ ਗਿਆ ਹੈ।ਜਿਸ ਦਾ ਨੋਟਿਸ ਲੈਂਦਿਆਂ ਹੋਇਆਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਜਰਨੈਲ ਸਿੰਘ ਸੰਧਾ ਵੱਲੋਂ ਲਿਖਤ ਸ਼ਿਕਾਇਤ ਤੇ ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਨੂੰ ਦਿੱਤੀ ਗਈ ਹੈ ਮਾਮਲੇ ਨੂੰ ਲੈ ਕੇ ਥਾਣਾ ਮੁਖੀ ਸੁਲਤਾਨਪੁਰ ਲੋਧੀ ਇੰਸਪੈਕਟਰ ਸੋਨਮਦੀਪ ਕੌਰ ਨੇ ਕਿਹਾ ਕਿ ਮਾਮਲਾ ਉਹਨਾਂ ਦੇ ਧਿਆਨ 'ਚ ਆ ਚੁੱਕਾ ਹੈ ਜਲਦ ਹੀ ਚੋਰ ਸਲਾਖਾਂ ਦੇ ਪਿੱਛੇ ਹੋਣਗੇ।

# ਵਾਰਡ ਨੰਬਰ 63 ਦੇ ਦਸ ਪਰਵਾਰ 'ਆਪ' 'ਚ ਹੋਏ ਸ਼ਾਮਲ



**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਮੰਤਰੀਆਂ ਵਿਧਾਇਕਾਂ ਅਤੇ ਪਾਰਟੀ ਕਾਰਕੁਨਾਂ ਨਾਲ, ਲੁਧਿਆਣਾ ਪੱਛਮੀ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਲਈ ਪ੍ਰਚਾਰ ਕਰਨ ਦੌਰਾਨ ਵਾਰਡ ਨੰ 63 ਕੌਂਸਲਰ ਘੁੰਮਣ ਦੀ ਮੌਜੂਦਗੀ ਵਿੱਚ ਉਨਾ ਦੇ ਦਫਤਰ ਵਿਖੇ ਦਸ ਪਰਵਾਰਾਂ ਨੇ ਵੱਖ ਵੱਖ ਪਾਰਟੀਆਂ ਛੱਡ 'ਆਪ' ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਤੇ ਸਾਰਿਆਂ ਦੁਆਰਾ ਉਨਾਂ ਪਰਵਾਰਾਂ ਦਾ ਖੁੱਲ੍ਹੇ ਹੱਥਾਂ ਨਾਲ ਸਵਾਗਤ ਕੀਤਾ ਗਿਆ। ਇਹ ਪਰਵਾਰ ਪਾਰਟੀ ਦੀ ਵਿਚਾਰਧਾਰਾ ਤੋਂ ਪ੍ਰਭਾਵਿਤ ਸਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ 'ਆਪ' ਵਿੱਚ ਸ਼ਾਮਲ ਹੋਣ ਅਤੇ ਇਸਦੀ ਸਫਲਤਾ ਲਈ ਕੰਮ ਕਰਨ ਦਾ ਫੈਸਲਾ ਕੀਤਾ। ਇਨ੍ਹਾਂ ਪਰਵਾਰਾਂ ਦਾ ਸਾਮਲ ਹੋਣਾ ਲੁਧਿਆਣਾ ਪੱਛਮੀ ਵਿੱਚ 'ਆਪ' ਲਈ ਵਧਦੀ ਲੋਕਪ੍ਰਿਅਤਾ ਅਤੇ ਸਮਰਥਨ ਦਾ ਪ੍ਰਮਾਣ ਹੈ।'ਆਪ' ਭਾਰਤ ਦੇ ਰਾਜਨੀਤਿਕ ਦ੍ਰਿਸ਼ਟੀਕੋਣ ਵਿੱਚ ਇੱਕ ਸਕਾਰਾਤਮਕ ਤਬਦੀਲੀ ਲਿਆਉਣ ਲਈ ਵਚਨਬੱਧ ਹੈ, ਅਤੇ ਸਾਨੂੰ ਵਿਸ਼ਵਾਸ ਹੈ ਕਿ ਲੋਕਾਂ ਦੇ ਸਮਰਥਨ ਨਾਲ, ਅਸੀਂ ਆਉਣ ਵਾਲੀਆਂ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਾਂਗੇ।

# ਹਰਿਆਣਾ 'ਚ ਹੋਈ ਪੰਚਾਇਤ ਜ਼ਿਮਨੀ ਚੋਣ 'ਚ 73.25 ਫੀਸਦੀ ਰਹੀ ਵੋਟਿੰਗ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਰਾਜ ਚੋਣ ਕਮਿਸ਼ਨਰ ਧਨਪਤ ਸਿੰਘ ਨੇ ਕਿਹਾ ਕਿ ਪੰਚਾਇਤਾਂ ਦੇ ਜਿਮਨੀ ਚੋਣ ਤੇ ਕੁੱਝ ਪੰਚਾਇਤਾਂ ਜੋ ਨਗਰਪਾਲਿਕਾ ਤੋਂ ਮੁੜ ਪੰਚਾਇਤ ਬਣੀਆਂ ਹਨ ਦੇ ਆਮ ਚੋਣ ਨੂੰ ਸਪੰਨ ਕਰਵਾਉਣ ਬਾਅਦ ਹੁਣ ਸਭ ਚੋਣ ਕਮਿਸ਼ਨ ਦੇ ਕੋਲ ਕਿਸੇ ਵੀ ਪੰਚਾਇਤ ਦਾ ਚੋਣ ਪੈਂਡਿੰਗ ਨਹੀਂ ਹੈ।ਇਸ ਤੋਂ ਇਲਾਵਾ, ਕਾਲਾਂਵਾਲੀ, ਸਿਰਸਾ ਦੇ ਨਵੀ ਆਮ ਚੋਣ ਲਈ ਵੋਟਿੰਗ 29 ਜੂਨ ਨੂੰ ਹੋਣੀ ਹੈ।ਉਸ ਦੇ ਲਈ ਅੱਜ ਨਾਮਜਦਗੀ ਦਾਖਲ ਕਰਨ ਦੀ ਆਖੀਰੀ ਮਿਤੀ ਸੀ।ਚੋਣ ਗਿਣਤੀ 30 ਜੂਨ ਨੂੰ ਹੋਵੇਗੀ ਇਸ ਦੇ ਨਾਲ ਹੀ ਕਿਸੇ ਵੀ ਸਥਾਨਕ ਨਿਕਾਯ ਲਈ ਹੋਣ ਵਾਲੇ ਚੋਣ ਕਮਿਸ਼ਨ ਦੇ ਕੋਲ ਪੈਂਡਿੰਗ ਨਹੀਂ ਹੈ।ਉਨ੍ਹਾਂ ਨੇ ਕਿਹਾ ਕਿ ਜਿਮਨੀ ਚੋਣ ਦਾ ਔਸਤ ਵੋਟਿੰਗ ਗਰਮੀ ਦੇ ਬਾਵਜੂਦ ਵੀ 73.25 ਫੀਸਦੀ ਰਿਹਾ ਜੋ ਦਰਸਾਉਂਦਾ ਹੈ ਕਿ ਲੋਕਾਂ ਦੀ ਪੰਚਾਇਤੀ ਚੋਣ ਵਿੱਚ ਕਾਫੀ ਦਿਲਚਸਪੀ ਹੈ।ਸ੍ਰੀ ਧਨਪਤ ਸਿੰਘ ਨੇ ਦਸਿਆ ਕਿ ਕੁੱਲ ਮਿਲਾ ਕੇ ਪੰਚਾਇਤ ਪੱਧਰ 'ਤੇ ਪੰਚਾਂ ਦੀ 830, ਸਰਪੰਚਾਂ ਦੀ 74, ਪੰਚਾਇਤ ਕਮੇਟੀ ਮੈਂਬਰਾਂ ਦੀ 17 ਅਤੇ ਜ਼ਿਲ੍ਹਾ ਪਰਿਸ਼ਦ ਮੈਂਬਰ ਦੀ 1 ਸੀਟ ਲਈ ਜਿਮਨੀ ਚੋਣ ਨਿਰਧਾਰਿਤ ਕੀਤੇ ਗਏ ਸਨ। ਇਨ੍ਹਾਂ ਵਿੱਚੋਂ ਪੰਚਾਂ ਤੇ ਸਰਪੰਚਾਂ ਦੇ ਅਹੁਦਿਆਂ 'ਤੇ ਕਈ ਉਮੀਦਵਾਰ ਬਿਨ੍ਹਾ ਵਿਰੋਧ ਚੁਣੇ ਗਏ। ਉਨ੍ਹਾਂ ਨੇ ਦਸਿਆ ਕਿ ਚੋਣ ਪ੍ਰਕ੍ਰਿਆ ਪੂਰੀ ਤਰ੍ਹਾ ਨਾਲ ਸ਼ਾਂਤੀਪੂਰਣ ਢੰਗ ਨਾਲ ਸਪੰਨ ਹੋਇਆ। ਕਿਤੋਂ ਵੀ ਕਿਸੇ ਤਰ੍ਹਾ ਦੀ ਘਟਨਾ ਦੀ ਖਬਰ ਨਹੀਂ ਮਿਲੀ। ਫਤਿਹਾਬਾਦ ਜਿਲ੍ਹੇ ਦੀ ਤਮਸਪੁਰਾ ਪੰਚਾਇਤ ਦੇ ਸਰਪੰਚ, ਕਰਨਾਲ, ਜਿਲ੍ਹੇ ਦੀ ਘਰੌਂਡਾ ਬਲਾਕ ਕਮੇਟੀ ਦੇ ਬੋਰਡ ਨੰਬਰ 12 ਦੇ ਮੈਂਬਰ, ਨੂੰਹ ਜਿਲ੍ਹੇ ਦੀ ਦੁਬਾਲੂ, ਕਰਹੇੜਾ, ਅੰਧਾਕੀ, ਬਧਹ, ਡੁੰਗਜਾ ਪੰਚਾਇਤ ਦੇ ਸਰਪੰਚ ਤੇ ਕੋਟਲਾ ਦੇ ਪੰਚ ਤੇ ਅਹੀਰ ਦੇ ਸਰਪੰਚ ਲਈ ਚੋਣ ਕੋਟਰ ਵਿੱਚ ਸਟੇ ਹੋਣ ਕਾਰਨ ਨਹੀਂ ਕਰਵਾਏ ਗਏ।

# ਸੁਪਰਵਾਈਜ਼ਰਾਂ ਵੱਲੋਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ, (ਬਲਵੀਰ ਸੈਣੀ)**

ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿੱਚ ਵੱਖ-ਵੱਖ ਸੀ ਡੀ ਪੀ ਓ ਬਲਾਕਾਂ ਵਿੱਚ ਕੰਮ ਕਰਦੀਆਂ ਸੁਪਰਵਾਈਜ਼ਰਾਂ ਵੱਲੋਂ ਆਪਣੀ ਜੱਥੇਬੰਦੀ (ਆਲ ਪੰਜਾਬ ਸੁਪਰਵਾਈਜ਼ਰ



ਐਸੋਸੀਏਸ਼ਨ) ਦੇ ਬੈਨਰ ਥੱਲੇ ਜ਼ਿਲ੍ਹਾ ਹੁਸ਼ਿਆਰਪੁਰ ਦੀਆਂ ਸਮੂਹ ਸੁਪਰਵਾਈਜਰਾਂ ਵੱਲੋਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਹੁਸ਼ਿਆਰਪੁਰ ਰਾਹੀ ਮੁੱਖ ਦਫਤਰ ਨੂੰ ਆਪਣਾ ਮੰਗ ਪੱਤਰ ਭੇਜਿਆ ਗਿਆ।ਜ਼ਿਲ੍ਹਾ ਪ੍ਰਧਾਨ ਸੁਨੀਤਾ ਦੇਵੀ ਵੱਲੋਂ ਪੋਸ਼ਣ ਟਰੈਕਰ ਨੇ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰਪੂਰਵਕ ਗੱਲ ਕੀਤੀ ਕਿ ਇੱਕ ਸੁਪਰਵਾਈਜਰ ਕੋਲ ਵਾਧੂ ਚਾਰਜ ਹੋਣ ਕਾਰਨ ਉਸ ਕੋਲ ਨਿੱਜੀ ਤੌਰ 'ਤੇ 45-50 ਪਿੰਡਾਂ ਵਿੱਚ ਜਾ ਕੇ ਇਕੱਲੇ ਕੰਮ ਕਰਨ ਵਿੱਚ ਬਹੁਤ ਹੀ ਮੁਸ਼ਕਲਾਂ ਆ ਰਹੀਆ ਹਨ ਅਤੇ ਗਰਮੀਆਂ ਦੀਆ ਛੁੱਟੀਆਂ ਹੋਣ ਕਾਰਨ ਲਾਭਪਾਤਰੀ ਪਿੰਡ ਵਿੱਚ ਨਹੀਂ ਮਿਲ ਰਹੇ।ਇਹ ਕੰਮ ਆਗਣਵਾੜੀ ਵਰਕਰ ਦਾ ਹੈ ਕਿਉਂਕਿ ਉਸਦੇ ਮੋਬਾਇਲ ਨੰਬਰ 'ਤੇ ਹੀ ਆਈ ਡੀ ਬਣੀ ਹੋਈ ਹੈ।ਇਸ ਤੋਂ ਇਲਾਵਾ ਪੋਸ਼ਣ ਟਰੈਕਰ ਦੀਆਂ ਤਕਨੀਕੀ ਖਰਾਬੀਆਂ ਕਾਰਨ ਵੀ ਕੰਮ ਵਿੱਚ ਰੁਕਾਵਟ ਆ ਰਹੀ ਹੈ ਅਤੇ ਕਈ ਵਾਰ ਲਾਭਪਾਤਰੀਆਂ ਦੇ ਅਧਾਰ ਨਾਲ ਜੋ ਨੰਬਰ ਅਟੈਚ ਹੁੰਦਾ ਹੈ ਉਹ ਮੌਕੇ 'ਤੇ ਉਹਨਾਂ ਕੋਲ ਮੌਜੂਦ ਨਹੀਂ ਹੁੰਦਾ ਜਿਸ ਨਾਲ ਕੰਮ ਬਿਲਕੁੱਲ ਹੀ ਰੁਕ ਜਾਂਦਾ ਹੈ।ਇਹਨਾਂ ਪ੍ਰੇਸ਼ਾਨੀਆਂ ਕਾਰਨ ਸੁਪਰਵਾਈਜ਼ਰ ਕੇਡਰ ਮਾਨਸਿਕ ਤਣਾਅ ਦਾ ਸਾਹਮਣਾ ਕਰ ਰਿਹਾ ਹੈ, ਜਿਸ ਦਾ ਆਲ ਪੰਜਾਬ ਸੁਪਰਵਾਈਜ਼ਰ ਐਸੋਸੀਏਸ਼ਨ ਸਖ਼ਤ ਵਿਰੋਧ ਕਰਦੀ ਹੈ।ਇਸ ਮੌਕੇ ਜਨਰਲ ਸਕੱਤਰ ਗੀਤਾ ਰਾਣੀ, ਸੀਨੀਅਰ ਮੀਤ ਪ੍ਰਧਾਨ ਸੰਦੀਪ ਕੌਰ, ਪ੍ਰੈਸ ਸਕੱਤਰ ਸ਼ਰਮੀਲਾ ਰਾਣੀ, ਜਿਲ੍ਹਾ ਖਜਾਨਚੀ ਰਜਿੰਦਰ ਕੌਰ ਅਤੇ ਗੀਤਾ ਰਾਣੀ, ਬੇਵੀ ਰਾਣੀ, ਕਮਲੇਸ਼ ਕੌਰ, ਮਨਜੀਤ ਕੌਰ, ਰਛਪਾਲ ਕੌਰ, ਕਮਲਜੀਤ ਕੌਰ, ਰੈਨੂੰ ਬਾਲਾ, ਸੁਖਵਿੰਦਰ ਕੌਰ, ਬਲਜਿੰਦਰ ਕੌਰ, ਅਰਸ਼ਦੀਪ ਕੌਰ, ਬਰਜਿੰਦਰ ਕੌਰ ਸੁਪਰਵਾਈਜਰਾਂ ਸ਼ਾਮਲ ਸਨ।

# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੇ ਲਗਾਈ ਠੰਢੇ-ਮਿੱਠੇ ਜਲ ਦੀ ਛਬੀਲ




**ਹੁਸ਼ਿਆਰਪੁਰ, (ਓ ਪੀ ਰਾਣਾ)**

ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ, ਆਸ਼ਿਕਾ ਜੈਨ ਦੀ ਅਗਵਾਈ ਹੇਠ ਚਲਾਏ ਜਾ ਰਹੇ 'ਰੈੱਡ ਕ੍ਰਾਸ ਸਕੂਲ ਆਫ ਵੋਕੇਸ਼ਨਲ ਲਰਨਿੰਗ' ਦੇ ਸਮੂਹ ਵਿਦਿਆਰਥੀਆਂ ਅਤੇ ਰੈੱਡ ਕ੍ਰਾਸ ਸਟਾਫ ਵੱਲੋਂ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਦਫ਼ਤਰ ਦੇ ਬਾਹਰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਦੌਰਾਨ ਰੈੱਡ ਕ੍ਰਾਸ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਵਲੋਂ ਵੱਧ-ਚੜ੍ਹ ਕੇ ਸੇਵਾ ਕੀਤੀ ਗਈ।ਜਾਣਕਾਰੀ ਦਿੰਦਿਆਂ ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ 'ਰੈੱਡ ਕ੍ਰਾਸ ਸਕੂਲ ਆਫ ਵੋਕੇਸ਼ਨਲ ਲਰਨਿੰਗ' ਵਿੱਚ ਕਰਵਾਏ ਜਾਣ ਵਾਲੇ ਸਾਰੇ ਹੀ ਕੋਰਸ ਜਿਵੇਂ ਕਿ ਕੰਪਿਊਟਰ, ਟੈਲੀ ਅਤੇ ਅਕਾਊਂਟਿੰਗ, ਬਿਊਟੀ ਅਤੇ ਵੈੱਲਨੈਸ, ਫੈਸ਼ਨ ਡਿਜ਼ਾਈਨਿੰਗ, ਟਾਈਪ ਐਂਡ ਸ਼ਾਰਟਹੈਂਡ ਆਈ.ਐਸ.ਓ. ਸਰਟੀਫਾਈਡ ਕੋਰਸਾਂ ਵਿੱਚ ਵਿਦਿਆਰਥੀਆਂ ਨੂੰ ਤਿੰਨ ਮਹੀਨੇ, ਛੇ ਮਹੀਨੇ ਅਤੇ ਇਕ ਸਾਲ ਦੀ ਟ੍ਰੇਨਿੰਗ ਦਿੱਤੀ ਜਾਂਦੀ ਹੈ।ਇਸ ਤੋਂ ਇਲਾਵਾ ਇਹ ਕੋਰਸ ਖਤਮ ਹੋਣ ਉਪਰੰਤ ਵਿਦਿਆਰਥੀਆਂ ਨੂੰ ਰੁਜ਼ਗਾਰ ਦੇ ਮੌਕੇ ਵੀ ਮੁਹੱਈਆ ਕਰਵਾਏ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕੋਰਸਾਂ ਵਿੱਚ ਦਾਖਲਾ ਲੈਣ ਲਈ ਯੋਗ ਉਮੀਦਵਾਰ ਨਿੱਜੀ ਤੌਰ 'ਤੇ ਦਫਤਰ ਵਿਖੇ ਆ ਕੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਅੱਜ

**ਮੋਹਾਲੀ, (ਗੁਰਜੀਤ ਬਿੱਲਾ)**—ਪੰਜਾਬ ਸਰਕਾਰ ਦੇ ਮਿਸ਼ਨ ਘਰ ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐਸ.ਏ.ਐਸ ਨਗਰ ਵੱਲੋਂ ਮਿਤੀ 17-06-2025 ਦਿਨ ਮੰਗਲਵਾਰ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਤੀਸਰੀ ਮੰਜ਼ਿਲ, ਕਮਰਾ ਨੰ: 461, ਸੈਕਟਰ-76 ਵਿਖੇ ਕੀਤਾ ਜਾ ਰਿਹਾ ਹੈ। ਜਿਸ ਦਾ ਸਮਾਂ ਸਵੇਰੇ 11:00 ਵਜੇ ਤੋਂ ਦੁਪਹਿਰ 2 ਵਜੇ ਤੱਕ ਹੋਵੇਗਾ। ਡੀ.ਬੀ.ਈ.ਈ. ਐਸ.ਏ.ਐਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਜਿਸ ਵਿੱਚ ਮਿਤੀ 17-06-2025 (ਮੰਗਲਵਾਰ) ਨੂੰ ਪਲੇਸਮੈਂਟ ਕੈਂਪ ਆਯੋਜਨ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕੈਂਪ ਵਿੱਚ ਡੈਨੋਨ ਨਟੂਰਿਸ਼ਾ ਵੱਲੋਂ ਟ੍ਰੇਨੀ/ਮਸੀਨ ਓਪਰੇਟਰ ਦੀ ਆਸਾਮੀ ਲਈ ਭਰਤੀ ਕੀਤੀ ਜਾਵੇਗੀ। ਭਰਤੀ ਕੀਤੇ ਗਏ ਪ੍ਰਾਰਥੀਆਂ ਦੀ ਤਨਖਾਹ ਕੰਪਨੀ ਅਨੁਸਾਰ 25000/- (ਸੀਟੀਸੀ) ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਲਾਲੜੂ, ਜਿਲ੍ਹਾ ਐਸ.ਏ.ਐਸ ਨਗਰ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਸਿਰਫ ਲੜਕੇ ਭਾਗ ਲੈ ਸਕਦੇ ਹਨ। ਪ੍ਰਾਰਥੀਆਂ ਦੀ ਉਮਰ 19 ਤੋਂ 23 ਸਾਲ ਤੱਕ ਹੋਵੇਗੀ ਅਤੇ ਘੱਟੋ ਘੱਟ ਯੋਗਤਾ ਬਾਰ੍ਹਵੀ (65% ) ਪਾਸ ਲੋੜੀਂਦੀ ਹੈ। ਉਨ੍ਹਾਂ ਉਮੀਦਵਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਮੌਕੇ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ। ਪ੍ਰਾਰਥੀ ਆਪਣੀ ਯੋਗਤਾ ਦੇ ਅਸਲ ਸਰਟੀਫਿਕੇਟ, ਆਧਾਰ ਕਾਰਡ ਅਤੇ ਪੈਨਕਾਰਡ ਨਾਲ ਲੈ ਕੇ ਆਉਣ ਤਾਂ ਕਿ ਪ੍ਰਾਰਥੀਆ ਦੀ ਮੌਕੇ ਤੇ ਹੀ ਰਜਿਸਟ੍ਰੇਸ਼ਨ ਕਰਵਾਈ ਜਾ ਸਕੇ। ਇਸ ਤੋਂ ਇਲਾਵਾ ਪ੍ਰਾਰਥੀ ਰੀਜ਼ਿਊਮ ਸਮੇਤ ਫਾਰਮਲ ਡਰੈੱਸ ਵਿੱਚ ਸਮੇਂ ਸਿਰ ਆਉਣ ਦੀ ਖੇਚਲ ਕਰਨ।

# ਸਤਿਗੁਰੂ ਰਵਿਦਾਸ ਦੇ ਜੋਤੀ ਜੋਤ ਦਿਵਸ ਮੌਕੇ ਲਗਾਈ ਗਈ ਠੰਢੇ ਮਿੱਠੇ ਜਲ ਦੀ ਛਬੀਲ



**ਗੁਰਾਇਆ (ਬਿੰਦਰ ਸੁੰਮਨ)**

ਨਜ਼ਦੀਕ ਪਿੰਡ ਸੂਰਜਾ ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜੋਤੀ ਜੋਤ ਦਿਵਸ ਤੇ 108 ਸੰਤ ਰਾਮਾਨੰਦ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਅਤੇ ਸੰਗਰਾਂਦ ਦਿਹਾੜੇ ਦੇ ਮੌਕੇ' ਤੇ ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ, ਡਾਕਟਰ ਭੀਮ ਰਾਓ ਅੰਬੇਦਕਰ ਵੈਲਫੇਅਰ ਸੋਸਾਇਟੀ (ਰਜਿ.) ਸੂਰਜਾ ਵਲੋਂ ਸਮੂਹ ਨਗਰ ਨਿਵਾਸੀ ਅਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਸੁਖਮਨੀ ਸਾਹਿਬ ਜੀ ਦੇ ਪਾਠ ਭੋਗ ਪਾਇਆ ਗਿਆ। ਇਸ ਮੌਕੇ 'ਤੇ ਕਾਂਸ਼ੀ, ਬਨਾਰਸ ਤੋਂ ਆਏ ਹੋਏ ਮਹਾਂਪੁਰਸ਼ ਅਚਾਰਿਆ ਮਹੰਤ ਭਾਰਤ ਭੂਸ਼ਣ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦਾ ਗੁਣਗਾਨ ਕੀਤਾ ਗਿਆ, ਤੇ ਧਾਰਮਿਕ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਗੁਰਦੁਆਰਾ ਸਾਹਿਬ ਵਿੱਚ ਜਿੱਥੇ ਚਾਹ ਦੇ ਲੰਗਰ ਚਲਾਏ ਗਏ, ਉੱਥੇ ਹੀ ਇਸ ਮੌਕੇ 'ਤੇ ਇਸ ਮੌਕੇ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ, ਜਿਸ ਦਾ ਆਰੰਭ ਅਚਾਰੀਆ ਮਹੰਤ ਭਾਰਤ ਭੂਸ਼ਣ ਜੀ ਵੱਲੋਂ ਅਰਦਾਸ ਬੇਨਤੀ ਕਰਨ ਉਪਰੰਤ ਕੀਤਾ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਚਾਰਿਆ ਮਹੰਤ ਭਾਰਤ ਭੂਸ਼ਣ ਅਤੇ ਉਨਾਂ ਦੇ ਨਾਲ ਆਏ ਹੋਏ ਮਹਿਮਾਨਾਂ ਨੂੰ ਸਿਰੋਪਾਓ ਤੇ ਯਾਦਗਾਰੀ ਚਿੰਨ ਦੇ ਕਿ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਪ੍ਰਧਾਨ ਅਮੀਰੀ ਲਾਲ, ਵਾਈਸ ਪ੍ਰਧਾਨ ਹਰਦੀਪ ਕੁਮਾਰ, ਖਜਾਨਚੀ ਡਾਕਟਰ ਮਨਜੀਤ ਗੁਰੂ ਤੇ ਮੱਖਣ ਰਾਮ, ਸਟੇਜ ਸਕੱਤਰ ਰੈਨੀ ਸਿੰਘ, ਗੁਰਪ੍ਰੀਤ ਰਾਮ, ਹਰਵਿੰਦਰ ਕੁਮਾਰ, ਰਾਹੁਲ ਕੁਮਾਰ, ਗੁਰਮੇਜ ਰਾਮ, ਰਵੀ ਕੁਮਾਰ, ਟਿੰਕੂ, ਗੁਰਦੀਪ ਕੁਮਾਰ, ਅਤੇ ਪੰਚਾਇਤ ਮੈਂਬਰ ਪੰਚ ਅਮਰੀਕ ਲਾਲ, ਪੰਚ ਆਸ਼ਾ ਰਾਣੀ, ਪੰਚ ਮਾਇਆ ਰਾਣੀ, ਸਾਬਕਾ ਸਰਪੰਚ ਹਰਜਿੰਦਰ ਕੁਮਾਰ, ਸਾਬਕਾ ਪੰਚ ਸੁਰਿੰਦਰ ਕੁਮਾਰ ਮਿੰਟੂ ਤੇ ਸਮੂਹ ਨਗਰ ਨਿਵਾਸੀ ਹਰੀ ਰਾਮ, ਲਾਲਾ ਯੂ.ਕੇ., ਦੇਸਰਾਜ ਬਿੱਲਾ, ਬੀਰਬਲ, ਕਸ਼ਮੀਰੀ ਲਾਲ, ਹੁਸਨ ਲਾਲ, ਕਸ਼ਮੀਰਾ, ਦਿਸ਼ਾਂਤ ਮੱਲ, ਨਿਖਿਲ ਗੁਰੂ ਅਤੇ ਬੀਬੀ ਛਿੰਦੋ ਯੂ.ਕੇ., ਸੱਤਿਆ, ਨਛੱਤਰ ਕੌਰ, ਮਨਜੀਤ ਕੌਰ, ਰੀਨਾ ਸੁੰਮਨ, ਬਲਵੀਰ ਕੌਰ, ਬਿੰਦਰ ਕੌਰ, ਨਿਰਮਲਾ ਰਾਣੀ, ਗੈਵੀ ਮੱਲ ਆਦਿ ਮੌਜੂਦ ਸਨ।

# ਲੋੜਵੰਦਾਂ ਦੀਆਂ ਜ਼ਿੰਦਗੀਆਂ ਬਚਾਉਣ 'ਚ ਖ਼ੂਨਦਾਨ ਕੈਂਪਾਂ ਦਾ ਅਹਿਮ ਰੋਲ : ਸਚਦੇਵਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**

ਫਿੱਟ ਬਾਈਕਰ ਕਲੱਬ ਵੱਲੋਂ ਸੱਚਦੇਵਾ ਸਟਾਕਸ ਦੇ ਸਹਿਯੋਗ ਨਾਲ ਚੌਥਾ ਖੂਨਦਾਨ ਕੈਂਪ ਬੁਲਾਵਾੜੀ ਸਥਿਤ ਸੱਚਦੇਵਾ ਸਟਾਕਸ ਦੇ ਮੁੱਖ ਦਫਤਰ ਵਿੱਚ ਲਗਾਇਆ ਗਿਆ। ਜਿਸ ਦਾ ਉਦਘਾਟਨ ਸਿਹਤ ਵਿਭਾਗ ਦੇ ਅਧਿਕਾਰੀ ਵੱਲੋਂ ਕੀਤਾ ਗਿਆ ਅਤੇ ਇਸ ਦੌਰਾਨ ਖੂਨਦਾਨੀਆਂ ਦੀ ਹੌਂਸਲਾ ਅਫਜਾਈ ਕਰਦੇ ਹੋਏ ਫਿੱਟ ਬਾਈਕਰ ਕਲੱਬ ਦੇ ਮੈਂਬਰਾਂ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਗਈ। ਇਸ ਮੌਕੇ ਫਿੱਟ ਬਾਈਕਰ ਕਲੱਬ ਦੇ ਪ੍ਰਧਾਨ ਪਰਮਜੀਤ ਸਿੰਘ ਸੱਚਦੇਵਾ ਦੀ ਅਗਵਾਈ ਹੇਠ ਕਲੱਬ ਮੈਂਬਰਾਂ ਵੱਲੋਂ ਉਨ੍ਹਾਂ ਦਾ ਕੈਂਪ ਵਿੱਚ ਪੁੱਜਣ ਸਮੇਂ ਸਵਾਗਤ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਕਿਹਾ ਕਿ ਖੂਨਦਾਨ ਮਹਾਨਦਾਨ ਹੈ ਜੋ ਕਿ ਜਰੂਰਤਮੰਦ ਲੋਕਾਂ ਦੀਆਂ ਜ਼ਿੰਦਗੀਆਂ ਨੂੰ ਬਚਾਉਣ ਵਿੱਚ ਸਹਾਈ ਹੁੰਦਾ ਹੈ, ਉਨ੍ਹਾਂ ਕਿਹਾ ਕਿ ਫਿੱਟ ਬਾਈਕਰ ਕਲੱਬ ਵੱਲੋਂ ਸਾਲਾਨਾ ਖੂਨਦਾਨ ਕੈਂਪ ਲਗਾ ਕੇ ਸਮਾਜ ਦੀ ਸੇਵਾ ਵਿੱਚ ਵੱਡੀ ਭੂਮਿਕਾ ਨਿਭਾਈ ਜਾ ਰਹੀ ਹੈ। ਡਾ. ਸਵਾਤੀ ਨੇ ਕਿਹਾ ਕਿ ਇਸ ਕਲੱਬ ਵੱਲੋਂ ਸਮੇਂ-ਸਮੇਂ ਸਿਰ ਸਮਾਜ ਭਲਾਈ ਦੇ ਕੀਤੇ ਜਾਣ ਵਾਲੇ ਹੋਰ ਕਾਰਜਾਂ ਲਈ ਸਾਰੇ ਹੀ ਕਲੱਬ ਮੈਂਬਰ ਵਧਾਈ ਦੇ ਪਾਤਰ ਹਨ। ਇਸ ਮੌਕੇ ਕਲੱਬ ਪ੍ਰਧਾਨ ਪਰਮਜੀਤ ਸੱਚਦੇਵਾ ਨੇ ਦੱਸਿਆ ਕਿ ਅੱਜ ਦੇ ਖੂਨਦਾਨ ਕੈਂਪ ਦੌਰਾਨ 59 ਯੂਨਿਟ ਖੂਨ ਦਾਨੀਆਂ ਵੱਲੋਂ ਦਾਨ ਕੀਤੇ ਗਏ ਹਨ ਅਤੇ ਇਸ ਕੈਂਪ ਦੀ ਖਾਸ ਗੱਲ ਇਹ ਰਹੀ ਹੈ ਕਿ ਖੂਨਦਾਨ ਕਰਨ ਵਾਲੇ ਲੋਕਾਂ ਵਿੱਚ ਕਈ ਪਤੀ-ਪਤਨੀਆਂ ਅਤੇ ਪਿਓ-ਪੁੱਤਰ ਮੌਜੂਦ ਰਹੇ ਹਨ ਅਤੇ ਇਸ ਤੋਂ ਇਲਾਵਾ ਖੂਨਦਾਨ ਕਰਨ ਵਾਲਿਆਂ ਵਿੱਚ ਵੱਡੀ ਗਿਣਤੀ ਸਾਈਕਲਿਸਟਾਂ ਦੀ ਰਹੀ। ਉਨ੍ਹਾਂ ਕਿਹਾ ਕਿ ਇਸ ਕੈਂਪ ਨੂੰ ਸਫਲ ਬਣਾਉਣ ਲਈ ਬਲ ਬਲ ਸੇਵਾ ਸੁਸਾਇਟੀ ਦੇ ਪ੍ਰਧਾਨ ਹਰਕ੍ਰਿਸ਼ਨ ਕਜਲਾ ਅਤੇ ਸ਼ਿਵਾਲਿਕ ਹਾਈਕਿੰਗ ਅਤੇ ਟਰੈਕਿੰਗ ਕਲੱਬ ਵੱਲੋਂ ਜਸਵਿੰਦਰ ਜੀ ਦਾ ਯੋਗਦਾਨ ਅਹਿਮ ਰਿਹਾ ਹੈ। ਇਸ ਮੌਕੇ ਸ਼੍ਰੀਮਤੀ ਡਿੰਪੀ ਸੱਚਦੇਵਾ, ਉੱਤਮ ਸਿੰਘ ਸਾਬੀ, ਮੁਨੀਰ ਨਾਜਰ, ਦੌਲਤ ਸਿੰਘ, ਮਸਤਾਨ ਸਿੰਘ ਗਰੇਵਾਲ, ਤਰਲੋਚਨ ਸਿੰਘ, ਗੁਰਮੇਲ ਸਿੰਘ, ਉਕਾਂਰ ਸਿੰਘ, ਰੋਹਿਤ ਬਸੀ, ਸੌਰਵ ਸ਼ਰਮਾ, ਸਾਗਰ ਸੈਣੀ ਆਦਿ ਵੀ ਮੌਜੂਦ ਰਹੇ।




# ਲਾਇਲਪੁਰ ਖ਼ਾਲਸਾ ਕਾਲਜ ਦਾ ਨਤੀਜਾ ਰਿਹਾ ਸ਼ਾਨਦਾਰ



**ਜਲੰਧਰ (ਸ਼ੈਲੀ ਐਲਬਰਟ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐਮ.ਐਸਸੀ. ਮੈਥੇਮੈਟਿਕਸ ਤੀਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਨਵਦੀਪ ਨੇ 10 ਵਿਚੋਂ 7.40 ਐਸ.ਜੀ.ਪੀ.ਏ. ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿਚੋਂ ਅਠਵਾਂ ਸਥਾਨ ਹਾਸਲ ਕੀਤਾ। ਇਸ ਮੌਕੇ ਸਰਦਾਰਨੀ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ।ਇਸ ਮੌਕੇ ਵਾਈਸ ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ, ਡਾ. ਹਰਜੀਤ ਸਿੰਘ ਮੁਖੀ ਮੈਥੇਮੈਟਿਕਸ ਵਿਭਾਗ, ਡਾ. ਦਿਨਕਰ ਸ਼ਰਮਾ, ਡਾ. ਪਲਵਿੰਦਰ ਸਿੰਘ ਅਤੇ ਡਾ. ਨੀਤਿਕਾ ਵੀ ਹਾਜ਼ਰ ਸਨ।

# ਸਰਕਾਰ ਨੇ ਮਜ਼ਦੂਰਾਂ ਦੀਆਂ ਮੰਗਾਂ ਸੰਬੰਧੀ ਹਮੇਸ਼ਾ ਬੇਰੁਖੀ ਵਾਲਾ ਰਵੱਈਆ ਅਪਣਾਇਆ : ਗੋਬਿੰਦ ਛਾਜਲੀ

**ਕਪੂਰਥਲਾ (ਬਲਵੀਰ ਸ਼ਾਲ੍ਹਾਪੁਰੀ)**

ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਨੇ ਪ੍ਰੈੱਸ ਨਾਲ ਗੱਲ ਕਰਦਿਆਂ ਕਿਹਾ ਕਿ ਬੇਜ਼ਮੀਨੇ ਗ਼ਰੀਬ ਪਰਵਾਰਾਂ ਲਈ ਸੰਘਰਸ਼ ਸਦਕਾ ਜੀਂਦ ਵਾਲੇ ਰਾਜੇ ਦੀ ਜ਼ਮੀਨ 'ਤੇ ਬੇਗਮਪੁਰਾ ਵਸਾਉਂਣ ਦਾ ਸੰਕਲਪ ਕਰਨ ਵਾਲੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਕਰਨ ਅਤੇ ਲਗਾਤਾਰ ਛਾਪੇਮਾਰੀਆਂ ਕੀਤੇ ਜਾਣ ਦੀ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਮੌਕੇ ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਗੋਬਿੰਦ ਸਿੰਘ ਛਾਜਲੀ ਨੇ ਕਿਹਾ ਕਿ ਮਜ਼ਦੂਰ ਮੰਗਾਂ ਪ੍ਰਤੀ ਮਾਨ ਸਰਕਾਰ ਨੇ ਹਮੇਸ਼ਾ ਬੇਰੁੱਖੀ ਵਾਲਾ ਰਵੱਈਆ ਅਪਣਾਇਆ ਹੈ। ਮਜ਼ਦੂਰ ਜਥੇਬੰਦੀਆਂ ਨਾਲ ਕਦੇ ਵੀ ਮੀਟਿੰਗ ਤੱਕ ਨਾ ਕਰਨ ਵਾਲਾ ਮੁੱਖ ਮੰਤਰੀ ਅੱਜ ਹੱਕੀ ਸੰਘਰਸ਼ ਦੇ ਰਾਹ ਪਏ ਮਜ਼ਦੂਰ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਕਰ ਰਿਹਾ ਹੈ। ਜਿਸਨੂੰ ਕਿਸੇ ਵੀ ਤਰ੍ਹਾਂ ਬਰਦਾਸ਼ਿਤ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰੀਆਂ ਨਾਲ ਮਜ਼ਦੂਰ ਸੰਘਰਸ਼ ਦਬਾਇਆ ਨਹੀਂ ਜਾ ਸਕਦਾ। ਅਜਿਹੇ ਸਮੇਂ ਪੰਜਾਬ ਸਰਕਾਰ ਸੰਘਰਸ਼ ਕਰ ਰਹੇ ਮਜ਼ਦੂਰ ਆਗੂਆਂ ਨਾਲ ਬਕਾਇਦਾ ਮੀਟਿੰਗ ਕਰਕੇ ਬੇਜ਼ਮੀਨੇ ਮਜ਼ਦੂਰ ਪਰਵਾਰਾਂ ਨੂੰ ਉਨ੍ਹਾਂ ਦੀ ਬਨਦੀ ਹੱਕੀ ਜ਼ਮੀਨ ਲੈਂਡ ਸੀਲਿੰਗ ਐਕਟ 1972 ਲਾਗੂ ਕੀਤਾ ਜਾਵੇ। ਤਾਂ ਜੋ ਬੇ-ਜਮੀਨੇ ਗ਼ਰੀਬ ਲੋਕ ਵੀ ਪੰਜਾਬ ਵਿੱਚ ਆਪਣੀ ਜ਼ਮੀਨ ਦਾ ਅਧਿਕਾਰ ਮਹਿਸੂਸ ਕਰ ਸਕਣ। ਕਿਉਂਕਿ ਪੰਜਾਬ ਵਿੱਚ ਬਹੁਤ ਸਾਰੇ ਲੋਕ ਇਹੋ ਜਿਹੇ ਵੀ ਹਨ, ਜਿਨ੍ਹਾਂ ਕੋਲ ਆਪਣੇ ਰੈਣ ਬਸੇਰਾ ਕਰਨ ਲਈ ਇਕ ਮਰਲਾ ਜ਼ਮੀਨ ਵੀ ਨਹੀਂ ਹੈ। ਤਾਂ ਜੋ ਪਿੰਡਾਂ ਅਤੇ ਸ਼ਹਿਰਾਂ ਵਿੱਚ ਕਰਾਏ ਦੇ ਮਕਾਨ ਵਿੱਚ ਰਹਿਣ ਲਈ ਮਜਬੂਰ ਹਨ। ਇਸ ਲਈ ਇਨ੍ਹਾਂ ਗ਼ਰੀਬ ਲੋਕਾਂ ਲਈ ਲੈਂਡ ਸੀਲਿੰਗ ਐਕਟ 1972 ਨੂੰ ਲਾਗੂ ਕਰਕੇ ਗ਼ਰੀਬ ਲੋਕਾਂ ਸਰਪਲਸ ਜ਼ਮੀਨ ਦਾ ਅਧਿਕਾਰ ਦਿੱਤਾ ਜਾਵੇ। ਕਿਉਂਕਿ ਪੰਜਾਬ ਵਿੱਚ ਬਹੁਤ ਸਾਰੇ ਰਾਜੇ ਮਹਾਰਾਜਿਆਂ ਦੀਆਂ ਜ਼ਮੀਨਾਂ ਹਜ਼ਾਰਾਂ ਏਕੜ ਬੇ-ਅਬਾਦ ਪਈਆਂ ਹਨ। ਲੈਂਡ ਸੀਲਿੰਗ ਐਕਟ 1972 ਲਾਗੂ ਕਰਕੇ ਇਹ ਜ਼ਮੀਨਾਂ ਜੇਕਰ ਇਨ੍ਹਾਂ ਮਜ਼ਦੂਰ ਲੋਕਾਂ ਵਿੱਚ ਵੰਡੀਆਂ ਜਾਂਦੀਆਂ ਹਨ ਤਾਂ ਮਿਹਨਤੀ ਲੋਕਾਂ ਨੂੰ ਰੁਜ਼ਗਾਰ ਵੀ ਮਿਲੇਗਾ ਅਤੇ ਉਹ ਬੇ-ਅਬਾਦ ਪਈਆਂ ਜ਼ਮੀਨਾਂ ਅਬਾਦ ਵੀ ਹੋ ਜਾਣਗੀਆਂ। ਕਾ. ਛਾਜਲੀ ਨੇ ਕਿਹਾ ਕਿ ਪਿੰਡਾਂ ਵਿੱਚ ਪੰਚਾਇਤੀ ਜ਼ਮੀਨਾਂ ਅਤੇ ਪੰਜਾਬ ਸਰਕਾਰ ਦੀਆਂ ਜ਼ਮੀਨਾਂ ਜਿਨ੍ਹਾਂ ਦਾ ਹਰ ਸਾਲ ਦਾ ਠੇਕਾ ਹੁੰਦਾ ਹੈ। ਉਹ ਜ਼ਮੀਨ ਦਾ ਵੀ ਬਣਦਾ ਹੱਕ ਬੇ-ਜਮੀਨੇ ਕਿਰਤੀ ਲੋਕਾਂ ਨੂੰ ਹਰ ਸਾਲ ਠੇਕੇ 'ਤੇ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੰਚਾਇਤੀ ਜ਼ਮੀਨ ਅਤੇ ਪੰਜਾਬ ਸਰਕਾਰ ਦੀ ਤਾਂ ਹਰ ਸਾਲ ਵੱਡੇ ਘਰਾਣੇ ਹੀ ਠੇਕੇ 'ਤੇ ਲੈ ਜਾਂਦੇ ਹਨ।



# ਐੱਲ ਪੀ ਯੂ ਡਿਸਟੈਂਸ ਐਂਡ ਆਨਲਾਈਨ ਐਜੂਕੇਸ਼ਨ ਦੇ ਜੁਲਾਈ-ਅਗਸਤ 2025 ਸੈਸ਼ਨ ਲਈ ਦਾਖਲੇ ਸ਼ੁਰੂ




**ਜਲੰਧਰ (ਸ਼ੈਲੀ ਐਲਬਰਟ)**

ਲਵਲੀ ਪ੍ਰੋਫੈਸਨਲ ਯੂਨੀਵਰਸਿਟੀ ਨੇ ਜੁਲਾਈ-ਅਗਸਤ 2025 ਸੈਸ਼ਨ ਲਈ ਆਪਣੇ ਯੂ ਜੀ ਸੀ-ਪ੍ਰਵਾਨਿਤ ਡਿਸਟੈਂਸ ਐਂਡ ਆਨਲਾਈਨ ਐਜੂਕੇਸ਼ਨ ਪ੍ਰੋਗਰਾਮਾਂ ਲਈ ਦਾਖਲੇ ਖੋਲ੍ਹ ਦਿੱਤੇ ਹਨ। ਨਵਾਂ ਦਾਖਲਾ ਸੈਸ਼ਨ ਨਵੇਂ ਅਤੇ ਭਰਪੂਰ ਸਿੱਖਿਆ ਸਾਸ਼ਤਰ ਦੇ ਅਪਡੇਟਸ ਲੈ ਕੇ ਆਇਆ ਹੈ, ਜੋ ਐਲ ਪੀ ਯੂ ਨੂੰ ਲਚਕਦਾਰ ਅਤੇ ਕਰੀਅਰ-ਅਧਾਰਿਤ ਅਕਾਦਮਿਕ ਪ੍ਰੋਗਰਾਮਾਂ ਦੀ ਭਾਲ ਕਰਨ ਵਾਲੇ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਲਈ ਇੱਕ ਹੋਰ ਵੀ ਆਕਰਸ਼ਕ ਵਿਕਲਪ ਬਣਾਉਂਦਾ ਹੈ। ਐਲ ਪੀ ਯੂ ਡਿਸਟੈਂਸ ਐਜੂਕੇਸ਼ਨ ਰਾਹੀਂ ਪ੍ਰੋਗਰਾਮਾਂ ਦੀ ਇੱਕ ਵਿਸ਼ਾਲ ਸ੍ਰੇਣੀ ਦੀ ਪੇਸ਼ਕਸ਼ ਕਰਦਾ ਹੈ, ਜਿਸ 'ਚ ਗ੍ਰੈਜੂਏਟ (ਐਮ ਬੀ ਏ, ਐਮ ਸੀ ਏ, ਐਮ ਐਸ ਸੀ ਆਈਟੀ, ਐਮ ਕਾਮ, ਐਮ ਏ ਅਤੇ ਐਮ ਐਲ ਆਈ ਐਸ), ਅੰਡਰ ਗ੍ਰੈਜੂਏਟ (ਬੀ ਬੀ ਏ, ਬੀ ਸੀ ਏ, ਬੀ ਐਸ ਸੀ ਆਈ ਟੀ, ਬੀਕਾਮ ਅਤੇ ਬੀ ਐਲ ਆਈ ਐਸ) ਅਤੇ ਡਿਪਲੋਮਾ (ਡੀ ਬੀ ਏ, ਡੀ ਸੀ ਏ ਅਤੇ ਡੀ ਐਲ ਆਈ ਐਸ) ਕੋਰਸ ਸ਼ਾਮਲ ਹਨ। ਆਨਲਾਈਨ ਕੋਰਸਾਂ 'ਚ ਪੋਸਟ ਗ੍ਰੈਜੂਏਟ (ਐਮ ਬੀ ਏ, ਐਮ ਸੀ ਏ, ਐਮ ਐਸ ਸੀ (ਗਣਿਤ), ਐਮ ਐਸ ਸੀ (ਅਰਥ ਸ਼ਾਸ਼ਤਰ), ਐਮ.ਕਾਮ ਅਤੇ ਐਮ ਏ), ਗ੍ਰੈਜੂਏਟ (ਬੀ ਬੀ ਏ, ਬੀ ਸੀ ਏ ਅਤੇ ਬੀ ਏ), ਅਤੇ ਡਿਪਲੋਮੇ (ਡੀ ਬੀ ਏ ਅਤੇ ਡੀ ਸੀ ਏ) ਸ਼ਾਮਲ ਹਨ। ਵਧੇਰੇ ਜਾਣਕਾਰੀ ਲਈ 01824-521350 'ਤੇ ਕਾਲ ਕਰ ਸਕਦੇ ਹਨ।

# ਸਰਕਾਰ 12 ਘੰਟੇ ਕੰਮ ਲੈਣ ਦੇ ਮਜ਼ਦੂਰ ਵਿਰੋਧੀ ਫੈਸਲੇ ਨੂੰ ਤੁਰੰਤ ਰੱਦ ਕਰੇ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਜਰੂਰੀ ਮੀਟਿੰਗ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਹੁਸ਼ਿਆਰਪੁਰ ਵਿਖੇ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਦੀ ਪ੍ਰਧਾਨਗੀ ਹੇਠ ਹੋਈ ! ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਅੱਠ ਘੰਟੇ ਕੰਮ ਦਿਹਾੜੀ ਦੇ ਹੱਕ ਨੂੰ ਖੋਹ ਕੇ ਕਾਰਪੋਰੇਟਾਂ ਦੇ ਮੁਨਾਫਿਆਂ ਵਾਸਤੇ ਭਾਜਪਾ ਦੇ 12 ਘੰਟੇ ਕੰਮ ਲੈਣ ਦੇ ਫੈਸਲੇ ਨੂੰ ਕਾਨੂੰਨੀ ਮਾਨਤਾ ਦੇਣ ਅਤੇ ਮਜਦੂਰਾਂ ਦੇ ਕਰਜੇ ਮਾਫ ਕਰਨ ਦੇ ਐਲਾਨ ਰਾਹੀਂ ਮਜਦੂਰਾਂ ਨਾਲ ਮਜਾਕ ਕਰਨ ਵਾਲੇ ਮਜਦੂਰ ਵਿਰੋਧੀ ਫੈਸਲਿਆਂ ਨੂੰ ਮਜਦੂਰ ਜਮਾਤ ਮੁੱਢ ਤੋਂ ਹੀ ਨਿਕਾਰਦੀ ਹੈ। ਉਹਨਾਂ ਕਿਹਾ ਕਿ ਦੁਨੀਆ ਭਰ ਵਿੱਚ ਮੁਨਾਫੇ ਖੋਰਾਂ ਵੱਲੋਂ ਕਿਰਤੀਆਂ ਤੋ 24 ਘੰਟੇ ਕੰਮ ਲੈ ਕੇ ਆਪਦੇ ਮੁਨਾਫੇ ਵਧਾਏ ਜਾਂਦੇ ਸਨ ਜਿਸ ਦੇ ਖਿਲਾਫ ਦੁਨੀਆਂ ਭਰ ਵਿੱਚ ਕਿਰਤੀਆਂ ਨੇ ਬਹੁਤ ਸੰਘਰਸ ਲੜੇ ਅਤੇ ਉਹਨਾਂ ਸੰਘਰਸ਼ਾਂ ਵਿੱਚ ਸਹਾਦਤਾਂ ਦੇ ਕੇ ਅੱਠ ਘੰਟੇ ਕੰਮ ਲੈਣ ਦੇ ਹੱਕ ਨੂੰ ਬਹਾਲ ਕਰਵਾਇਆ ਪਰ ਭਾਜਪਾ ਹਕੂਮਤ ਵੱਲੋਂ ਕਾਰਪੋਰੇਟਾਂ ਦੇ ਮੁਨਾਫਿਆਂ ਲਈ ਅੱਠ ਦੀ ਥਾਂ 12 ਘੰਟੇ ਕੰਮ ਕਰਨ ਦੀ ਕਿਰਤ ਕਾਨੂੰਨ ਖਤਮ ਕਰਕੇ ਕਿਰਤ ਕੋਡ ਲਾਗੂ ਕੀਤਾ ਗਿਆ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਵੀ ਭਾਜਪਾ ਹਕੂਮਤ ਦੇ ਨਕਸ਼ੇ ਕਦਮ 'ਤੇ ਚੱਲਦਿਆਂ ਪੰਜਾਬ ਵਿੱਚ ਅੱਠ ਦੀ ਥਾਂ 12 ਘੰਟੇ ਕੰਮ ਲੈਣ ਕਿਰਤ ਕੋਡ ਨੂੰ ਕਨੂੰਨੀ ਮਾਨਤਾ ਦੇ ਦਿੱਤੀ ਹੈ ਉਨ੍ਹਾਂ ਕਿਹਾ ਕਿ ਪੰਜਾਬ ਦੇ ਗਰੀਬ ਪਰਵਾਰਾਂ ਦੇ 68 ਕਰੋੜ ਦੇ ਕਰਜੇ ਮਾਫ ਕਰਕੇ ਮਜਦੂਰਾਂ ਨਾਲ ਮਜਾਕ ਕੀਤਾ ਹੈ। ਉਨ੍ਹਾਂ ਕਿਹਾ ਕਿ 13000 ਤੋਂ ਵੱਧ ਪਿੰਡਾਂ ਦੇ ਹਿਸਾਬ ਨਾਲ ਪੌਣੇ ਤਿੰਨ ਪਿੰਡਾਂ ਮਗਰ ਇੱਕ ਬੰਦੇ ਦੀ ਕਰਜਾ ਮੁਆਫੀ ਬਣਦੀ ਹੈ ਜੋ ਕਿ ਊਠ ਛਾਨਣੀ ਲਾਉਣ ਦੇ ਬਰਾਬਰ ਹੈ। । ਉਹਨਾਂ ਆਖਿਆ ਕਿ ਪੰਜਾਬ ਦੇ ਲੱਗਭਗ ਛੇ ਲੱਖ ਪਰਵਾਰਾਂ ਚੋਂ 84 ਫੀਸਦੀ ਪਰਵਾਰਾਂ ਸਿਰ ਛੇ ਹਜਾਰ ਕਰੋੜ ਰੁਪਏ ਤੋਂ ਵੱਧ ਦਾ ਕਰਜਾ ਹੈ। ਉਹਨਾਂ ਦੱਸਿਆ ਕਿ ਮਜਦੂਰਾਂ ਸਿਰ ਚੜ੍ਹੇ ਕਰਜੇ ਚੋਂ ਸਭ ਤੋਂ ਵੱਧ ਕਰਜਾ ਮਾਈਕਰੋ ਫਾਈਨਾਂਸ ਕੰਪਨੀਆਂ ਦਾ ਹੈ ਜਿਹੜਾ ਕਿ ਆਏ ਦਿਨ ਵੱਧਦਾ ਜਾ ਰਿਹਾ ਹੈ। ਉਹਨਾਂ ਆਖਿਆ ਕਿ ਮਜਦੂਰਾਂ ਦੇ ਬੇਜਮੀਨੇ ਹੋਣ ਤੋਂ ਇਲਾਵਾ ਹਰੇ ਇਨਕਲਾਬ ਦੀ ਬਦੌਲਤ ਮਜਦੂਰਾਂ ਦੇ ਹੋਏ ਰੁਜਗਾਰ ਉਜਾੜੇ ਘੱਟਦੀਆਂ ਉਜਰਤਾਂ, ਵੱਧਦੀ ਮਹਿੰਗਾਈ ਤੇ ਸਬਸਿਡੀਆਂ 'ਚ ਕਟੌਤੀ ਵਰਗੀਆਂ ਮਜਦੂਰ ਤੇ ਲੋਕ ਵਿਰੋਧੀ ਨੀਤੀਆਂ ਖੇਤ ਮਜਦੂਰਾਂ ਸਿਰ ਕਰਜੇ ਚੜ੍ਹਨ ਲਈ ਜ਼ਿੰਮੇਵਾਰ ਹਨ ਜੋ ਕਿ ਅਗਾਂਹ ਖੁਦਕੁਸ਼ੀਆਂ ਵਰਗੇ ਵਰਤਾਰੇ ਦੀ ਜੰਮਣ ਭੋਇ ਬਣਦਾ ਹੈ । ਇਸ ਲਈ ਮਜਦੂਰਾਂ ਸਿਰ ਚੜ੍ਹੇ ਸਮੁੱਚੇ ਕਰਜੇ ਨੂੰ ਸਰਕਾਰ ਵੱਲੋਂ ਮੁਆਫ ਕੀਤਾ ਜਾਣਾ ਚਾਹੀਦਾ ਹੈ ਅਤੇ 12 ਘੰਟੇ ਕੰਮ ਲੈਣ ਦੇ ਮਜਦੂਰ ਵਿਰੋਧੀ ਫੈਸਲੇ ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਫੋਰਸ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ,ਅਨਿਲ ਕੁਮਾਰ ਬੰਟੀ, ਜ਼ਿਲ੍ਹਾ ਉੱਪ ਪ੍ਰਧਾਨ ਰਾਜ ਕੁਮਾਰ ਬੱਧਣ ਨਾਰਾ,ਸਤੀਸ਼ ਕੁਮਾਰ ਬਸੀ ਬਾਹਦ, ਭਿੰਦਾ ਸੀਣਾ,ਹਨੀ ਬਸੀ ਬਾਹਦ, ਸੁਖਵਿੰਦਰ ਫਤਿਹਗੜ੍ਹ, ਰਵੀ ਤੇ ਸਾਬੀ ਸੁੰਦਰ ਨਗਰ,ਜੋਤਾ, ਜੱਖੂ ਰਹੀਮਪੁਰ, ਰਾਜੂ, ਮਨਪ੍ਰੀਤ ਹਰਿਆਣਾ, ਅਰੁਣ ਕੁਮਾਰ ਹਰਿਆਣਾ, ਸੰਦੀਪ ਸੀਣਾ, ਵਿਪਨ ਕੁਮਾਰ ਬਸੀ ਕਲਾਂ,ਵਿਪਨ ਕੁਮਾਰ ਬਿਹਾਲਾ,ਵਿਸ਼ਾਲ ਬਿਹਾਲਾ, ਲਖਵਿੰਦਰ ਬਿਹਾਲਾ ਆਦਿ ਹਾਜ਼ਰ ਸਨ।



# ਸੂਬਾ ਬੇਹੱਦ ਮਾੜੇ ਦੌਰ 'ਚੋਂ ਲੰਘ ਰਿਹਾ : ਚੌਹਾਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕਿਹਾ ਕਿ ਅੱਜ ਪੰਜਾਬ ਬੇਹੱਦ ਮਾੜੇ ਦੌਰ 'ਚੋਂ ਗੁਜ਼ਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਪਿੰਡ ਖਾਲੀ ਹੋ ਚੁੱਕੇ ਹਨ ਤੇ ਨੌਜਵਾਨ ਪ੍ਰਵਾਸ ਕਰ ਕੇ ਵਿਦੇਸ਼ਾਂ ਵਿਚ ਜਾ ਚੁੱਕੇ ਹਨ।ਚੌਹਾਨ ਨੇ ਕਿਹਾ ਕਿ ਅੱਜ ਜਿੱਥੇ ਰਾਜਨੀਤਿਕ ਜਮਾਤ ਨੂੰ ਸੋਚਣ ਦੀ ਲੋੜ ਹੈ, ਉੱਥੇ ਹੀ ਵੱਡੀ ਪੰਜਾਬ ਨੂੰ ਬਚਾਉਣ ਦੀ ਵੱਡੀ ਜਿੰਮੇਵਾਰੀ ਧਾਰਮਿਕ ਆਗੂਆਂ ਦੀ ਹੈ।ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਸੂਬਾ ਸਰਕਾਰ 'ਤੇ ਤਿੱਖੇ ਸ਼ਬਦਾਂ ਦਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਸੂਬੇ ਦੀ ਕਮਾਂਡ ਇੱਕ ਐਸੀ ਪਾਰਟੀ ਦੇ ਹੱਥ ਵਿੱਚ ਦੇ ਦਿੱਤੀ, ਜਿਸ ਨੇ ਰਾਜਨੀਤਕ, ਸਮਾਜਿਕ ਤੇ ਧਾਰਮਿਕ ਤੌਰ 'ਤੇ ਪੰਜਾਬ ਦਾ ਘਾਣ ਕੀਤਾ ਹੈ।ਚੋਹਾਨ ਨੇ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਅੱਜ ਲੁਧਿਆਣਾ ਤੋਂ ਚੋਣ ਲੜਨ ਵਾਲੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਨਾਂਅ ਨਹੀਂ ਪਤਾ।ਚੌਹਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਬਾਹਰੀ ਲੋਕਾਂ ਨੂੰ ਲਿਆ ਕੇ ਪੰਜਾਬ ਅੰਦਰ ਫਿੱਟ ਕਰ ਰਹੀ ਹੈ।

# ਗੁ. ਸਿੰਘ ਸ਼ਹੀਦਾਂ ਸੋਹਾਣਾ ਵਿਖੇ ਛੇਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਮੀਰੀ ਪੀਰੀ ਦੇ ਮਾਲਕ, ਛੇਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੁਰਵਕ ਮਨਾਇਆ ਗਿਆ।ਪ੍ਰਕਾਸ਼ ਪੁਰਬ ਦੀ ਖ਼ੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਸਤਨਾਮ ਸਿੰਘ ਟਾਂਢਾ ਵਾਲਿਆਂ ਦੇ ਇਨਟਰਨੇਸ਼ਲ ਢਾਡੀ ਜੱਥੇ ਨੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਵਿਸਥਾਰ ਵਿੱਚ ਸੁਣਾਇਆ। ਉਨ੍ਹਾਂ ਨੇ ਗੁਰੂ ਸਾਹਿਬ ਵੱਲੋਂ ਮੀਰੀ-ਪੀਰੀ ਕ੍ਰਿਪਾਨਾਂ ਧਾਰਨ ਕਰਨ ਅਤੇ ਜੁਲਮ ਦੇ ਵਿਰੁੱਧ ਜੰਗ ਲੜਨ ਦੇ ਪ੍ਰਸੰਗ ਨੂੰ ਬੜੇ ਹੀ ਭਾਵਪੂਰਨ ਤਰੀਕੇ ਨਾਲ ਸੰਗਤਾਂ ਨੂੰ ਸਰਵਣ ਕਰਾਇਆ। ਭਾਈ ਜਤਿੰਦਰ ਸਿੰਘ ਜੀ ਦਿਲਗੀਰ ਦੇ ਰਾਗੀ ਜੱਥੇ ਆਪਣੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਸਤਨਾਮ ਸਿੰਘ ਸ੍ਰੀ ਪ੍ਰਜ਼ੋਖਰਾ ਸਾਹਿਬ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸ੍ਰੀ ਗੁਰੂ ਹਰਿ ਗੋਬਿੰਦ ਸਾਹਿਬ ਜੀ ਦੁਆਰਾ ਗਵਾਲੀਅਰ ਦੇ ਕਿਲੇ ਵਿਚੋਂ 52 ਰਾਜੇ ਮੁਕਤ ਕਰਵਾਉਣ ਦੇ ਪ੍ਰਸੰਗ ਨੂੰ ਸੰਗਤਾਂ ਨੂੰ ਵਿਸਥਾਰ ਸਹਿਤ ਦੱਸਿਆ ਇਸ ਤੋਂ ਇਲਾਵਾ ਬੀਬੀ ਇੰਦਰਪ੍ਰੀਤ ਕੌਰ, ਸ਼੍ਰੋਮਣੀ ਪ੍ਰਚਾਰਕ ਭਾਈ ਬੇਅੰਤ ਸਿੰਘ, ਭਾਈ ਸਰੂਪ ਸਿੰਘ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਕੁਲਦੀਪ ਸਿੰਘ, ਭਾਈ ਬਲਜੀਤ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਨਿਤਿੰਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਸੁਖਵਿੰਦਰ ਸਿੰਘ ਅਤੇ ਭਾਈ ਹਰਬਖਸ਼ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਦਿਹਾੜੇ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ।ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ।

